ਬੁੱਧਵਾਰ, 18 ਮਾਰਚ, 2026
5 ਚੇਤ { ਨਾਨਕਸ਼ਾਹੀ 558 / ਬਿਕਰਮੀ 2082
ਜਿਲਦ/VOL. : 74
ਅੰਕ/NO. : 286

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 18 MARCH, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਪਾਕਿਸਤਾਨ ਵੱਲੋਂ ਕਾਬੁਲ ਦੇ ਹਸਪਤਾਲ 'ਤੇ ਹਮਲਾ : 400 ਮੌਤਾਂ, 250 ਜ਼ਖ਼ਮੀ

**ਕਾਬੁਲ/ਇਸਲਾਮਾਬਾਦ :** ਅਫ਼ਗਾਨਿਸਤਾਨ ਦੀ ਰਾਜਧਾਨੀ ਕਾਬੁਲ ਵਿੱਚ ਸੋਮਵਾਰ ਦੇਰ ਰਾਤ ਪਾਕਿਸਤਾਨੀ ਹਵਾਈ ਸੈਨਾ ਵੱਲੋਂ ਕੀਤੇ ਗਏ ਇੱਕ ਵੱਡੇ ਹਮਲੇ ਨੇ ਦੋਵਾਂ ਗੁਆਂਢੀ ਮੁਲਕਾਂ ਵਿਚਾਲੇ ਤਣਾਅ ਨੂੰ ਸਿਖਰਾਂ 'ਤੇ ਪਹੁੰਚਾ ਦਿੱਤਾ ਹੈ। ਅਫ਼ਗਾਨ ਤਾਲਿਬਾਨ ਸਰਕਾਰ ਦੇ ਬੁਲਾਰੇ ਹਮਦੁੱਲਾ ਫ਼ਤਰਤ ਨੇ ਕਿਹਾ ਹੈ ਕਿ ਇਸ ਹਮਲੇ ਵਿੱਚ ਇੱਕ ਨਸ਼ਾ ਛੁਡਾਊ ਹਸਪਤਾਲ ਨੂੰ ਨਿਸ਼ਾਨਾ ਬਣਾਇਆ ਗਿਆ, ਜਿਸ ਵਿੱਚ ਮਰਨ ਵਾਲਿਆਂ ਦੀ ਗਿਣਤੀ 400 ਤੱਕ ਪਹੁੰਚ ਗਈ ਹੈ, ਜਦੋਂ ਕਿ 250 ਦੇ ਕਰੀਬ ਲੋਕ ਜ਼ਖ਼ਮੀ ਹੋਏ ਹਨ। ਕਾਬੁਲ ਸਥਿਤ 'ਓਮੀਦ' ਨਸ਼ਾ ਛੁਡਾਊ ਕੇਂਦਰ (2,000 ਬਿਸਤਰਿਆਂ ਵਾਲਾ ਹਸਪਤਾਲ) ਉੱਤੇ ਹੋਏ ਇਸ ਹਮਲੇ ਨੇ ਇਮਾਰਤ ਦੇ ਵੱਡੇ ਹਿੱਸੇ ਨੂੰ ਤਬਾਹ ਕਰ ਦਿੱਤਾ ਹੈ। ਤਾਲਿਬਾਨ ਦੇ ਮੁੱਖ ਬੁਲਾਰੇ ਜ਼ਬੀਉੱਲ੍ਹਾ ਮੁਜਾਹਿਦ ਨੇ ਸੋਸ਼ਲ ਮੀਡੀਆ 'ਤੇ ਵੀਡੀਓ ਸਾਂਝੀ ਕਰਦਿਆਂ ਕਿਹਾ ਕਿ ਹਮਲੇ ਸਮੇਂ ਹਸਪਤਾਲ



ਵਿੱਚ ਸੈਂਕੜੇ ਮਰੀਜ਼ ਇਲਾਜ ਅਧੀਨ ਸਨ। ਸਥਾਨਕ ਟੈਲੀਵਿਜ਼ਨ ਚੈਨਲਾਂ ਵੱਲੋਂ ਦਿਖਾਈਆਂ ਤਸਵੀਰਾਂ ਵਿੱਚ ਦਮਕਲ ਵਿਭਾਗ ਦੀਆਂ ਟੀਮਾਂ ਇਮਾਰਤ ਦੇ ਮਲਬੇ ਵਿੱਚ ਲੱਗੀ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕਰਦੀਆਂ ਦਿਖਾਈ ਦਿੱਤੀਆਂ। ਦੂਜੇ ਪਾਸੇ, ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ਼ ਦੇ ਪ੍ਰਵਕਤਾ ਮੁਸ਼ੱਰਫ਼ ਜ਼ੈਦੀ ਨੇ ਇਨ੍ਹਾਂ ਦੋਸ਼ਾਂ ਨੂੰ ਬੇਬੁਨਿਆਦ ਦੱਸਿਆ ਹੈ। ਪਾਕਿਸਤਾਨੀ ਸੂਚਨਾ ਮੰਤਰਾਲੇ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੀ ਫ਼ੌਜ ਨੇ ਸਿਰਫ਼ 'ਫ਼ੌਜੀ ਟਿਕਾਣਿਆਂ ਅਤੇ ਅੱਤਵਾਦੀਆਂ ਦੇ ਸਹਾਇਕ ਬੁਨਿਆਦੀ ਢਾਂਚੇ' ਨੂੰ ਨਿਸ਼ਾਨਾ ਬਣਾਇਆ ਹੈ। ਪਾਕਿਸਤਾਨ ਅਨੁਸਾਰ ਇਹ ਟਿਕਾਣੇ ਪਾਕਿਸਤਾਨੀ ਨਾਗਰਿਕਾਂ ਵਿਰੁੱਧ ਹਮਲਿਆਂ ਲਈ ਵਰਤੇ ਜਾ ਰਹੇ ਸਨ। ਉਨ੍ਹਾਂ ਤਾਲਿਬਾਨ ਦੇ ਦਾਅਵਿਆਂ ਨੂੰ 'ਗੁੰਮਰਾਹਕੁੰਨ' ਕਰਾਰ ਦਿੰਦਿਆਂ ਕਿਹਾ ਕਿ ਇਹ ਕਾਰਵਾਈ ਬਹੁਤ ਸਟੀਕ ਸੀ ਤਾਂ ਜੋ ਕੋਈ ਵੀ ਜਾਨੀ ਨੁਕਸਾਨ ਨਾ ਹੋਵੇ।

# ਭਗਤ ਸਿੰਘ ਪਹਿਲੇ ਪ੍ਰਧਾਨ ਮੰਤਰੀ ਹੁੰਦੇ ਤਾਂ ਦੇਸ਼ ਦਾ ਨਕਸ਼ਾ ਕੁਝ ਹੋਰ ਹੁੰਦਾ : ਮਾਨ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਆਪਣੇ ਹਲਕੇ ਧੂਰੀ ਦੇ ਵਸਨੀਕਾਂ ਨੂੰ ਸਿਹਤ ਸਹੂਲਤਾਂ ਦਾ ਵੱਡਾ ਤੋਹਫ਼ਾ ਦਿੰਦਿਆਂ 21.65 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਆਧੁਨਿਕ ਸਬ-ਡਵੀਜ਼ਨਲ ਹਸਪਤਾਲ ਅਤੇ ਜੱਚਾ-ਬੱਚਾ ਸੰਭਾਲ ਕੇਂਦਰ ਦਾ ਉਦਘਾਟਨ ਕੀਤਾ। ਮੁੱਖ ਮੰਤਰੀ ਨੇ ਦੁਹਰਾਇਆ ਕਿ ਪੰਜਾਬੀਆਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਉਨ੍ਹਾ ਦੀ ਸਰਕਾਰ ਦੀ ਸਭ ਤੋਂ ਮੁੱਖ ਤਰਜੀਹ ਹੈ। ਇਹ ਨਵਾਂ ਹਸਪਤਾਲ ਕੇਵਲ ਇੱਕ ਇਮਾਰਤ ਨਹੀਂ, ਸਗੋਂ ਇਲਾਕੇ ਲਈ ਉਮੀਦ ਦੀ ਇੱਕ ਨਵੀਂ ਕਿਰਨ ਹੈ। 80 ਬੈੱਡਾਂ ਦੀ ਸਮਰੱਥਾ ਵਾਲੇ ਇਸ ਹਸਪਤਾਲ ਵਿੱਚ 13 ਓ ਪੀ ਡੀ ਕਮਰੇ, ਇੱਕ ਵਿਸ਼ੇਸ਼ ਐਮਰਜੈਂਸੀ ਬਲਾਕ ਅਤੇ 7 ਹਾਈ-ਟੈਕ ਅਪਰੇਸ਼ਨ ਥੀਏਟਰ ਸਥਾਪਤ ਕੀਤੇ ਗਏ ਹਨ।ਆਧੁਨਿਕ ਲੈਬਾਰਟਰੀਆਂ ਅਤੇ ਮਾਹਰ ਡਾਕਟਰਾਂ ਦੀ ਤਾਇਨਾਤੀ ਨਾਲ ਇਹ ਹਸਪਤਾਲ ਹੁਣ ਧੂਰੀ ਦੀ 58 ਹਜ਼ਾਰ ਤੋਂ ਵੱਧ ਸ਼ਹਿਰੀ ਆਬਾਦੀ ਅਤੇ ਆਲੇ-ਦੁਆਲੇ ਦੇ 70 ਪਿੰਡਾਂ ਲਈ ਵਰਦਾਨ ਸਾਬਤ ਹੋਵੇਗਾ।ਜੱਚਾ-ਬੱਚਾ ਦੀ ਸਾਂਭ-ਸੰਭਾਲ, ਮੁਫ਼ਤ ਟੈਸਟ ਅਤੇ ਸਰਜਰੀਆਂ ਵਰਗੀਆਂ ਸਾਰੀਆਂ ਸਹੂਲਤਾਂ ਹੁਣ ਲੋਕਾਂ ਨੂੰ ਇੱਕੋ ਛੱਤ ਹੇਠ ਮੁਹੱਈਆ ਹੋਣਗੀਆਂ।



ਹਸਪਤਾਲ ਦੇ ਉਦਘਾਟਨ ਤੋਂ ਬਾਅਦ ਨਵੀਂ ਅਨਾਜ ਮੰਡੀ ਵਿਖੇ ਇੱਕ ਵਿਸ਼ਾਲ 'ਮਹਾਂ ਰੈਲੀ' ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਮਾਨ ਨੇ ਰਵਾਇਤੀ ਪਾਰਟੀਆਂ ਨੂੰ ਕਰੜੇ ਹੱਥੀਂ ਲਿਆ।ਉਨ੍ਹਾ ਭਾਵੁਕ ਹੁੰਦਿਆਂ ਕਿਹਾ ਕਿ ਪੰਜਾਬ ਦੇ ਭੋਲੇ-ਭਾਲੇ ਲੋਕਾਂ ਨੇ ਹਮੇਸ਼ਾ ਬਾਬਾ ਨਾਨਕ ਦੀ 'ਤੇਰਾ-ਤੇਰਾ' ਵਾਲੀ ਤੱਕੜੀ ਸਮਝ ਕੇ ਵੋਟਾਂ ਪਾਈਆਂ, ਪਰ ਇਹਨਾਂ ਸਿਆਸੀ ਪਰਵਾਰਾਂ ਨੇ ਹਮੇਸ਼ਾ ਪੰਜਾਬ ਨੂੰ ਲੁੱਟਣ ਦਾ ਕੋਝਾ ਕੰਮ ਕੀਤਾ।ਅਕਾਲੀ ਦਲ ਅਤੇ ਕਾਂਗਰਸ 'ਤੇ ਵਰ੍ਹਦਿਆਂ ਉਨ੍ਹਾ ਕਿਹਾ ਕਿ ਇਨ੍ਹਾਂ ਪਾਰਟੀਆਂ ਨੇ 'ਪਾੜੋ ਤੇ ਰਾਜ ਕਰੋ' ਦੀ ਨੀਤੀ ਤਹਿਤ ਸੂਬੇ ਦੇ ਵਿਕਾਸ ਨੂੰ ਪਿੱਛੇ ਧੱਕਿਆ ਅਤੇ ਲੋਕਾਂ ਦਾ ਸ਼ੋਸ਼ਣ ਕੀਤਾ।ਉਨ੍ਹਾ ਕਿਹਾ ਕਿ ਧੂਰੀ ਵਾਲਿਆਂ ਦਾ ਜ਼ਿੰਦਗੀ 'ਚ ਹਰ ਸਾਹ ਅਤੇ ਸੱਤ ਜਨਮਾਂ 'ਚ ਵੀ ਕਰਜ਼ਾ ਨਹੀਂ ਮੋੜ ਸਕਦਾ ਅਤੇ ਜੋ ਧੂਰੀ ਦੀਆਂ ਗਲੀਆਂ ਨੇ ਪਿਆਰ ਦਿੱਤਾ, ਮੇਰਾ ਰੋਮ-ਰੋਮ ਧੂਰੀ ਦਾ ਕਰਜ਼ਾਈ ਹੈ। ਉਹਨਾ ਕਿਹਾ, 'ਜਿਵੇਂ ਇੱਕ ਲੜਕੀ ਨੂੰ ਵਿਆਹ ਤੋਂ ਬਾਅਦ ਆਪਣੇ ਪੇਕੇ ਘਰ ਆ ਕੇ ਦਿਲੀ ਸਕੂਨ ਮਿਲਦਾ ਹੈ, ਬਿਲਕੁਲ ਉਸੇ ਤਰ੍ਹਾਂ ਮੈਨੂੰ ਧੂਰੀ ਦੀ ਧਰਤੀ 'ਤੇ ਆ ਕੇ ਮਾਨਸਿਕ ਸ਼ਾਂਤੀ ਤੇ ਖ਼ੁਸ਼ੀ ਮਿਲਦੀ ਹੈ।ਚੇਅਰਮੈਨ ਮਹਿੰਦਰ ਸਿੰਘ ਸਿੱਧੂ ਵਰਗੇ ਵਫ਼ਾਦਾਰ ਆਗੂਆਂ ਨੂੰ ਅਕਾਲੀ ਦਲ ਨੇ ਅਣਗੌਲਿਆ ਕਰਕੇ ਬਰਬਾਦ ਕਰਨ ਦੀ ਕੋਸ਼ਿਸ਼ ਕੀਤੀ, ਸਾਡੀ ਸਰਕਾਰ ਨੇ ਉਨ੍ਹਾ ਨੂੰ ਬਣਦਾ ਮਾਣ-ਸਤਿਕਾਰ ਦੇ ਕੇ ਚੇਅਰਮੈਨ ਨਿਯੁਕਤ ਕੀਤਾ ਹੈ।'

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਭਾਜਪਾ ਸਰਕਾਰ 'ਤੇ ਹਮਲਾ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਰਕਾਰ ਸਿਰਫ਼ ਜੁਮਲੇਬਾਜ਼ਾਂ ਦੀ ਜਮਾਤ ਹੈ। ਉਨ੍ਹਾ ਸ਼ਹੀਦ ਭਗਤ ਸਿੰਘ ਨੂੰ ਯਾਦ ਕਰਦਿਆਂ ਕਿਹਾ ਕਿ ਜੇਕਰ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਸ਼ਹੀਦ-ਏ-ਆਜ਼ਮ ਹੁੰਦੇ, ਤਾਂ ਅੱਜ ਭਾਰਤ ਦੀ ਤਸਵੀਰ ਕੁਝ ਹੋਰ ਹੀ ਹੋਣੀ ਸੀ। ਉਨ੍ਹਾ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ 750 ਕਿਸਾਨਾਂ ਦੀ ਸ਼ਹਾਦਤ ਲਈ ਕੇਂਦਰ ਦੀਆਂ ਲੋਕ-ਮਾਰੂ ਨੀਤੀਆਂ ਨੂੰ ਜ਼ਿੰਮੇਵਾਰ ਠਹਿਰਾਇਆ।ਆਪਣੀ ਸਰਕਾਰ ਦੇ ਕੰਮਾਂ ਦਾ ਰਿਪੋਰਟ ਕਾਰਡ ਪੇਸ਼ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਅੱਜ ਪੰਜਾਬ ਦੇ 90 ਫੀਸਦੀ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ, ਸਰਕਾਰ ਕੋਲ ਆਪਣਾ ਥਰਮਲ ਪਲਾਂਟ ਹੈ ਅਤੇ ਕਿਸਾਨਾਂ ਨੂੰ ਦਿਨ ਵੇਲੇ ਨਿਰਵਿਘਨ ਬਿਜਲੀ ਮਿਲ ਰਹੀ ਹੈ। ਕੋਲੇ ਦੀ ਦਲਾਲੀ ਖਾਣ ਵਾਲਿਆਂ ਦਾ ਦੌਰ ਹੁਣ ਖ਼ਤਮ ਹੋ ਚੁੱਕਾ ਹੈ। ਰੂਹ ਨੂੰ ਅਸਲੀ

• ਬਾਕੀ ਸਫਾ 2 'ਤੇ

## ਈਰਾਨ ਨੇ ਅਬੂਧਾਬੀ 'ਤੇ ਮਿਜ਼ਾਈਲਾਂ ਦਾਗੀਆਂ, 1 ਮੌਤ

**ਤਹਿਰਾਨ :** ਮੰਗਲਵਾਰ ਨੂੰ ਅਬੂਧਾਬੀ ਵਿੱਚ ਈਰਾਨ ਦੇ ਮਿਜ਼ਾਈਲ ਹਮਲੇ ਵਿੱਚ ਇਕ ਪਾਕਿਸਤਾਨੀ ਨਾਗਰਿਕ ਦੀ ਮੌਤ ਹੋ ਗਈ। ਹਾਲਾਂਕਿ ਸਥਾਨਕ ਅਧਿਕਾਰੀਆਂ ਦਾ ਕਹਿਣਾ ਹੈ ਕਿ ਅਬੂਧਾਬੀ ਦੇ ਬਨੀ ਯਾਸ ਇਲਾਕੇ ਵਿੱਚ ਇੱਕ ਰੋਕੀ ਗਈ ਬੈਲਿਸਟਿਕ ਮਿਜ਼ਾਈਲ ਦਾ ਮਲਬਾ ਡਿੱਗਣ ਕਾਰਨ ਪਾਕਿਸਤਾਨੀ ਨਾਗਰਿਕ ਦੀ ਮੌਤ ਹੋਈ ਹੈ। ਅਮਰੀਕਾ-ਇਜ਼ਰਾਈਲ ਅਤੇ ਈਰਾਨ ਵਿਚਕਾਰ ਜੰਗ ਤੀਜੇ ਹਫ਼ਤੇ ਵਿੱਚ ਦਾਖਲ ਹੋ ਗਈ ਹੈ। ਅਬੂਧਾਬੀ ਸਰਕਾਰ ਦੇ ਮੀਡੀਆ ਦਫ਼ਤਰ ਨੇ ਆਪਣੇ ਸੋਸ਼ਲ ਪਲੇਟਫਾਰਮ 'ਤੇ ਜਾਰੀ ਕੀਤੇ ਇੱਕ ਬਿਆਨ ਵਿੱਚ ਕਿਹਾ ਹੈ ਕਿ ਅਬੂ ਧਾਬੀ ਦੇ ਅਧਿਕਾਰੀਆਂ ਨੇ ਬਨੀ ਯਾਸ ਇਲਾਕੇ ਵਿੱਚ ਹਵਾਈ ਰੱਖਿਆ ਰਾਹੀਂ ਇੱਕ ਬੈਲਿਸਟਿਕ ਮਿਜ਼ਾਈਲ ਨੂੰ ਰੋਕੇ ਜਾਣ ਤੋਂ ਬਾਅਦ ਮਲਬਾ ਡਿੱਗਿਆ, ਜਿਸ ਦੀ ਮਾਰ ਵਿੱਚ ਆ ਕੇ ਇੱਕ ਮੌਤ ਹੋ ਗਈ ਹੈ। ਮੱਧ ਪੂਰਬ ਵਿੱਚ ਜਾਰੀ ਜੰਗ ਨੇ ਮੰਗਲਵਾਰ ਨੂੰ ਉਸ ਸਮੇਂ ਹੋਰ ਭਿਆਨਕ ਰੂਪ ਧਾਰ ਲਿਆ, ਜਦੋਂ ਇਜ਼ਰਾਈਲ ਨੇ ਈਰਾਨ ਦੀ ਰਾਜਧਾਨੀ ਤਹਿਰਾਨ ਅਤੇ ਲਿਬਨਾਨ ਦੇ ਕਈ ਇਲਾਕਿਆਂ 'ਤੇ ਨਵੇਂ ਸਿਰਿਓਂ ਹਵਾਈ ਹਮਲੇ ਕੀਤੇ। ਇਨ੍ਹਾਂ ਹਮਲਿਆਂ ਦੇ ਜਵਾਬ ਵਿੱਚ ਈਰਾਨ ਨੇ ਵੀ ਸਖ਼ਤ ਰੁਖ਼ ਅਖਤਿਆਰ ਕਰਦਿਆਂ ਆਪਣੇ ਖਾੜੀ ਗੁਆਂਢੀ ਮੁਲਕਾਂ ਵਿੱਚ ਸਥਿਤ ਟਿਕਾਣਿਆਂ 'ਤੇ ਮਿਜ਼ਾਈਲਾਂ ਅਤੇ ਡਰੋਨਾਂ ਨਾਲ ਹਮਲਾ ਬੋਲ ਦਿੱਤਾ ਹੈ, ਜਿਸ ਕਾਰਨ ਪੂਰੇ ਖੇਤਰ ਵਿੱਚ ਜੰਗ ਦੇ ਬੱਦਲ ਹੋਰ ਗੂੜ੍ਹੇ ਹੋ ਗਏ।

## ਸਿੱਖਿਆ ਕ੍ਰਾਂਤੀ ਲਈ ਵਿਸ਼ਵ ਬੈਂਕ ਨਾਲ 3500 ਕਰੋੜ ਦਾ ਸਮਝੌਤਾ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਦੇ ਸਿੱਖਿਆ ਖੇਤਰ ਵਿੱਚ ਮੀਲ ਪੱਥਰ ਕਾਇਮ ਕਰਦਿਆਂ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ-2.0 ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਅਗਲੇ ਛੇ ਸਾਲਾਂ ਵਿੱਚ 3,500 ਕਰੋੜ ਰੁਪਏ ਦੇ ਨਿਵੇਸ ਨਾਲ ਸਕੂਲ ਸਿੱਖਿਆ ਵਿੱਚ ਕ੍ਰਾਂਤੀਕਾਰੀ ਸੁਧਾਰ ਕੀਤੇ ਜਾਣਗੇ।

ਇਸ ਪ੍ਰੋਗਰਾਮ ਨੂੰ ਲਾਗੂ ਕਰਨ ਲਈ ਵਿਸ਼ਵ ਬੈਂਕ ਨਾਲ ਭਾਈਵਾਲੀ ਵੀ ਕੀਤੀ ਗਈ ਹੈ। 3,500 ਕਰੋੜ ਰੁਪਏ ਵਿੱਚ ਵਿਸਵ ਬੈਂਕ ਵੱਲੋਂ

• ਬਾਕੀ ਸਫਾ 2 'ਤੇ

## ਗੈਂਗਸਟਰ ਭਜਾਉਣ ਦੀਆਂ ਗੱਲਾਂ ਕਰਨ ਵਾਲੇ ਖੁਦ 'ਗੈਂਗਸਟਰ ਲਿਆਓ ਮੁਹਿੰਮ' ਚਲਾ ਰਹੇ : ਧਾਲੀਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਤਰਨ ਤਾਰਨ ਤੋਂ ਕੰਚਨਪ੍ਰੀਤ ਕੌਰ ਨੂੰ ਹਲਕਾ ਇੰਚਾਰਜ ਲਗਾ ਕੇ ਬਾਦਲ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਹ 2027 ਵਿੱਚ ਪੰਜਾਬ ਅੰਦਰ ਕਿਸ ਤਰ੍ਹਾਂ ਦਾ ਮਾਡਲ ਲਿਆਉਣਾ ਚਾਹੁੰਦੇ ਹਨ। ਉਨ੍ਹਾ ਕਿਹਾ ਕਿ ਜਿਸ ਤਰ੍ਹਾਂ ਭਾਜਪਾ ਗੁਜਰਾਤ ਮਾਡਲ ਜਾਂ ਹਰਿਆਣਾ ਸਰਕਾਰ ਹਰਿਆਣਾ ਮਾਡਲ ਦੀ ਗੱਲ ਕਰਦੀ ਹੈ, ਉਸੇ ਤਰ੍ਹਾਂ ਹੁਣ ਸੁਖਬੀਰ ਬਾਦਲ ਪੰਜਾਬ ਵਿੱਚ ਆਪਣਾ 'ਸੁਖਬੀਰ ਮਾਡਲ' ਪੇਸ਼ ਕਰ ਰਹੇ ਹਨ, ਜੋ ਕਿ ਸਿਰਫ਼ ਅਪਰਾਧਿਕ ਪਿਛੋਕੜ ਵਾਲੇ ਲੋਕਾਂ ਨੂੰ ਉਤਸ਼ਾਹਤ ਕਰਨ ਵਾਲਾ ਹੈ।ਮੰਗਲਵਾਰ ਪਾਰਟੀ ਦਫਤਰ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਜੇਕਰ ਸੁਖਬੀਰ ਸਿੰਘ ਬਾਦਲ ਆਪਣੀ 'ਗੈਂਗਸਟਰ ਲਿਆਓ ਮੁਹਿੰਮ' ਤਹਿਤ ਅਜਿਹਾ ਮਾਡਲ ਪੇਸ਼ ਕਰਨਾ ਚਾਹੁੰਦੇ ਹਨ, ਤਾਂ ਉਨ੍ਹਾ ਨੂੰ ਹੁਣੇ ਹੀ ਸਾਰੇ 117

• ਬਾਕੀ ਸਫਾ 2 'ਤੇ

## ਜਾਦੂ-ਟੂਣੇ ਦੇ ਸ਼ੱਕ 'ਚ ਮਾਂ-ਪਿਓ ਤੇ ਨਾਬਾਲਗ ਪੁੱਤ ਨੂੰ ਕੁਹਾੜੀ ਨਾਲ ਵੱਢਿਆ

**ਗੋਡਾ (ਝਾਰਖੰਡ) :** ਪੁਲਸ ਨੇ ਮੰਗਲਵਾਰ ਨੂੰ ਦੱਸਿਆ ਕਿ ਝਾਰਖੰਡ ਦੇ ਗੋਡਾ ਜ਼ਿਲ੍ਹੇ 'ਚ ਇਕ ਕਬਾਇਲੀ ਜੋੜੇ ਅਤੇ ਉਨ੍ਹਾਂ ਦੇ ਨਾਬਾਲਗ ਪੁੱਤਰ ਦੀ ਉਨ੍ਹਾਂ ਦੇ ਰਿਸ਼ਤੇਦਾਰਾਂ ਨੇ ਜਾਦੂ-ਟੂਣੇ ਦੇ ਸ਼ੱਕ 'ਚ ਹੱਤਿਆ ਕਰ ਦਿੱਤੀ। ਇਹ ਘਟਨਾ ਸੋਮਵਾਰ ਦੇਰ ਰਾਤ ਦੇਵਦਾਨਰ ਥਾਣਾ ਖੇਤਰ ਦੇ ਡਾਂਗ ਟੋਲਾ ਵਿਖੇ ਵਾਪਰੀ ਅਤੇ ਪੁਲਸ ਨੇ ਮੰਗਲਵਾਰ ਨੂੰ ਉਨ੍ਹਾਂ ਦੀਆਂ ਲਾਸ਼ਾਂ ਬਰਾਮਦ ਕੀਤੀਆਂ। ਗੋਡਾ ਸਬ-ਡਵੀਜ਼ਨਲ ਪੁਲਸ ਅਧਿਕਾਰੀ ਅਸ਼ੋਕ ਰਵੀਦਾਸ ਨੇ ਦੱਸਿਆ, "ਗੋਡਾ ਦੇ ਡਾਂਗ ਟੋਲਾ ਵਿਖੇ ਇਕ ਕਬਾਇਲੀ ਜੋੜੇ ਅਤੇ ਉਨ੍ਹਾਂ ਦੇ ਨਾਬਾਲਗ ਪੁੱਤਰ ਦੀ ਹੱਤਿਆ ਕਰ ਦਿੱਤੀ ਗਈ। ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਕਿ ਪੀੜਤਾਂ ਨੂੰ ਜਾਦੂ-ਟੂਣੇ ਦੇ ਸ਼ੱਕ 'ਚ ਮਾਰਿਆ ਗਿਆ ਹੈ ਪੁਲਸ ਨੇ ਇਸ ਸੰਬੰਧ 'ਚ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁੱਢਲੀ ਪੁੱਛਗਿੱਛ ਦੌਰਾਨ ਮੁਲਜ਼ਮਾਂ ਨੇ ਪੁਲਸ ਨੂੰ ਦੱਸਿਆ ਕਿ ਉਨ੍ਹਾਂ ਨੂੰ ਸ਼ੱਕ ਹੈ ਕਿ ਪੀੜਤ ਜਾਦੂ-ਟੂਣਾ ਕਰ ਰਹੇ ਸਨ। ਮਾਰਨ ਲਈ ਵਰਤੀ ਗਈ ਕੁਹਾੜੀ ਵੀ ਬਰਾਮਦ ਕਰ ਲਈ ਗਈ ਹੈ।

## ਜੱਗੂ ਭਗਵਾਨਪੁਰੀਏ ਦੀ ਮਾਸੀ ਬਲਾਕ ਸੰਮਤੀ ਦੀ ਚੇਅਰਮੈਨ ਬਣੀ

**ਡੇਰਾ ਬਾਬਾ ਨਾਨਕ :** ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੀ ਚੇਅਰਮੈਨ ਦੀ ਚੋਣ ਨੂੰ ਲੈ ਕੇ ਮੰਗਲਵਾਰ ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਦੇ ਬਲਾਕ ਸੰਮਤੀ ਮੈਂਬਰਾਂ ਦੀਆਂ ਵੋਟਾਂ ਪਈਆਂ, ਜਿਸ ਵਿਚ ਜੱਗੂ ਭਗਵਾਨਪੁਰੀਏ ਦੀ ਮਾਸੀ ਨੂੰ 11 ਵੋਟਾਂ ਪਈਆਂ, ਜਦ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰ ਰੇਸ਼ਮ ਸਿੰਘ ਪੱਡਾ ਨੂੰ 6 ਵੋਟਾਂ ਪਈਆਂ, ਜਦ ਕਿ 2 ਵੋਟਾਂ ਗੈਰ-ਹਾਜ਼ਰ ਪਾਈਆਂ ਗਈਆਂ, ਜਿਸ ਕਰਕੇ ਜੱਗੂ ਭਗਵਾਨਪੁਰੀਆ ਦੀ ਮਾਸੀ ਰਾਜਵਿੰਦਰ ਕੌਰ ਚੇਅਰਮੈਨ ਦੀ ਚੋਣ ਜਿੱਤ ਗਏ ਹਨ। ਵੋਟਾਂ ਤੋਂ ਪਹਿਲਾਂ ਰਾਜਵਿੰਦਰ ਕੌਰ ਨੂੰ ਭਾਰੀ ਪੁਲਸ ਸੁਰੱਖਿਆ ਹੇਠ ਡੇਰਾ ਬਾਬਾ ਨਾਨਕ ਵਿਖੇ ਲਿਆਂਦਾ ਗਿਆ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

## ਸ਼ਹੀਦ ਭਾਈ ਬਲਵੰਤ ਸਿੰਘ ਤੇ ਸ਼ਹੀਦ ਰੰਗਾ ਸਿੰਘ ਖੁਰਦਪੁਰ ਦਾ ਯਾਦਗਾਰੀ ਸਮਾਗਮ ਸ਼ਾਨੋ-ਸ਼ੌਕਤ ਨਾਲ ਮਨਾਇਆ




**ਜਲੰਧਰ :** ਗ਼ਦਰ ਲਹਿਰ ਦੇ ਮਹਾਨ ਸ਼ਹੀਦ ਭਾਈ ਬਲਵੰਤ ਸਿੰਘ ਤੇ ਸ਼ਹੀਦ ਰੰਗਾ ਸਿੰਘ ਖੁਰਦਪੁਰ ਦਾ ਸਾਲਾਨਾ ਸਮਾਗਮ ਨਗਰ ਨਿਵਾਸੀਆਂ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਯਾਦਗਾਰੀ ਕਮੇਟੀ ਵੱਲੋਂ ਤਪ ਅਸਥਾਨ ਗੁਰਦੁਆਰਾ ਖੁਰਦਪੁਰ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਵਾਰ ਦਾ ਇਹ ਸਮਾਗਮ ਬੱਬਰ ਅਕਾਲੀ ਲਹਿਰ ਦੀ ਸ਼ਹਾਦਤ ਸ਼ਤਾਬਦੀ ਨੂੰ ਸਮਰਪਤ ਹੋਣ ਕਰਕੇ ਇਲਾਕੇ ਦੇ ਬੱਬਰ ਅਕਾਲੀ ਲਹਿਰ ਦੇ ਸ਼ਹੀਦਾਂ ਤੇ ਦੇਸ਼ ਭਗਤਾਂ ਦੇ ਪਰਵਾਰਾਂ ਵੱਲੋਂ ਬੜੀ ਸ਼ਰਧਾ ਨਾਲ ਸ਼ਮੂਲੀਅਤ ਕੀਤੀ ਗਈ। ਰਾਗੀ-ਢਾਡੀਆਂ ਵੱਲੋਂ ਬੱਬਰ ਅਕਾਲੀ ਲਹਿਰ ਦੇ ਇਤਿਹਾਸ ਬਾਰੇ ਪ੍ਰਸੰਗ ਪੇਸ਼ ਕੀਤੇ ਗਏ। ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸੁਰਿੰਦਰ ਕੁਮਾਰੀ ਕੋਛੜ, ਡਾ. ਸੈਲੇਸ਼, ਰਣਜੀਤ ਸਿੰਘ ਔਲਖ ਅਤੇ ਚਰੰਜੀ ਲਾਲ ਕੰਗਣੀਵਾਲ ਪਹੁੰਚੇ।

ਚਰੰਜੀ ਲਾਲ ਕੰਗਣੀਵਾਲ ਵੱਲੋਂ ਸਮਾਗਮ ਦੀ ਕਾਰਵਾਈ

• ਬਾਕੀ ਸਫਾ 2 'ਤੇ

## 'ਗ਼ਾਇਬ' ਮੁੰਦਰੀ ਨੇ ਮੁੜ ਛੇੜੀ ਨੇਤਨਯਾਹੂ ਦੇ ਮਾਰੇ ਜਾਣ ਦੀ ਚਰਚਾ



**ਤਲ ਅਵੀਵ :** ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੀ ਸਿਹਤ ਅਤੇ ਉਨ੍ਹਾਂ ਦੀ ਮੌਤ ਬਾਰੇ ਫੈਲ ਰਹੀਆਂ ਅਫ਼ਵਾਹਾਂ ਨੇ ਮੰਗਲਵਾਰ ਨੂੰ ਉਸ ਸਮੇਂ ਨਵਾਂ ਮੋੜ ਲੈ ਲਿਆ, ਜਦੋਂ ਉਨ੍ਹਾਂ ਦੇ ਅਧਿਕਾਰਤ 'ਐਕਸ' ਖਾਤੇ ਤੋਂ ਸਾਂਝੀ ਕੀਤੀ ਗਈ ਇੱਕ ਵੀਡੀਓ ਵਿੱਚ ਉਨ੍ਹਾਂ ਦੀ ਉਂਗਲ 'ਚੋਂ ਮੁੰਦਰੀ ਅਚਾਨਕ 'ਗ਼ਾਇਬ' ਹੁੰਦੀ ਦਿਖਾਈ ਦਿੱਤੀ। ਇਸ 'ਡਿਜੀਟਲ ਗਲਿੱਚ' (ਤਕਨੀਕੀ ਨੁਕਸ) ਨੇ ਸੋਸ਼ਲ ਮੀਡੀਆ 'ਤੇ ਇਹ ਬਹਿਸ ਛੇੜ ਦਿੱਤੀ ਹੈ ਕਿ ਕੀ ਇਹ ਵੀਡੀਓ ਅਸਲੀ ਹੈ ਜਾਂ ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਤਿਆਰ ਕੀਤੀ ਗਈ ਹੈ। ਵਾਇਰਲ ਹੋ ਰਹੀ ਇਸ ਵੀਡੀਓ ਵਿੱਚ ਨੇਤਨਯਾਹੂ ਯੇਰੂਸ਼ਲਮ ਦੀਆਂ ਸੜਕਾਂ 'ਤੇ ਸੈਰ ਕਰਦੇ ਅਤੇ ਸਥਾਨਕ ਲੋਕਾਂ ਨਾਲ ਗੱਲਬਾਤ ਕਰਦੇ ਨਜ਼ਰ ਆ ਰਹੇ ਹਨ। ਵੀਡੀਓ ਦੇ ਇੱਕ ਹਿੱਸੇ ਵਿੱਚ ਜਦੋਂ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਅਮਰੀਕਾ ਛੇੜੀ ਇਰਾਨ ਨਾਲ ਜੰਗ ਜਿੱਥੇ,
ਉਹਦੀ ਭਾਰਤ ਤੱਕ ਪੁੱਜੀ ਹੈ ਮਾਰ ਬੇਲੀ।
ਚਿੰਤਾ ਰੋਟੀ ਦੀ ਪੁੱਜੀ ਪਈ ਘਰਾਂ ਤੀਕਰ,
ਫਿਕਰਾਂ ਵਿੱਚ ਪਿਆ ਹਰ ਪਰਵਾਰ ਬੇਲੀ।
ਸਿਲੰਡਰ ਗੈਸ ਦਾ ਕਦੀ ਵੀ ਮੁੱਕ ਸਕਦਾ,
ਕਰਦੀ ਏਜੰਸੀ ਹੈ ਅੱਗੋਂ ਇਨਕਾਰ ਬੇਲੀ।
ਦੁੱਗਣੇ ਪੈਸੇ ਜੇ ਖਰਚਣ ਦੀ ਹੋਏ ਹਿੰਮਤ,
ਮਿਲਦਾ ਬਲੈਕ ਉਹ ਸਰੇ-ਬਾਜ਼ਾਰ ਬੇਲੀ।
ਜਿੱਦਾਂ ਦੀ ਗੈਸ ਦੀ ਮਾਰ ਇਹ ਸ਼ੁਰੂ ਹੋਈ,
ਸਾਰੀਆਂ ਚੀਜ਼ਾਂ ਦੇ ਵਧੇ ਜਾਣ ਰੇਟ ਬੇਲੀ।
ਘਿਉ, ਖੰਡ ਤੇ ਸਬਜ਼ੀ ਵੀ ਹੋਈ ਮਹਿੰਗੀ,
ਮੁਸ਼ਕਲ ਹੋ ਗਿਆ ਪਾਲਣਾ ਪੇਟ ਬੇਲੀ।

-ਤੀਸ ਮਾਰ ਖਾਂ

## ਕੈਨੇਡਾ 'ਚ 3 ਪੰਜਾਬੀ ਨੌਜਵਾਨਾਂ ਦੀ ਹੱਤਿਆ



**ਵੈਨਕੂਵਰ :** ਕੈਨੇਡਾ 'ਚ ਵੱਖ-ਵੱਖ ਥਾਈਂ ਬੀਤੇ ਹਫ਼ਤੇ ਦੇ ਅਖ਼ੀਰ ਵਿੱਚ ਤਿੰਨ ਪੰਜਾਬੀ ਨੌਜਵਾਨਾਂ ਦੀ ਹੱਤਿਆ ਕਰ ਦਿੱਤੀ ਗਈ ਹੈ। ਪਹਿਲੀ ਘਟਨਾ ਫੋਰਟ ਸੇਂਟ ਪੌਲ ਜੌਹਨ ਸ਼ਹਿਰ ਵਿਖੇ ਵਾਪਰੀ, ਜਿੱਥੇ ਦੋ ਗਰੁੱਪਾਂ ਦੀ ਲੜਾਈ 'ਚ ਗੁਰਕੀਰਤ ਸਿੰਘ ਮਨੋਚਾ ਗੰਭੀਰ ਜ਼ਖ਼ਮੀ ਹੋ ਗਿਆ ਅਤੇ ਮੁਢਲੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਉਹ ਉੱਥੇ ਇੱਕ ਸਟੋਰ 'ਚ ਕੰਮ ਕਰਦਾ ਸੀ। ਉਹ ਉਜੈਨ ਤੋਂ ਉੱਚ ਸਿੱਖਿਆ ਪ੍ਰਾਪਤ ਕਰਨ ਲਈ ਸਾਲ ਕੁ ਪਹਿਲਾਂ ਕੈਨੇਡਾ ਆਇਆ ਸੀ। ਪੁਲਸ ਜਾਂਚ ਕਰ ਰਹੀ ਹੈ ਕਿ ਉਹ ਲੜਾਈ 'ਚ ਅਚਾਨਕ ਮਾਰਿਆ ਗਿਆ ਜਾਂ ਉਸ ਦੀ ਮਿੱਥ ਕੇ ਹੱਤਿਆ ਕੀਤੀ ਗਈ। ਦੂਜੀ ਘਟਨਾ ਸਸਕੈਚਵਨ ਸੂਬੇ ਦੇ ਬਰੈਂਟਫੋਰਡ ਸ਼ਹਿਰ ਦੀ ਹੈ, ਜਿੱਥੇ ਟੈਕਸੀ ਚਾਲਕ ਦਵਿੰਦਰ ਸਿੰਘ (30) ਦੀ ਗੋਲੀ ਲੱਗਣ ਕਾਰਨ ਮੌਤ ਹੋ ਗਈ। ਜਾਣਕਾਰੀ ਮੁਤਾਬਕ ਘਟਨਾ ਮੌਕੇ ਉਹ ਮੋਟਲ ਦੇ ਬਾਹਰ ਕਿਸੇ ਯਾਤਰੀ ਦੀ ਉਡੀਕ ਵਿੱਚ ਟੈਕਸੀ 'ਚ ਬੈਠਾ ਸੀ। ਮੋਟਲ 'ਚੋਂ ਨਿਕਲੀ ਔਰਤ ਉੱਤੇ ਕਿਸੇ ਵੱਲੋਂ ਚਲਾਈ ਜਾਨਲੇਵਾ ਗੋਲੀ ਖੁੰਝ ਕੇ ਉਸ ਦੇ ਆ ਵੱਜੀ ਅਤੇ ਉਹ ਮੌਤ ਦੇ ਮੂੰਹ ਜਾ ਪੁੱਜਾ। ਉਹ ਮੋਗਾ ਜ਼ਿਲ੍ਹੇ ਦੇ ਪਿੰਡ ਦੌਲਤਪੁਰ ਨਾਲ ਸੰਬੰਧ ਰੱਖਦਾ ਸੀ ਤੇ ਕੁਝ ਸਾਲ ਪਹਿਲਾਂ ਪਰਵਾਰ ਸਮੇਤ ਕੈਨੇਡਾ ਆਇਆ ਸੀ। ਤੀਜੀ ਘਟਨਾ ਐਡਮਿੰਟਨ ਨੇੜਲੇ ਸ਼ਹਿਰ ਵਿੱਚ ਵਾਪਰੀ, ਜਿੱਥੇ ਬੀਰਇੰਦਰ ਸਿੰਘ ਦੀ ਗੋਲੀ ਲੱਗਣ ਕਾਰਨ ਜਾਨ ਚਲੀ ਗਈ। ਉਹ ਚਾਰ ਕੁ ਸਾਲ ਪਹਿਲਾਂ ਸਟੱਡੀ ਵੀਜ਼ੇ 'ਤੇ ਕੈਨੇਡਾ ਆਇਆ ਸੀ। ਹੱਤਿਆ ਦਾ ਕਾਰਨ ਸੜਕ 'ਤੇ ਹੋਇਆ ਝਗੜਾ ਦੱਸਿਆ ਗਿਆ ਹੈ। ਬੇਸ਼ੱਕ ਤਿੰਨਾਂ ਘਟਨਾਵਾਂ ਦਾ ਆਪਸ 'ਚ ਕੋਈ ਸੰਬੰਧ ਨਹੀਂ ਹੈ, ਪਰ ਇਸ ਕਾਰਨ ਇੱਥੇ ਵੱਸਦੇ ਪੰਜਾਬੀ ਭਾਈਚਾਰੇ ਵਿੱਚ ਚਿੰਤਾ ਦਾ ਮਾਹੌਲ ਹੈ।




## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ, ਰਜਿਸਟ੍ਰੇਸ਼ਨ ਮਸਲੇ 'ਤੇ ਜਲਦ ਵੱਡੇ ਫੈਸਲੇ ਦੇ ਸੰਕੇਤ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ, ਗੁਰਪ੍ਰੀਤ ਸਿੰਘ ਬੇਦੀ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ (ਰਜਿ.) ਪੰਜਾਬ, ਬਲਾਕ ਫ਼ਰੀਦਕੋਟ ਦੀ ਮੀਟਿੰਗ ਆਫ਼ੀਸਰ ਕਲੱਬ ਵਿਖੇ ਬਲਾਕ ਪ੍ਰਧਾਨ ਡਾ. ਅੰਮ੍ਰਿਤਪਾਲ ਸਿੰਘ ਟਹਿਣਾ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਪ੍ਰਧਾਨ ਡਾ. ਰਸ਼ਪਾਲ ਸਿੰਘ ਸੰਧੂ ਤੇ ਜ਼ਿਲ੍ਹਾ ਕੈਸ਼ੀਅਰ ਡਾ. ਪ੍ਰੇਮ ਢੁੱਡੀ ਨੇ ਸ਼ਿਰਕਤ ਕਰਦਿਆਂ ਜਥੇਬੰਦਕ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਡਾ. ਰਸ਼ਪਾਲ ਸਿੰਘ ਸੰਧੂ ਨੇ ਕਿਹਾ ਕਿ ਐਸੋਸੀਏਸ਼ਨ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਰਜਿਸਟ੍ਰੇਸ਼ਨ ਦਾ ਮਸਲਾ ਲੰਮੇ ਸਮੇਂ ਤੋਂ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾ ਰਿਹਾ ਹੈ।ਉਨ੍ਹਾਂ ਸੰਕੇਤ ਦਿੱਤੇ ਕਿ ਇਸ ਸਬੰਧੀ ਸਿਹਤ ਵਿਭਾਗ ਨਾਲ ਲਗਾਤਾਰ ਰਾਬਤਾ ਕਾਇਮ ਹੈ ਤੇ ਜਲਦ ਹੀ ਕੋਈ ਅਹਿਮ ਤੇ ਸਾਰਥਿਕ ਫੈਸਲਾ ਆਉਣ ਦੀ ਉਮੀਦ ਹੈ। ਡਾ. ਅੰਮ੍ਰਿਤਪਾਲ ਸਿੰਘ ਟਹਿਣਾ ਨੇ ਸਮੂਹ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਲੋਕ ਹਿੱਤਾਂ ਨੂੰ ਮੁੱਖ ਰੱਖਦਿਆਂ ਸਾਫ਼-ਸੁਥਰੀ ਤੇ ਇਮਾਨਦਾਰੀ ਨਾਲ ਆਪਣੀ ਪ੍ਰੈਕਟਿਸ ਜਾਰੀ ਰੱਖਣ।ਮੀਟਿੰਗ ਦੌਰਾਨ ਸੀ.ਆਰ.ਐਲ. ਡਾਇਗਨੋਸਟਿਕ ਸੈਂਟਰ ਦਿੱਲੀ ਤੋਂ ਮੈਡਮ ਇੰਦਰਜੀਤ ਕੌਰ, ਜਸਪ੍ਰੀਤ ਸਿੰਘ ਦੀ ਟੀਮ ਅਤੇ ਫ਼ਰੀਦਕੋਟ ਦੇ ਗੋਇਲ ਡਾਇਗਨੋਸਟਿਕ ਸੈਂਟਰ ਦੇ ਓਨਰ ਸ੍ਰੀ ਅਤੁਲ ਗੋਇਲ ਨੇ ਆਪਣੀ ਟੀਮ ਸਮੇਤ ਸ਼ਿਰਕਤ ਕੀਤੀ।

## ਗੁੱਡ ਮੌਰਨਿੰਗ ਕਲੱਬ ਦੇ ਮੰਚ 'ਤੇ ਨਵ-ਨਿਯੁਕਤ ਨਾਇਬ ਤਹਿਸੀਲਦਾਰ ਦਾ ਸਨਮਾਨ



**ਕੋਟਕਪੂਰਾ (ਰਛਪਾਲ ਭੁੱਲਰ)**-ਗੁੱਡ ਮੌਰਨਿੰਗ ਵੈਲਫੇਅਰ ਕਲੱਬ ਦੇ ਮੰਚ 'ਤੇ ਤਹਿਸੀਲ ਕੰਪਲੈਕਸ ਵਿਖੇ ਚਾਰਜ ਸੰਭਾਲਣ ਲਈ ਆਏ ਨਾਇਬ ਤਹਿਸੀਲਦਾਰ ਗੁਰਚਰਨ ਸਿੰਘ ਬਰਾੜ ਦਾ ਬੜੀ ਗਰਮਜੋਸ਼ੀ ਨਾਲ ਸੁਆਗਤ ਕਰਕੇ ਸਨਮਾਨ ਕੀਤਾ ਗਿਆ।ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਪੀਆਰਓ ਮਨਪ੍ਰੀਤ ਸਿੰਘ ਮਨੀ ਧਾਲੀਵਾਲ ਨੇ ਗੁਰਚਰਨ ਸਿੰਘ ਬਰਾੜ ਦਾ ਸਨਮਾਨ ਕਰਦਿਆਂ ਆਖਿਆ ਕਿ ਸਪੀਕਰ ਸੰਧਵਾਂ ਵੱਲੋਂ ਭ੍ਰਿਸ਼ਟਾਚਾਰ ਮੁਕਤ ਸਮਾਜ ਸਿਰਜਣ ਦੀਆਂ ਕੋਸ਼ਿਸ਼ਾਂ ਜਾਰੀ ਹਨ, ਉਸੇ ਲੜੀ ਤਹਿਤ ਇੱਕ ਇਮਾਨਦਾਰ ਅਫ਼ਸਰ ਨੂੰ ਨਾਇਬ ਤਹਿਸੀਲਦਾਰ ਦੇ ਅਹੁਦੇ ਲਈ ਚੁਣਿਆ ਗਿਆ ਹੈ।ਕਲੱਬ ਦੇ ਚੇਅਰਮੈਨ ਪੱਪੂ ਲਹੌਰੀਆ ਤੇ ਜਨਰਲ ਸਕੱਤਰ ਪ੍ਰੋ. ਐਚ ਐਸ ਪਦਮ ਨੇ ਆਖਿਆ ਕਿ ਗੁਰਚਰਨ ਸਿੰਘ ਬਰਾੜ ਪਹਿਲਾਂ ਵੀ ਤਿੰਨ ਵਾਰ ਸੇਵਾਵਾਂ ਨਿਭਾਅ ਕੇ ਗਏ ਹਨ, ਜਿਸ ਦੀ ਉਸਾਰੂ ਚਰਚਾ ਹੋਣੀ ਸੁਭਾਵਕ ਹੈ।ਜਸਕਰਨ ਸਿੰਘ ਭੱਟੀ ਤੇ ਮੁਖਤਿਆਰ ਸਿੰਘ ਮੱਤਾ ਨੇ ਆਖਿਆ ਕਿ ਬਰਾੜ ਦੀ ਨਿਯੁਕਤੀ ਨਾਲ ਇਲਾਕੇ ਦੇ ਲੋਕਾਂ ਨੂੰ ਫਾਇਦਾ ਮਿਲਣਾ ਸੁਭਾਵਕ ਹੈ।ਗੁਰਚਰਨ ਸਿੰਘ ਬਰਾੜ ਨੇ ਕਲੱਬ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਉਹ ਸਹੀ ਕੰਮ ਕਰਨ ਵਿੱਚ ਬਿਲਕੁਲ ਦੇਰੀ ਨਹੀਂ ਕਰਨਗੇ, ਪਰ ਕੋਈ ਵੀ ਵਿਅਕਤੀ ਗ਼ਲਤ ਕੰਮ ਕਰਾਉਣ ਲਈ ਨਾ ਤਾਂ ਰਿਸ਼ਵਤ ਅਤੇ ਨਾ ਹੀ ਸਿਫ਼ਾਰਸ਼ ਵਾਲਾ ਰਸਤਾ ਚੁਣੇ, ਕਿਉਂਕਿ ਗ਼ਲਤ ਕੰਮ ਉਹ ਕਦੇ ਵੀ ਨਹੀਂ ਕਰਨਗੇ।ਪ੍ਰੈਸ ਸਕੱਤਰ ਗੁਰਮੀਤ ਸਿੰਘ ਮੀਤਾ ਤੇ ਉਪ ਚੇਅਰਮੈਨ ਸੁਨੀਲ ਕੁਮਾਰ ਬਿੱਟਾ ਗਰੋਵਰ ਨੇ ਕਲੱਬ ਵਲੋਂ ਵਿਸ਼ਵਾਸ਼ ਦਿਵਾਇਆ ਕਿ ਉਨ੍ਹਾਂ ਨੂੰ ਪੂਰਾ ਸਹਿਯੋਗ ਮਿਲੇਗਾ।ਡਾ. ਰਵਿੰਦਰਪਾਲ ਕੋਛੜ, ਲੈਕ ਵਿਨੋਦ ਧਵਨ ਤੇ ਸੋਮਇੰਦਰ ਸੁਨਾਮੀ ਨੇ ਆਖਿਆ ਕਿ ਉਨ੍ਹਾਂ ਨੂੰ ਇਸ ਗੱਲ ਦਾ ਫਖ਼ਰ ਹੈ ਕਿ ਬਰਾੜ ਗੁੱਡ ਮੌਰਨਿੰਗ ਕਲੱਬ ਦੇ ਸੀਨੀਅਰ ਮੈਂਬਰ ਹਨ।

## 'ਲਿੰਗ ਸਮਾਨਤਾ : ਮਿਥਕ ਜਾਂ ਹਕੀਕਤ' ਵਿਸ਼ੇ 'ਤੇ ਵਾਦ-ਵਿਵਾਦ ਮੁਕਾਬਲਾ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਸਮਾਜ ਸ਼ਾਸਤਰ ਵਿਭਾਗ ਵੱਲੋਂ ਇਤਿਹਾਸ ਵਿਭਾਗ ਦੇ ਸਹਿਯੋਗ ਨਾਲ 'ਲਿੰਗ ਸਮਾਨਤਾ : ਮਿਥਕ ਜਾਂ ਹਕੀਕਤ' ਵਿਸ਼ੇ 'ਤੇ ਇਕ ਅੰਤਰ-ਵਿਭਾਗੀ ਵਾਦ-ਵਿਵਾਦ ਮੁਕਾਬਲਾ ਕਰਵਾਇਆ ਗਿਆ।ਇਸ ਕਾਰਜਕ੍ਰਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਲਿੰਗ ਸਮਾਨਤਾ ਸੰਬੰਧੀ ਚੱਲ ਰਹੀ ਸਮਕਾਲੀ ਚਰਚਾ ਬਾਰੇ ਜਾਗਰੂਕਤਾ ਪੈਦਾ ਕਰਨਾ ਤੇ ਆਲੋਚਨਾਤਮਕ ਸੋਚ ਨੂੰ ਉਤਸ਼ਾਹਤ ਕਰਨਾ ਸੀ।ਇਹ ਪ੍ਰੋਗਰਾਮ ਡਾ. ਨਵਸ਼ਗਨ ਦੀਪ ਕੌਰ ਮੁਖੀ ਸਮਾਜ ਸ਼ਾਸਤਰ ਵਿਭਾਗ ਤੇ ਡਾ. ਜਸਪ੍ਰੀਤ ਕੌਰ ਇੰਚਾਰਜ ਇਤਿਹਾਸ ਵਿਭਾਗ ਦੀ ਨਿਗਰਾਨੀ ਹੇਠ ਕਰਵਾਇਆ ਗਿਆ।ਇਸ ਵਾਦ-ਵਿਵਾਦ ਮੁਕਾਬਲੇ ਵਿੱਚ ਐਮ. ਏ. ਸਮਾਜ ਸ਼ਾਸਤਰ ਤੇ ਐਮ.ਏ. ਇਤਿਹਾਸ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਭਾਗੀਦਾਰਾਂ ਨੇ ਵਿਸ਼ੇ ਦੇ ਹੱਕ ਤੇ ਵਿਰੋਧ ਵਿੱਚ ਸੁਚੱਜੇ ਤੇ ਖੋਜ-ਅਧਾਰਿਤ ਤਰਕ ਪੇਸ਼ ਕੀਤੇ।ਚਰਚਾ ਦੌਰਾਨ ਲਿੰਗ ਅਸਮਾਨਤਾ ਦੇ ਕਈ ਪੱਖਾਂ 'ਤੇ ਵਿਚਾਰ ਕੀਤਾ ਗਿਆ।ਇਸ ਮੌਕੇ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਆਯੋਜਕ ਵਿਭਾਗਾਂ ਦੇ ਉਪਰਾਲਿਆਂ ਦੀ ਪ੍ਰਸ਼ੰਸਾ ਕੀਤੀ ਤੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੀਆਂ ਅਕਾਦਮਿਕ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਲਵਪ੍ਰੀਤ ਸਿੰਘ, ਪਰਮਦੀਪ ਸਿੰਘ, ਬੀਬੀ ਏਕਰੂਪ ਕੌਰ, ਜਸਵੰਤ ਸਿੰਘ, ਗੁਰਵਿੰਦਰ ਸਿੰਘ, ਡਾ. ਅਮਨਦੀਪ ਕੌਰ ਤੇ ਬੀਬੀ ਪਰਨੀਤ ਕੌਰ ਹਾਜ਼ਰ ਸਨ।ਉਨ੍ਹਾਂ ਦੀ ਹਾਜ਼ਰੀ ਨੇ ਵਿਦਿਆਰਥੀਆਂ ਦਾ ਹੌਸਲਾ ਵਧਾਇਆ ਤੇ ਉਨ੍ਹਾਂ ਨੂੰ ਪ੍ਰੇਰਿਤ ਕੀਤਾ।

## ਹੋਲੀ ਹਾਰਟ ਸਕੂਲ ਵਿਖੇ ਬੱਚਿਆਂ ਦੀ ਚੰਗੀ ਪੜ੍ਹਾਈ ਲਈ ਖਾਸ ਮੀਟਿੰਗ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਦੀ ਚੰਗੀ ਪੜ੍ਹਾਈ, ਅਨੁਸ਼ਾਸਨ ਤੇ ਉਨ੍ਹਾਂ ਦੇ ਰੌਸ਼ਨ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਖਾਸ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਸਕੂਲ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਭਾਗ ਲਿਆ।ਮੀਟਿੰਗ ਦੌਰਾਨ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਪੜ੍ਹਾਈ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਤੇ ਉਨ੍ਹਾਂ ਨੂੰ ਜੀਵਨ ਵਿੱਚ ਅੱਗੇ ਵਧਣ ਲਈ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ ਗਈ।ਮੀਟਿੰਗ ਦੌਰਾਨ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਚੰਗੀਆਂ ਆਦਤਾਂ ਅਪਣਾਉਣ, ਸਮੇਂ ਦਾ ਸਹੀ ਉਪਯੋਗ ਕਰਨ ਤੇ ਸਕੂਲ ਦੇ ਨਿਯਮਾਂ ਦੀ ਪਾਲਣਾ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ।ਅਧਿਆਪਕਾਂ ਨੇ ਬੱਚਿਆਂ ਨਾਲ ਵਿਚਾਰ ਸਾਂਝੇ ਕਰਦੇ ਹੋਏ ਉਨ੍ਹਾਂ ਨੂੰ ਆਪਣੇ ਲਕਸ਼ ਤੈਅ ਕਰਨ ਤੇ ਉਨ੍ਹਾਂ ਨੂੰ ਹਾਸਲ ਕਰਨ ਲਈ ਲਗਾਤਾਰ ਕੋਸ਼ਿਸ਼ ਕਰਨ ਦੀ ਸਲਾਹ ਦਿੱਤੀ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਕਿਹਾ ਕਿ ਹੋਲੀ ਹਾਰਟ ਸਕੂਲ ਅਜੀਤਵਾਲ ਹਮੇਸ਼ਾ ਵਿਦਿਆਰਥੀਆਂ ਦੀ ਚੰਗੀ ਸਿੱਖਿਆ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਵਚਨਬੱਧ ਹੈ ਤੇ ਅੱਗੇ ਵੀ ਇਸ ਤਰ੍ਹਾਂ ਦੀਆਂ ਪ੍ਰੇਰਣਾਦਾਇਕ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ।

## ਬਾਰਸ਼ ਤੇ ਹਨੇਰੀ ਨੇ ਕਣਕ ਦੀ ਫਸਲ ਕੀਤੀ ਪ੍ਰਭਾਵਿਤ



**ਹਠੂਰ (ਲਵਲੀ ਮਾਛੀਕੇ)**-ਬੀਤੀ ਰਾਤ ਹੋਈ ਹਲਕੀ ਬਾਰਸ਼ ਤੇ ਤੇਜ਼ ਹਨੇਰੀ ਕਾਰਨ ਹਠੂਰ ਇਲਾਕੇ ਵਿੱਚ ਕਣਕ ਦੀ ਫਸਲ ਜ਼ਮੀਨ 'ਤੇ ਡਿੱਗ ਪਈ ਹੈ। ਅੱਜ ਜਦੋਂ ਪੱਤਰਕਾਰਾਂ ਨੇ ਹਠੂਰ ਇਲਾਕੇ ਦਾ ਦੌਰਾ ਕੀਤਾ ਤਾਂ ਇਲਾਕੇ ਵਿੱਚ 75 ਪ੍ਰਤੀਸ਼ਤ ਕਣਕ ਡਿੱਗ ਚੁੱਕੀ ਹੈ ਤੇ ਸਿਰਫ 25 ਪ੍ਰਤੀਸ਼ਤ ਕਣਕ ਦੀ ਫਸਲ ਖੜ੍ਹੀ ਹੈ।ਜਿਸ ਕਣਕ ਦੀ ਫਸਲ ਨੂੰ ਕੁਝ ਦਿਨ ਪਹਿਲਾਂ ਪਾਣੀ ਲਗਾਇਆ ਸੀ, ਉਹ ਕਣਕ ਦੀ ਫਸਲ ਜ਼ਿਆਦਾ ਪ੍ਰਭਾਵਿਤ ਹੋਈ ਹੈ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ (ਡਕੌਂਦਾ) ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ, ਬਲਾਕ ਜਗਰਾਉਂ ਦੇ ਪ੍ਰਧਾਨ ਤਰਸੇਮ ਸਿੰਘ ਬੱਸੂਵਾਲ, ਭਾਰਤੀ ਕਿਸਾਨ ਯੂਨੀਅਨ (ਕਾਦੀਆ) ਦੇ ਹਲਕਾ ਪ੍ਰਧਾਨ ਦਵਿੰਦਰ ਸਿੰਘ ਸਿੱਧੂ, ਸਾਬਕਾ ਸਰਪੰਚ ਹਰਬੰਸ ਸਿੰਘ ਢਿੱਲੋਂ, ਪ੍ਰਧਾਨ ਇਕਬਾਲ ਸਿੰਘ ਮੱਲ੍ਹਾ, ਬਲਦੀਪ ਸਿੰਘ ਬਿੱਟੂ, ਜਗਸੀਰ ਸਿੰਘ ਜੱਗੀ, ਗਗਨਦੀਪ ਸਿੰਘ ਸਿੱਧੂ ਨੇ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਨੁਕਸਾਨੀਆਂ ਫਸਲਾਂ ਦੀ ਗਿਰਦਾਵਰੀ ਕਰਵਾ ਕੇ ਤੁਰੰਤ ਕਿਸਾਨਾਂ ਨੂੰ ਮੁਆਵਜ਼ਾ ਦਿੱਤਾ ਜਾਵੇ।

# 23 ਮਾਰਚ ਸਾਮਰਾਜ ਵਿਰੋਧੀ ਦਿਨ ਵਜੋਂ ਮਨਾਇਆ ਜਾਵੇਗਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਅਹਿਮ ਮੀਟਿੰਗ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ, ਪੈਨਸ਼ਨਰ ਐਸਸੀਏਸ਼ਨ ਬਿਜਲੀ ਬੋਰਡ ਦੇ ਪ੍ਰਧਾਨ ਜੋਗਿੰਦਰ ਸਿੰਘ ਮੱਲਣ, ਮਨਰੇਗਾ ਦੇ ਸੂਬਾਈ ਆਗੂ ਕਾਮਰੇਡ ਜਗਰੂਪ ਸਿੰਘ ਖੂਨਣ ਕਲਾਂ, ਸੀਟੂ ਦੇ ਸਬਾਈ ਆਗੂ ਹਰਿੰਦਰਪਾਲ ਸ੍ਰੀ ਮੁਕਤਸਰ ਦੇ ਸਾਂਝੇ ਪ੍ਰਧਾਨਗੀ ਮੰਡਲ ਹੇਠ ਸ਼ਹੀਦ ਭਾਈ ਮਹਾਂ ਸਿੰਘ ਦੀਵਾਨ ਹਾਲ ਵਿੱਚ ਹੋਈ, ਜਿਸ ਵਿੱਚ ਬ੍ਰਿਟਿਸ਼ ਸਾਮਰਾਜ ਵਿਰੋਧੀ ਆਜ਼ਾਦੀ ਸੰਗਰਾਮ ਦੇ ਮਾਣਮੱਤੇ ਸ਼ਹੀਦਾਂ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਨ 23 ਮਾਰਚ ਨੂੰ ਸਾਮਰਾਜ ਵਿਰੋਧੀ ਦਿਨ ਵਜੋਂ ਮਨਾਉਣ ਦੀ ਵਿਚਾਰ ਚਰਚਾ ਕੀਤੀ ਗਈ।ਇਸ ਮੌਕੇ ਬੀ.ਕੇ.ਯੂ. ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਜਥੇਦਾਰ ਗੋਬਿੰਦ ਸਿੰਘ ਕੋਟਲੀ ਦਿਉਣ, ਬੀ.ਕੇ.ਯੂ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਰੁਪਿੰਦਰ ਸਿੰਘ ਡੋਹਕ, ਕੌਮੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਚੌਧਰੀ ਪਾਲ ਸਿੰਘ ਭੁਲੇਰੀਆਂ, ਬੀ.ਕੇ.ਯੂ. ਡਕੌਂਦਾ (ਬੁਰਜ ਗਿੱਲ) ਦੇ ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ ਹਰੀਕੇ ਕਲਾਂ, ਟੈਕਨੀਕਲ ਸਰਵਿਸ ਯੂਨੀਅਨ (ਭੰਗਲ) ਦੇ ਸੂਬਾਈ ਆਗੂ ਭੁਪਿੰਦਰ ਸਿੰਘ ਮਲੋਟ, ਪੀ.ਐੱਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ ਦੇ ਸਰਕਲ ਆਗੂ ਬਸੰਤ ਸਿੰਘ, ਐੱਮ. ਐੱਸ. ਯੂ. ਡਵੀਜ਼ਨ ਮੁਕਤਸਰ ਦੇ ਸੀਨੀਅਰ ਸਕੱਤਰ ਆਕਾਸ਼ਦੀਪ ਸਿੰਘ, ਪਾਵਰਕਾਮ ਤੇ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਸਰਕਲ ਪ੍ਰਧਾਨ ਕੇਸਰ ਸਿੰਘ, ਟੈਕਨੀਕਲ ਸਰਵਿਸ ਯੂਨੀਅਨ ਸਬ ਡਵੀਜ਼ਨ ਰਪਾਣਾ ਦੇ ਸੀਨੀਅਰ ਆਗੂ ਕਰਮਜੀਤ ਸਿੰਘ, ਮਨਰੇਗਾ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਨੇ ਕਿਹਾ ਕਿ 23 ਮਾਰਚ ਨੂੰ ਪੂਰੇ ਪੰਜਾਬ ਵਿੱਚ ਜਥੇਬੰਦੀਆਂ ਵੱਲੋਂ ਇਹ ਦਿਨ ਸਾਮਰਾਜ ਖਾਸ ਕਰਕੇ ਅਮਰੀਕਨ ਸਾਮਰਾਜ ਅਤੇ ਉਸ ਵੱਲੋਂ ਥੋਪੀਆਂ ਜਾ ਰਹੀਆਂ ਨੀਤੀਆਂ ਵਿਰੁੱਧ ਲੋਕ ਲਾਮਬੰਦੀ ਕਰਕੇ ਮਨਾਇਆ ਜਾਵੇਗਾ। ਕਿਸਾਨ ਆਗੂਆਂ ਨੇ ਅਮਰੀਕਾ ਵੱਲੋਂ ਈਰਾਨ 'ਤੇ ਹਮਲਾ ਕਰਨ ਸਮੇਤ ਦੁਨੀਆਂ ਭਰ 'ਚ ਦਿਖਾਈ ਜਾ ਰਹੀ ਥਾਣੇਦਾਰੀ ਨੂੰ ਵਿਸ਼ੇਸ਼ ਤੌਰ 'ਤੇ ਨਿਸ਼ਾਨੇ 'ਤੇ ਰੱਖਿਆ ਗਿਆ।ਭਾਰਤ ਸਰਕਾਰ ਉੱਤੇ ਅਮਰੀਕਾ ਦੇ ਦਬਾਅ ਹੇਠ ਕੰਮ ਕਰਨ ਦੇ ਦੋਸ਼ ਲਗਾਉਂਦਿਆਂ ਕਿਹਾ ਕਿ ਟਰੰਪ ਵੱਲੋਂ ਤੇਲ ਖ੍ਰੀਦ ਸਮੇਤ ਥੋਪੇ ਜਾ ਰਹੇ ਟ੍ਰੇਡ ਸਮਝੌਤੇ ਸਾਹਮਣੇ ਭਾਰਤ ਸਰਕਾਰ ਵੱਲੋਂ ਕੀਤੇ ਜਾ ਰਹੇ ਆਤਮ ਸਮਰਪਣ ਨੂੰ ਮੂਕ ਦਰਸ਼ਕ ਬਣ ਕੇ ਨਹੀਂ ਦੇਖਿਆ ਜਾ ਸਕਦਾ।ਆਜ਼ਾਦੀ ਪ੍ਰਵਾਨਿਆਂ ਨੇ ਇਸ ਕਰਕੇ ਸ਼ਹਾਦਤਾਂ ਨਹੀ ਸੀ ਦਿੱਤੀਆਂ ਕਿ ਦੇਸ਼ ਦੀਆਂ ਹਕੂਮਤਾਂ ਸਾਮਰਾਜੀ ਨੀਤੀਆਂ ਲਾਗੂ ਕਰਨ। ਬਿਜਲੀ ਬਿੱਲ 2025 ਅਤੇ ਬੀਜ ਬਿੱਲ 2025 ਤੇ ਚਾਰ ਲੇਬਰ ਕੋਡ ਇਨ੍ਹਾਂ ਸਾਮਰਾਜੀ ਨੀਤੀਆਂ ਦੀ ਪੈਦਾਵਾਰ ਦੱਸਦਿਆਂ ਕਿਹਾ ਗਿਆ ਕਿ ਅਮਰੀਕਾ ਨਾਲ ਕੀਤਾ ਜਾ ਰਿਹਾ ਫਰੀ ਟ੍ਰੇਡ ਸਮਝੌਤਾ ਦੇਸ਼ ਦੀ ਆਰਥਿਕਤਾ ਲਈ ਘਾਤਕ ਸਾਬਿਤ ਹੋਵੇਗਾ। ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੇ ਸੀਨੀਅਰ ਆਗੂ ਬਲਵਿੰਦਰ ਸਿੰਘ ਥਾਂਦੇਵਾਲਾ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਸਾਮਰਾਜੀ ਨੀਤੀਆਂ ਵਿਰੁੱਧ ਆਵਾਜ਼ ਨੂੰ ਬੁਲੰਦ ਕਰਦੇ ਹੋਏ 23 ਮਾਰਚ ਦੇ ਸ਼ਹੀਦਾਂ ਦੇ ਦਿਨ 'ਤੇ ਸਾਮਰਾਜ ਵਿਰੋਧੀ ਦਿਨ ਨੂੰ ਬਲਾਕ ਪੱਧਰੀ ਮੁਕਤਸਰ, ਮਲੋਟ, ਲੰਬੀ ਤੇ ਗਿੱਦੜਬਾਹਾ ਵਿਖੇ ਮਨਾਇਆ ਜਾਵੇਗਾ।ਇਸ ਮੌਕੇ ਗੁਰਮੀਤ ਸਿੰਘ ਲੰਬੀਢਾਬ, ਗੁਰਦੀਪ ਸਿੰਘ ਹਰੀਕੇ ਕਲਾਂ, ਜਰਨੈਲ ਸਿੰਘ, ਸੁਖਰਾਜ ਸਿੰਘ ਕੋਟਲੀ ਸੰਘਰ ਆਦਿ ਕਿਸਾਨ ਤੇ ਮੁਲਾਜ਼ਮ ਆਗੂ ਹਾਜ਼ਰ ਸਨ।

## ਐੱਲ ਪੀ ਜੀ ਦੀ ਕਾਲਾਬਾਜ਼ਾਰੀ ਰੋਕਣ ਲਈ ਪ੍ਰਸ਼ਾਸਨ ਵੱਲੋਂ ਚੈਕਿੰਗ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਐੱਲ ਪੀ ਜੀ ਸਿਲੰਡਰਾਂ ਦੀ ਜਮਾਂਖੋਰੀ, ਗ਼ੈਰ-ਕਾਨੂੰਨੀ ਵਰਤੋਂ ਤੇ ਕਾਲਾਬਾਜ਼ਾਰੀ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਨੇ ਫਾਜ਼ਿਲਕਾ ਜ਼ਿਲ੍ਹੇ ਅੰਦਰ ਵੱਖ-ਵੱਖ ਥਾਂਵਾਂ 'ਤੇ ਚੈਕਿੰਗ ਕੀਤੀ।ਇਸ ਮੌਕੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦੇ ਹੋਏ ਜ਼ਿਲ੍ਹਾ ਖੁਰਾਕ ਸਪਲਾਈ ਅਧਿਕਾਰੀ ਮੈਡਮ ਵੰਦਨਾ ਕੰਬੋਜ ਦੀਆਂ ਹਦਾਇਤਾਂ 'ਤੇ ਸਹਾਇਕ ਖੁਰਾਕ ਸਪਲਾਈ ਅਧਿਕਾਰੀ ਵਿਕਾਸ ਬਤਰਾ ਟੀਮ ਸਮੇਤ ਫੀਲਡ ਵਿੱਚ ਰਹੇ।ਉਨ੍ਹਾਂ ਖਾਣ-ਪੀਣ ਵਾਲੀਆਂ ਥਾਵਾਂ, ਰੈਸਟੋਰੈਂਟਾਂ ਤੇ ਢਾਬਿਆਂ 'ਤੇ ਘਰੇਲੂ ਐੱਲਪੀਜੀ ਸਿਲੰਡਰਾਂ ਦੀ ਗ਼ੈਰਕਾਨੂੰਨੀ ਵਰਤੋਂ ਦੀ ਜਾਂਚ ਕਰਨ ਲਈ ਚੈਕਿੰਗ ਕੀਤੀ।ਉਨ੍ਹਾਂ ਸਟਾਕ ਸਥਿਤੀਆਂ ਦੀ ਜਾਂਚ ਕਰਨ ਸਮੇਤ ਖਪਤਕਾਰਾਂ ਨੂੰ ਐੱਲਪੀਜੀ ਸਿਲੰਡਰਾਂ ਦੀ ਸੁਚਾਰੂ ਸਪਲਾਈ ਯਕੀਨੀ ਬਣਾਉਣ ਲਈ ਨਿਰੀਖਣ ਕੀਤਾ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਐੱਲਪੀਜੀ ਸਿਲੰਡਰਾਂ ਦੀ ਸਪਲਾਈ ਆਮ ਤੇ ਕਾਫ਼ੀ ਹੈ, ਉਨ੍ਹਾਂ ਵਸਨੀਕਾਂ ਨੂੰ ਅਫਵਾਹਾਂ ਦੇ ਆਧਾਰ 'ਤੇ ਘਬਰਾਉਣ ਜਾਂ ਬੇਲੋੜੀ ਘਬਰਾਹਟ ਬੁਕਿੰਗ ਜਾਂ ਜਮ੍ਹਾਂਖੋਰੀ ਵਿੱਚ ਸ਼ਾਮਲ ਨਾ ਹੋਣ ਦੀ ਅਪੀਲ ਕੀਤੀ।

## ਹੁਸੈਨੀਵਾਲਾ ਵਿਖੇ ਸ਼ਹੀਦਾਂ ਦੀ ਯਾਦ 'ਚ 23 ਮਾਰਚ ਨੂੰ ਸ਼ਹੀਦੀ ਸਮਾਗਮ

### ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਰਨਗੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ : ਡੀ ਸੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ 23 ਮਾਰਚ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਹੋਣ ਵਾਲੇ ਰਾਜ ਪੱਧਰੀ ਸ਼ਹੀਦੀ ਸਮਾਗਮ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਪਹੁੰਚਣਗੇ। ਇਹ ਜਾਣਕਾਰੀ ਇਸ ਸਮਾਗਮ ਲਈ ਲੋੜੀਂਦੇ ਪ੍ਰਬੰਧ ਕਰਨ ਸਬੰਧੀ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਸਾਂਝੀ ਕੀਤੀ ਗਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 23 ਮਾਰਚ ਨੂੰ ਹੁਸੈਨੀਵਾਲਾ ਵਿਖੇ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਦਾ ਸ਼ਹੀਦੀ ਦਿਹਾੜਾ ਸ਼ਰਧਾ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਜਾਵੇਗਾ ਤੇ ਵੱਡੀ ਗਿਣਤੀ ਵਿੱਚ ਲੋਕ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਇੱਥੇ ਪਹੁੰਚਣਗੇ। ਡਿਪਟੀ ਕਮਿਸ਼ਨਰ ਨੇ ਸਮਾਗਮ ਦੀਆਂ ਅਗਾਊਂ ਤਿਆਰੀਆਂ ਲਈ ਸਬੰਧਤ ਵਿਭਾਗਾਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਸਮੂਹ ਵਿਭਾਗਾਂ ਦੇ ਅਧਿਕਾਰੀ/ਕਰਮਚਾਰੀ ਸੌਂਪੀਆਂ ਡਿਊਟੀਆਂ ਪੂਰੀ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਨਿਭਾਉਣ। ਉਨ੍ਹਾਂ ਸਮਾਗਮ ਵਾਲੀ ਥਾਂ 'ਤੇ ਸੁਰੱਖਿਆ, ਮੈਡੀਕਲ ਟੀਮਾਂ ਦੀ ਤਾਇਨਾਤੀ, ਐਂਬੂਲੈਂਸ, ਟ੍ਰੈਫ਼ਿਕ ਵਿਵਸਥਾ, ਪਾਰਕਿੰਗ, ਪੀਣ ਵਾਲੇ ਪਾਣੀ ਦਾ ਪ੍ਰਬੰਧ, ਪਖਾਨੇ, ਸਾਫ਼-ਸਫ਼ਾਈ, ਪ੍ਰਮੁੱਖ ਚੌਕਾਂ ਦੀ ਸਜਾਵਟ ਸਮੇਤ ਹੋਰ ਜ਼ਰੂਰੀ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ ਆਦੇਸ਼ ਦਿੱਤੇ ਕਿ ਸਮਾਰਕ 'ਤੇ ਸ਼ਰਧਾਂਜਲੀ ਭੇਟ ਕਰਨ ਲਈ ਪਹੁੰਚਣ ਵਾਲੇ ਲੋਕਾਂ ਦੀ ਸਹਾਇਤਾ ਲਈ ਕੰਟਰੋਲ ਰੂਮ ਸਥਾਪਤ ਕੀਤਾ ਜਾਵੇ ਤੇ ਲੋਕਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਵਿਸ਼ੇਸ਼ ਤੌਰ 'ਤੇ ਬੱਸਾਂ ਤੇ ਰੇਲ ਗੱਡੀਆਂ ਦੀ ਵਿਵਸਥਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਮਾਗਮ ਦੀਆਂ ਤਿਆਰੀਆਂ ਤੇ ਪ੍ਰਬੰਧਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਸੁਰੱਖਿਆ ਪ੍ਰਬੰਧਾਂ ਨੂੰ ਵੀ ਪੂਰੀ ਤਰ੍ਹਾਂ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

## ਅਧਿਆਪਕ ਫਰਵਰੀ ਮਹੀਨੇ ਦੀ ਤਨਖਾਹ ਨੂੰ ਤਰਸੇ

### ਜੇਕਰ ਜਲਦੀ ਬਜਟ ਜਾਰੀ ਨਾ ਹੋਇਆ ਤਾਂ ਸੰਘਰਸ਼ ਵਿੱਢਣ ਲਈ ਹੋਵਾਂਗੇ ਮਜਬੂਰ : ਜੀ ਟੀ ਯੂ

**ਮਾਨਸਾ (ਆਤਮਾ ਸਿੰਘ ਪਮਾਰ)**-ਮਾਰਚ ਦਾ ਅੱਧਾ ਮਹੀਨਾ ਬੀਤ ਜਾਣ ਦੇ ਬਾਵਜੂਦ ਪੰਜਾਬ ਦੇ ਬਹੁਤੇ ਜ਼ਿਲ੍ਹਿਆਂ 'ਚ ਅਧਿਆਪਕਾਂ ਨੂੰ ਫਰਵਰੀ ਮਹੀਨੇ ਦੀ ਤਨਖਾਹ ਨਸੀਬ ਨਹੀਂ ਹੋਈ। ਖਜ਼ਾਨਾ ਭਰੇ ਹੋਣ ਦਾ ਦਾਅਵਾ ਕਰਨ ਵਾਲੀ ਤੇ ਫੋਕੀ ਇਸ਼ਤਿਹਾਰਬਾਜ਼ੀ 'ਤੇ ਪੰਜਾਬ ਦਾ ਪੈਸਾ ਪਾਣੀ ਵਾਂਗ ਵਹਾਉਣ ਵਾਲੀ ਪੰਜਾਬ ਸਰਕਾਰ ਦੇ ਰਾਜ 'ਚ ਮੁਲਾਜ਼ਮ ਤਨਖਾਹਾਂ ਨੂੰ ਤਰਸ ਰਹੇ ਹਨ।ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾਈ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਵਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਮਨੋਹਰ ਲਾਲ ਸ਼ਰਮਾ ਤੇ ਪ੍ਰੈੱਸ ਸਕੱਤਰ ਕਰਨੈਲ ਸਿੰਘ ਫਿਲੌਰ ਨੇ ਪਿਛਲੇ ਦਿਨੀਂ ਪੰਜਾਬ ਦੇ ਮੁੱਖ ਮੰਤਰੀ, ਸਿੱਖਿਆ ਮੰਤਰੀ ਤੇ ਅਧਿਕਾਰੀਆਂ ਨੂੰ ਪੱਤਰ ਲਿਖ ਕੇ ਫਰਵਰੀ ਮਹੀਨੇ ਦੀ ਤਨਖਾਹ ਲਈ ਜਲਦ ਬਜਟ ਜਾਰੀ ਕਰਨ ਦੀ ਮੰਗ ਕੀਤੀ ਸੀ, ਪਰ ਜਦੋਂ ਅੱਜ ਜਥੇਬੰਦੀ ਦੇ ਵਫਦ ਨੇ ਡਾਇਰੈਕਟਰ ਸਕੂਲ ਸਿੱਖਿਆ ਦੇ ਦਫ਼ਤਰ ਜਾ ਕੇ ਪਤਾ ਕੀਤਾ ਤਾਂ ਪ੍ਰਨਾਲਾ ਉਥੇ ਦਾ ਉਥੇ ਹੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਵਿੱਤ ਵਿਭਾਗ ਵੱਲੋਂ ਫਰਵਰੀ ਮਹੀਨੇ ਦੀ ਤਨਖਾਹ ਲਈ ਅੱਜ ਤੱਕ ਕੋਈ ਬਜਟ ਜਾਰੀ ਨਹੀਂ ਕੀਤਾ।ਅਧਿਕਾਰੀਆਂ ਨੇ ਕਿਹਾ ਕਿ ਬਜਟ ਆਉਣ 'ਤੇ ਜਲਦ ਹੇਠਲੇ ਪੱਧਰ 'ਤੇ ਬਜਟ ਰਿਲੀਜ਼ ਕਰ ਦਿੱਤਾ ਜਾਵੇਗਾ।ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਨਰਿੰਦਰ ਸਿੰਘ ਮਾਖਾ ਤੇ ਜਨਰਲ ਸਕੱਤਰ ਗੁਰਦਾਸ ਸਿੰਘ ਰਾਏਪੁਰ ਨੇ ਕਿਹਾ ਕਿ ਅਧਿਆਪਕਾਂ ਨੂੰ ਆਪਣੀਆਂ ਮਹੀਨਾਵਾਰ ਲੋੜਾਂ ਪੂਰੀਆਂ ਕਰਨ ਦੀਆਂ ਚਿੰਤਾਵਾਂ ਵਧ ਗਈਆਂ ਹਨ।ਕੁੱਝ ਅਧਿਆਪਕ ਜਿਨ੍ਹਾਂ ਨੇ ਕਰਜ਼ਾ ਲਿਆ ਹੋਇਆ ਹੈ, ਉਨ੍ਹਾਂ ਨੂੰ ਕਿਸ਼ਤਾਂ ਟੁੱਟਣ ਦਾ ਖਤਰਾ ਹੈ।ਆਗੂਆਂ ਨੇ ਸਰਕਾਰ 'ਤੇ ਤੰਜ ਕਸਦਿਆਂ ਕਿਹਾ ਕਿ ਇਸ ਇਸ਼ਤਿਹਾਰਬਾਜ਼ੀ ਤੇ ਫੋਕੇ ਦਿਖਾਵੇ ਕਰਨ ਵਾਲੀ ਸਰਕਾਰ ਨੂੰ ਸਮੇਂ ਸਿਰ ਮੁਲਾਜ਼ਮਾਂ ਦੀਆਂ ਤਨਖਾਹਾਂ ਪ੍ਰਬੰਧ ਕਰਨ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ।

ਆਗੂਆਂ ਸਤੀਸ਼ ਕੁਮਾਰ, ਬਲਵਿੰਦਰ ਸਿੰਘ ਉੱਲਕ ਤੇ ਲਖਵਿੰਦਰ ਸਿੰਘ ਮਾਨ ਨੇ ਪੰਜਾਬ ਸਰਕਾਰ ਤੋਂ ਜਲਦ ਬਜਟ ਜਾਰੀ ਕਰਨ ਦੀ ਮੰਗ ਕੀਤੀ।ਆਗੂਆਂ ਨੇ ਕਿਹਾ ਕਿ ਜੇਕਰ ਜਲਦੀ ਤਨਖਾਹਾਂ ਦਾ ਪ੍ਰਬੰਧ ਨਾ ਕੀਤਾ ਗਿਆ ਤਾਂ ਅਧਿਆਪਕਾਂ ਨੂੰ ਮਜਬੂਰਨ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ।

## ਰਾਜਾ ਵੜਿੰਗ ਤੇ ਗੁਰਜੀਤ ਸਿੰਘ ਔਜਲਾ ਸਮੇਤ 8 ਸੰਸਦ ਮੈਂਬਰਾਂ ਦੀ ਮੁਅੱਤਲੀ ਰੱਦ

**ਨਵੀਂ ਦਿੱਲੀ** : ਮੰਗਲਵਾਰ ਨੂੰ ਲੋਕ ਸਭਾ ਸੈਸ਼ਨ ਦੇ ਪਹਿਲੇ ਪੜਾਅ ਦੌਰਾਨ ਮੁਅੱਤਲ ਕੀਤੇ ਗਏ ਅੱਠ ਸੰਸਦ ਮੈਂਬਰਾਂ 'ਤੇ ਲਗਾਈ ਗਈ ਮੁਅੱਤਲੀ ਹਟਾ ਦਿੱਤੀ ਗਈ ਹੈ। ਇਨ੍ਹਾਂ ਅੱਠ ਸੰਸਦ ਮੈਂਬਰਾਂ ਵਿਚ ਕਾਂਗਰਸ ਪਾਰਟੀ ਦੇ ਸੱਤ ਅਤੇ ਖੱਬੇ ਪੱਖੀ ਪਾਰਟੀ ਦਾ ਇਕ ਮੈਂਬਰ ਸ਼ਾਮਲ ਹੈ। ਇਨ੍ਹਾਂ ਅੱਠ ਸੰਸਦ ਮੈਂਬਰਾਂ ਨੂੰ 4 ਫਰਵਰੀ ਨੂੰ ਪੂਰੇ ਬਜਟ ਸੈਸ਼ਨ ਲਈ ਲੋਕ ਸਭਾ ਤੋਂ ਮੁਅੱਤਲ ਕਰ ਦਿੱਤਾ ਗਿਆ ਸੀ। ਸੰਸਦੀ ਮਾਮਲਿਆਂ ਦੇ ਮੰਤਰੀ ਕਿਰਨ ਰਿਜੀਜੂ ਦੇ ਪ੍ਰਸਤਾਵ ਤੋਂ ਬਾਅਦ ਸਪੀਕਰ ਓਮ ਬਿਰਲਾ ਨੇ ਲੋਕ ਸਭਾ ਸੰਸਦ ਮੈਂਬਰਾਂ ਵਿਚ ਵੋਟਿੰਗ ਕਰਵਾਈ। ਮੁਅੱਤਲੀਆਂ ਰੱਦ ਕਰਨ 'ਤੇ ਸਹਿਮਤੀ ਤੋਂ ਬਾਅਦ ਉਨ੍ਹਾਂ ਨੇ ਨਾਂਅ ਲੈ ਕੇ ਐਲਾਨ ਕੀਤਾ ਕਿ ਸਾਰੇ ਅੱਠ ਸੰਸਦ ਮੈਂਬਰਾਂ ਦੀ ਮੁਅੱਤਲੀ ਤੁਰੰਤ ਪ੍ਰਭਾਵ ਨਾਲ ਰੱਦ ਕੀਤੀ ਜਾ ਰਹੀ ਹੈ। ਇਹ ਸੰਸਦ ਮੈਂਬਰ ਹੁਣ ਬਜਟ ਸੈਸ਼ਨ ਵਿਚ ਹਿੱਸਾ ਲੈ ਸਕਣਗੇ। ਮੁਅੱਤਲ ਕੀਤੇ ਮੈਂਬਰਾਂ ਵਿਚ ਡੀਨ ਕੁਰੀਆਕੋਸ, ਕਿਰਨ ਰੈਡੀ, ਅਮਰਿੰਦਰ ਸਿੰਘ ਰਾਜਾ ਵੜਿੰਗ, ਮਣਿਕਮ ਟੈਗੋਰ, ਗੁਰਜੀਤ ਸਿੰਘ ਔਜਲਾ, ਹਿਬੀ ਈਡਨ, ਵੈਂਕਟ ਰਮਨ, ਪ੍ਰਸ਼ਾਂਤ ਪਡੋਲੇ ਸ਼ਾਮਲ ਸਨ। ਉਨ੍ਹਾਂ 'ਤੇ ਹੰਗਾਮੇ ਦੌਰਾਨ ਸਪੀਕਰ ਕ੍ਰਿਸ਼ਨਾ ਪ੍ਰਸਾਦ ਟੇਨੇਟੀ ਦੀ ਕੁਰਸੀ ਵੱਲ ਕਾਗਜ਼ ਸੁੱਟਣ ਦਾ ਦੋਸ਼ ਲਗਾਇਆ ਗਿਆ ਸੀ। ਇਹ ਹੰਗਾਮਾ ਉਸ ਸਮੇਂ ਹੋਇਆ ਜਦੋਂ ਰਾਹੁਲ ਗਾਂਧੀ ਸਦਨ ਵਿਚ ਪੂਰਬੀ ਲੱਦਾਖ ਵਿਚ 2020 ਦੇ ਭਾਰਤ-ਚੀਨ ਸਰਹੱਦੀ ਤਣਾਅ ਦਾ ਜ਼ਿਕਰ ਕਰ ਰਹੇ ਸਨ।

## ਸਫਾ 1 ਦੇ ਬਾਕੀ...

### ਭਗਤ ਸਿੰਘ ਪਹਿਲੇ ...

ਸਕੂਨ ਉਦੋਂ ਮਿਲਦਾ ਹੈ, ਜਦੋਂ ਸਾਡੇ ਬਜ਼ੁਰਗ ਆਖਦੇ ਹਨ, 'ਪੁੱਤ, ਹੁਣ ਰਾਤਾਂ ਨੂੰ ਰੁਲਣਾ ਨਹੀਂ ਪੈਂਦਾ, ਅਸੀਂ ਤਾਂ ਅਫ਼ਸਰਾਂ ਵਾਂਗ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਹੀ ਖੇਤ ਜਾਂਦੇ ਹਾਂ।' ਅਸਲ ਮਾਅਨਿਆਂ ਵਿੱਚ ਪੰਜਾਬ ਹੁਣ ਤਰੱਕੀ ਦੇ ਰਾਹ 'ਤੇ ਹੈ। ਉਨ੍ਹਾ ਕਿਹਾ ਕਿ ਅੱਜ ਪੰਜਾਬ ਵਿੱਚ 600 ਯੂਨਿਟ ਮੁਫ਼ਤ ਬਿਜਲੀ, 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਅਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਮੁਹੱਈਆ ਕਰਵਾਇਆ ਜਾ ਰਿਹਾ ਹੈ।ਉਨ੍ਹਾ ਔਰਤਾਂ ਲਈ ਕੀਤੇ ਵਾਅਦੇ ਨੂੰ ਦੁਹਰਾਉਂਦਿਆਂ ਕਿਹਾ ਕਿ ਆਮ ਔਰਤਾਂ ਨੂੰ 1000 ਰੁਪਏ ਅਤੇ ਐੱਸ ਸੀ. ਵਰਗ ਦੀਆਂ ਔਰਤਾਂ ਨੂੰ 1500 ਰੁਪਏ ਦੇਣ ਦਾ ਵੱਡਾ ਫੈਸਲਾ ਲਾਗੂ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਵਿਰੋਧੀਆਂ ਦੀਆਂ 'ਵਾਰੀਆਂ' ਹੁਣ ਖ਼ਤਮ ਹੋ ਚੁੱਕੀਆਂ ਹਨ, ਕਿਉਂਕਿ ਹੁਣ ਪੰਜਾਬ ਵਿੱਚ 'ਲੋਕਾਂ ਦੀ ਸਰਕਾਰ' ਚੱਲ ਰਹੀ ਹੈ।ਅੱਜ ਪੰਜਾਬ 'ਚ ਲੋਕ ਪੱਖੀ ਨੀਤੀਆਂ ਤੋਂ ਲੋਕ ਖੁਸ਼ ਹਨ ਅਤੇ ਨਹਿਰੀ ਪਾਣੀ ਲੋਕਾਂ ਦੇ ਖੇਤਾਂ 'ਚ ਤੱਕ ਪਹੁੰਚ ਰਿਹਾ ਹੈ ਅਤੇ ਯਕੀਨਨ ਹੀ 2027 'ਚ ਅਗਲੀ ਸਰਕਾਰ 'ਆਪ' ਦੀ ਹੋਵੇਗੀ।

ਉਹਨਾ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਕੀਤੀਆਂ ਗਲਤੀਆਂ ਨੂੰ ਠੀਕ ਕਰਨ ਲਈ 'ਆਪ' ਨੂੰ ਇੱਕ ਮੌਕਾ ਹੋਰ ਦਿੱਤਾ ਜਾਵੇ। ਪਿਛਲੀਆਂ ਸਰਕਾਰਾਂ ਵੱਲੋਂ ਕੀਤੀਆਂ ਗਈਆਂ ਬਹੁਤੀਆਂ ਗਲਤੀਆਂ ਨੂੰ ਅਸੀਂ ਚਾਰ ਸਾਲ 'ਚ ਠੀਕ ਕੀਤਾ ਹੈ, ਪਰ ਅਜੇ ਵੀ ਬਹੁਤ ਕੁਝ ਕਰਨਾ ਬਾਕੀ ਹੈ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਨੂੰ ਬਰਬਾਦ ਕਰਨ ਲਈ ਅਕਾਲੀ-ਭਾਜਪਾ ਗੱਠਜੋੜ ਦੀ ਸਰਕਾਰ ਜ਼ਿੰਮੇਵਾਰ ਹੈ, ਪਰ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਮੌਕੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਦਿੱਤੀਆਂ ਪੰਜ ਗਾਰੰਟੀਆਂ 'ਤੇ ਵਿਸ਼ਵਾਸ ਕਰਕੇ ਪੰਜਾਬ ਦੇ ਲੋਕਾਂ ਨੇ ਆਪ ਨੂੰ ਸੱਤਾ ਸੌਂਪੀ। ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ: ਬਲਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਤੇ ਵਰਿੰਦਰ ਗੋਇਲ, ਵਿਧਾਇਕਾਂ 'ਚ ਨਰਿੰਦਰ ਕੌਰ ਭਰਾਜ, ਜਮੀਲੂ ਰਹਿਮਾਨ, ਜਸਵੰਤ ਸਿੰਘ ਗੱਜਣਮਾਜਰਾ, ਚੇਤਨ ਸਿੰਘ ਜੌੜੇਮਾਜਰਾ, ਕੁਲਵੰਤ ਸਿੰਘ ਪੰਡੋਰੀ, ਲਾਭ ਸਿੰਘ ਉੱਗੋਕੇ, ਪ੍ਰਿੰਸੀਪਲ ਬੁੱਧ ਰਾਮ, ਦੇਵ ਮਾਨ ਨਾਭਾ, ਚੇਅਰਮੈਨ ਦਲਬੀਰ ਸਿੰਘ ਢਿੱਲੋਂ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਡਾ. ਅਨਵਰ ਭਸੌੜ, ਅਨਿਲ ਮਿੱਤਲ, ਸਾਬਕਾ ਪ੍ਰਧਾਨ ਨਗਰ ਕੌਂਸਲ ਸੰਦੀਪ ਤਾਇਲ, ਨਰੇਸ਼ ਸਿੰਗਲਾ, ਅਮਰਦੀਪ ਸਿੰਘ ਧਾਂਦਰਾ, ਬਲਵਿੰਦਰ ਸਿੰਘ ਬਿੱਲੂ, ਐਡਵੋਕੇਟ ਹੈਪੀ ਗਰਗ, ਪਰਮਿੰਦਰ ਸਿੰਘ ਨੂਰ ਔਲਖ, ਹਰਜਿੰਦਰ ਸਿੰਘ ਅਤੇ ਰਣਜੋਧ ਸਿੰਘ ਕਾਂਝਲਾ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਵਰਕਰਾਂ ਨੇ ਸ਼ਮੂਲੀਅਤ ਕੀਤੀ।

### ਗੈਂਗਸਟਰ ਭਜਾਉਣ ਦੀਆਂ...

ਹਲਕਿਆਂ ਵਿੱਚ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਦੇਣਾ ਚਾਹੀਦਾ ਹੈ, ਤਾਂ ਜੋ ਲੋਕਾਂ ਨੂੰ ਉਨ੍ਹਾਂ ਦੀ ਅਸਲ ਸੋਚ ਦਾ ਪਤਾ ਲੱਗ ਸਕੇ। ਉਨ੍ਹਾ ਕਿਹਾ ਕਿ ਸੁਖਬੀਰ ਬਾਦਲ ਨੂੰ ਹੁਣ ਅਬੋਹਰ ਤੋਂ ਜਗਦੀਸ਼ ਭੋਲੇ ਵਰਗੇ ਲੋਕਾਂ ਨੂੰ ਵੀ ਟਿਕਟ ਦੇਣ ਦਾ ਐਲਾਨ ਕਰ ਦੇਣਾ ਚਾਹੀਦਾ ਹੈ। ਉਨ੍ਹਾ ਸੁਖਬੀਰ ਬਾਦਲ ਨੂੰ ਸਵਾਲ ਕਰਦਿਆਂ ਪੁੱਛਿਆ ਕਿ ਉਹ ਡੇਰਾ ਬਾਬਾ ਨਾਨਕ ਤੋਂ ਅਲਗੋਂ ਵਰਗਿਆਂ ਦੇ ਨਾਂਅ ਐਲਾਨਣ ਵਿੱਚ ਦੇਰੀ ਕਿਉਂ ਕਰ ਰਹੇ ਹਨ?

ਉਨ੍ਹਾ ਕਿਹਾ ਕਿ ਜੇਕਰ ਅਕਾਲੀ ਦਲ ਨੇ ਪੰਜਾਬ ਦੇ ਜ਼ਖ਼ਮਾਂ 'ਤੇ ਲੂਣ ਹੀ ਛਿੜਕਣਾ ਹੈ, ਤਾਂ ਸੁਖਬੀਰ ਬਾਦਲ ਬਰਗਾੜੀ, ਬਹਿਬਲ ਕਲਾਂ ਅਤੇ ਕੋਟਕਪੂਰਾ ਵਿੱਚ ਨਿਹੱਥੇ ਸਿੱਖਾਂ 'ਤੇ ਗੋਲੀਆਂ ਚਲਾਉਣ ਵਾਲੇ ਸੁਮੇਧ ਸੈਣੀ ਅਤੇ ਉਮਰਾਨੰਗਲ ਵਰਗੇ ਵਿਵਾਦਤ ਅਧਿਕਾਰੀਆਂ ਨੂੰ ਵੀ ਚੋਣ ਮੈਦਾਨ ਵਿੱਚ ਉਤਾਰਨ ਦਾ ਐਲਾਨ ਕਰ ਦੇਣ।ਧਾਲੀਵਾਲ ਨੇ ਕਿਹਾ ਕਿ ਸੁਖਬੀਰ ਬਾਦਲ ਨੂੰ ਤਾਂ ਹੁਣ ਗੁਰਮੀਤ ਰਾਮ ਰਹੀਮ ਕੋਲੋਂ ਵੀ ਸੂਚੀ ਮੰਗਵਾ ਲੈਣੀ ਚਾਹੀਦੀ ਹੈ, ਤਾਂ ਜੋ ਉਨ੍ਹਾਂ ਦੇ 'ਗੈਂਗਸਟਰ ਅਤੇ ਗੁਨਾਹਗਾਰ' ਮਾਡਲ ਦੀ ਤਸਵੀਰ ਪੂਰੀ ਤਰ੍ਹਾਂ ਸਾਫ਼ ਹੋ ਸਕੇ। 'ਆਪ' ਵਿਧਾਇਕ ਨੇ ਗੁਰੂ ਘਰਾਂ ਦੀਆਂ ਜ਼ਮੀਨਾਂ ਹੜੱਪਣ ਦੇ ਦੋਸ਼ ਲਾਉਂਦਿਆਂ ਕਿਹਾ ਕਿ ਸੁਖਬੀਰ ਬਾਦਲ ਉਨ੍ਹਾਂ ਚੇਲਿਆਂ ਨੂੰ ਵੀ ਟਿਕਟਾਂ ਦੇਣ, ਜਿਨ੍ਹਾਂ ਪੰਜਾਬ ਦੇ ਗੁਰੂ ਘਰਾਂ ਦੀਆਂ ਜ਼ਮੀਨਾਂ ਦੱਬੀਆਂ ਜਾਂ ਵੇਚੀਆਂ ਹਨ। ਉਨ੍ਹਾਂ ਕਿਹਾ ਕਿ ਅੰਬ ਸਾਹਿਬ ਅਤੇ ਅਨੰਦਪੁਰ ਸਾਹਿਬ ਦੀਆਂ ਜ਼ਮੀਨਾਂ ਵੇਚ ਕੇ ਬਾਦਲਾਂ ਤੱਕ ਪੈਸਾ ਪਹੁੰਚਾਉਣ ਵਾਲੇ ਮੈਨੇਜਰਾਂ ਨੂੰ ਵੀ ਉਮੀਦਵਾਰ ਬਣਾਇਆ ਜਾਵੇ।ਧਾਲੀਵਾਲ ਨੇ ਕਿਹਾ ਕਿ ਸੁਖਬੀਰ ਬਾਦਲ ਇੱਕ ਪਾਸੇ ਗੈਂਗਸਟਰ ਭਜਾਉਣ ਦੀਆਂ ਗੱਲਾਂ ਕਰਦੇ ਹਨ, ਪਰ ਦੂਜੇ ਪਾਸੇ ਉਨ੍ਹਾਂ ਨੇ ਖੁਦ 'ਗੈਂਗਸਟਰ ਲਿਆਓ ਮੁਹਿੰਮ' ਸ਼ੁਰੂ ਕੀਤੀ ਹੋਈ ਹੈ।

### ਸ਼ਹੀਦ ਭਾਈ ਬਲਵੰਤ ਸਿੰਘ...

ਸ਼ੁਰੂ ਕਰਦਿਆਂ ਇਸ ਦੇ ਉਦੇਸ਼ ਅਤੇ ਗ਼ਦਰ ਪਾਰਟੀ ਤੇ ਉਸ ਦੀ ਕੜੀ ਬੱਬਰ ਅਕਾਲੀਆਂ ਦੀ ਸ਼ਹਾਦਤ ਸ਼ਤਾਬਦੀ ਬਾਰੇ ਸੰਖੇਪ ਜਾਣਕਾਰੀ ਦੇਣ ਦੇ ਨਾਲ ਇਲਾਕੇ ਭਰ ਵਿਚੋਂ ਆਏ ਬੱਬਰ ਅਕਾਲੀ ਸ਼ਹੀਦਾਂ ਦੇ ਪਰਵਾਰਾਂ ਬਾਰੇ ਤਫ਼ਸੀਲ ਪੇਸ਼ ਕੀਤੀ। ਗੁਰਦੁਆਰਾ ਤਪ ਅਸਥਾਨ ਪਿੰਡ ਖੁਰਦਪੁਰ ਦੀ ਕਮੇਟੀ ਦੇ ਪ੍ਰਧਾਨ ਸੁਖਦੇਵ ਸਿੰਘ, ਸਕੱਤਰ ਮਾਸਟਰ ਅਮਰਜੀਤ ਸਿੰਘ ਤੇ ਖ਼ਜ਼ਾਨਚੀ ਮੁਹਿੰਦਰ ਸਿੰਘ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਮੈਂਬਰਾਂ ਨੇ ਪਤਾਰਾ, ਪੰਡੋਰੀ ਨਿੱਝਰਾਂ, ਜੌਹਲ, ਹਰੀਪੁਰ, ਨੈਣੋਵਾਲ ਧੁੱਗਾ, ਝੁੱਗੀਆਂ, ਸੰਘਵਾਲ, ਮਾਣਕੋ, ਘੁੜਿਆਲ, ਮੰਡੇਰਾਂ, ਧਾਮੀਆਂ, ਰਾਜੋਵਾਲ, ਸਾਂਧਰਾ, ਖੁਰਦਪੁਰ ਤੋਂ ਆਏ ਸ਼ਹੀਦਾਂ ਦੇ ਪਰਵਾਰਾਂ, ਵਿਸ਼ੇਸ਼ ਤੌਰ 'ਤੇ ਕੈਨੇਡਾ ਤੋਂ ਪਹੁੰਚੇ ਸਾਹਿਬ ਸਿੰਘ ਥਿੰਦ, ਸ਼ਹੀਦ ਭਾਈ ਬਲਵੰਤ ਸਿੰਘ ਦੇ ਪੋਤਰੇ ਮੁਹਿੰਦਰ ਸਿੰਘ ਆਦਿ ਦਾ ਮਿਮੈਂਟੋ ਤੇ ਸਿਰੋਪੇ ਨਾਲ ਸਨਮਾਨ ਕੀਤਾ ਗਿਆ। ਇਸ ਉਪਰੰਤ ਲੰਗਰ ਵਰਤਾਏ ਜਾਣ ਪਿੱਛੋਂ ਇਸ ਪ੍ਰਭਾਵਸ਼ਾਲੀ ਯਾਦਗਾਰੀ ਸਮਾਗਮ ਦੀ ਸਮਾਪਤੀ ਕੀਤੀ ਗਈ।

### ਸਿੱਖਿਆ ਕ੍ਰਾਂਤੀ ਲਈ...

2,500 ਕਰੋੜ ਰੁਪਏ ਦੀ ਕਰਜ਼ਾ ਸਹਾਇਤਾ ਅਤੇ ਪੰਜਾਬ ਸਰਕਾਰ ਵੱਲੋਂ 1,000 ਕਰੋੜ ਰੁਪਏ ਦਾ ਯੋਗਦਾਨ ਸ਼ਾਮਲ ਹੈ, ਜੋ ਇਸ ਨੂੰ ਸੂਬੇ ਦੇ ਇਤਿਹਾਸ ਵਿੱਚ ਸਭ ਤੋਂ ਵੱਡੇ ਸਿੱਖਿਆ ਸੁਧਾਰ ਨਿਵੇਸ਼ਾਂ ਵਿੱਚੋਂ ਇੱਕ ਬਣਾਉਂਦਾ ਹੈ।

ਮੁੱਖ ਮੰਤਰੀ ਨੇ ਕਿਹਾ, 'ਪੰਜਾਬ ਨੇ ਸਾਬਤ ਕਰ ਦਿੱਤਾ ਹੈ ਕਿ ਸਰਕਾਰੀ ਸਕੂਲ ਦੇਸ਼ ਦੀ ਅਗਵਾਈ ਕਰ ਸਕਦੇ ਹਨ। ਨੈਸ਼ਨਲ ਅਚੀਵਮੈਂਟ ਸਰਵੇ-2024 ਵਿੱਚ ਪਹਿਲੇ ਨੰਬਰ 'ਤੇ ਆਉਣਾ ਉਸ ਤਬਦੀਲੀ ਦਾ ਸਬੂਤ ਹੈ। ਪੰਜਾਬ ਸਿੱਖਿਆ ਕ੍ਰਾਂਤੀ-2.0 ਦੇ ਨਾਲ ਅਸੀਂ ਹੁਣ ਆਪਣੀ ਸਿੱਖਿਆ ਪ੍ਰਣਾਲੀ ਨੂੰ ਦੁਨੀਆ ਦੀਆਂ ਬਿਹਤਰ ਪ੍ਰਣਾਲੀਆਂ ਨਾਲ ਮੁਕਾਬਲਾ ਕਰਨ ਲਈ ਤਿਆਰ ਕਰ ਰਹੇ ਹਾਂ। ਵਿਸ਼ਵ ਬੈਂਕ ਨਾਲ ਸਹਿਯੋਗ ਉਸ ਭਰੋਸੇਯੋਗਤਾ ਤੇ ਪਾਰਦਰਸ਼ਤਾ ਨੂੰ ਦਰਸਾਉਂਦਾ ਹੈ, ਜਿਸ ਨਾਲ ਪੰਜਾਬ ਨੇ ਸਿੱਖਿਆ ਸੁਧਾਰ ਕੀਤੇ ਹਨ। ਇਹ ਹਰ ਬੱਚੇ ਪ੍ਰਤੀ ਸਾਡੀ ਵਚਨਬੱਧਤਾ ਪ੍ਰਤੀ ਅਗਲੀ ਪੁਲਾਂਘ ਹੈ।' ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਿੱਖਿਆ ਕ੍ਰਾਂਤੀ ਨੇ ਪਹਿਲਾਂ ਹੀ ਮਹੱਤਵਪੂਰਨ ਨਤੀਜੇ ਪ੍ਰਗਟ ਕੀਤੇ ਹਨ ਅਤੇ ਅਗਲਾ ਪੜਾਅ ਸੁਧਾਰਾਂ ਦੇ ਪੈਮਾਨੇ ਅਤੇ ਡੂੰਘਾਈ ਵਿੱਚ ਹੋਰ ਵਿਸਥਾਰ ਕਰੇਗਾ।

### 'ਗ਼ਾਇਬ' ਮੁੰਦਰੀ ...

ਉਹ ਆਪਣਾ ਹੱਥ ਹਿਲਾਉਂਦੇ ਹਨ ਤਾਂ ਉਨ੍ਹਾਂ ਦੀ ਉਂਗਲ ਵਿੱਚ ਪਾਈ ਮੁੰਦਰੀ ਇੱਕ ਪਲ ਲਈ ਗ਼ਾਇਬ ਹੁੰਦੀ ਜਾਪਦੀ ਹੈ। ਇੰਟਰਨੈੱਟ ਵਰਤੋਂਕਾਰਾਂ ਨੇ ਇਸ ਨੂੰ '100 ਫ਼ੀਸਦੀ ਏ.ਆਈ. ਜਨਰੇਟਿਡ' ਦੱਸਦਿਆਂ ਦਾਅਵਾ ਕੀਤਾ ਹੈ ਕਿ ਇਜ਼ਰਾਈਲ ਸਰਕਾਰ ਨੇਤਨਯਾਹੂ ਦੀ ਮੌਤ ਦੀ ਖ਼ਬਰ ਛੁਪਾਉਣ ਲਈ ਨਕਲੀ ਵੀਡੀਓਜ਼ ਦਾ ਸਹਾਰਾ ਲੈ ਰਹੀ ਹੈ।

## ਹਰੀਕੇ ਹੈੱਡ ਵਰਕਸ ਬ੍ਰਾਂਚ ਦੀ ਸਰਬਸੰਮਤੀ ਨਾਲ ਚੋਣ




**ਜ਼ੀਰਾ (ਨਰਿੰਦਰ ਅਨੇਜਾ)**-ਪ ਸ ਸ ਫ ਦੀ ਫ਼ੀਲਡ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਪੀ ਡਬਲਯੂ ਡੀ ਫ਼ੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ (ਰਜਿ :15) ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਤੇ ਜ਼ਿਲ੍ਹਾ ਜਨਰਲ ਸਕੱਤਰ ਸੁਲੱਖਣ ਸਿੰਘ ਦੀ ਪ੍ਰਧਾਨਗੀ ਹੇਠ ਹਰੀਕੇ ਹੈੱਡ ਵਰਕਸ ਨਹਿਰ ਕਲੋਨੀ ਮੱਖੂ ਵਿਖੇ ਹੋਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਫੁੰਮਣ ਸਿੰਘ ਕਾਠਗੜ੍ਹ, ਸੂਬਾ ਆਡੀਟਰ ਦਰਸ਼ਨ ਸਿੰਘ ਭੁੱਲਰ, ਪ੍ਰਮਜੀਤ ਸਿੰਘ ਪ੍ਰਧਾਨ ਪ੍ਰਧਾਨ ਜਲਾਲਾਬਾਦ ਆਦਿ ਹਾਜ਼ਰ ਹੋਏ।ਇਸ ਮੌਕੇ ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੇ ਬ੍ਰਾਂਚ ਪ੍ਰਧਾਨ ਸੁਖਵੰਤ ਸਿੰਘ ਤੇ ਸੁਖਦੇਵ ਸਿੰਘ ਫੋਰਮੈਨ ਸਮੇਤ ਤਿੰਨ ਦਰਜਨਾਂ ਤੋਂ ਵੱਧ ਮੁਲਾਜ਼ਮ ਪੀ ਡਬਲਯੂ ਡੀ ਫ਼ੀਲਡ ਐਂਡ ਵਰਕਸ਼ਾਪ ਵਰਕਰਜ ਯੂਨੀਅਨ ਪੰਜਾਬ ਵਿੱਚ ਰਸਮੀ ਤੌਰ 'ਤੇ ਸ਼ਾਮਲ ਹੋ ਗਏ।ਇਸ ਦੌਰਾਨ ਸਰਬ ਸੰਮਤੀ ਨਾਲ ਚੋਣ ਕਰਜ਼ਿਆਂ ਹਰੀਕੇ ਹੈੱਡ ਵਰਕਸ ਜਲ ਸਰੋਤ ਵਿਭਾਗ ਬ੍ਰਾਂਚ ਮੱਖੂ ਦੀ ਚੋਣ ਕੀਤੀ ਗਈ ਤੇ ਸਰਬਸੰਮਤੀ ਨਾਲ ਸਰਪ੍ਰਸਤ ਸੁਖਵੰਤ ਸਿੰਘ ਉਪਲ, ਬ੍ਰਾਂਚ ਪ੍ਰਧਾਨ ਸੁਖਦੇਵ ਸਿੰਘ ਫੋਰਮੈਨ, ਜਨਰਲ ਸਕੱਤਰ ਸੁਰਿੰਦਰ ਪਾਲ ਹੈਪੀ ਤਾਰ ਬਾਓ, ਚੇਅਰਮੈਨ ਰਸ਼ਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰਪ੍ਰੀਤ ਸਿੰਘ, ਖਜਾਨਚੀ ਰਵੀ ਕੁਮਾਰ, ਪ੍ਰਾਪੋਗੰਡਾ ਸੈਕਟਰੀ ਚੰਦਰਭਾਨ, ਸਲਾਹਕਾਰ ਅਮਿਤ ਕੁਮਾਰ, ਮੀਤ ਪ੍ਰਧਾਨ ਦੀਪਕ ਯਾਦਵ, ਪ੍ਰੈੱਸ ਸਕੱਤਰ ਸੁਖਵਿੰਦਰ ਸਿੰਘ, ਮੀਤ ਪ੍ਰਧਾਨ ਮੁਕੇਸ਼ ਕੁਮਾਰ ਤਾਰ ਬਾਓ, ਜੁਆਇੰਟ ਸਕੱਤਰ ਸੱਤ ਪਾਲ ਸਿੰਘ ਆਦਿ ਚੁਣੇ ਗਏ।ਇਸ ਮੌਕੇ ਨਵੀਂ ਚੁਣੀ ਗਈ ਟੀਮ ਨੇ ਜਥੇਬੰਦੀ ਦੇ ਸੰਵਿਧਾਨ 'ਤੇ ਪਹਿਰਾ ਦੇਣ ਦਾ ਪ੍ਰਣ ਕੀਤਾ। ਇਸ ਮੌਕੇ ਡਰੇਨ ਬ੍ਰਾਂਚ ਪ੍ਰਧਾਨ ਰਮੇਸ਼ ਕੁਮਾਰ ਕੰਬੋਜ, ਜੇਈ ਸੰਦੀਪ ਸਿੰਘ, ਜੇਈ ਗੁਰਪਿੰਦਰ ਸਿੰਘ, ਜੇਈ ਅਮਨਦੀਪ ਸਿੰਘ, ਗੁਰਪ੍ਰੀਤ ਸਿੰਘ ਸਿੱਧੂ ਪ੍ਰਧਾਨ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਪ੍ਰਵੀਨ ਰਾਣੀ,ਅੰਨੂ ਰਾਣੀ, ਸੁਖਵਿੰਦਰ ਕੌਰ, ਸੁਮਿਤਰਾ ਦੇਵੀ ਤੋਂ ਇਲਾਵਾਂ ਵੱਡੀ ਗਿਣਤੀ ਵਿੱਚ ਫੀਲਡ ਕਾਮਿਆਂ ਨੇ ਭਰਵੀਂ ਸ਼ਮੂਲੀਅਤ ਕੀਤੀ।

## ਨਵੀਂ ਚੁਣੀ ਚੇਅਰਪਰਸਨ ਕਿਰਨਦੀਪ ਕੌਰ ਨੂੰ ਦਿੱਤੀਆਂ ਮੁਬਾਰਕਾਂ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਬਲਾਕ ਸੰਮਤੀ ਮਮਦੋਟ ਦੇ ਚੇਅਰਮੈਨ ਤੇ ਉਪ ਚੇਅਰਮੈਨ ਦੀ ਹੋਈ ਚੋਣ ਵਿੱਚ ਸੀਨੀਅਰ ਆਗੂ ਤੇ ਪਿੰਡ ਰਾਊ ਕੇ ਹਿਠਾੜ ਦੇ ਸਰਪੰਚ ਬਲਵਿੰਦਰ ਸਿੰਘ ਰਾਊਕੇ ਦੀ ਧਰਮ ਪਤਨੀ ਕਿਰਨਦੀਪ ਕੌਰ ਨੂੰ ਚੇਅਰਪਰਸਨ ਚੁਣ ਲਿਆ ਗਿਆ। ਉਨ੍ਹਾਂ ਦੀ ਇਸ ਨਿਯੁਕਤੀ 'ਤੇ ਰਜਨੀਸ਼ ਦਹੀਆ ਐਮ ਐਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਵੱਲੋਂ ਉਨ੍ਹਾਂ ਦਾ ਮੂੰਹ ਮਿੱਠਾ ਕਰਾਉਂਦਿਆਂ ਮੁਬਾਰਕਬਾਦ ਦਿੱਤੀ ਗਈ। ਇਸੇ ਤਰ੍ਹਾਂ ਮਾਰਕਿਟ ਕਮੇਟੀ ਮਮਦੋਟ ਦੇ ਚੇਅਰਮੈਨ ਬਲਰਾਜ ਸਿੰਘ ਸੰਧੂ ਵੱਲੋਂ ਵੀ ਉਨ੍ਹਾਂ ਨੂੰ ਮੁਬਾਰਕਾਂ ਦਿੱਤੀਆਂ ਗਈਆਂ। ਸ਼੍ਰੀਮਤੀ ਕਿਰਨਦੀਪ ਕੌਰ ਦੇ ਚੇਅਰਪਰਸਨ ਵਜੋਂ ਚੁਣੇ ਜਾਣ ਤੇ ਜ਼ਿਲ੍ਹਾ ਪਲਾਨਿੰਗ ਬੋਰਡ ਦੇ ਚੇਅਰਮੈਨ ਹਰਜਿੰਦਰ ਸਿੰਘ ਘਾਂਗਾ, ਕੁਲਦੀਪ ਸਿੰਘ ਸਮਰਾ ਯੂਥ ਆਗੂ, ਗੁਰਨਾਮ ਸਿੰਘ ਸਰਪੰਚ ਹਜਾਰਾ, ਬਲਵਿੰਦਰ ਸਿੰਘ ਲੱਡੂ ਸਰਪੰਚ ਹਜਾਰਾ ਸਿੰਘ ਵਾਲਾ, ਬੱਬੂ ਸਿੱਧੂ, ਹਰਮਨ ਬਰਾੜ, ਸੰਦੀਪ ਸਿੰਘ ਤੇ ਹਰਜਿੰਦਰ ਸਿੰਘ ਘਾਗਾਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਦੇ ਨਿੱਜੀ ਸਕੱਤਰ ਗਰੀਬੂ ਸਿੰਘ ਗਹਿਰੀ ਸਮੇਤ ਵੱਡੀ ਗਿਣਤੀ ਵਿੱਚ ਆਗੂਆਂ ਨੇ ਉਨ੍ਹਾਂ ਦੇ ਗ੍ਰਹਿ ਪਿੰਡ ਰਾਊਕੇ ਹਿੱਠਾੜ ਵਿਖੇ ਬਲਵਿੰਦਰ ਸਿੰਘ ਸਰਪੰਚ ਪਿੰਡ ਰਾਓਕੇ ਤੇ ਸ਼੍ਰੀਮਤੀ ਕਿਰਨਦੀਪ ਕੌਰ ਚੇਅਰਪਰਸਨ ਬਲਾਕ ਸੰਮਤੀ ਮਮਦੋਟ ਦਾ ਸਨਮਾਨ ਕਰਦੇ ਹੋਏ ਮੁਬਾਰਕਾਂ ਦਿੱਤੀਆਂ। ਹਰਜਿੰਦਰ ਸਿੰਘ ਘਾਂਗਾ ਨੇ ਕਿਹਾ ਕਿ ਇਹ ਆਮ ਆਦਮੀ ਪਾਰਟੀ ਵੱਲੋਂ ਕੀਤੇ ਬਦਲਾਅ ਦਾ ਹੀ ਨਤੀਜਾ ਹੈ ਕਿ ਅੱਜ ਆਮ ਘਰਾਂ ਦੇ ਲੋਕ ਵੀ ਇਹਨਾਂ ਅਹੁਦਿਆਂ ਤੱਕ ਪਹੁੰਚੇ ਹਨ। ਉਨ੍ਹਾਂ ਦੱਸਿਆ ਕਿ ਬਲਵਿੰਦਰ ਸਿੰਘ ਸਰਪੰਚ ਪਿੰਡ ਰਾਊਕੇ ਹਿਠਾੜ, ਜੋ ਇਸ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਸਰਕਲ ਪ੍ਰਧਾਨ ਵਜੋਂ ਵੀ ਸੇਵਾਵਾਂ ਨਿਭਾਅ ਰਹੇ ਹਨ ਅਤੇ ਸ਼੍ਰੀਮਤੀ ਕਿਰਨਦੀਪ ਕੌਰ ਕੋਈ ਜ਼ਿਆਦਾ ਜ਼ਮੀਨ ਜਾਇਦਾਦ ਦੇ ਮਾਲਕ ਨਹੀਂ ਹਨ, ਪਰ ਪਾਰਟੀ ਨਾਲ ਲੰਮੇ ਸਮੇਂ ਤੋਂ ਜੁੜੇ ਆਏ ਹਨ ਅਤੇ ਹੁਣ ਇਨ੍ਹਾਂ ਵੱਲੋਂ ਪਾਰਟੀ ਵਿੱਚ ਰਹਿੰਦਿਆਂ ਕੀਤੀ ਮਿਹਨਤ ਅਤੇ ਇਲਾਕੇ ਦੀ ਕੀਤੀ ਸੇਵਾ ਦਾ ਨਤੀਜਾ ਹੀ ਹੈ ਕਿ ਲੋਕਾਂ ਨੇ ਇਨ੍ਹਾਂ ਨੂੰ ਚੁਣਿਆ ਅਤੇ ਹੁਣ ਇਹ ਚੇਅਰ ਪਰਸਨ ਵਜੋਂ ਸੇਵਾਵਾਂ ਨਿਭਾਉਣਗੇ।

## ਜਗਰਾਜ ਰਾਜਾ ਕਾਂਗਰਸ ਐੱਸ ਸੀ ਇਕਾਈ ਹਮੀਦੀ ਦੇ ਪ੍ਰਧਾਨ ਨਿਯੁਕਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਬਲਾਕ ਪ੍ਰਧਾਨ ਪਰਮਿੰਦਰ ਸੰਮੀ ਠੁੱਲੀਵਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਪਿੰਡ ਪਿੰਡ ਨਵੀਆਂ ਇਕਾਈਆਂ ਦਾ ਗਠਨ ਕਰਨ ਦੀ ਚਲਾਈ ਮੁਹਿੰਮ ਤਹਿਤ ਹਮੀਦੀ ਵਿਖੇ ਐੱਸ ਸੀ ਡਿਪਾਰਮੈਂਟ ਦੇ ਜ਼ਿਲ੍ਹਾ ਚੇਅਰਮੈਨ ਜਸਮੇਲ ਸਿੰਘ ਡੇਅਰੀਵਾਲਾ ਨੇ ਦੱਸਿਆ ਕਿ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਪਿੰਡ ਪੱਧਰ 'ਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਮੁਹਿੰਮ ਚਲਾਈ ਜਾ ਰਹੀ ਹੈ।ਇਸ ਮੁਹਿੰਮ ਤਹਿਤ ਕਾਂਗਰਸ ਐੱਸ ਸੀ ਵਿਭਾਗ ਦੀਆਂ ਨਵੀਆਂ ਪਿੰਡ ਇਕਾਈਆਂ ਦਾ ਗਠਨ ਕੀਤਾ ਜਾ ਰਿਹਾ ਹੈ ਅਤੇ ਪਾਰਟੀ ਲਈ ਲੰਮੇ ਸਮੇਂ ਤੋਂ ਮਿਹਨਤ ਕਰਨ ਵਾਲੇ ਵਰਕਰਾਂ ਨੂੰ ਅੱਗੇ ਲਿਆ ਕੇ ਉਨ੍ਹਾਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾ ਰਿਹਾ ਹੈ।ਇਸ ਦੌਰਾਨ ਪਿੰਡ ਹਮੀਦੀ 'ਚ ਐੱਸ ਸੀ ਡਿਪਾਰਟਮੈਂਟ ਦੀ ਪਿੰਡ ਇਕਾਈ ਦਾ ਗਠਨ ਕਰਦਿਆਂ ਜਗਰਾਜ ਸਿੰਘ ਰਾਜਾ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ।ਆਗੂਆਂ ਨੇ ਉਮੀਦ ਜਤਾਈ ਕਿ ਉਨ੍ਹਾਂ ਦੀ ਅਗਵਾਈ ਹੇਠ ਪਿੰਡ ਵਿੱਚ ਕਾਂਗਰਸ ਪਾਰਟੀ ਹੋਰ ਮਜ਼ਬੂਤ ਹੋਵੇਗੀ ਤੇ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜਨਗੇ।ਇਸ ਮੌਕੇ ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸੰਮੀ ਠੁੱਲੀਵਾਲ ਨੇ ਕਿਹਾ ਕਿ ਅੱਜ ਪੂਰੇ ਪੰਜਾਬ ਵਿੱਚ ਲੋਕਾਂ ਦੀ ਲਹਿਰ ਕਾਂਗਰਸ ਪਾਰਟੀ ਦੇ ਹੱਕ ਵਿੱਚ ਬਣ ਰਹੀ ਹੈ ਤੇ ਵੱਖ-ਵੱਖ ਪਾਰਟੀਆਂ ਦੇ ਵਰਕਰ ਵੱਡੀ ਗਿਣਤੀ ਵਿੱਚ ਕਾਂਗਰਸ ਨਾਲ ਜੁੜ ਰਹੇ ਹਨ।ਇਸ ਮੌਕੇ ਪ੍ਰਬੰਧਕਾਂ ਵੱਲੋਂ ਕਾਂਗਰਸ ਪਾਰਟੀ ਦੇ ਆਗੂਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਜਸਵਿੰਦਰ ਸਿੰਘ ਮਾਂਗਟ, ਜਨਰਲ ਸਕੱਤਰ ਡਾ: ਬਲਵੰਤ ਰਾਏ ਹਮੀਦੀ, ਹਰਬੰਸ ਸਿੰਘ ਤੇ ਮੁਨਸ਼ੀ ਸਿੰਘ ਪਾਲ ਆਦਿ ਹਾਜ਼ਰ ਸਨ।

## ਓਵਰਸੀਜ਼ ਨੇ ਕੈਨੇਡਾ ਦਾ ਸੁਪਰ ਵੀਜ਼ਾ ਲਗਵਾਇਆ




**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਇਮੀਗ੍ਰੇਸ਼ਨ ਤੇ ਵਿਦੇਸ਼ੀ ਸਿੱਖਿਆ ਦੇ ਖੇਤਰ ਵਿੱਚ ਆਪਣੀ ਭਰੋਸੇਯੋਗਤਾ ਤੇ ਸ਼ਾਨਦਾਰ ਨਤੀਜਿਆਂ ਲਈ ਜਾਣੀ ਜਾਂਦੀ ਪ੍ਰਮੁੱਖ ਸੰਸਥਾ 'ਦਿ ਐੱਜ ਓਵਰਸੀਜ਼ ਕੰਸਲਟੈਂਟ' ਧੂਰੀ ਨੇ ਇੱਕ ਵਾਰ ਫਿਰ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ।ਸੰਸਥਾ ਨੇ ਇੱਕ ਉਮੀਦਵਾਰ ਦਾ ਕੈਨੇਡਾ ਦਾ ਸੁਪਰ ਵੀਜ਼ਾ ਲਗਵਾ ਕੇ ਆਪਣੀ ਪੇਸ਼ੇਵਰ ਮੁਹਾਰਤ ਦਾ ਲੋਹਾ ਮਨਵਾਇਆ ਹੈ।ਵੀਜ਼ਾ ਸੌਂਪਣ ਦੀ ਰਸਮ ਮੌਕੇ ਸੰਸਥਾ ਦੇ ਐੱਮ.ਡੀ. ਜਗਸੀਰ ਸਿੰਘ ਜੱਗੀ ਢੀਂਡਸਾ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਇਸ ਸਫ਼ਲਤਾ ਨੂੰ ਟੀਮ ਦੀ ਮਿਹਨਤ ਦਾ ਨਤੀਜਾ ਦੱਸਿਆ ਤੇ ਕਿਹਾ ਕਿ ਕੈਨੇਡਾ ਦੇ ਸੁਪਰ ਵੀਜ਼ੇ ਲੱਗਣ 'ਤੇ ਬੱਚਿਆਂ ਦੇ ਮਾਤਾ-ਪਿਤਾ, ਦਾਦਾ-ਦਾਦੀ ਦੇ ਸੁਪਨੇ ਸਾਕਾਰ ਹੋਣ ਲੱਗੇ ਹਨ।ਇਸ ਮੌਕੇ ਸੀ.ਐੱਮ.ਡੀ. ਜਗਸੀਰ ਸਿੰਘ ਢੀਂਡਸਾ ਨੇ ਮੌਜੂਦਾ ਹਾਲਾਤਾਂ 'ਤੇ ਚਰਚਾ ਕਰਦਿਆਂ ਦੱਸਿਆ ਕਿ ਕੈਨੇਡਾ ਤੇ ਆਸਟ੍ਰੇਲੀਆ ਵਰਗੇ ਦੇਸ਼ਾਂ ਦੀਆਂ ਇਮੀਗ੍ਰੇਸ਼ਨ ਨੀਤੀਆਂ ਵਿੱਚ ਲਗਾਤਾਰ ਹੋ ਰਹੇ ਬਦਲਾਅ ਕਾਰਨ ਵੀਜ਼ਾ ਹਾਸਲ ਕਰਨਾ ਹੁਣ ਪਹਿਲਾਂ ਨਾਲੋਂ ਕਿਤੇ ਵੱਧ ਗੁੰਝਲਦਾਰ ਹੋ ਗਿਆ ਹੈ।ਅਜਿਹੇ ਦੌਰ ਵਿੱਚ ਸਹੀ ਕੰਸਲਟੈਂਟ ਦੀ ਚੋਣ ਕਰਨਾ ਬੇਹੱਦ ਜ਼ਰੂਰੀ ਹੈ।ਉਨ੍ਹਾਂ ਦੱਸਿਆ ਕਿ ਸਾਡੀ ਮਾਹਿਰ ਟੀਮ ਹਰ ਕੇਸ ਦੀ ਬਾਰੀਕੀ ਨਾਲ ਜਾਂਚ ਕਰਦੀ ਹੈ ਤੇ ਫਾਈਲ ਨੂੰ ਇੰਨੇ ਤਰਕਪੂਰਨ ਢੰਗ ਨਾਲ ਪੇਸ਼ ਕੀਤਾ ਜਾਂਦਾ ਹੈ ਕਿ ਵੀਜ਼ਾ ਲੱਗਣ ਦੀ ਸੰਭਾਵਨਾ ਲਗਭਗ 100 ਫੀਸਦੀ ਤੱਕ ਪਹੁੰਚ ਜਾਂਦੀ ਹੈ।ਉਨ੍ਹਾਂ ਨੌਜਵਾਨਾਂ ਤੇ ਮਾਪਿਆਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਉਹ ਸੋਸ਼ਲ ਮੀਡੀਆ ਜਾਂ ਗੁੰਮਰਾਹਕੁਨ ਇਸ਼ਤਿਹਾਰਾਂ ਦੇ ਝਾਂਸੇ ਵਿੱਚ ਆਉਣ ਦੀ ਬਜਾਏ ਸਿਰਫ਼ ਤਜਰਬੇਕਾਰ ਮਾਹਰਾਂ ਤੋਂ ਹੀ ਸਲਾਹ ਲੈਣ।ਇਸ ਮੌਕੇ ਸਫ਼ਲ ਉਮੀਦਵਾਰ ਦੇ ਪਰਿਵਾਰ ਨੇ ਸੰਸਥਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

## ਹਠੂਰ ਦਾ ਤਿੰਨ ਰੋਜ਼ਾ ਟੂਰਨਾਮੈਂਟ ਸਮਾਪਤ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਸਮੂਹ ਗਰਾਮ ਪੰਚਾਇਤ ਹਠੂਰ ਤੇ ਸਮੂਹ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਅਜ਼ਾਦ ਸਪੋਰਟਸ ਐਂਡ ਵੈੱਲਫੇਅਰ ਕਲੱਬ ਹਠੂਰ ਦੀ ਅਗਵਾਈ ਹੇਠ 18ਵਾਂ ਤਿੰਨ ਰੋਜ਼ਾ ਖੇਡ ਟੂਰਨਾਮੈਂਟ ਅੰਬੀ ਸਟੇਡੀਅਮ ਹਠੂਰ ਵਿਖੇ ਕਰਵਾਇਆ ਗਿਆ।ਇਸ ਟੂਰਨਾਮੈਂਟ ਵਿੱਚ ਫੁੱਟਬਾਲ ਦੀਆਂ 32 ਟੀਮਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਪਹਿਲਾ ਸਥਾਨ ਕਮਾਲਪੁਰਾ, ਦੂਜਾ ਸਥਾਨ ਘੋਲੀਆ ਕਲਾਂ ਨੇ ਪ੍ਰਾਪਤ ਕੀਤਾ, ਹਾਕੀ ਦੀਆਂ 32 ਟੀਮਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਪਹਿਲਾ ਸਥਾਨ ਹਠੂਰ, ਦੂਜਾ ਬੁੱਟਰ ਨੇ ਪ੍ਰਾਪਤ ਕੀਤਾ। ਇਸੇ ਤਰ੍ਹਾਂ ਤਾਸ ਸੀਪ ਵਿੱਚ 72 ਟੀਮਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਪਹਿਲਾ ਸਥਾਨ ਹਠੂਰ ਤੇ ਦੂਜਾ ਸਥਾਨ ਛੀਨੀਵਾਲ ਕਲਾਂ ਦੇ ਖਿਡਾਰੀਆਂ ਨੇ ਪ੍ਰਾਪਤ ਕੀਤਾ।ਇਨ੍ਹਾਂ ਜੇਤੂ ਟੀਮਾਂ ਨੂੰ ਇਨਾਮ ਤਕਸੀਮ ਕਰਦਿਆਂ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਦਰਸ਼ਨ ਸਿੰਘ ਕੈਨੇਡਾ ਰਾਮੇਵਾਲੇ, ਦੁਰਲੱਭ ਸਿੰਘ ਕੈਨੇਡਾ, ਦੁੱਲਾ ਸਿੰਘ ਯੂ ਐੱਸ ਏ, ਪ੍ਰਿਤਪਾਲ ਸਿੰਘ ਗਰੇਵਾਲ ਯੂ ਐੱਸ ਏ ਤੇ ਪਾਲੀ ਕੈਨੇਡਾ ਨੇ ਕਿਹਾ ਕਿ ਖੇਡਾਂ ਜਿੱਥੇ ਖਿਡਾਰੀ ਦਾ ਸਾਡੇ ਸਮਾਜ ਵਿੱਚ ਮਾਣ-ਸਨਮਾਨ ਵਧਾਉਂਦੀਆਂ ਹਨ, ਉਥੇ ਖੇਡਾਂ ਸਾਨੂੰ ਬਿਮਾਰੀਆਂ ਤੋਂ ਵੀ ਦੂਰ ਰੱਖਦੀਆਂ ਹਨ। ਇਸ ਮੌਕੇ ਸਰਪੰਚ ਜਸਕਮਲਪ੍ਰੀਤ ਸਿੰਘ, ਪ੍ਰਬੰਧਕੀ ਕਮੇਟੀ ਨੇ ਮਹਿਮਾਨਾਂ ਤੇ ਜੇਤੂ ਟੀਮਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਅਤੇ ਵੱਡੀ ਗਿਣਤੀ ਵਿੱਚ ਪੁੱਜੇ ਦਰਸ਼ਕਾਂ ਦਾ ਧੰਨਵਾਦ ਕੀਤਾ।ਇਸ ਟੂਰਨਾਮੈਂਟ ਮੌਕੇ ਤਿੰਨੇ ਦਿਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਦੀਪਾਂਸ਼ੂ ਮੰਗਲਾ ਨੇ ਆਲ ਇੰਡੀਆ ਯੂਨੀਵਰਸਿਟੀ ਯੂਥ ਫੈਸਟੀਵਲ 'ਚ ਮੱਲਾਂ ਮਾਰੀਆਂ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਸਰਹੱਦੀ ਪਿੰਡ ਦਬੁਰਜੀ ਮਰਾੜਾ ਵਿਖੇ ਉਸ ਵੇਲੇ ਖੁਸ਼ੀ ਦਾ ਮਾਹੌਲ ਬਣਿਆ ਜਦ ਪਿਛਲੇ ਦਿਨੀਂ ਆਲ ਇੰਡੀਆ ਯੂਨੀਵਰਸਿਟੀ ਯੂਥ ਫੈਸਟੀਵਲ ਚੇਨਈ ਤਾਮਿਲਨਾਡੂ ਵਿਖੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੀ ਪ੍ਰਤੀਨਿਧਤਾ ਕਰਦੇ ਹੋਏ ਇਸ ਪਿੰਡ ਦੇ ਵਿਦਿਆਰਥੀ ਦੀਪਾਂਸ਼ੂ ਮੰਗਲਾ ਨੇ ਸੱਤਿਆਭਾਮਾ ਇੰਸਟੀਚਿਊਟ ਆਫ ਸਾਇੰਸ ਐਂਡ ਤਕਨਾਲੋਜੀ ਚੇਨਈ ਤਾਮਿਲਨਾਡੂ ਵਿਖੇ ਆਪਣੀ ਕਲਾ ਦੇ ਜੌਹਰ ਦਿਖਾਉਂਦੇ ਹੋਏ ਮਾਇਮ ਵਿੱਚ ਪਹਿਲੀ ਅਤੇ ਮਮਿੱਕਰੀ ਵਿੱਚ ਦੂਜੀ ਪੁਜ਼ੀਸ਼ਨ ਹਾਸਲ ਕਰਕੇ ਪੂਰੇ ਦੇਸ਼ ਵਿੱਚ ਆਪਣੇ ਪਿੰਡ, ਮਾਪਿਆਂ ਅਤੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ।ਇਹ ਜਾਣਕਾਰੀ ਦੀਪਾਂਸ਼ੂ ਮੰਗਲਾ ਦੇ ਪਿਤਾ ਮਾਸਟਰ ਰਵੀ ਕੁਮਾਰ ਮੰਗਲਾ ਨੇ ਪੱਤਰਕਾਰਾਂ ਨੂੰ ਦਿੱਤੀ।ਦੀਪਾਂਸ਼ੂ ਫਾਈਨ ਆਰਟਸ ਐੱਮ ਏ ਭਾਗ ਪਹਿਲਾ ਦੇ ਦੂਜੇ ਸਮੈਸਟਰ ਵਿੱਚ ਪੜ੍ਹ ਰਿਹਾ। ਥੀਏਟਰ ਉਸਦਾ ਪੈਸ਼ਨ ਹੈ। ਦੀਪਾਂਸ਼ੂ ਮੰਗਲਾ ਨੂੰ ਪਿਛਲੇ ਸਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਯੂਥ ਫੈਸਟੀਵਲ ਵਿੱਚ ਬੈਸਟ ਐਕਟਰ ਦਾ ਐਵਾਰਡ ਮਿਲਿਆ ਸੀ।ਦੀਪਾਂਸ਼ੂ ਦੇ ਪਿਤਾ ਮਾਸਟਰ ਰਵੀ ਕੁਮਾਰ ਮੰਗਲਾ ਨੇ ਕਿਹਾ ਸਾਨੂੰ ਆਪਣੇ ਬੱਚਿਆਂ ਦੀ ਪਰਵਰਿਸ਼ ਦੌਰਾਨ ਪੜ੍ਹਾਈ ਦੇ ਨਾਲ ਨਾਲ ਹੋਰ ਪਾਠ ਸਹਾਇਕ ਕ੍ਰਿਆਵਾਂ ਵੱਲ ਰੁਚੀ ਪੈਦਾ ਕਰਨੀ ਚਾਹੀਦੀ ਹੈ ਤਾਂ ਕਿ ਬੱਚੇ ਪੜ੍ਹਾਈ ਨੂੰ ਬੋਝ ਨਾ ਸਮਝਣ।ਦੀਪਾਂਸ਼ੂ ਮੰਗਲਾ ਥੀਏਟਰ ਦੇ ਨਾਲ ਨਾਲ ਇੱਕ ਚੰਗਾ ਪੇਂਟਰ ਵੀ ਹੈ। ਇਸ ਤੋਂ ਇਲਾਵਾ ਪੈਨਸਿਲ ਸ਼ੇਡਿੰਗ ਅਤੇ ਲਾਈਵ ਸਕੈੱਚ ਬਣਾਉਣ ਵਿੱਚ ਵੀ ਉਸ ਨੂੰ ਮੁਹਾਰਤ ਹਾਸਲ ਹੈ।



# ਏ ਟੀ ਐੱਮ ਸਾਈਟਾਂ ਲਈ ਬੋਲੀ 25 ਨੂੰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸਿਵਲ ਜੱਜ (ਸੀਨੀਅਰ ਡਵੀਜ਼ਨ) ਸੁਰੇਸ਼ ਕੁਮਾਰ ਗੋਇਲ ਨੇ ਦੱਸਿਆ ਕਿ ਸਥਾਨਕ ਨਵੇਂ ਜ਼ਿਲ੍ਹਾ ਅਤੇ ਸੈਸ਼ਨ ਕੋਰਟ ਕੰਪਲੈਕਸ ਵਿਖੇ 25 ਮਾਰਚ ਨੂੰ ਸਵੇਰੇ 11:30 ਵਜੇ ਜਨਤਕ ਬੋਲੀ ਕੀਤੀ ਜਾਵੇਗੀ ਜਿਸ ਵਿਚ ਨਵੇਂ ਕੋਰਟ ਕੰਪਲੈਕਸ ਵਿਚ ਬੈਂਕ ਤੇ ਏ ਟੀ ਐੱਮ ਵਾਲੀ ਥਾਂ ਤੋਂ ਇਲਾਵਾ ਮੁਕੇਰੀਆਂ ਵਿਖੇ ਨਵੇਂ ਜੁਡੀਸ਼ੀਅਲ ਕੰਪਲੈਕਸ ਵਿਖੇ ਏ ਟੀ ਐੱਮ ਵਾਲੀ ਸਾਈਟ ਲਈ ਬੋਲੀ ਹੋਵੇਗੀ। ਸਿਵਲ ਜੱਜ (ਸੀਨੀਅਰ ਡਵੀਜਨ) ਨੇ ਦੱਸਿਆ ਕਿ ਇਨ੍ਹਾਂ ਸਾਈਟਾਂ ਦੀ ਬੋਲੀ 1 ਅਪ੍ਰੈਲ 2026 ਤੋਂ 31 ਮਾਰਚ 2029 ਤੱਕ ਲਈ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਚਾਹਵਾਨ ਬੋਲੀਕਾਰ 25 ਮਾਰਚ ਨੂੰ ਸਵੇਰੇ 10:30 ਵਜੇ ਤੱਕ 10,000 ਰੁਪਏ ਪੇਸ਼ਗੀ ਰਕਮ ਵਜੋਂ ਜਮ੍ਹਾਂ ਕਰਵਾਉਣ। ਅਸਫਲ ਬੋਲੀਕਾਰ ਵਲੋਂ ਜਮ੍ਹਾਂ ਰਕਵਾਈ ਪੇਸ਼ਗੀ ਰਕਮ ਉਸੇ ਦਿਨ ਵਾਪਸ ਕਰ ਦਿੱਤੀ ਜਾਵੇਗੀ। ਇਸ ਬੋਲੀ ਸਬੰਧੀ ਵਿਸਥਾਰਤ ਨਿਯਮ ਅਤੇ ਸ਼ਰਤਾਂ ਬਾਰੇ ਕੋਰਟ ਦੀ ਵੈਬਸਾਈਟ http://ecourts.gov.in/hoshiarpur/ ਰਾਹੀਂ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ।

# ਅਰਲੀ ਚਾਈਲਡਹੁੱਡ ਕੇਅਰ ਐਂਡ ਐਜੂਕੇਸ਼ਨ ਮੁਹਿੰਮ ਤਹਿਤ ਆਂਗਣਵਾੜੀ ਉਲੰਪਿਕਸ ਖੇਡ ਮੁਕਾਬਲੇ ਕਰਵਾਏ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ਸਾਰੇ ਆਂਗਣਵਾੜੀ ਕੇਂਦਰਾਂ ਵਿੱਚ ਆਂਗਣਵਾੜੀ ਉਲੰਪਿਕਸ ਖੇਡ ਮੁਕਾਬਲੇ 2026 ਕਰਵਾਏ ਗਏ। ਜ਼ਿਲ੍ਹਾ ਪ੍ਰੋਗਰਾਮ ਦੀ ਥੀਮ 'ਪਲੇਅ ਲਰਨ ਗ੍ਰੋ' (ਖੇਡਾਂ ਸਿੱਖੋ ਵਧੋ) ਇਸ ਦਾ ਮੁੱਖ ਉਦੇਸ਼ 3 ਤੋ 6 ਸਾਲ ਦੇ ਬੱਚਿਆਂ ਦੇ ਸਿਹਤਮੰਦ ਅਤੇ ਸਰਬਪੱਖੀ ਵਿਕਾਸ ਲਈ ਖੇਡ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨਾ ਸੀ। ਜ਼ਿਲ੍ਹਾ ਪ੍ਰੋਗਰਾਮ ਅਫਸਰ ਗੁਰਦਾਸਪੁਰ ਜਸਮੀਤ ਕੌਰ ਨੇ ਦੱਸਿਆ ਕਿ ਬੱਚਿਆਂ ਨੂੰ ਖੇਡਾਂ ਵੱਲ ਜੋੜਨ ਨਾਲ ਉਨ੍ਹਾਂ ਦੀ ਸਰੀਰਕ ਤੰਦਰੁਸਤੀ, ਆਤਮ ਵਿਸ਼ਵਾਸ ਅਤੇ ਸਿੱਖਣ ਦੀ ਸਮਰੱਥਾ ਵਿੱਚ ਵਾਧਾ ਹੁੰਦਾ ਹੈ। ਆਂਗਣਵਾੜੀ ਕੇਂਦਰਾਂ ਵਿੱਚ ਦੋ ਦਿਨ ਖੇਡ ਮੁਕਾਬਲੇ ਕਰਵਾਏ ਗਏ। ਪਹਿਲੇ ਦਿਨ ਬੱਚਿਆਂ ਅਤੇ ਮਾਪਿਆਂ ਦੀ ਭਾਗੀਦਾਰੀ ਨਾਲ ਦੌੜ, ਨਿੰਬੂ ਚਮਚਾ ਦੌੜ, ਬੋਰੀ ਦੌੜ, ਸਕਿਪਿੰਗ, ਬਾਲ ਗੇਮਜ਼ ਅਤੇ ਹੋਰ ਮੰਨੋਰੰਜਨ ਦੀਆਂ ਖੇਡਾਂ ਕਰਵਾਈਆਂ ਗਈਆਂ। ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਤੇ ਖੇਡਾਂ ਰਾਹੀਂ ਸਿੱਖਣ ਦਾ ਆਨੰਦ ਮਾਣਿਆ। ਇਸ ਤੋਂ ਇਲਾਵਾ ਦੂਸਰੇ ਦਿਨ ਸੁਪਰਵਾਈਜ਼ਰ ਪੱਧਰ 'ਤੇ ਆਂਗਣਵਾੜੀ ਵਰਕਰਾਂ ਦੇ ਖੇਡ ਮੁਕਾਬਲੇ ਕਰਵਾਏ ਗਏ। ਇਸ ਮੌਕੇ ਵੱਖ-ਵੱਖ ਆਂਗਣਵਾੜੀ ਵਰਕਰਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕੀਤਾ। ਮੁਕਾਬਲਿਆਂ ਦੌਰਾਨ ਮਿਊਜ਼ੀਕਲ ਚੇਅਰ, ਚਮਚ ਦੌੜ ਸਮੇਤ ਹੋਰ ਮੰਨੋਰੰਜਨ ਖੇਡਾਂ ਕਰਵਾਈਆਂ ਗਈਆਂ, ਜਿਸ ਵਿਚ ਭਾਗ ਲੈਣ ਵਾਲੀਆ ਵਰਕਰਾਂ ਨੇ ਬਹੁਤ ਜੋਸ਼ ਅਤੇ ਖੁਸ਼ੀ ਨਾਲ ਹਿੱਸਾ ਲਿਆ। ਜ਼ਿਲ੍ਹਾ ਪ੍ਰੋਗਰਾਮ ਅਫਸਰ ਗੁਰਦਾਸਪੁਰ ਜਸਮੀਤ ਕੌਰ ਨੇ ਦੱਸਿਆ ਕਿ ਬੱਚਿਆਂ ਦੇ ਸਿੱਖਣ ਦੇ ਮੌਕਿਆਂ ਨੂੰ ਉਤਸ਼ਾਹਿਤ ਕਰਨ ਲਈ ਇਕ ਮਹੱਤਪੂਰਨ ਕਦਮ ਸਾਬਤ ਹੋਇਆ। ਵਿਭਾਗ ਵੱਲੋਂ ਮਾਪਿਆਂ ਅਤੇ ਸਮਾਜ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਆਂਗਣਵਾੜੀ ਸੈਂਟਰਾਂ ਦੀਆਂ ਗਤੀਵਿਧੀਆਂ ਵਿੱਚ ਸਹਿਯੋਗ ਦੇਣ ਅਤੇ ਬੱਚਿਆਂ ਦੇ ਚੰਗੇ ਭਵਿੱਖ ਲਈ ਆਪਣਾ ਯੋਗਦਾਨ ਪਾਉਣ।



# ਰੋਟਰੀ ਆਸਥਾ ਦੇ ਚਾਰਟਰਡ ਪ੍ਰਧਾਨ ਐੱਚ ਐੱਸ ਜੋਗੀ ਨੇ ਗੁਰੂ ਕੀ ਨਗਰੀ ਦਾ ਨਾਂਅ ਰੁਸ਼ਨਾਇਆ

**ਅੰਮ੍ਰਿਤਸਰ (ਅਰੋੜਾ)**: ਰੋਟਰੀ ਕਲੱਬ ਅੰਮ੍ਰਿਤਸਰ ਆਸਥਾ ਵੱਲੋਂ ਰੱਖੇ ਗਏ ਸਨਮਾਨ ਸਮਾਗਮ ਵਿਖੇ ਕਲੱਬ ਦੇ ਪ੍ਰਧਾਨ ਸੀਨੀਅਰ ਰੋਟੇਰੀਅਨ ਇੰਜੀ. ਅਸ਼ੋਕ ਸ਼ਰਮਾ ਨੇ ਕਲੱਬ ਦੇ ਸਾਰੇ ਮੈਂਬਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕਲੱਬ ਦੇ ਚਾਰਟਰਡ ਪ੍ਰਧਾਨ ਐੱਚ. ਐੱਸ. ਜੋਗੀ ਨੇ ਰੋਟਰੀ ਦੇ ਲਈ ਬਹੁਤ ਹੀ ਸ਼ਲਾਘਾਯੋਗ ਕੰਮ ਕੀਤੇ ਹਨ।ਉਨ੍ਹਾਂ ਨੇ ਰੋਟਰੀ ਕਲੱਬ ਆਸਥਾ ਦਾ ਗਠਨ ਕੀਤਾ ਅਤੇ ਚਾਰਟਰਡ ਪ੍ਰਧਾਨ ਦੇ ਰੂਪ ਵਿੱਚ ਬੇਹੱਦ ਸ਼ਲਾਘਾਯੋਗ ਕੰਮ ਕੀਤੇ। ਉਨ੍ਹਾਂ ਦੇ ਨਾਲ ਕਲੱਬ ਦੇ ਸੀਨੀਅਰ ਮੈਂਬਰ ਸਾਬਕਾ ਪ੍ਰਧਾਨ ਅੰਦੇਸ਼ ਭੱਲਾ ਸਕੱਤਰ ਦੇ ਰੂਪ ਵਿੱਚ ਕੰਮ ਕਰਦੇ ਰਹੇ।ਇੰਜੀ. ਅਸ਼ੋਕ ਸ਼ਰਮਾ ਨੇ ਕਿਹਾ ਕਿ ਐੱਚ. ਐੱਸ. ਜੋਗੀ ਨੂੰ ਅਹੁਦਾ ਗ੍ਰਹਿਣ ਕਰਵਾਉਣ ਦੇ ਲਈ ਪਦਮਸ਼੍ਰੀ ਵਿਜੇ ਚੋਪੜਾ ਖਾਸ ਤੌਰ 'ਤੇ ਸ਼ਾਮਿਲ ਹੋਏ।ਅਸ਼ੋਕ ਸ਼ਰਮਾ ਨੇ ਕਲੱਬ ਦੀ ਬੈਠਕ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਜੋਗੀ ਨੂੰ ਰੋਟਰੀ 3070 ਦੇ ਲਈ ਆਉਣ ਵਾਲੇ ਗਵਰਨਰ ਐਲਾਨ ਕੀਤਾ ਗਿਆ ਹੈ। ਇਸ ਨਾਲ ਅੰਮ੍ਰਿਤਸਰ ਦੀਆਂ ਸਮੂਹ ਕਲੱਬਾਂ ਦਾ ਸਨਮਾਨ ਪੂਰੇ ਭਾਰਤ ਵਿੱਚ ਵਧਿਆ ਹੈ ਅਤੇ ਰੋਟਰੀ ਕਲੱਬ ਆਸਥਾ ਦੇ ਲਈ ਇਹ ਬਹੁਤ ਫਖਰ ਦੀ ਗੱਲ ਹੈ।ਇਸ ਮੌਕੇ ਸਕੱਤਰ ਸਰਬਜੀਤ ਸਿੰਘ, ਰੋਟਰੀ ਦੇ ਸਾਬਕਾ ਪ੍ਰਧਾਨ ਸਾਬਕਾ ਸਹਾਇਕ ਗਵਰਨਰ ਪਰਮਜੀਤ ਸਿੰਘ, ਸਹਾਇਕ ਗਵਰਨਰ ਅਸ਼ਵਨੀ ਅਵਸਥੀ, ਸਾਬਕਾ ਪ੍ਰਧਾਨ ਅਮਨ ਸ਼ਰਮਾ, ਅੰਦੇਸ਼ ਭੱਲਾ, ਸੀਨੀਅਰ ਰੋਟੇਰੀਅਨ ਸਾਬਕਾ ਪ੍ਰਧਾਨ ਹਰਦੇਸ਼ ਦਵੇਸਰ, ਸਾਬਕਾ ਜ਼ੋਨਲ ਚੇਅਰਮੈਨ ਜਤਿੰਦਰ ਸਿੰਘ ਪੱਪੂ, 3070 ਦੀ ਪਹਿਲੀ ਮਹਿਲਾ ਸਤਪਾਲ ਕੌਰ ਜੋਗੀ, ਸਤਿਆਪ੍ਰਭਾ ਸ਼ਰਮਾ, ਆਉਣ ਵਾਲੇ ਪ੍ਰਧਾਨ ਰਾਜੇਸ਼ ਭਦਵਾਰ ਅਤੇ ਰੋਟਰੀ ਕਲੱਬ ਆਸਥਾ ਦੇ ਸਮੂਹ ਮੈਂਬਰ ਮੌਜੂਦ ਸਨ।

# ਆਵਾਰਾ ਕੁੱਤਿਆਂ ਨੂੰ ਕਾਬੂ ਕਰਨ ਦੀ ਮੁਹਿੰਮ ਸ਼ੁਰੂ

**ਧਾਰੀਵਾਲ (ਮਨਦੀਪ ਵਿੱਕੀ)**- ਪਿਛਲੇ ਦਿਨੀਂ ਧਾਰੀਵਾਲ ਸ਼ਹਿਰ ਵਿੱਚ ਅਵਾਰਾ ਕੁੱਤਿਆਂ ਵੱਲੋਂ ਮਾਪਿਆਂ ਦੇ ਇਕਲੌਤੇ ਢਾਈ ਸਾਲ ਦੇ ਬੱਚੇ (ਸਮਾਈਲ) ਨੂੰ ਮਾਰ ਦੇਣ ਦੀ ਵਾਪਰੀ ਬਹੁਤ ਮੰਦਭਾਗੀ ਘਟਨਾ ਨੇ ਸਾਰੇ ਇਲਾਕੇ ਨੂੰ ਝਜੋੜ ਕੇ ਰੱਖ ਦਿੱਤਾ। ਇਸ ਦੁਖਦਾਈ ਘਟਨਾ ਵਾਪਰਨ ਮਗਰੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵਲੋਂ ਅਵਾਰਾ ਕੁੱਤਿਆਂ ਦੀ ਸਮੱਸਿਆ ਹੱਲ ਕਰਨ ਲਈ ਨਗਰ ਕੌਂਸਲ ਧਾਰੀਵਾਲ ਦੇ ਕਾਰਜ ਸਾਧਕ ਅਫਸਰ ਨੂੰ ਆਦੇਸ਼ ਦਿੱਤੇ ਗਏ ਸਨ। ਜਿਸ ਕਾਰਨ ਹਰਕਤ ਵਿੱਚ ਆਉਂਦਿਆਂ ਅਵਾਰਾ ਕੁੱਤਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਨਗਰ ਕੌਂਸਲ ਧਾਰੀਵਾਲ ਵੱਲੋਂ ਸ਼ਹਿਰ ਵਿੱਚ ਅਵਾਰਾ ਕੁੱਤਿਆਂ ਨੂੰ ਕਾਬੂ ਕਰਨ ਲਈ ਕਾਰਜ ਸਾਧਕ ਅਫਸਰ ਰਕੇਸ਼ ਸ਼ਰਮਾ ਅਤੇ ਸੈਨੇਟਰੀ ਇੰਸਪੈਕਟਰ ਸੰਜੀਵ ਸੋਨੀ ਦੀ ਅਗਵਾਈ ਹੇਠ ਮਹਿੰਮ ਸ਼ੁਰੂ ਕਰ ਦਿੱਤੀ। ਨਗਰ ਕੌਂਸਲ ਵੱਲੋਂ ਐਨੀਮਲ ਵੈਲਫੇਅਰ ਚੈਰੀਟੇਬਲ ਟਰੱਸਟ (ਫਰੀ ਬਰਥ ਕੰਟਰੋਲ ਹਸਪਤਾਲ) ਅੰਮ੍ਰਿਤਸਰ ਤੋਂ ਮੰਗਵਾਈ ਇੱਕ ਵਿਸ਼ੇਸ਼ ਟੀਮ ਵੱਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਅਵਾਰਾ ਕੁੱਤਿਆਂ ਨੂੰ ਫੜਨ ਦੀ ਮੁਹਿੰਮ ਦੌਰਾਨ 15 ਅਵਾਰਾ ਕੁੱਤਿਆਂ ਨੂੰ ਕਾਬੂ ਕੀਤਾ ਗਿਆ। ਸੰਬੰਧਿਤ ਅਧਿਕਾਰੀਆਂ ਨੇ ਦੱਸਿਆ ਕਿ ਕਾਬੂ ਕੀਤੇ ਅਵਾਰਾ ਕੁੱਤਿਆਂ ਦੀ ਨਸਬੰਦੀ ਕਰਕੇ ਨਿਰੰਤਰ ਇਲਾਜ ਲਈ ਹਸਪਤਾਲ ਵਿੱਚ ਪੰਜ ਦਿਨ ਤੱਕ ਰੱਖ ਕੇ ਉਨ੍ਹਾਂ ਨੂੰ ਟੀਕੇ ਲਗਾਏ ਜਾਂਦੇ ਹਨ ਅਤੇ ਉਨ੍ਹਾਂ ਦੀ ਸਰਜਰੀ ਕੀਤੀ ਜਾਂਦੀ ਹੈ। ਇਹ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਕੁੱਤਿਆਂ ਦੀ ਕੱਟਣ ਦੀ ਸਮਰੱਥਾ ਅਤੇ ਨਵੀਂ ਪੈਦਾਇਸ਼ ਕਰਨ ਦੀ ਯੋਗਤਾ ਖਤਮ ਹੋ ਜਾਂਦੀ ਹੈ। ਨਗਰ ਕੌਂਸਲ ਅਧਿਕਾਰੀਆਂ ਨੇ ਕਿਹਾ ਕਿ ਅਵਾਰਾ ਕੁੱਤਿਆਂ ਦੀ ਵਧਦੀ ਗਿਣਤੀ 'ਤੇ ਕਾਬੂ ਕਰਨ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸ਼ਹਿਰ ਵਿੱਚ ਇਹ ਮੁਹਿੰਮ ਭਵਿੱਖ ਵਿੱਚ ਵੀ ਜਾਰੀ ਰਹੇਗੀ। ਉਨ੍ਹਾਂ ਨੇ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਸਫਾਈ ਦਾ ਖਾਸ ਧਿਆਨ ਰੱਖਣ ਅਤੇ ਕਿਸੇ ਵੀ ਸਮੱਸਿਆ ਸਬੰਧੀ ਤੁਰੰਤ ਨਗਰ ਕੌਂਸਲ ਨੂੰ ਸੂਚਿਤ ਕਰਨ।



# ਸਿਹਤਯਾਬ ਹੋਣ ਉਪਰੰਤ ਕੱਥੂਨੰਗਲ ਨੇ ਮੁੜ ਸੰਭਾਲੀ ਸੇਵਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਲੰਬੀ ਬਿਮਾਰੀ ਤੋਂ ਸਿਹਤਯਾਬ ਹੋਣ ਉਪਰੰਤ ਦੀਵਾਨ ਦਫ਼ਤਰ ਵਿਖੇ ਗੁਰੂ ਸਾਹਿਬ ਦਾ ਓਟ ਆਸਰਾ ਲੈਂਦੇ ਹੋਏ ਆਨਰੇਰੀ ਸਕੱਤਰ ਵਜੋਂ ਆਪਣੀਆਂ ਮੁੜ ਜ਼ਿੰਮੇਵਾਰੀਆਂ ਸੰਭਾਲ ਲਈਆਂ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸਟਾਫ ਵੱਲੋਂ ਉਹਨਾਂ ਦਾ ਨਿੱਘਾ ਸੁਆਗਤ ਕਰਦਿਆਂ ਉਹਨਾਂ ਦੀ ਸਿਹਤਯਾਬੀ ਲਈ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਕੱਥੂਨੰਗਲ ਨੇ ਅਕਾਲ ਪੁਰਖ ਦਾ ਸ਼ੁਕਰਾਨਾ ਅਦਾ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੀ ਅਸੀਮ ਕਿਰਪਾ ਅਤੇ ਹਿਤੈਸ਼ੀਆਂ ਦੀਆਂ ਅਰਦਾਸਾਂ ਸਦਕਾ ਉਹ ਦੁਬਾਰਾ ਸੇਵਾ ਸੰਭਾਲਣ ਦੇ ਯੋਗ ਹੋਏ ਹਨ। ਉਹਨਾਂ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਦੀ ਮਹਾਨ ਪਰੰਪਰਾ, ਮਰਿਆਦਾ ਅਤੇ ਮਾਣ ਸਤਿਕਾਰ ਨੂੰ ਕਾਇਮ ਰੱਖਣਾ ਉਹਨਾਂ ਦੀ ਸਭ ਤੋ ਵੱਡੀ ਜ਼ਿੰਮੇਵਾਰੀ ਹੈ। ਇਸ ਮੌਕੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਸਰਪ੍ਰਸਤ ਰਾਜਮਹਿੰਦਰ ਸਿੰਘ ਮਜੀਠਾ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਤਰਲੋਚਨ ਸਿੰਘ, ਗੁਰਭੇਜ ਸਿੰਘ, ਆਦਰਸ਼ਪਿੰਦਰ ਸਿੰਘ ਮਾਨ, ਸੁਖਦੀਪ ਸਿੰਘ ਗਿੱਲ, ਭਗਵੰਤਪਾਲ ਸਿੰਘ ਸੱਚਰ, ਗੁਰਬਖ਼ਸ਼ ਸਿੰਘ ਬੇਦੀ ਅਤੇ ਹੋਰ ਮੈਂਬਰ ਸਾਹਿਬਾਨ ਹਾਜ਼ਰ ਸਨ।

# ਚੈਕਿੰਗ ਕਰਨ ਗਈ ਪਾਵਰਕਾਮ ਦੀ ਟੀਮ ਨੂੰ ਜਬਰੀ ਬੰਦੀ ਬਣਾ ਕੇ ਕੁੱਟਣ ਦੀ ਨਿਖੇਧੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਸਰਕਲ ਤਰਨ ਤਾਰਨ ਦੀ ਮੀਟਿੰਗ ਸਰਕਲ ਪ੍ਰਧਾਨ ਮਨਜੀਤ ਸਿੰਘ ਢਿੱਲੋਂ ਬਾਹਮਣੀ ਵਾਲਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਦੀ ਕਾਰਵਾਈ ਮੰਗਲ ਸਿੰਘ ਨਾਗੋਕੇ ਨੇ ਨਿਭਾਈ ਜਿਸ ਵਿੱਚ ਸੂਬਾ ਪ੍ਰਧਾਨ ਗੁਰਭੇਜ ਸਿੰਘ ਢਿੱਲੋਂ, ਸੀਨੀਅਰ ਮੀਤ ਪ੍ਰਧਾਨ ਹਰਭਿੰਦਰ ਸਿੰਘ ਚਾਹਲ, ਪੱਟੀ ਮੰਡਲ ਦੇ ਪ੍ਰਧਾਨ ਮੰਗਲ ਸਿੰਘ ਸਭਰਾ, ਸ਼ਹਿਰੀ ਮੰਡਲ ਤਰਨ ਤਾਰਨ ਦੇ ਪ੍ਰਧਾਨ ਗੁਰਪਿੰਦਰ ਸਿੰਘ ਰਿੰਕੂ, ਸਬ ਅਰਬਨ ਮੰਡਲ ਤਰਨ ਤਾਰਨ ਦੇ ਪ੍ਰਧਾਨ ਜਸਪ੍ਰੀਤ ਸਿੰਘ ਸੋਹਲ, ਰਈਆ ਮੰਡਲ ਦੇ ਪ੍ਰਧਾਨ ਸੁਰਿੰਦਰ ਸਿੰਘ ਕੰਗ, ਭਿੱਖੀਵਿੰਡ ਮੰਡਲ ਦੇ ਜਨਰਲ ਸਕੱਤਰ ਦਿਲਬਾਗ ਸਿੰਘ ਅਤੇ ਵੱਖ-ਵੱਖ ਸਬ ਡਵੀਜ਼ਨਾਂ ਦੇ ਪ੍ਰਧਾਨ ਤੇ ਸਕੱਤਰ ਸ਼ਾਮਲ ਹੋਏ। ਮੀਟਿੰਗ ਵਿੱਚ ਵੱਖ-ਵੱਖ ਬੁਲਾਰਿਆਂ ਵੱਲੋਂ 10 ਮਾਰਚ ਨੂੰ ਸੀਨੀਅਰ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਤੇ ਸਰਹਾਲੀ ਉਪ ਮੰਡਲ ਅਫ਼ਸਰ ਦੀ ਹਾਜ਼ਰੀ ਵਿੱਚ ਬਿਜਲੀ ਮੁਲਾਜ਼ਮ ਪਿੰਡ ਕਰਮੂੰਵਾਲਾ ਵਿਖੇ ਚੈਕਿੰਗ ਕਰਨ ਲਈ ਗਏ ਸਨ। ਜਦੋਂ ਕੁੱਝ ਖਪਤਕਾਰ ਸਿੱਧੀ ਚੋਰੀ ਕਰਦੇ ਹੋਏ ਫੜੇ ਗਏ ਤਾਂ ਕੁੱਝ ਸ਼ਰਾਰਤੀ ਅਨਸਰਾਂ ਵੱਲੋਂ ਚੈਕਿੰਗ ਕਰ ਰਹੀ ਟੀਮ ਤੇ ਡੰਡੇ ਸੋਟਿਆਂ ਤੇ ਤਿੱਖੇ ਹਥਿਆਰਾ ਨਾਲ ਹਮਲਾ ਕਰਕੇ ਬੰਦੀ ਬਣਾ ਲਿਆ ਅਤੇ ਬਹੁਤ ਜ਼ਿਆਦਾ ਕੁੱਟਮਾਰ ਕੀਤੀ ਗਈ। ਬਲਜੀਤ ਸਿੰਘ ਜੇ.ਈ.ਦੇ ਗੰਭੀਰ ਸੱਟਾ ਲਗਾਈਆਂ ਗਈਆਂ ਅਤੇ ਜਸਬੀਰ ਸਿੰਘ ਲਾਈਨਮੈਨ ਨੂੰ ਵੀ ਗੰਭੀਰ ਜ਼ਖਮੀਂ ਕਰ ਦਿੱਤਾ ਗਿਆ ਅਤੇ ਨਾਲ ਹੀ ਜਾਤੀ ਸੂਚਕ ਸ਼ਬਦ ਵੀ ਬੋਲੇ ਗਏ । ਦੋਸ਼ੀਆਂ ਦੇ ਹੌਸਲੇ ਇੰਨੇ ਬੁਲੰਦ ਸਨ ਕਿ ਕੁੱਟਮਾਰ ਕਰਨ ਤੋਂ ਬਾਅਦ ਜ਼ਬਰਦਸਤੀ ਆਪ ਬਿਆਨ ਲਿਖਵਾ ਕੇ ਸੱਚੇ ਹੋਣ ਲਈ ਵੀਡੀਓ ਬਣਾ ਕੇ ਸੋਸ਼ਲ ਮੀਡੀਆ ਤੇ ਵਾਇਰਲ ਕਰ ਦਿੱਤੀ ਗਈ ਜਿਸ ਨਾਲ ਮਨੁੱਖੀ ਅਧਿਕਾਰਾਂ ਦੀ ਵੀ ਉਲੰਘਣਾ ਕੀਤੀ ਗਈ ਜਿਸ ਨਾਲ ਮੁਲਾਜ਼ਮ ਮਾਨਸਿਕ ਤਨਾਅ ਵਿੱਚ ਵੀ ਹਨ ਜਿਸ ਸੰਬੰਧੀ ਜ਼ਖਮੀ ਕਰਮਚਾਰੀਆਂ ਨੂੰ ਸਰਕਾਰੀ ਹਸਪਤਾਲ ਸਰਹਾਲੀ ਵਿੱਚ ਦਾਖਲ ਕਰਵਾਇਆ ਗਿਆ।ਹਸਪਤਾਲ ਦੀ ਮੈਡੀਕਲ ਰਿਪੋਰਟ ਦੇ ਆਧਾਰ ਤੇ ਸ਼ਰਾਰਤੀ ਅਨਸਰਾਂ ਤੇ ਪੁਲਸ ਵੱਲੋਂ ਪਰਚਾ ਦਰਜ ਕੀਤਾ ਗਿਆ ਪ੍ਰੰਤੂ ਦੋਸ਼ੀ ਵਿਅਕਤੀਆਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ। ਉਲਟਾ ਬਿਜਲੀ ਮੁਲਾਜ਼ਮਾਂ ਨੂੰ ਦੋਸ਼ੀਆਂ ਵੱਲੋਂ ਕ੍ਰਾਸ ਪਰਚਾ ਦਰਜ ਕਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਇਸ ਲਈ ਜਥੇਬੰਦੀ ਨੇ ਗੰਭੀਰ ਨੋਟਿਸ ਲਿਆ ਹੈ। ਜੇਕਰ ਕਿਸੇ ਬਿਜਲੀ ਮੁਲਾਜ਼ਮ ਤੇ ਝੂਠਾ ਪਰਚਾ ਦਰਜ ਕੀਤਾ ਗਿਆ ਤਾਂ ਬਿਜਲੀ ਮੁਲਾਜ਼ਮਾਂ ਵੱਲੋਂ ਸਰਕਲ ਤਰਨ ਤਾਰਨ ਦਾ ਕੰਮ ਬੰਦ ਕਰ ਦਿੱਤਾ ਜਾਵੇਗਾ। ਜਥੇਬੰਦੀ ਮੰਗ ਕਰਦੀ ਹੈ ਕਿ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ।



# ਧਾਰੀਵਾਲ 'ਚ ਬਿਰਧ ਆਸ਼ਰਮ ਬਣਾਏਗੀ ਸ਼ਿਵ ਪਰਵਾਰ ਟੀਮ



**ਧਾਰੀਵਾਲ (ਮਨਦੀਪ ਵਿੱਕੀ)**- ਸ਼ਿਵ ਪਰਵਾਰ ਸਭਾ ਧਾਰੀਵਾਲ ਦੀ ਸਮੁੱਚੀ ਟੀਮ ਵੱਲੋਂ ਵਿਸ਼ਾਲ ਮਹਿਰਾ ਦੀ ਅਗਵਾਈ ਹੇਠ ਇਲਾਕੇ ਦੀਆਂ ਨਾਮਵਰ ਸ਼ਖਸੀਅਤਾਂ ਦੇ ਸਹਿਯੋਗ ਨਾਲ ਸ਼ਮਸ਼ਾਨਘਾਟ ਧਾਰੀਵਾਲ ਦੇ ਸੁਧਾਰ ਕਾਰਜ ਕਰੀਬ 70 ਪ੍ਰਤੀਸ਼ਤ ਪੂਰਾ ਹੋ ਚੁੱਕਿਆ ਹੈ ਅਤੇ ਆਉਂਦੇ ਕੁਝ ਦਿਨਾਂ ਵਿੱਚ ਸ਼ਮਸ਼ਾਨਘਾਟ ਧਾਰੀਵਾਲ ਕੋਈ ਵੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ । ਇਸ ਮੌਕੇ ਮੁੱਖ ਸੇਵਾਦਾਰ ਵਿਸ਼ਾਲ ਮਹਿਰਾ ਕੇਵਲ ਢਾਬੇ ਵਾਲੇ ਨੇ ਦੱਸਿਆ ਕਿ ਸ਼ਮਸ਼ਾਨਘਾਟ ਵਿੱਚ ਵਿੱਚ ਲੱਗੇ ਫੁੱਲ ਬੂਟੇ, ਵੱਖ-ਵੱਖ ਬਣੇ ਬਾਥਰੂਮ, ਵਾਟਰ- ਕੂਲਰ, ਪੱਖੇ, ਬੈਠਨਯੋਗ ਸਲੈਬਾਂ ਅਤੇ ਇਲਾਹੀ ਬਾਣੀ ਅਵਾਜ਼ ਸੁਣਾਉਂਦੇ ਲੱਗੇ ਬਕਸੇ ਅਤੇ ਸਾਫ ਸਫਾਈ ਬੇਹਤਰ ਢੰਗ ਨਾਲ ਹੋ ਰਹੀ ਹੈ। ਸ਼ਮਸ਼ਾਨਘਾਟ ਧਾਰੀਵਾਲ ਵਿੱਚ ਸੇਵਾ ਕਰਦੇ ਨੌਜਵਾਨ ਵਿਸ਼ਾਲ ਮਹਿਰਾ ਨੇ ਦੱਸਿਆ ਕਿ ਸਾਡੀ ਸ਼ਿਵ ਪਰਵਾਰ ਸਭਾ ਧਾਰੀਵਾਲ ਦੇ ਨੌਜਵਾਨਾਂ ਦੀ ਸਮੁੱਚੀ ਟੀਮ ਨੇ ਸੰਕਲਪ ਲਿਆ ਕਿ ਸ਼ਮਸ਼ਾਨਘਾਟ ਧਾਰੀਵਾਲ ਦੀ ਸੇਵਾ ਮੁਕੰਮਲ ਹੋਣ ਉਪਰੰਤ 20-22 ਬਾਈ ਕਮਰਿਆਂ ਵਾਲਾ ਧਾਰੀਵਾਲ ਵਿੱਚ ਬਿਰਧ ਆਸ਼ਰਮ ਤਿਆਰ ਕਰਨਗੇ ਜਿਸ ਵਿੱਚ ਬੇਸਹਾਰਾ ਅਤੇ ਲੋੜਵੰਦ ਬਜ਼ੁਰਗਾਂ ਦੀ ਸਾਂਭ ਸੰਭਾਲ, ਖਾਣ-ਪੀਣ, ਰਹਿਣ ਸਹਿਣ ਅਤੇ ਲੋੜ ਪੈਣ 'ਤੇ ਸਮੁੱਚੇ ਇਲਾਜ ਦਾ ਪ੍ਰਬੰਧ ਕੀਤਾ ਜਾਵੇਗਾ । ਨੌਜਵਾਨਾਂ ਨੇ ਨਗਰ ਕੌਂਸਲ ਧਾਰੀਵਾਲ ਦੇ ਪ੍ਰਧਾਨ ਅਸ਼ਵਨੀ ਦੁੱਗਲ, ਸੈਨੇਟਰੀ ਇੰਸਪੈਕਟਰ ਸੰਜੀਵ ਸੋਨੀ ਸਮੇਤ ਹੋਰ ਰਾਜਨਿਤਕ ਸ਼ਖ਼ਸ਼ੀਅਤਾਂ ਦਾ ਧੰਨਵਾਦ ਕੀਤਾ ਕਿ ਸਿਵ ਪਰਵਾਰ ਸਭਾ ਧਾਰੀਵਾਲ ਦੀ ਟੀਮ ਦੀ ਅਪੀਲ ਕਰਨ ਤੇ ਉਨ੍ਹਾਂ ਵੱਲੋਂ ਸ਼ਮਸ਼ਾਨਘਾਟ ਦੇ ਨੇੜੇ ਲੱਗੇ ਕੂੜੇ ਦੇ ਡੰਪ ਹਟਾਏ ਵੀ ਗਏ ।

# 1.5 ਲੱਖ ਕਰੋੜ ਦੇ ਨਿਵੇਸ਼ ਨਾਲ ਪੰਜਾਬ ਬਣਿਆ ਨਿਵੇਸ਼ਕਾਂ ਦੀ ਪਹਿਲੀ ਪਸੰਦ : ਬੰਦੇਸ਼ਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਪੰਜਾਬ ਲਘੂ ਉਦਯੋਗ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਲੋਕ ਸਭਾ ਇੰਚਾਰਜ ਜਸਕਰਨ ਸਿੰਘ ਬੰਦੇਸ਼ਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਉਦਯੋਗਿਕ ਵਿਕਾਸ ਦੇ ਨਵੇਂ ਦੌਰ ਵਿੱਚ ਦਾਖਲ ਹੋ ਗਿਆ ਹੈ ਅਤੇ ਹੁਣ ਦੇਸ਼-ਵਿਦੇਸ਼ ਦੇ ਨਿਵੇਸ਼ਕਾਂ ਦੀ ਪਹਿਲੀ ਪਸੰਦ ਬਣ ਰਿਹਾ ਹੈ। ਉਨ੍ਹਾਂ ਕਿਹਾ ਕਿ ਮੋਹਾਲੀ ਵਿਖੇ ਕਰਵਾਏ ਗਏ ਪ੍ਰੋਗਰੈਸਿਵ ਪੰਜਾਬ ਨਿਵੇਸ਼ਕ ਸੰਮੇਲਨ 2026 ਦੌਰਾਨ ਵੱਡੇ ਉਦਯੋਗਿਕ ਘਰਾਣਿਆਂ ਵੱਲੋਂ ਵੱਡੇ ਪੱਧਰ 'ਤੇ ਨਿਵੇਸ਼ ਦੇ ਐਲਾਨ ਕੀਤੇ ਗਏ ਹਨ, ਜਿਸ ਨਾਲ ਪੰਜਾਬ ਵਿੱਚ ਉਦਯੋਗ ਅਤੇ ਰੋਜ਼ਗਾਰ ਨੂੰ ਵੱਡਾ ਬਲ ਮਿਲੇਗਾ।ਚੇਅਰਮੈਨ ਬੰਦੇਸ਼ਾ ਨੇ ਦੱਸਿਆ ਕਿ ਸੰਮੇਲਨ ਦੇ ਪਹਿਲੇ ਹੀ ਦਿਨ ਵੱਖ-ਵੱਖ ਉਦਯੋਗਿਕ ਟਾਈਕੂਨਾਂ ਵੱਲੋਂ 10,000 ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਦੇ ਐਲਾਨ ਕੀਤੇ ਗਏ। ਵਿਸ਼ਵ ਪ੍ਰਸਿੱਧ ਉਦਯੋਗਪਤੀ ਲਕਸ਼ਮੀ ਨਿਵਾਸ ਮਿੱਤਲ ਨੇ ਬਠਿੰਡਾ ਵਿੱਚ ਸਥਿਤ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਦੇ ਵਿਸਥਾਰ ਲਈ ਲਗਭਗ 2,600 ਕਰੋੜ ਰੁਪਏ ਦੇ ਨਿਵੇਸ਼ ਦਾ ਐਲਾਨ ਕੀਤਾ। ਇਸੇ ਤਰ੍ਹਾਂ ਟਾਟਾ ਸਟੀਲ ਵੱਲੋਂ ਲੁਧਿਆਣਾ ਨੇੜੇ ਸਟੀਲ ਪਲਾਂਟ ਲਗਾਉਣ ਲਈ ਹਜ਼ਾਰਾਂ ਕਰੋੜ ਰੁਪਏ ਦੇ ਨਿਵੇਸ਼ ਦਾ ਭਰੋਸਾ ਦਿੱਤਾ ਗਿਆ ਹੈ, ਜਿਸ ਨਾਲ ਹਜ਼ਾਰਾਂ ਨਵੀਆਂ ਨੌਕਰੀਆਂ ਪੈਦਾ ਹੋਣਗੀਆਂ। ਇਸ ਤੋਂ ਇਲਾਵਾ ਸੱਜਣ ਜਿੰਦਲ ਦੀ ਅਗਵਾਈ ਵਾਲੇ ਜੇ ਐਸ ਡਬਲਿਊ ਗਰੁੱਪ ਨੇ ਰਾਜਪੁਰਾ ਵਿੱਚ ਆਪਣੀ ਉਦਯੋਗਿਕ ਸਹੂਲਤ ਨੂੰ ਅਧੁਨਿਕ ਬਣਾਉਣ ਲਈ ਵੱਡੇ ਪੱਧਰ 'ਤੇ ਨਿਵੇਸ਼ ਕਰਨ ਦਾ ਐਲਾਨ ਕੀਤਾ ਹੈ। ਪੰਜਾਬ ਦੇ ਆਪਣੇ ਉਦਯੋਗਿਕ ਗਰੁੱਪਾਂ ਜਿਵੇਂ ਟਰਾਈਡੈਂਟ, ਹੀਰੋ ਸਾਈਕਲ, ਸੋਨਾਲਿਕਾ, ਪ੍ਰੀਤ ਟਰੈਕਟਰ, ਮੌਂਟੀ ਕਾਰਲੋ ਅਤੇ ਵਰਧਮਾਨ ਗਰੁੱਪ ਨੇ ਵੀ ਟੈਕਸਟਾਈਲ, ਟਰੈਕਟਰ ਅਤੇ ਹੋਰ ਉਦਯੋਗਿਕ ਖੇਤਰਾਂ ਵਿੱਚ ਆਪਣੇ ਵਿਸਥਾਰ ਦੀ ਯੋਜਨਾ ਦਾ ਐਲਾਨ ਕੀਤਾ ਹੈ।ਚੇਅਰਮੈਨ ਸ੍ਰੀ ਜਸਕਰਨ ਸਿੰਘ ਬੰਦੇਸ਼ਾ ਨੇ ਕਿਹਾ ਕਿ ਪੰਜਾਬ ਵਿੱਚ ਉਦਯੋਗਿਕ ਵਿਕਾਸ ਨੂੰ ਹੋਰ ਮਜ਼ਬੂਤੀ ਦੇਣ ਲਈ ਕਈ ਹੋਰ ਕੰਪਨੀਆਂ ਵੀ ਨਿਵੇਸ਼ ਕਰ ਰਹੀਆਂ ਹਨ। ਸਨਾਤਨ ਪੋਲੀਕੋਟ ਵੱਲੋਂ 1,600 ਕਰੋੜ ਰੁਪਏ, ਅੰਬੂਜਾ ਸੀਮੈਂਟ ਵੱਲੋਂ 1,400 ਕਰੋੜ ਰੁਪਏ, ਰੁਚਿਰਾ ਪੇਪਰਸ ਵੱਲੋਂ 1,137 ਕਰੋੜ ਰੁਪਏ ਅਤੇ ਹੈਪੀ ਫੋਰਜਿੰਗਸ ਵੱਲੋਂ 1,000 ਕਰੋੜ ਰੁਪਏ ਦੇ ਨਿਵੇਸ਼ ਨਾਲ ਪੰਜਾਬ ਦੇ ਉਦਯੋਗਿਕ ਖੇਤਰ ਨੂੰ ਹੋਰ ਤਾਕਤ ਮਿਲੇਗੀ।ਉਨ੍ਹਾਂ ਦੱਸਿਆ ਕਿ ਸਿਹਤ ਅਤੇ ਸੂਚਨਾ ਖੇਤਰ ਵਿੱਚ ਵੀ ਵੱਡੇ ਨਿਵੇਸ਼ ਹੋ ਰਹੇ ਹਨ । ਫੋਰਟਿਸ ਵੱਲੋਂ ਮੋਹਾਲੀ ਵਿੱਚ 900 ਕਰੋੜ ਰੁਪਏ ਦੇ ਵਿਸਥਾਰ ਨਾਲ ਲਗਭਗ 4,700 ਨਵੀਆਂ ਨੌਕਰੀਆਂ ਪੈਦਾ ਹੋਣਗੀਆਂ, ਜਦਕਿ ਇਨਫੋਸਿਸ ਵੱਲੋਂ ਵੀ ਮੋਹਾਲੀ ਵਿੱਚ ਨਿਵੇਸ਼ ਕਰਕੇ ਹਜ਼ਾਰਾਂ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਬਣਾਏ ਜਾਣਗੇ। ਬੰਦੇਸ਼ਾ ਨੇ ਕਿਹਾ ਕਿ ਅੰਤਰਰਾਸ਼ਟਰੀ ਕੰਪਨੀਆਂ ਵੀ ਪੰਜਾਬ ਵਿੱਚ ਨਿਵੇਸ਼ ਲਈ ਅੱਗੇ ਆ ਰਹੀਆਂ ਹਨ। ਜਪਾਨ ਦੀ ਟੌਪਾਨ ਅਤੇ ਨੀਦਰਲੈਂਡ ਦੀ ਡੀ ਹਿਊਸ ਵਰਗੀਆਂ ਕੰਪਨੀਆਂ ਵੱਲੋਂ ਵੀ ਪੰਜਾਬ ਵਿੱਚ ਵੱਡੇ ਪੱਧਰ 'ਤੇ ਨਿਵੇਸ਼ ਦੀ ਯੋਜਨਾ ਬਣਾਈ ਗਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਨਵੀਂ ਉਦਯੋਗਿਕ ਨੀਤੀ ਅਤੇ ਸਿੰਗਲ-ਵਿੰਡੋ ਪ੍ਰਣਾਲੀ ਕਾਰਨ ਨਿਵੇਸ਼ਕਾਂ ਨੂੰ ਸਾਰੀਆਂ ਮਨਜ਼ੂਰੀਆਂ ਤੇਜ਼ੀ ਨਾਲ ਮਿਲ ਰਹੀਆਂ ਹਨ। ਅਰਵਿੰਦ ਕੇਜਰੀਵਾਲ ਵੱਲੋਂ ਵੀ ਉਦਯੋਗਾਂ ਨੂੰ ਉਤਸ਼ਾਹਿਤ ਕਰਨ ਲਈ ਸਪੱਸ਼ਟ ਨੀਤੀਆਂ ਅਤੇ 45 ਦਿਨਾਂ ਦੇ ਅੰਦਰ ਮਨਜ਼ੂਰੀਆਂ ਦੇਣ ਦੀ ਪ੍ਰਣਾਲੀ 'ਤੇ ਜ਼ੋਰ ਦਿੱਤਾ ਗਿਆ ਹੈ।




# ਕੁਰਾਹੇ ਪੈ ਚੁੱਕੇ ਨੌਜਵਾਨਾਂ ਨੂੰ ਮੁੱਖ ਧਾਰਾ 'ਚ ਲਿਆਂਦਾ ਜਾਵੇਗਾ : ਸਤਨਾਮ ਸਿੰਘ ਗਿੱਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਘੱਟ ਗਿਣਤੀ ਲੋਕ ਭਲਾਈ ਸੰਸਥਾ (ਰਜਿ) ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਗੁੰਮਰਾਹ ਹੋ ਚੁੱਕੇ ਅਤੇ ਕੁਰਾਹੇ ਪੈ ਚੁੱਕੇ ਨੌਜਵਾਨਾਂ ਨੂੰ ਮੁਆਫੀ ਦੁਆ ਕੇ ਮੁੱਖ ਧਾਰਾ 'ਚ ਸ਼ਾਮਲ ਕਰਵਾਉਂਣ ਲਈ ਉਹਨਾ ਦੀ ਸੰਸਥਾ ਪਹਿਲ ਕਦਮੀ ਕਰ ਚੁੱਕੀ ਹੈ।ਉਹਨਾ ਦੱਸਿਆ ਕਿ ਮੁੱਖ ਧਾਰਾ ਦਾ ਹਵਾਲਾ ਦੇ ਕੇ ਗੈਂਗਸਟਰਾਂ ਦੀ ਸੂਚੀ 'ਚ ਜਬਰੀ ਸ਼ਾਮਲ ਕੀਤੇ ਗਏ ਪੁਲਸ ਦੇ ਮਨਘੜਤ ਵਕੂਇਆਂ ਦਾ ਨਿਸ਼ਾਨਾ ਬਣਾਏ ਮਾਪਿਆਂ ਦੇ ਬੱਚਿਆਂ ਨੂੰ ਬੈ ਗੈਰਤ ਮੌਤ ਦੇ ਮੂੰਹ 'ਚ ਜਾਣ ਤੋਂ ਰੋਕਣ ਲਈ ਉਹਨਾ ਵੱਲੋਂ ਸੰਭਵ ਯਤਨ ਜਾਰੀ ਕੀਤੇ ਜਾ ਚੁੱਕੇ ਹਨ।ਗਿੱਲ ਨੇ ਦੱਸਿਆ ਕਿ ਇੱਕ ਪੱਤਰ ਪੰਜਾਬ ਦੇ ਬੱਚਿਆਂ ਦੀਆਂ ਝੂਠੇ ਪੁਲਸ ਮੁਕਾਬਲਿਆਂ ਹੋਣ ਵਾਲੀਆਂ ਮੌਤਾਂ 'ਤੇ ਰੋਕ ਲਗਾਉਣ ਲਈ ਸਟੇਟ ਦੇ ਮੁੱਖ ਮੰਤਰੀ ਪੰਜਾਬ ਨੂੰ ਚਿੱਠੀ ਲਿਖ ਕੇ ਮੀਟਿੰਗ ਕਰਨ ਦਾ ਸਮਾਂ ਵੀ ਮੰਗਿਆ ਹੈ। ਉਹਨਾ ਨੇ ਦੱਸਿਆ ਕਿ ਜੋ ਜੁਰਮ ਦੀ ਦੁਨੀਆ 'ਚ ਵਕਤ ਦੀ ਮਾਰ ਹੇਠ ਆ ਕੇ ਚਲੇ ਗਏ ਹਨ ਉਹਨਾਂ ਬੱਚਿਆਂ ਨੂੰ ਜਿਉਂਦੇ ਜੀਅ ਭਾਰਤੀ ਸੰਵਿਧਾਨ ਦੀ ਮਦਦ ਨਾਲ ਮੁੱਖ ਧਾਰਾ 'ਚ ਲਿਆ ਕੇ ਆਮ ਵਾਂਗ ਜੀਵਨ ਨਿਰਬਾਹ ਕਰਨ ਦਾ ਮੌਕਾ ਦਿੱਤਾ ਜਾ ਸਕਦਾ ਹੈ।ਸਿਰਫ ਪਹਿਲ ਕਦਮੀ ਕਰਨ ਦੀ ਲੋੜ ਹੈ। ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਇਸ ਮਾਮਲੇ ਤੇ ਠੋਸ ਪੈਰਵਾਈ ਕਰਨ ਲਈ ਰਜਪਾਲ ਪੰਜਾਬ ਤੋਂ ਇਲਾਵਾ ਮਨੁੱਖੀ ਅਧਿਕਾਰ ਮਾਮਲਿਆਂ ਦੇ ਪ੍ਰਮੁੱਖ ਅਤੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਨਾਲ ਮੁਲਾਕਾਤ ਕਰਨਗੇ ਉਕਤ ਕੇਸਾਂ ਨੂੰ ਲੈ ਕੇ ਚਰਚਾ ਕਰਨਗੇ।



# ਡਾਇਸਨ ਨੇ 'ਸਲੀਪ ਸੈਂਕਚੁਅਰੀ' ਬਣਾਉਣ ਲਈ ਦਿੱਤੇ ਪ੍ਰੈਕਟੀਕਲ ਟਿਪਸ

**ਲੁਧਿਆਣਾ** : ਵਧੀਆ ਅਤੇ ਗੁਣਵੱਤਾ ਭਰੀ ਨੀਂਦ ਪ੍ਰਤੀ ਵਧ ਰਹੀ ਜਾਗਰੂਕਤਾ ਕਾਰਨ ਹੁਣ ਲੋਕ ਆਪਣੇ ਬੈੱਡਰੂਮ ਨੂੰ ਸਲੀਪ ਸੈਂਕਚੁਅਰੀ ਯਾਨੀ ਆਰਾਮਦਾਇਕ ਅਤੇ ਗਹਿਰੀ ਨੀਂਦ ਲਈ ਅਨੁਕੂਲ ਥਾਂ ਵਜੋਂ ਤਿਆਰ ਕਰਨ ਲੱਗ ਪਏ ਹਨ। ਵਿਸ਼ਵ ਨੀਂਦ ਦਿਵਸ ਮੌਕੇ ਡਾਇਸਨ ਨੇ ਬੈੱਡਰੂਮ ਨੂੰ ਸਿਹਤਮੰਦ 'ਸਲੀਪ ਸੈਂਕਚੁਅਰੀ' ਬਣਾਉਣ ਲਈ ਪ੍ਰਯੋਗਿਕ ਸੁਝਾਅ ਦਿੱਤੇ ਹਨ।ਡਾਇਸਨ ਦੇ ਅਨੁਸਾਰ ਬੈੱਡਰੂਮ ਹੁਣ ਸਿਰਫ ਸੌਣ ਦਾ ਕਮਰਾ ਨਹੀਂ ਰਹਿ ਗਿਆ, ਸਗੋਂ ਇਸ ਨੂੰ ਆਰਾਮ ਅਤੇ ਸਰੀਰ ਦੀ ਰਿਕਵਰੀ ਲਈ ਖਾਸ ਤੌਰ 'ਤੇ ਡਿਜ਼ਾਇਨ ਕੀਤਾ ਜਾਣ ਲੱਗ ਪਿਆ ਹੈ। ਮਾਹਰਾਂ ਮੁਤਾਬਕ ਸਹੀ ਮਾਹੌਲ ਵਾਲਾ ਬੈੱਡਰੂਮ ਨੀਂਦ ਦੀ ਗੁਣਵੱਤਾ ਅਤੇ ਕੁੱਲ ਸਿਹਤ ਨੂੰ ਕਾਫੀ ਬਿਹਤਰ ਬਣਾ ਸਕਦਾ ਹੈ। ਇੱਕ ਆਦਰਸ਼ ਸਲੀਪ ਸੈਂਕਚੁਅਰੀ ਸਿਰਫ ਆਰਾਮਦਾਇਕ ਬਿਸਤਰੇ ਤੱਕ ਸੀਮਿਤ ਨਹੀਂ ਹੁੰਦੀ। ਇਸ ਵਿੱਚ ਘਰ ਅੰਦਰ ਦੀ ਹਵਾ ਦੀ ਗੁਣਵੱਤਾ, ਗੱਦੇ ਦੀ ਸਫਾਈ, ਬਿਸਤਰੇ ਦੀ ਸਮੱਗਰੀ ਅਤੇ ਕਮਰੇ ਦੀ ਸਫਾਈ ਵਰਗੇ ਮਹੱਤਵਪੂਰਨ ਤੱਤ ਸ਼ਾਮਲ ਹੁੰਦੇ ਹਨ।

# ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ-2026 ਦੀਆਂ ਚੋਣਾਂ ਅੱਜ

**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ-ਕਮ-ਨੋਡਲ ਅਫਸਰ ਬਾਰ ਕੌਂਸਲ ਚੋਣਾਂ ਗੁਰਦਾਸਪੁਰ ਦੀ ਪ੍ਰਧਾਨਗੀ ਹੇਠ ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ-2026 ਦੀਆਂ ਚੋਣਾਂ ਸਬੰਧੀ ਰੀਵਿਊ ਮੀਟਿੰਗ ਕੀਤੀ ਗਈ, ਜਿਸ ਵਿੱਚ ਸੁਪਰਵਾਈਜ਼ਰ, ਪੋਲਿੰਗ ਅਫਸਰ ਸਮੇਤ ਚੋਣ ਅਧਿਕਾਰੀਆਂ ਨੂੰ ਚੋਣ ਪ੍ਰਕਿਰਿਆ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ।ਇਸ ਮੌਕੇ ਚੋਣ ਤਹਿਸੀਲਦਾਰ ਗੁਰਦਾਸਪੁਰ ਮਨਜਿੰਦਰ ਸਿੰਘ, ਤਹਿਸੀਲਦਾਰ ਅਰਜਨ ਸਿੰਘ ਗਰੇਵਾਲ, ਡੀ ਐੱਸ.ਪੀ, ਬੀ.ਐੱਸ ਔਲਖ, ਤੇਜਿੰਦਰ ਸਿੰਘ, ਨਾਇਬ ਤਹਿਸੀਲਦਾਰ ਨਿਤਿਨ ਸਹੋਤਾ ਤੇ ਗੁਰਪ੍ਰੀਤ ਸਿੰਘ, ਚੋਣ ਕਾਨੂੰਗੋ ਸੁਨੀਲ ਕੁਮਾਰ, ਰਣਜੀਤ ਸਿੰਘ ਬੁੱਟਰ, ਸਤਿੰਦਰ ਸਿੰਘ, ਲੈਕਚਰਾਰ ਜਸਬੀਰ ਸਿੰਘ ਬਟਾਲਾ ਸਮੇਤ ਚੋਣ ਅਧਿਕਾਰੀ/ਸਟਾਫ ਮੌਜੂਦ ਸਨ।ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਮੀਟਿੰਗ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਮਾਣਯੋਗ ਮੁੱਖ ਚੋਣ ਅਫ਼ਸਰ, ਪੰਜਾਬ ਅਤੇ ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਗੁਰਦਾਸਪੁਰ ਵਿੱਚ ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ-2026 ਦੀਆਂ ਚੋਣਾਂ 18 ਮਾਰਚ ਸਵੇਰੇ 9 ਤੋਂ ਸ਼ਾਮ 5 ਤੱਕ ਕਰਵਾਈਆਂ ਜਾ ਰਹੀਆਂ ਹਨ।ਪੁਲਸ ਵਿਭਾਗ ਨੂੰ ਵੋਟਿੰਗ ਸਥਾਨ ਦੇ 100 ਮੀਟਰ ਦੇ ਘੇਰੇ ਵਿੱਚ ਪੂਰੀ ਸੁਰੱਖਿਆ ਦੇ ਪ੍ਰਬੰਧ ਕਰਨ ਦੇ ਆਦੇਸ਼ ਜਾਰੀ ਕੀਤੇ ਜਾ ਚੁੱਕੇ ਹਨ ਤਾਂ ਜੋ ਚੋਣਾਂ ਸ਼ਾਂਤੀਪੂਰਵਕ ਅਤੇ ਪਾਰਦਰਸ਼ੀ ਢੰਗ ਨਾਲ ਮੁਕੰਮਲ ਹੋ ਸਕਣ।ਬਾਰ ਐਸੋਸੀਏਸ਼ਨ ਦੇ ਮੈਂਬਰਾਂ ਅਤੇ ਸਮੁੱਚੇ ਵਕੀਲ ਭਾਈਚਾਰੇ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਚੋਣ ਪ੍ਰਕਿਰਿਆ ਦੌਰਾਨ ਅਨੁਸ਼ਾਸਨ ਅਤੇ ਆਪਸੀ ਭਾਈਚਾਰੇ ਦੀ ਭਾਵਨਾ ਨੂੰ ਬਣਾਉਂਦੇ ਅਤੇ ਲੋਕਤੰਤਰਿਕ ਮਰਿਆਦਾ ਦੀ ਪਾਲਣਾ ਕਰਦੇ ਹੋਏ ਨਿਰਧਾਰਤ ਦਿਨ ਬੁੱਧਵਾਰ 18 ਮਾਰਚ ਨੂੰ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਆਪਣੇ ਵੋਟ ਹੱਕ ਦਾ ਇਸਤੇਮਾਲ ਕਰਨ।




# ਸ਼ੇਰੋਂ ਬਾਘਾ ਵਿਖੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ 20 ਨੂੰ




**ਬਿਆਸ (ਪਰਮਜੀਤ ਸਿੰਘ ਰੱਖੜਾ)**- ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਸ਼ੇਰੋਂ ਬਾਘਾ ਵਿਖੇ ਆਪ ਦੇ ਸੀਨੀਅਰ ਆਗੂ ਰਜਿੰਦਰ ਸਿੰਘ ਸਹੋਤਾ ਅਤੇ ਸਮਾਜ ਸੇਵੀ ਸੁਖਵਿੰਦਰ ਸਿੰਘ ਮੱਤੇਵਾਲ ਦੇ ਯਤਨਾਂ ਸਦਕਾ 20 ਮਾਰਚ ਨੂੰ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਕੈਂਪ ਲਗਾਇਆ ਜਾ ਰਿਹਾ ਹੈ।ਰਜਿੰਦਰ ਸਿੰਘ ਸਹੋਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਖਾਂ ਦੇ ਜਾਂਚ ਕੈਂਪ ਡਾ. ਓਮ ਪ੍ਰਕਾਸ਼ ਆਈ ਹਸਪਤਾਲ ਅੰਮ੍ਰਿਤਸਰ ਵੱਲੋਂ ਲਗਾਇਆ ਜਾਵੇਗਾ ਅਤੇ ਐਡਵੋਕੇਟ ਦਲਬੀਰ ਸਿੰਘ ਬੇਦੀ ਅਤੇ ਉਨ੍ਹਾਂ ਦੇ ਸਾਥੀ ਵਕੀਲਾਂ ਵੱਲੋਂ ਲੋਕਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਜਾਣਕਾਰੀ ਦੇਣ ਲਈ ਕੈਂਪ ਲਗਾਇਆ ਜਾਵੇਗਾ ।ਇਹ ਕੈਂਪ ਪਿੰਡ ਸ਼ੇਰੋਂ ਬਾਘਾ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਵਿਖੇ ਲਗਾਇਆ ਜਾਵੇਗਾ।ਇਸ ਕੈਂਪ ਮੌਕੇ ਪਿੰਡ ਵਿੱਚ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਪੌਦੇ ਵੀ ਲਗਾਏ ਜਾਣਗੇ ।

# ਤਾਲਿਬਪੁਰ ਪੰਡੋਰੀ ਤੋਂ ਨਡਾਲਾ ਨੂੰ ਜਾਣ ਵਾਲੀ ਸੰਪਰਕ ਸੜਕ ਦੀ ਹਾਲਤ ਬੇਹੱਦ ਖਸਤਾ, ਰਾਹਗੀਰ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ ਦੇ ਇਤਿਹਾਸਕ ਪੰਡੋਰੀ ਧਾਮ ਤੋਂ ਪਿੰਡ ਨਡਾਲਾ ਨੂੰ ਜਾਣ ਵਾਲੀ ਸੰਪਰਕ ਸੜਕ ਪਿਛਲੇ 5-6 ਸਾਲਾਂ ਤੋਂ ਨਹੀਂ ਬਣੀ ਅਤੇ ਇਸ ਵਿੱਚ ਡੂੰਘੇ-ਡੂੰਘੇ ਟੋਏ ਪੈਣ ਕਰਨ ਲੋਕਾਂ ਦਾ ਜੀਵਨ ਦੁੱਭਰ ਹੋਇਆ ਪਿਆ ਹੈ। ਇਲਾਕਾ ਵਾਸੀਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪੁਰਾਣਾ ਸ਼ਾਲਾ ਤੋਂ ਪੰਡੋਰੀ ਨੂੰ ਜਾਣ ਵਾਲੀ ਮੁੱਖ ਸੜਕ ਦਾ ਮੁਰੰਮਤ ਵਾਸਤੇ ਨੀਂਹ ਪੱਥਰ ਰੱਖ ਦਿੱਤਾ ਗਿਆ ਹੈ ਅਤੇ ਸਿਰਫ ਪੌਣੇ ਦੋ ਕਿਲੋਮੀਟਰ ਦੇ ਟੋਟੇ ਨੂੰ ਆਮ ਆਦਮੀ ਪਾਰਟੀ ਸਰਕਾਰ ਅੱਖੋਂ ਪਰੋਖੇ ਕਰ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਸੰਪਰਕ ਸੜਕ ਦੀ ਇਹੋ ਜਿਹੀ ਹਾਲਤ ਬਣ ਚੁੱਕੀ ਹੈ ਕਿ ਵਾਹਨਾਂ ਦਾ ਲੰਘਣਾ ਬੜਾ ਮੁਸ਼ਕਿਲ ਹੋ ਚੁੱਕਾ ਹੈ ਅਤੇ ਟੋਇਆਂ ਕਾਰਨ ਲੋਕਾਂ ਦਾ ਕਾਫੀ ਮਾਲੀ ਨੁਕਸਾਨ ਵੀ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੜਕ ਦੀ ਮੁਰੰਮਤ ਵਾਸਤੇ ਜ਼ਿਲ੍ਹਾ ਪ੍ਰਸ਼ਾਸਨ ਕੋਲ ਕਈ ਵਾਰ ਗੁਹਾਰ ਲਗਾਈ ਗਈ ਹੈ ਪਰ ਫਿਰ ਵੀ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਜਿਸ ਕਰਕੇ ਇਲਾਕੇ ਦੇ ਲੋਕਾਂ ਦਾ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸੰਪਰਕ ਸੜਕ ਤੇ ਅਨੇਕਾਂ ਪਿੰਡਾਂ ਦਾ ਆਉਣਾ ਜਾਣਾ ਹੈ ਅਤੇ ਸੜਕਾਂ ਦੇ ਨੇੜੇ ਲੋਕਾਂ ਦੇ ਪ੍ਰਸਿੱਧ ਕਾਰੋਬਾਰ ਸ਼ੈਲਰ ਵੀ ਹਨ ਜਿਨ੍ਹਾਂ ਨੂੰ ਢੋਆ ਢੁਆਈ ਸਮੇਂ ਕਾਫੀ ਮੁਸ਼ਕਿਲ ਪੇਸ਼ ਆ ਰਹੀ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਪੰਡੋਰੀ ਮਹੰਤਾ ਤੋਂ ਪਿੰਡ ਨਡਾਲਾ ਨੂੰ ਜਾਣ ਵਾਲੀ ਸੰਪਰਕ ਸੜਕ ਦੀ ਮੁਰੰਮਤ ਵਾਸਤੇ ਸੰਬੰਧਿਤ ਵਿਭਾਗ ਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਹਦਾਇਤਾਂ ਕੀਤੀਆਂ ਜਾਣ ਜਿਸ ਨਾਲ ਲੋਕਾਂ ਦੀ ਲੰਬੇ ਸਮੇਂ ਤੋਂ ਲਟਕ ਰਹੀ ਮੁਸ਼ਕਿਲ ਦਾ ਹੱਲ ਹੋ ਸਕੇ।



# ਹੱਕੀ ਮੰਗਾਂ ਲਈ ਆਸ਼ਾ ਵਰਕਰਜ਼/ਫੈਸਿਲੀਟੇਟਰਜ਼ ਤੇ ਸੁਪਰਵਾਈਜ਼ਰ ਸਾਂਝੇ ਮੋਰਚੇ ਵੱਲੋਂ ਰੋਸ ਪ੍ਰਦਰਸ਼ਨ

**ਪੱਟੀ, (ਬਲਦੇਵ ਸਿੰਘ ਸੰਧੂ)**- ਆਲ ਇੰਡੀਆ ਆਸ਼ਾ ਵਰਕਰਜ਼/ਫੈਸਿਲੀਟੇਟਰਜ਼ ਤੇ ਸੁਪਰਵਾਈਜ਼ਰਾਂ ਦੇ ਸਾਂਝੇ ਮੋਰਚੇ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਿਵਲ ਹਸਪਤਾਲ ਹਰੀਕੇ ਤੇ ਘਰਿਆਲਾ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ ।ਪ੍ਰਧਾਨ ਮਨਜਿੰਦਰ ਕੌਰ ਹਰੀਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਐੱਨ. ਐੱਚ. ਐੱਮ. ਅਧੀਨ ਪੰਜਾਬ ਭਰ ਵਿੱਚ ਕੰਮ ਕਰਨ ਵਾਲੀਆਂ ਆਸ਼ਾ ਵਰਕਰਜ਼/ਫੈਸਿਲੀਟੇਟਰਜ਼ ਸੁਪਰਵਾਈਜ਼ਰ ਤਕਰੀਬਨ ਪੂਰੇ 18 ਸਾਲ ਤੋਂ ਸਿਹਤ ਵਿਭਾਗ ਦੇ ਕੰਮਾਂ ਨੂੰ ਬੜੀ ਇਮਾਨਦਾਰੀ ਅਤੇ ਸੁਚੱਜੇ ਢੰਗ ਨਾਲ ਕਰ ਰਹੀਆਂ ਹਨ ਪ੍ਰੰਤੂ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਆਮ ਆਦਮੀ ਪਾਰਟੀ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਆਪਣੇ 08 ਮਾਰਚ ਤੋਂ 11 ਮਾਰਚ ਤੱਕ ਚੱਲਣ ਵਾਲੇ ਬਜਟ ਵਿੱਚ ਫੁੱਟੀ ਕੌਡੀ ਨਹੀਂ ਦਿੱਤੀ। ਨਿਰਾਸ਼ਾ ਅਤੇ ਤਸ਼ੱਸਦ ਤੋਂ ਬਿਨਾਂ ਕਿਸੇ ਕਿਸਮ ਦੇ ਭੱਤਿਆਂ ਵਿੱਚ ਵਾਧਾ ਨਹੀਂ ਕੀਤਾ।ਭਾਰੀ ਰੋਸ ਕਾਰਨ 28 ਮਾਰਚ ਤੱਕ ਪੂਰੇ ਪੰਜਾਬ ਵਿੱਚ ਆਪਣੇ ਸਾਰੇ ਹੀ ਕੰਮਾਂ ਦਾ ਮੁਕੰਮਲ ਤੌਰ 'ਤੇ ਬਾਈਕਾਟ ਕਰਨ ਦਾ ਫ਼ੈਸਲਾ ਕੀਤਾ ਗਿਆ ।ਇਸ ਮੌਕੇ ਅਮਨਦੀਪ ਕੌਰ ਘਰਿਆਲਾ ਬਲਾਕ ਪ੍ਰਧਾਨ, ਵੀਰਪਾਲ ਕੌਰ ਸੈਕਟਰੀ, ਸਰਬਜੀਤ ਕੌਰ ਮੀਤ ਪ੍ਰਧਾਨ, ਰਾਜਵਿੰਦਰ ਕੌਰ ਖ਼ਜ਼ਾਨਚੀ, ਰਾਜਬੀਰ ਕੌਰ ਸੁਪਰਵਾਈਜ਼ਰ, ਰਣਜੀਤ ਕੌਰ ਸੁਪਰਵਾਈਜ਼ਰ, ਗੁਰਪ੍ਰੀਤ ਕੌਰ ਸੁਪਰਵਾਈਜ਼ਰ, ਗੁਰਸ਼ਿੰਦਰ ਕੌਰ ਸੁਪਰਵਾਈਜ਼ਰ, ਗੁਰਜਿੰਦਰ ਕੌਰ ਸੁਪਰਵਾਈਜ਼ਰ ਆਦਿ ਹਾਜ਼ਰ ਸਨ।



# ਸੰਤ ਨਿਰੰਕਾਰੀ ਭਵਨ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਸੰਤ ਨਿਰੰਕਾਰੀ ਸਤਿਸੰਗ ਭਵਨ ਰਈਆ ਵਿਖੇ ਵਿਸ਼ਾਲ ਖ਼ੂਨ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਅਤੇ ਸੇਵਾਦਾਰਾਂ ਨੇ ਭਾਗ ਲਿਆ ਅਤੇ ਖ਼ੂਨ ਦਾਨ ਕਰਕੇ ਮਨੁੱਖੀ ਜੀਵਨ ਬਚਾਉਣ ਦਾ ਸੰਦੇਸ਼ ਦਿੱਤਾ।ਪ੍ਰਬੰਧਕਾਂ ਨੇ ਦੱਸਿਆ ਕਿ ਖ਼ੂਨ ਦਾਨ ਸਭ ਤੋਂ ਵੱਡੀ ਸੇਵਾ ਹੈ ਅਤੇ ਇਸ ਨਾਲ ਕਈ ਜ਼ਰੂਰਤਮੰਦ ਮਰੀਜ਼ਾਂ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ।ਸੰਤ ਨਿਰੰਕਾਰੀ ਮਿਸ਼ਨ ਵੱਲੋਂ ਸਮੇਂ-ਸਮੇਂ 'ਤੇ ਇਸ ਤਰ੍ਹਾਂ ਦੇ ਸਮਾਜ ਸੇਵਾ ਦੇ ਕਾਰਜ ਕੀਤੇ ਜਾਂਦੇ ਹਨ ਤਾਂ ਜੋ ਲੋਕਾਂ ਵਿੱਚ ਸੇਵਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਇਸ ਮੌਕੇ ਸੈਂਕੜੇ ਸ਼ਰਧਾਲੂਆਂ ਨੇ ਖ਼ੂਨ ਦਾਨ ਕੀਤਾ। ਖ਼ੂਨਦਾਨ ਦਾ ਆਯੋਜਨ ਅੰਮ੍ਰਿਤਸਰ ਤੋਂ ਆਏ ਜ਼ੋਨਲ ਇੰਚਾਰਜ ਰਕੇਸ਼ ਸੇਠੀ ਤੇ ਸੰਯੋਜਕ ਭਾਈ ਅਵਤਾਰ ਸਿੰਘ, ਨਿਰੰਕਾਰੀ ਭਵਨ ਰਈਆ ਤੋਂ ਪ੍ਰਮੁੱਖ ਬਲਦੇਵ ਸਿੰਘ, ਸੰਚਾਲਕ ਮਨਿੰਦਰ ਸਿੰਘ ਮਿੰਟੂ, ਨਵਦੀਪ ਸਿੰਘ, ਰਵਿੰਦਰ ਰੂਬੀ, ਡਾਕਟਰ ਕੁਲਵਿੰਦਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਪਤਵੰਤੇ ਸੱਜਣ ਰਈਆ ਪ੍ਰਧਾਨ ਰੋਬਿਨ ਮਾਨ, ਬਾਬਾ ਬਕਾਲਾ ਪ੍ਰਧਾਨ ਸੁਰਜੀਤ ਸਿੰਘ ਕੰਗ, ਗੁਰਮੇਜ ਸਿੰਘ ਚੀਮਾ, ਪ੍ਰਿੰਸੀਪਲ ਬਿਕਰਮਜੀਤ ਸਿੰਘ, ਐਕਸੀਅਨ ਪੀ ਐੱਸ ਪੀ ਸੀ ਐੱਲ ਰਾਜ ਕੁਮਾਰ, ਯੂਥ ਵਿੰਗ ਪ੍ਰਧਾਨ ਪ੍ਰਿਤਪਾਲ ਸਿੰਘ ਮੋਨੂ, ਡਾ. ਕੁਲਵਿੰਦਰ ਸਿੰਘ ਨੇ ਹਾਜ਼ਰੀ ਲਗਾਈ।

# ਨਰਸਿੰਗ ਦੀਆਂ ਟਾਪਰਾਂ ਨੂੰ ਕੀਤਾ ਸਨਮਾਨਤ



**ਛੇਹਰਟਾ, (ਮਨੋਜ ਕੁਮਾਰ)**- ਗੁਰੂ ਅਰਜਨ ਦੇਵ ਇੰਸਟੀਚਿਊਟ ਆਫ ਨਰਸਿੰਗ, ਝਬਾਲ ਰੋਡ, ਅੰਮ੍ਰਿਤਸਰ ਵਿਚ ਇਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਵਿਚ ਡਾਇਰੈਕਟਰ ਰਾਧਿਕਾ ਚੁੱਘ ਨੇ ਏ. ਐੱਨ. ਐੱਮ. ਅਤੇ ਜੀ.ਐੱਨ.ਐੱਮ. ਕੋਰਸਾਂ ਦੇ ਟਾਪਰਾਂ ਨੂੰ ਸਨਮਾਨਿਤ ਕੀਤਾ ਤੇ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ। ਜੀ. ਐੱਨ. ਐੱਮ. ਕੋਰਸ ਵਿਚ ਪਰਮਿੰਦਰ ਕੌਰ ਨੇ ਪਹਿਲਾ, ਸਮਰੀਨ ਕੌਰ ਨੇ ਦੂਜਾ ਅਤੇ ਮਨਪ੍ਰੀਤ ਕੌਰ ਤੇ ਹਰਲੀਨ ਕੌਰ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ। ਏ. ਐੱਨ. ਐੱਮ. ਕੋਰਸ ਵਿਚ ਸਿਮਰਨਜੀਤ ਕੌਰ ਨੇ ਪਹਿਲਾ, ਚਾਹਤ ਸ਼ਰਮਾ ਨੇ ਦੂਜਾ ਤੇ ਲਵਜੋਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਾਰੇ ਟਾਪਰਾਂ ਨੂੰ ਵਧਾਈ ਦਿੰਦਿਆਂ ਰਾਧਿਕਾ ਚੁੱਘ ਨੇ ਕਿਹਾ ਕਿ ਇਹ ਪ੍ਰਾਪਤੀ ਉਨ੍ਹਾਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਦਾ ਨਤੀਜਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੀ ਉਨ੍ਹਾਂ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਇੰਸਟੀਚਿਊਟ ਦੇ ਸਟਾਫ ਮੈਂਬਰ ਮੋਨਿਕਾ ਤਲਵਾਰ, ਪਾਇਲ, ਸਨੇਹਾ, ਅਰਸ਼ਪ੍ਰੀਤ ਕੌਰ, ਸਵਿਤਾ, ਸ਼ਰਮਾ, ਹਰਸੁਮੀਤ ਕੌਰ, ਕਿਰਨ, ਆਂਚਲ, ਸੁਨੈਨਾ ਆਦਿ ਮੌਜੂਦ ਸਨ। ਸਮਾਗਮ ਦੇ ਅੰਤ ਵਿਚ ਟਾਪਰਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ।

# ਡਿਜੀਟਲ ਲਾਈਫ ਸਰਟੀਫਿਕੇਟ 31 ਤੱਕ ਜਮ੍ਹਾ ਕਰਵਾਉਣਾ ਲਾਜ਼ਮੀ : ਖਜ਼ਾਨਾ ਅਫ਼ਸਰ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਸਰਕਾਰ ਵਿੱਤ ਵਿਭਾਗ ਵੱਲੋ ਸੇਵਾ ਮੁਕਤ ਪੈਨਸ਼ਨਰਾਂ ਦੀ ਸਹੂਲਤ ਅਤੇ ਪਾਰਦਰਸ਼ਤਾ ਲਈ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾ ਕਰਵਾਉਣਾਂ ਲਾਜ਼ਮੀ ਕਰ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਜੋਗਿੰਦਰ ਪਾਲ ਸ਼ਰਮਾ, ਜ਼ਿਲ੍ਹਾ ਖਜ਼ਾਨਾ ਅਫਸਰ ਗੁਰਦਾਸਪੁਰ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਦੇ ਕਈ ਪੈਨਸ਼ਨਰਾਂ ਵੱਲੋਂ ਅਜੇ ਤੱਕ ਵੀ ਬੈਂਕਾਂ ਵਿੱਚ ਮੈਨੂਅਲ ਸਰਟੀਫਿਕੇਟ ਜਮ੍ਹਾ ਕਰਵਾਏ ਗਏ ਹਨ ਜੋ ਕਿ ਮਾਨਤਾ ਪ੍ਰਾਪਤ ਨਹੀਂ ਹੋਣਗੇ। ਆਪਣੀ ਪੈਨਸ਼ਨ ਨੂੰ ਜਾਰੀ ਰੱਖਣ ਲਈ ਇਹ ਡਿਜੀਟਲ ਸਰਟੀਫਿਕੇਟ 31 ਮਾਰਚ 2026 ਤੱਕ ਜਮ੍ਹਾ ਕਰਵਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਡਿਜੀਟਲ ਲਾਈਫ ਸਰਟੀਫਿਕੇਟ ਸਬੰਧੀ ਸੇਵਾ ਲੈਣ ਲਈ ਪੰਜਾਬ ਸਰਕਾਰ ਵੱਲੋਂ ਇਹ ਸੇਵਾ ਨਜ਼ਦੀਕੀ ਖਜ਼ਾਨਾ ਦਫਤਰ, ਸਬੰਧਤ ਬੈਂਕ ਦੀ ਬ੍ਰਾਂਚ ਸੇਵਾ ਕੇਂਦਰ ਵਿਚ ਉਪਲਬਧ ਹੈ। ਤੁਸੀਂ ਰਾਜ ਸਰਕਾਰ ਦੀ ਘਰ ਬੈਠੇ ਸੇਵਾ ਰਾਹੀ 1076 ਨੰਬਰ 'ਤੇ ਕਾਲ ਕਰਕੇ ਵੀ ਇਸ ਸੁਵਿਧਾ ਦਾ ਲਾਭ ਲੈ ਸਕਦੇ ਹੋ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਇਹ ਸੁਵਿਧਾ ਘਰ ਬੈਠੇ ਹੀ ਪੈਨਸ਼ਨਰ ਆਪਣੇ ਮੋਬਾਇਲ ਤੋਂ ਐਪ ਡਾਊਨਲੋਡ ਕਰਕੇ ਵੀ ਇਹ ਪ੍ਰਕਿਰਿਆ ਪੂਰੀ ਕੀਤੀ ਜਾ ਸਕਦੀ ਹੈ।



ਨਵਾਂ ਜ਼ਮਾਨਾ
ਬੁੱਧਵਾਰ, 18 ਮਾਰਚ 2026

# ਪੱਛੜਿਆਂ ਨਾਲ ਅਨਿਆਂ

*ਐੱਸ ਸੀ ਯਾਨੀ ਅਨੁਸੂਚਿਤ ਜਾਤੀਆਂ ਦੇ ਕਲਿਆਣ ਵਾਲੇ ਕੰਮ ਵਿੱਚ ਭਿਅੰਕਰ ਲਾਪਰਵਾਹੀ ਵਰਤੀ ਜਾ ਰਹੀ ਹੈ ਜਾਂ ਜਾਣਬੁੱਝ ਕੇ ਅਜਿਹੀਆਂ ਯੋਜਨਾਵਾਂ 'ਤੇ ਖਰਚ ਹੀ ਨਹੀਂ ਕੀਤਾ ਜਾ ਰਿਹਾ? ਸੰਸਦ ਦੀ ਸਥਾਈ ਕਮੇਟੀ ਨੇ ਸਮਾਜੀ ਨਿਆਂ ਤੇ ਅਧਿਕਾਰਤਾ ਮੰਤਰਾਲੇ ਦੇ ਕੰਮਕਾਜ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਕਮੇਟੀ ਨੇ ਕਿਹਾ ਹੈ ਕਿ ਮੰਤਰਾਲੇ ਨੇ ਅਨੁਸੂਚਿਤ ਜਾਤੀਆਂ ਦੇ ਕਲਿਆਣ ਦੀਆਂ ਯੋਜਨਾਵਾਂ ਲਈ ਮਿਲੇ ਪੈਸੇ ਦਾ ਇੱਕ ਵੱਡਾ ਹਿੱਸਾ ਵਾਪਸ ਮੋੜ ਦਿੱਤਾ ਹੈ। ਇਹ ਬਹੁਤ ਚਿੰਤਾਜਨਕ ਹੈ, ਕਿਉਂਕਿ ਇਹ ਪੈਸੇ ਸਮਾਜ ਦੇ ਸਭ ਤੋਂ ਗਰੀਬ ਤੇ ਕਮਜ਼ੋਰ ਵਰਗਾਂ ਲਈ ਸਨ। ਏਨਾ ਹੀ ਨਹੀਂ, ਬਜਟ ਜਾਰੀ ਹੋਣ ਤੋਂ ਪਹਿਲਾਂ ਸੋਧਿਆ ਅਨੁਮਾਨ ਹੀ ਕਰੀਬ 30 ਫੀਸਦੀ ਘੱਟ ਕਰ ਦਿੱਤਾ ਗਿਆ ਸੀ, ਤਾਂ ਸਵਾਲ ਹੈ ਕਿ ਆਖਰ ਇਹ ਕਿਉਂ ਹੋ ਰਿਹਾ ਹੈ?*

*ਸੰਸਦੀ ਕਮੇਟੀ ਦੀ ਰਿਪੋਰਟ ਮੁਤਾਬਕ ਵਿੱਤੀ ਸਾਲ 2024-25 ਵਿੱਚ ਐੱਸ ਸੀ ਵਿਭਾਗ ਲਈ ਕੁੱਲ 10309 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਸਨ, ਪਰ ਮੰਤਰਾਲੇ ਨੇ ਇਨ੍ਹਾਂ ਵਿੱਚੋਂ 2345 ਕਰੋੜ ਰੁਪਏ ਯਾਨੀ ਕਰੀਬ 23 ਫੀਸਦੀ ਵਾਪਸ ਮੋੜ ਦਿੱਤੇ। ਇਸ ਦਾ ਮਤਲਬ ਸਾਫ ਹੈ ਕਿ ਇਹ ਪੈਸਾ ਯੋਜਨਾਵਾਂ 'ਤੇ ਖਰਚ ਨਹੀਂ ਕੀਤਾ ਗਿਆ। ਕਮੇਟੀ ਨੇ ਕਿਹਾ ਹੈ ਕਿ ਇਹ ਸਮਝ ਨਹੀਂ ਆ ਰਿਹਾ ਕਿ ਗਰੀਬਾਂ ਵਿੱਚੋਂ ਸਭ ਤੋਂ ਗਰੀਬ ਵਰਗਾਂ ਅਨੁਸੂਚਿਤ ਜਾਤੀਆਂ, ਹੋਰ ਪੱਛੜੇ ਵਰਗ (ਓ ਬੀ ਸੀ) ਅਤੇ ਅਤਿਅੰਤ ਪੱਛੜਾ ਵਰਗ (ਈ ਬੀ ਸੀ) ਤੇ ਡੀਨੋਟੀਫਾਈਡ ਟਰਾਈਬਜ਼ (ਡੀ ਐੱਨ ਟੀ) ਲਈ ਬਣੀਆਂ ਯੋਜਨਾਵਾਂ ਲਈ ਰੱਖੀ ਰਕਮ ਵਿੱਚੋਂ ਏਨੀ ਵੱਡੀ ਰਕਮ ਕਿਉਂ ਵਾਪਸ ਕਰਨੀ ਪਈ।*

*ਭਾਜਪਾ ਸਾਂਸਦ ਪੀ ਸੀ ਮੋਹਨ ਦੀ ਪ੍ਰਧਾਨਗੀ ਵਾਲੀ 31 ਮੈਂਬਰੀ ਕਮੇਟੀ ਨੇ ਆਪਣੀ ਰਿਪੋਰਟ ਵਿੱਚ ਕਿਹਾ ਹੈ ਕਿ ਪਿਛਲੇ ਕਈ ਸਾਲਾਂ ਤੋਂ ਮੰਤਰਾਲੇ ਵੱਲੋਂ ਮਿਲੇ ਬਜਟ ਦਾ ਪੂਰਾ ਇਸਤੇਮਾਲ ਨਹੀਂ ਕੀਤਾ ਜਾਂਦਾ। ਬਜਟ ਅਨੁਮਾਨ ਵਿੱਚ ਰਕਮ ਵਧਾਈ ਜਾਂਦੀ ਹੈ ਪਰ ਸੋਧੇ ਅਨੁਮਾਨ ਵਿੱਚ ਕਰੀਬ 30 ਫੀਸਦੀ ਘੱਟ ਕਰ ਦਿੱਤੀ ਜਾਂਦੀ ਹੈ। ਫਿਰ ਵੀ ਬਾਕੀ ਬਚੇ ਪੈਸੇ ਦਾ ਪੂਰਾ ਇਸਤੇਮਾਲ ਨਹੀਂ ਹੁੰਦਾ।*

*ਕਮੇਟੀ ਨੇ ਖਾਸਕਰ ਦੋ ਅਹਿਮ ਵਜ਼ੀਫਿਆਂ ਦੇ ਮਾਮਲੇ ਵਿੱਚ ਚਿੰਤਾ ਪ੍ਰਗਟ ਕੀਤੀ ਹੈ। ਇਹ ਹਨ ਐੱਸ ਸੀ ਵਿਦਿਆਰਥੀਆਂ ਲਈ 'ਟਾਪ ਕਲਾਸ ਐਜੂਕੇਸ਼ਨ' ਅਤੇ ਓ ਬੀ ਸੀ, ਈ ਬੀ ਸੀ ਤੇ ਡੀ ਐੱਨ ਟੀ ਲਈ 'ਟਾਪ ਕਲਾਸ ਸਕੂਲ ਐਂਡ ਕਾਲਜ'। ਇਨ੍ਹਾਂ ਯੋਜਨਾਵਾਂ ਵਿੱਚ ਵੀ 20-25 ਫੀਸਦੀ ਬਜਟ ਪਰਤਾ ਦਿੱਤਾ ਗਿਆ। ਇਹ ਯੋਜਨਾਵਾਂ ਬਾਰ੍ਹਵੀਂ ਦੇ ਬਾਅਦ ਹੋਣਹਾਰ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਲਈ ਮਦਦ ਕਰਦੀਆਂ ਹਨ। ਜਾਂ ਤਾਂ ਸਹੀ ਯੋਜਨਾ ਨਹੀਂ ਬਣਾਈ ਗਈ ਤੇ ਜਾਂ ਲਾਗੂ ਕਰਨ ਵਾਲੀਆਂ ਏਜੰਸੀਆਂ ਠੀਕ ਤਰ੍ਹਾਂ ਕੰਮ ਨਹੀਂ ਕਰ ਰਹੀਆਂ। ਕਮੇਟੀ ਨੇ ਮੰਤਰਾਲੇ ਦੇ ਇਸ ਬਹਾਨੇ ਨੂੰ ਖਾਰਜ ਕੀਤਾ ਹੈ ਕਿ ਰਾਜ ਸਰਕਾਰਾਂ ਨੇ ਘੱਟ ਪ੍ਰਸਤਾਵ ਭੇਜੇ। ਕਮੇਟੀ ਨੇ ਕਿਹਾ ਹੈ ਕਿ ਪੈਸੇ ਵਾਪਸ ਕਰਨ ਦਾ ਹੋਰ ਕੋਈ ਕਾਰਨ ਨਹੀਂ ਹੋ ਸਕਦਾ ਸਿਵਾਇ ਗਲਤ ਯੋਜਨਾਬੰਦੀ ਜਾਂ ਖਰਾਬ ਅਮਲ ਦੇ।*

*ਇਹ ਮਾਮਲਾ ਦੇਸ਼ ਵਿੱਚ ਸਮਾਜੀ ਨਿਆਂ ਦੀਆਂ ਯੋਜਨਾਵਾਂ ਦੀ ਪ੍ਰਭਾਵਸ਼ੀਲਤਾ 'ਤੇ ਵੱਡਾ ਸਵਾਲ ਖੜ੍ਹਾ ਕਰਦਾ ਹੈ। ਸਰਕਾਰ ਨੂੰ ਖਾਮੀਆਂ ਦੂਰ ਕਰਨੀਆਂ ਚਾਹੀਦੀਆਂ ਹਨ ਤਾਂ ਕਿ ਅਸਲੀ ਲਾਭਾਰਥੀ ਸਮੇਂ 'ਤੇ ਮਦਦ ਹਾਸਲ ਕਰ ਸਕਣ, ਨਹੀਂ ਤਾਂ ਇਹੀ ਮੰਨਿਆ ਜਾਵੇਗਾ ਕਿ ਸਰਕਾਰ ਦਲਿਤਾਂ ਤੇ ਪੱਛੜਿਆਂ ਨੂੰ ਜਾਣਬੁੱਝ ਕੇ ਨਜ਼ਰਅੰਦਾਜ਼ ਕਰ ਰਹੀ ਹੈ।*

# ਮਨੁੱਖ ਤੇ ਮਨੁੱਖਤਾ ਵਿਰੁੱਧ ਯੁੱਧ


ਗੁਰਮੀਤ ਸਿੰਘ ਪਲਾਹੀ

ਦੂਜੇ ਸੰਸਾਰ ਮਹਾਂਯੁੱਧ ਸਮੇਂ ਅਮਰੀਕਾ ਦੇ ਮਸ਼ਹੂਰ ਸੈਨਿਕ ਜਨਰਲ ਡਵਾਈਟ ਡੀ. ਆਇਜ਼ਨਹਾਵਰ, ਜੋ ਬਾਅਦ ਵਿੱਚ ਅਮਰੀਕਾ ਦੇ 34ਵੇਂ ਰਾਸ਼ਟਰਪਤੀ ਵੀ ਬਣੇ, ਨੇ ਕਿਹਾ ਸੀ ਕਿ ਯੁੱਧ ਅੱਤਿਆਚਾਰੀ, ਬੇਅਰਥ ਅਤੇ ਬੇਵਕੂਫ਼ੀ ਭਰਿਆ ਹੁੰਦਾ ਹੈ। ਅਮਰੀਕਾ ਅਤੇ ਇਜ਼ਰਾਇਲ ਵੱਲੋਂ ਈਰਾਨ ਦੇ ਵਿਰੁੱਧ 28 ਫਰਵਰੀ ਨੂੰ ਬਿਨਾਂ ਸੋਚੇ-ਸਮਝੇ ਯੁੱਧ ਸ਼ੁਰੂ ਕੀਤਾ ਗਿਆ ਹੈ। ਇਸ ਯੁੱਧ ਦੇ ਨਤੀਜੇ ਦੁਨੀਆਂ ਨੂੰ ਲੰਮੇ ਸਮੇਂ ਤੱਕ ਭੁਗਤਣੇ ਪੈਣਗੇ।

ਦੋ ਹਫ਼ਤਿਆਂ ਦੇ ਇਸ ਭਿਆਨਕ ਯੁੱਧ ਵਿੱਚ ਈਰਾਨ ਤਬਾਹ ਹੋਇਆ ਲੱਗਦਾ ਹੈ, ਪਰ ਕੀ ਈਰਾਨ ਯੁੱਧ ਹਾਰ ਗਿਆ ਹੈ? ਯੁੱਧ ਦੇ ਪਹਿਲੇ ਦਿਨ ਹੀ ਈਰਾਨ ਦਾ ਪ੍ਰਮੁੱਖ ਆਯਤੁੱਲਾ ਅਲੀ ਖਾਮਨੇਈ ਸਮੇਤ ਉਸ ਦੇ ਕਈ ਉੱਚ ਕੋਟੀ ਦੇ ਸਾਥੀਆਂ ਸਮੇਤ ਮਾਰਿਆ ਗਿਆ, ਪਰ ਵੱਡੀ ਤੇਜ਼ੀ ਨਾਲ ਈਰਾਨ ਨੇ ਆਪਣਾ ਨਵਾਂ ਨੇਤਾ ਚੁਣ ਲਿਆ। ਹੁਣ ਤੱਕ ਹਜ਼ਾਰਾਂ ਈਰਾਨੀ ਮਾਰੇ ਗਏ ਹਨ ਅਤੇ ਦਸ ਹਜ਼ਾਰ ਤੋਂ ਵੱਧ ਜ਼ਖ਼ਮੀ ਹੋਏ ਹਨ।

ਇੱਕ ਅਮਰੀਕੀ ਟੋਮਾਹਾਕ ਮਿਜ਼ਾਈਲ ਇੱਕ ਈਰਾਨੀ ਸਕੂਲ ਉੱਤੇ ਡਿੱਗੀ, ਜਿਸ ਵਿੱਚ 168 ਬੱਚੇ ਅਤੇ 14 ਅਧਿਆਪਕ ਮਾਰੇ ਗਏ, ਆਖ਼ਿਰ ਉਹਨਾਂ ਦਾ ਕੀ ਕਸੂਰ ਸੀ?

ਇਜ਼ਰਾਇਲ ਨੇ ਅਮਰੀਕਾ ਨੂੰ ਉਕਸਾਇਆ ਕਿ ਈਰਾਨ ਨੇ ਵੱਡੀ ਮਾਤਰਾ ਵਿੱਚ ਯੂਰੇਨੀਅਮ ਇਕੱਠਾ ਕਰ ਲਿਆ ਹੈ ਅਤੇ ਉਸ ਨੇ ਪਰਮਾਣੂ ਹਥਿਆਰਾਂ ਦੇ ਨਿਰਮਾਣ ਨੂੰ ਲਗਭਗ ਪੂਰਾ ਕਰ ਲਿਆ ਹੈ।

ਇਸ ਸੰਬੰਧ ਵਿੱਚ ਕਤਰ ਨੇ ਗੱਲਬਾਤ ਲਈ ਭੂਮਿਕਾ ਨਿਭਾਉਣ ਦਾ ਯਤਨ ਕੀਤਾ। ਓਮਾਨ ਦੇ ਵਿਦੇਸ਼ ਮੰਤਰੀ ਨੇ ਵਾਸ਼ਿੰਗਟਨ ਪਹੁੰਚ ਕੇ ਈਰਾਨ ਦਾ ਇਹ ਵਾਅਦਾ ਅਮਰੀਕਾ ਦੇ ਰਾਸ਼ਟਰਪਤੀ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਕਿ ਈਰਾਨ ਯੂਰੇਨੀਅਮ ਦਾ ਕੋਈ ਭੰਡਾਰਨ ਨਾ ਰੱਖਣ ਲਈ ਸਹਿਮਤ ਹੋ ਗਿਆ ਹੈ ਅਤੇ ਉਸ ਨੇ ਕਦੇ ਵੀ ਪਰਮਾਣੂ ਹਥਿਆਰ ਨਾ ਰੱਖਣ ਦੀ ਕਸਮ ਖਾਧੀ ਹੈ, ਪਰ ਇਸ ਵਾਅਦੇ ਨੂੰ ਦਰਕਿਨਾਰ ਕਰਦਿਆਂ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅਚਾਨਕ ਗੱਲਬਾਤ ਖ਼ਤਮ ਕਰ ਦਿੱਤੀ ਅਤੇ ਈਰਾਨ ਉੱਤੇ ਹਮਲੇ ਦਾ ਹੁਕਮ ਚਾੜ੍ਹ ਦਿੱਤਾ। ਕੀ ਇਹ ਜਾਇਜ਼ ਹੈ?

ਅਮਰੀਕਾ, ਇਜ਼ਰਾਇਲ ਅਤੇ ਈਰਾਨ ਦਰਮਿਆਨ ਚੱਲ ਰਹੇ ਇਸ ਯੁੱਧ ਦੇ ਪਿੱਛੇ ਸਿਰਫ਼ ਪਰਮਾਣੂ ਹਥਿਆਰ ਰੱਖਣ ਦੀ ਗੱਲ ਹੀ ਨਹੀਂ, ਸਗੋਂ ਨਸਲੀ ਅਤੇ ਧਾਰਮਿਕ ਭਾਵਨਾਵਾਂ ਵੀ ਕੰਮ ਕਰ ਰਹੀਆਂ ਹਨ। ਇਜ਼ਰਾਇਲ ਇੱਕ ਸਾਮਰਾਜਵਾਦੀ ਦੇਸ਼ ਦੇ ਰੂਪ ਵਿੱਚ ਦੁਨੀਆ ਸਾਹਮਣੇ ਆਇਆ ਹੈ। ਇਸ ਵੇਲੇ ਅਮਰੀਕਾ ਉਹਨਾਂ ਸਾਰੇ ਸਿਧਾਂਤਾਂ ਨੂੰ ਛਿੱਕੇ ਟੰਗ ਕੇ ਜਿਨ੍ਹਾਂ ਉੱਤੇ ਉਸ ਦੀ ਨੀਂਹ ਰੱਖੀ ਗਈ ਸੀ, ਇਜ਼ਰਾਇਲ ਨਾਲ ਰਲ ਕੇ ਵਿਸਥਾਰਵਾਦੀ ਨੀਤੀਆਂ ਨੂੰ ਲਾਗੂ ਕਰਨ ਦੇ ਰਾਹ ਪੈ ਗਿਆ ਹੈ। ਦੁਨੀਆ ਭਰ ਵਿੱਚ ਹਥਿਆਰਾਂ ਦਾ ਵੱਡਾ ਵਪਾਰੀ ਅਤੇ ਹੈਂਕੜਬਾਜ਼ ਥਾਣੇਦਾਰ ਵਜੋਂ ਵੀ ਉਸ ਦੀ ਵੱਡੀ ਭੂਮਿਕਾ ਹੈ।

ਸਵਾਲ ਇਹ ਹੈ ਕਿ ਅਮਰੀਕਾ ਨੇ ਵੀਅਤਨਾਮ ਨਾਲ ਯੁੱਧ ਲੜ ਕੇ ਕੀ ਪ੍ਰਾਪਤ ਕੀਤਾ ਸੀ? ਉੱਥੇ ਲੰਮਾ ਯੁੱਧ ਚੱਲਿਆ ਅਤੇ ਅਖ਼ੀਰ ਅਮਰੀਕਾ ਨੂੰ ਵੀਅਤਨਾਮ ਦੇ ਲੋਕਾਂ ਦੇ ਦ੍ਰਿੜ੍ਹ ਵਿਸ਼ਵਾਸ ਕਾਰਨ ਉੱਥੋਂ ਵਾਪਸ ਮੁੜਨਾ ਪਿਆ। ਰੂਸ ਨੇ ਚਾਰ ਸਾਲ ਪਹਿਲਾਂ ਯੂਕਰੇਨ ਉੱਤੇ ਹਮਲਾ ਕੀਤਾ, ਪਰ ਉਹ ਹੁਣ ਤੱਕ ਯੁੱਧ ਜਿੱਤ ਨਹੀਂ ਸਕਿਆ।

ਈਰਾਨ ਨਾਲ ਅਮਰੀਕੀ ਯੁੱਧ ਵੀ ਉਦੋਂ ਤੱਕ ਚੱਲੇਗਾ, ਜਿੰਨਾ ਚਿਰ ਤੱਕ ਅਮਰੀਕੀ ਮਸ਼ੀਨਾਂ ਕੰਮ ਕਰ ਰਹੀਆਂ ਹਨ। ਜਦ ਤੱਕ ਮਸ਼ੀਨਾਂ ਦੀ ਪੂਰਤੀ ਹੁੰਦੀ ਰਹੇਗੀ, ਅਮਰੀਕਾ ਆਪਣੀ ਜੰਗ ਜਾਰੀ ਰੱਖ ਸਕਦਾ ਹੈ, ਪਰ ਇਸ ਨਾਲ ਉਹ ਕਿਹੜੇ ਨਿਸ਼ਾਨੇ ਦੀ ਪੂਰਤੀ ਕਰ ਸਕੇਗਾ? ਵੇਖਣ ਵਾਲੀ ਗੱਲ ਇਹ ਹੈ ਕਿ ਜਦੋਂ ਵੀ ਕੋਈ ਦੇਸ਼ ਯੁੱਧ ਸ਼ੁਰੂ ਕਰਦਾ ਹੈ, ਤਾਂ ਉਸ ਨੂੰ ਇਹ ਵੀ ਪਤਾ ਹੋਣਾ ਚਾਹੀਦਾ ਹੈ ਕਿ ਉਸ ਨੇ ਯੁੱਧ ਕਦੋਂ ਰੋਕਣਾ ਹੈ। ਇੱਕ ਗੱਲ ਜੋ ਸੋਲਾਂ ਆਨੇ ਸੱਚ ਹੈ, ਯੁੱਧ ਵਿੱਚ ਮਨੁੱਖਤਾ ਨੂੰ ਵੱਡੀ ਕੀਮਤ ਤਾਰਨੀ ਪੈਂਦੀ ਹੈ। ਇਸ ਕੀਮਤ ਦਾ ਅੰਦਾਜ਼ਾ ਲਗਾਉਣਾ ਮੁਸ਼ਕਲ ਹੈ।

ਅਸਲ 'ਚ ਇਹ ਯੁੱਧ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਹੈਂਕੜਬਾਜ਼ ਸੋਚ ਦਾ ਨਤੀਜਾ ਹੈ। ਜੇਕਰ ਸੋਚਿਆ ਜਾਵੇ ਤਾਂ ਅਮਰੀਕਾ ਦੇ ਕੋਲ ਇਹ ਤੈਅ ਕਰਨ ਦਾ ਅਧਿਕਾਰ ਕਿਸ ਨੇ ਦਿੱਤਾ ਕਿ ਕਿਸ ਦੇਸ਼ ਕੋਲ ਪਰਮਾਣੂ ਹਥਿਆਰ ਹੋਣ ਚਾਹੀਦੇ ਹਨ ਅਤੇ ਕਿਸ ਕੋਲ ਨਹੀਂ? ਸਵਾਲ ਇਹ ਵੀ ਉੱਠਦਾ ਹੈ ਕਿ ਕੀ ਅਮਰੀਕਾ ਭਾਰਤ, ਪਾਕਿਸਤਾਨ ਜਾਂ ਉੱਤਰੀ ਕੋਰੀਆ ਦੀ ਪਰਮਾਣੂ ਸਮਰੱਥਾ ਵਿੱਚ ਵੀ ਦਖ਼ਲ ਦੇ ਕੇ ਉਹਨਾਂ ਨੂੰ ਤਬਾਹ ਕਰਨ ਦਾ ਫ਼ੈਸਲਾ ਕਰੇਗਾ? ਜੇਕਰ ਐਸਾ ਹੋਇਆ ਤਾਂ ਇਸ ਦਾ ਸਿੱਟਾ ਕੀ ਨਿਕਲੇਗਾ?

ਜਿਸ ਖ਼ਤਰਨਾਕ ਸਥਿਤੀ ਵਿੱਚ ਅੱਜ ਦੁਨੀਆ ਇਸ ਜੰਗ ਕਾਰਨ ਫਸ ਚੁੱਕੀ ਹੈ, ਉਸ ਸਥਿਤੀ ਵਿੱਚੋਂ ਬਾਹਰ ਨਿਕਲਣਾ ਮੁਸ਼ਕਲ ਜਾਪਦਾ ਹੈ। ਟਰੰਪ ਦੀ ਮਨਮਾਨੀ ਕਾਰਨ ਪੈਦਾ ਹੋਏ ਇਸ ਟਕਰਾਅ ਦੇ ਸਿੱਟੇ ਵਜੋਂ ਤੇਲ ਦੀਆਂ ਕੀਮਤਾਂ ਤੇਜ਼ੀ ਨਾਲ ਵਧ ਰਹੀਆਂ ਹਨ। ਅਮਰੀਕਾ ਵਿੱਚ ਮਹਿੰਗਾਈ ਵਧ ਗਈ ਹੈ। ਭਾਰਤ ਵਿੱਚ ਗੈਸ ਸਿਲੰਡਰਾਂ ਦੀ ਕਮੀ ਵੇਖਣ ਨੂੰ ਮਿਲ ਰਹੀ ਹੈ ਅਤੇ ਉਹਨਾਂ ਦੀਆਂ ਕੀਮਤਾਂ ਵੀ ਵਧ ਰਹੀਆਂ ਹਨ। ਇੱਥੋਂ ਤੱਕ ਕਿ ਸ਼ੇਅਰ ਬਾਜ਼ਾਰ ਵੀ ਡਿੱਗਦਾ ਨਜ਼ਰ ਆ ਰਿਹਾ ਹੈ।

ਇੱਕ ਅੰਦਾਜ਼ੇ ਮੁਤਾਬਕ ਇਸ ਯੁੱਧ ਉੱਤੇ ਹਰ ਦਿਨ ਅਰਬਾਂ ਡਾਲਰ ਖ਼ਰਚ ਹੋ ਰਹੇ ਹਨ। ਵਾਤਾਵਰਣ ਜਿਸ ਢੰਗ ਨਾਲ ਦੂਸ਼ਿਤ ਹੋ ਰਿਹਾ ਹੈ, ਉਸ ਦਾ ਅੰਦਾਜ਼ਾ ਲਗਾਉਣਾ ਵੀ ਮੁਸ਼ਕਲ ਹੈ। ਹਵਾਈ ਸਫ਼ਰ ਮਹਿੰਗਾ ਹੋ ਚੁੱਕਾ ਹੈ ਅਤੇ ਪੂਰੀ ਦੁਨੀਆ ਦਹਿਸ਼ਤ ਦੇ ਮਾਹੌਲ ਵਿੱਚ ਜਿਊ ਰਹੀ ਹੈ ਅਤੇ ਜੰਗ ਦੇ ਖਿਡਾਰੀ ਆਪਣੇ ਹਥਿਆਰ ਵੇਚ ਕੇ ਨਫ਼ਾ ਕਮਾ ਰਹੇ ਹਨ, ਪਰ ਇਹ ਕਦੋਂ ਤੱਕ ਸੰਭਵ ਹੈ?

ਵੈਨੇਜ਼ੁਏਲਾ ਵਿੱਚ ਉੱਥੋਂ ਦੇ ਰਾਸ਼ਟਰਪਤੀ ਨੂੰ ਹਟਾਉਣ ਤੋਂ ਬਾਅਦ ਉਸ ਦੇ ਪੈਰ ਧਰਤੀ ਤੋਂ ਉੱਪਰ ਉੱਠੇ ਨਜ਼ਰ ਆਉਂਦੇ ਹਨ। ਟਰੰਪ ਨੇ ਸੋਚਿਆ ਤਾਂ ਇਹ ਸੀ ਕਿ ਈਰਾਨ ਦੇ ਆਗੂ ਖਾਮਨੇਈ ਨੂੰ ਮਾਰਨ ਤੋਂ ਬਾਅਦ ਈਰਾਨ ਗੋਡਿਆਂ ਭਾਰ ਹੋ ਜਾਏਗਾ, ਲਿਫ਼ ਜਾਏਗਾ,ਢਹਿ ਜਾਏਗਾ, ਪਰ ਈਰਾਨ ਨੇ ਜਿਸ ਢੰਗ ਨਾਲ ਅਮਰੀਕਾ-ਇਜ਼ਰਾਇਲ ਸੈਨਾ ਦਾ ਮੁਕਾਬਲਾ ਕੀਤਾ ਹੈ, ਉਸ ਤੋਂ ਇੰਝ ਲੱਗਦਾ ਹੈ ਕਿ ਟਰੰਪ ਇਸ ਨਵੇਂ ਯੁੱਧ ਦੀ ਦਲਦਲ ਵਿੱਚ ਫਸ ਗਏ ਹਨ, ਜਿੱਥੋਂ ਲੰਮਾ ਸਮਾਂ ਸ਼ਾਇਦ ਉਹ ਨਿਕਲ ਹੀ ਨਾ ਸਕਣ।

ਪੰਦਰਾਂ ਦਿਨਾਂ ਦੇ ਯੁੱਧ ਤੋਂ ਬਾਅਦ ਟਰੰਪ ਦੇ ਆਪਣੇ ਨਿਸ਼ਾਨੇ ਵਿੱਚ ਬਦਲਾਅ ਆ ਗਿਆ ਹੈ। ਉਸ ਦਾ ਧਿਆਨ ਈਰਾਨ ਦੇ ਪਰਮਾਣੂ ਹਥਿਆਰਾਂ ਦੇ ਖ਼ਾਤਮੇ ਤੋਂ ਹਟ ਕੇ ਈਰਾਨ ਦੀ ਸੈਨਿਕ ਸਮਰੱਥਾ ਨੂੰ ਪੂਰੀ ਤਰ੍ਹਾਂ ਤਬਾਹ ਕਰਨ ਵੱਲ, ਈਰਾਨ ਵਿੱਚ ਸੱਤਾ ਦੀ ਤਬਦੀਲੀ ਅਤੇ ਆਖ਼ਰਕਾਰ ਈਰਾਨ ਨੂੰ ਬਿਨਾਂ ਕਿਸੇ ਸ਼ਰਤ ਦੇ ਆਤਮ ਸਮਰਪਣ ਕਰਨ ਵੱਲ ਕੇਂਦਰਿਤ ਹੋ ਗਿਆ ਹੈ।

ਉਸ ਨੇ ਈਰਾਨ ਦੀ ਜਨਤਾ ਨੂੰ ਕਿਹਾ ਹੈ ਕਿ ਤੁਸੀਂ ਆਪਣੀ ਸਰਕਾਰ ਦੀ ਵਾਗਡੋਰ ਆਪਣੇ ਹੱਥਾਂ ਵਿੱਚ ਲੈ ਲਵੋ। ਇਹ ਤੁਹਾਡੀ ਸਾਰਿਆਂ ਦੀ ਸਰਕਾਰ ਹੋਵੇਗੀ, ਪਰ ਟਰੰਪ ਦੀਆਂ ਇਹਨਾਂ ਆਸਾਂ ਨੂੰ ਬੂਰ ਨਹੀਂ ਪਿਆ। ਉਸ ਦਾ ਇਹ ਬਿਆਨ ਬੇਅਸਰ ਰਿਹਾ।

ਬਿਨਾਂ ਸ਼ੱਕ ਈਰਾਨ ਵਿੱਚ ਕੱਟੜਪੰਥੀ ਇਸਲਾਮੀ ਨਿਜ਼ਾਮ ਰਾਜ ਕਰਦਾ ਹੈ। ਉੱਥੋਂ ਦੇ ਸਾਧੂ-ਸੰਤ ਧਰਮ ਅਤੇ ਮਜ਼ਹਬ ਦੇ ਦਾਇਰੇ ਵਿੱਚੋਂ ਨਿਕਲ ਕੇ ਸਿਆਸਤ ਅਤੇ ਸ਼ਾਸਨ ਵਿੱਚ ਦਖ਼ਲ ਦਿੰਦੇ ਹਨ, ਜਿਸ ਦਾ ਨਤੀਜਾ ਆਮ ਜਨਤਾ, ਖ਼ਾਸ ਕਰਕੇ ਈਰਾਨੀ ਔਰਤਾਂ ਨੂੰ ਭੁਗਤਣਾ ਪੈਂਦਾ ਹੈ। ਈਰਾਨ ਦੇ ਸ਼ਾਸਕਾਂ ਨੇ ਹਮਾਸ ਅਤੇ ਹਿਜ਼ਬੁੱਲਾ ਜਿਹੀਆਂ ਆਤੰਕੀ ਸੈਨਾਵਾਂ ਅਮਰੀਕਾ-ਇਜ਼ਰਾਇਲ ਵਰਗੇ ਮੁਲਕਾਂ ਵਿਰੁੱਧ ਲੜਨ ਲਈ ਤਿਆਰ ਕੀਤੀਆਂ ਹਨ।

ਇਸ ਸਭ ਕੁਝ ਦੇ ਦਰਮਿਆਨ ਅਮਰੀਕਾ-ਇਜ਼ਰਾਇਲ ਦਾ ਈਰਾਨ ਅਤੇ ਖਾੜੀ ਮੁਲਕਾਂ ਨੂੰ ਯੁੱਧ ਵਿੱਚ ਧੱਕਣਾ ਯੂ ਐਨ ਓ ਦੇ ਚਾਰਟਰ ਦੇ ਆਰਟੀਕਲ 2(4), ਜੋ ਕਿ ਕਿਸੇ ਵੀ ਮੁਲਕ ਦੀ ਇਲਾਕਾਈ ਅਖੰਡਤਾ ਅਤੇ ਸਿਆਸੀ ਆਜ਼ਾਦੀ ਦੀ ਸੰਭਾਵਨਾ ਨੂੰ ਨਕਾਰਦਾ ਹੈ, ਦੀ ਸਿੱਧੀ ਉਲੰਘਣਾ ਹੈ।

ਇਜ਼ਰਾਇਲ 1948 ਵਿੱਚ ਬਰਤਾਨੀਆ ਅਤੇ ਅਮਰੀਕਾ ਸਮੇਤ ਹੋਰ ਸਮਰਾਜੀ ਸ਼ਕਤੀਆਂ ਵੱਲੋਂ ਫਲਸਤੀਨ ਦੀ ਧਰਤੀ 'ਤੇ ਕਬਜ਼ਾ ਕਰਕੇ ਹੋਂਦ ਵਿੱਚ ਲਿਆਂਦਾ ਗਿਆ ਸੀ। ਉਦੋਂ ਤੋਂ ਹੁਣ ਤੱਕ ਇਜ਼ਰਾਇਲ ਅਮਰੀਕਾ ਲਈ ਇੱਕ ਗੈਂਗਸਟਰ ਦੀ ਤਰ੍ਹਾਂ ਕੰਮ ਕਰ ਰਿਹਾ ਹੈ ਅਤੇ ਅਰਬ ਦੇਸ਼ਾਂ ਦੇ ਭੰਡਾਰਾਂ 'ਤੇ ਕਬਜ਼ਾ ਕਰਨ ਲਈ ਅਮਰੀਕੀ ਅੱਡੇ ਦੇ ਤੌਰ 'ਤੇ ਕੰਮ ਕਰ ਰਿਹਾ ਹੈ।

ਇਜ਼ਰਾਇਲ ਦੁਨੀਆ ਵਿੱਚ ਵੱਡੇ ਹਥਿਆਰ ਸੌਦਾਗਰ ਦੇ ਤੌਰ 'ਤੇ ਉਭਰਿਆ ਹੈ। ਅਮਰੀਕਾ ਵੱਲੋਂ ਵਪਾਰ ਲਈ ਧੌਂਸ ਨੀਤੀ, ਵਿਸਥਾਰਵਾਦੀ ਸੋਚ ਅਤੇ ਥਾਣੇਦਾਰਾਂ ਵਾਲੀ ਪ੍ਰਵਿਰਤੀ ਅੱਜ ਸੰਸਾਰਕ ਅਮਨ ਲਈ ਵੱਡਾ ਖਤਰਾ ਬਣੀ ਹੋਈ ਹੈ ਅਤੇ ਵੱਸਦੇ-ਰਸਦੇ ਸੰਸਾਰ ਨੂੰ ਯੁੱਧ ਵੱਲ ਧੱਕ ਰਹੀ ਹੈ। ਯੁੱਧ ਕਦੇ ਵੀ ਇਨਸਾਨੀ ਭਲਾਈ ਵਾਲਾ ਨਹੀਂ ਹੋ ਸਕਦਾ, ਭਾਵੇਂ ਕਿ ਇਹ ਮਜਬੂਰੀ ਵਜੋਂ ਹੀ ਕਿਉਂ ਨਾ ਲੜਿਆ ਗਿਆ ਹੋਵੇ, ਯੁੱਧ ਮਨੁੱਖ ਦਾ ਦੁਸ਼ਮਣ ਹੈ।

ਭਾਵੇਂ ਕਿਹਾ ਜਾਂਦਾ ਹੈ ਕਿ ਜਿਸ ਕੋਲ ਤਾਕਤ ਹੈ, ਉਸ ਦਾ ਰਾਜ ਚਲਦਾ ਹੈ, ਪਰ ਲੋਕ-ਸ਼ਕਤੀ ਇੱਕ ਐਸੀ ਤਾਕਤ ਹੈ, ਜਿਸ ਅੱਗੇ ਵੱਡੇ-ਵੱਡੇ ਤਾਨਾਸ਼ਾਹ ਵੀ ਝੁਕਣ ਲਈ ਮਜਬੂਰ ਹੋ ਜਾਂਦੇ ਹਨ।ਯੁੱਧ ਕਿਸੇ ਮਸਲੇ ਦਾ ਸਥਾਈ ਹੱਲ ਨਹੀਂ ਹੈ। ਹਜ਼ਾਰਾਂ-ਲੱਖਾਂ ਲੋਕ ਯੁੱਧ ਦੀ ਭੇਟ ਚੜ੍ਹ ਜਾਂਦੇ ਹਨ। ਹਿੰਸਾ ਕਾਰਨ ਲੋਕ ਮਾਨਸਿਕ ਬਿਮਾਰੀਆਂ ਅਤੇ ਭੁੱਖਮਰੀ ਦਾ ਸ਼ਿਕਾਰ ਹੋ ਜਾਂਦੇ ਹਨ। ਲੱਖਾਂ ਲੋਕ ਘਰੋਂ ਬੇਘਰ ਹੋ ਜਾਂਦੇ ਹਨ। ਉਹਨਾਂ ਦੇ ਬੱਚੇ ਸਿੱਖਿਆ ਅਤੇ ਸਿਹਤ ਸਹੂਲਤਾਂ ਤੋਂ ਵਿਰਵੇ ਰਹਿ ਜਾਂਦੇ ਹਨ।

ਇਹ ਯੁੱਧ ਹੀ ਹਨ, ਜੋ ਕਿਸੇ ਖਿੱਤੇ ਦੇ ਵਿਨਾਸ਼ ਦਾ ਕਾਰਨ ਹੋ ਨਿਬੜਦੇ ਹਨ। ਆਧੁਨਿਕ ਯੁੱਧ ਹੁਣ ਕੇਵਲ ਸੀਮਾਵਾਂ ਤੱਕ ਸੀਮਿਤ ਨਹੀਂ ਰਹੇ, ਸਗੋਂ ਸ਼ਹਿਰਾਂ ਦੇ ਵਿੱਚੋਂ-ਵਿੱਚ ਲੜੇ ਜਾ ਰਹੇ ਹਨ।

2024 ਵਿੱਚ ਵਿਸ਼ਵ ਦੀਆਂ ਸੈਨਾਵਾਂ 'ਤੇ 2.7 ਟ੍ਰਿਲੀਅਨ ਡਾਲਰ ਖਰਚੇ ਦਾ ਅਨੁਮਾਨ ਹੈ। ਯੁੱਧ ਅਸਲ ਵਿੱਚ ਵਿਕਾਸ ਦਾ ਉਲਟਾ ਪਹੀਆ ਸਾਬਤ ਹੋਇਆ ਹੈ, ਜੋ ਵਿਨਾਸ਼ ਦਾ ਕਾਰਨ ਬਣਦਾ ਹੈ।

ਯੁੱਧ ਮਾਨਵੀ ਕਦਰਾਂ-ਕੀਮਤਾਂ ਅਤੇ ਸੰਵੇਦਨਾਵਾਂ ਦੇ ਖ਼ਾਤਮੇ ਦਾ ਕਾਰਨ ਹੈ। ਯੁੱਧ ਹੀ ਹੈ, ਜੋ ਮਾਨਸਿਕ ਵਿਕਾਸ ਉੱਤੇ ਸਥਾਈ ਤੌਰ 'ਤੇ ਨਕਾਰਾਤਮਕ ਪ੍ਰਭਾਵ ਪਾਉਂਦਾ ਹੈ।

ਯੁੱਧ ਵਿੱਚ ਬੱਚੇ ਅਤੇ ਔਰਤਾਂ ਭੁੱਖਮਰੀ ਅਤੇ ਹਿੰਸਾ ਦਾ ਸਭ ਤੋਂ ਵੱਧ ਸ਼ਿਕਾਰ ਹੁੰਦੇ ਹਨ। ਨਵੀਆਂ ਤਕਨੀਕਾਂ, ਖ਼ਾਸ ਕਰਕੇ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਅਤੇ ਡਰੋਨ ਯੁੱਧ ਮਨੁੱਖਤਾ ਲਈ ਵੱਡੇ ਘਾਤਕ ਸਾਬਤ ਹੋ ਰਹੇ ਹਨ।ਮਨੁੱਖ ਦੀ ਹੋਂਦ ਬਚਾਈ ਰੱਖਣ ਲਈ ਵਿਨਾਸ਼ਕਾਰੀ ਯੁੱਧ ਵਿਰੁੱਧ ਅਮਨ ਸਮੇਂ ਦੀ ਲੋੜ ਹੈ।

**# ਸੰਪਰਕ : 98158-02070**

# ਮੁਖੌਟੇ

**ਡਾ. ਨਿਸ਼ਾਨ ਸਿੰਘ ਰਾਠੌਰ**

ਅੱਜ ਦੇ ਦੌਰ ਵਿੱਚ ਬਹੁਤੇ ਬੰਦੇ ਚਿਹਰਿਆਂ ਉੱਤੇ ਬਨਾਵਟੀ ਮੁਖੌਟੇ ਧਾਰਨ ਕਰਕੇ ਤੁਰੇ ਫਿਰਦੇ ਜਾਪਦੇ ਹਨ। ਬੰਦਿਆਂ ਦੇ ਅਸਲ ਚਿਹਰੇ ਕੁਝ ਹੋਰ ਹੁੰਦੇ ਹਨ, ਪਰ ਦਿਖਾਵਾ ਕੁਝ ਹੋਰ ਕਰਦੇ ਹਨ। ਕਹਿਣ ਤੋਂ ਭਾਵ ਬੰਦਿਆਂ ਦੇ ਮਨ ਦੀ ਬਿਰਤੀ ਵੱਖਰੀ ਕਿਸਮ ਦੀ ਹੁੰਦੀ ਹੈ ਅਤੇ ਉਹ ਪ੍ਰਗਟਾਵਾ ਕੁਝ ਹੋਰ ਕਰ ਰਹੇ ਹੁੰਦੇ ਹਨ। ਇਸ ਦਾ ਇੱਕ ਪ੍ਰਤੱਖ ਉਦਾਹਰਣ ਇਹ ਦੇਖਿਆ ਜਾ ਸਕਦਾ ਹੈ ਕਿ ਲੋਕਾਂ ਵੱਲੋਂ ਜਿੰਨੀ ਸਿਆਣਪ ਸੋਸ਼ਲ ਮੀਡੀਆ ਉੱਪਰ ਪੇਸ਼ ਕੀਤੀ ਜਾਂਦੀ ਹੈ ਜਾਂ ਦਿਖਾਈ ਜਾਂਦੀ ਹੈ, ਜੇਕਰ ਉਸ ਦਾ ਅੱਧਾ ਹਿੱਸਾ ਵੀ ਅਸਲ ਜ਼ਿੰਦਗੀ ਵਿੱਚ ਧਾਰਨ ਕਰ ਲਿਆ ਜਾਵੇ ਤਾਂ ਅਜੋਕਾ ਸਮਾਜ ਖ਼ੁਦ-ਬ-ਖ਼ੁਦ ਸੁਧਰ ਜਾਵੇਗਾ। ਫੇਰ ਕਿਸੇ ਨੂੰ ਸਮਝਣ-ਸਮਝਾਉਣ ਦੀ ਲੋੜ ਨਹੀਂ। ਫੇਰ ਵੱਡੇ-ਵੱਡੇ ਲੈਕਚਰ ਦੇਣ ਦੀ ਲੋੜ ਨਹੀਂ। ਫੇਰ ਧਰਮ ਗੁਰੂਆਂ ਨੂੰ ਟੈਲੀਵਿਜ਼ਨਾਂ 'ਤੇ ਬੈਠ ਕੇ ਪ੍ਰਵਚਨ ਦੇਣ ਦੀ ਲੋੜ ਨਹੀਂ। ਪਰ! ਇਹ ਸਭ ਕੁਝ ਦਿਖਾਵੇ ਕਰਕੇ ਕੀਤਾ ਜਾਂਦਾ ਹੈ। ਇਸੇ ਲਈ ਕਿਹਾ ਜਾਂਦਾ ਹੈ ਕਿ ਅਜੋਕੇ ਸਮਾਜ ਦਾ ਮਨੁੱਖ ਅੰਦਰੋਂ ਕੁਝ ਹੋਰ ਹੈ ਅਤੇ ਬਾਹਰੋਂ ਕੁਝ ਹੋਰ।

ਦੂਜੇ ਪਾਸੇ ਮੁਖੌਟਿਆਂ ਦੀ ਇਸ ਭੀੜ ਵਿੱਚ ਕੌਣ ਸੱਚਾ ਹੈ ਅਤੇ ਕੌਣ ਝੂਠਾ? ਇਹ ਪਤਾ ਕਰਨਾ ਬਹੁਤ ਮੁਸ਼ਕਲ ਕਾਰਜ ਬਣ ਗਿਆ ਹੈ। ਖ਼ੈਰ! ਇਸੇ ਕਰਕੇ ਅੱਜ ਕਿਸੇ ਉੱਤੇ ਝਟਪਟ ਵਿਸ਼ਵਾਸ ਕਰਨ ਦਾ ਦੌਰ ਨਹੀਂ ਰਿਹਾ। ਕਈ ਵਾਰ ਅਸੀਂ ਸਹੀ, ਸੱਚੇ ਅਤੇ ਇਮਾਨਦਾਰ ਬੰਦੇ ਉੱਪਰ ਵੀ ਯਕੀਨ ਨਹੀਂ ਕਰਦੇ। ਇਸ ਦਾ ਕਾਰਨ ਇਹ ਹੈ ਕਿ ਅੱਜ ਲੋਕਾਂ ਦੀ ਭੀੜ ਵਿੱਚ ਮੁਖੌਟੇ ਜ਼ਿਆਦਾ ਤੇ ਅਸਲ ਚਿਹਰੇ ਘੱਟ ਦੇਖਣ ਨੂੰ ਮਿਲਦੇ ਹਨ। ਜਦੋਂ ਕਿਸੇ ਬੰਦੇ ਨੂੰ 'ਕੰਮ' ਹੁੰਦਾ ਹੈ ਤਾਂ ਉਹ ਬਿਲਕੁਲ ਪਿਆਰ ਨਾਲ ਪੇਸ਼ ਆਉਂਦਾ ਹੈ, ਉਸ ਦੀ ਬੋਲੀ ਮਿੱਠੀ ਹੋ ਜਾਂਦੀ ਹੈ।

ਖ਼ਬਰੇ! ਇਸੇ ਕਰਕੇ ਕਿਹਾ ਜਾਂਦਾ ਹੈ ਕਿ ਦੁਨੀਆਂ ਦੀ ਸਭ ਤੋਂ ਮਿੱਠੀ ਬੋਲੀ ਮਤਲਬ ਦੀ ਬੋਲੀ ਹੁੰਦੀ ਹੈ। ਜਦੋਂ ਕਿਸੇ ਬੰਦੇ ਨੂੰ ਤੁਹਾਡੇ ਨਾਲ ਮਤਲਬ ਹੁੰਦਾ ਹੈ ਤਾਂ ਉਸ ਦਾ ਵਿਹਾਰ ਅਤੇ ਬੋਲਬਾਣੀ ਉੱਕਾ ਹੀ ਬਦਲ ਜਾਂਦੀ ਹੈ। ਉਹ ਪ੍ਰੇਮ ਦੀ ਬੋਲੀ ਬੋਲਣ ਲੱਗਦਾ ਹੈ, ਪਰ ਜਦੋਂ ਮਤਲਬ ਨਿਕਲ ਜਾਂਦਾ ਹੈ ਜਾਂ ਤੁਸੀਂ ਕੋਈ ਹੱਥ-ਪੱਲਾ ਨਹੀਂ ਫੜਾਉਂਦੇ ਤਾਂ ਉਸ ਦਾ ਵਿਹਾਰ ਅਤੇ ਬੋਲਬਾਣੀ ਝੱਟ ਬਦਲ ਜਾਂਦੀ ਹੈ। ਚੰਦ ਸਕਿੰਟ ਪਹਿਲਾਂ ਤੁਹਾਨੂੰ ਆਪਣਾ ਪਿਆਰਾ ਸਮਝਣ ਵਾਲਾ/ ਪਿਆਰ ਜਤਾਉਣ ਵਾਲਾ ਸਖ਼ਸ਼ ਝੱਟ ਅੱਖਾਂ ਫੇਰ ਲੈਂਦਾ ਹੈ।

ਬਾਬਾ ਫ਼ਰੀਦ ਜੀ ਕਹਿੰਦੇ ਹਨ ਕਿ ਜਿਹੜੇ ਮਨੁੱਖ ਦੇ ਮਨ ਵਿੱਚ ਕੁਝ ਹੋਰ ਹੁੰਦਾ ਹੈ ਅਤੇ ਮੂੰਹ 'ਤੇ ਕੁਝ ਹੋਰ, ਉਹ ਮਨੁੱਖ ਪ੍ਰਭੂ ਦੇ ਦਰ 'ਤੇ ਪ੍ਰਵਾਨ ਨਹੀਂ ਹੁੰਦੇ। ਉਹ ਮਨੁੱਖ ਅਸਲੋਂ ਕੱਚੇ ਹੁੰਦੇ ਹਨ ਅਤੇ ਉਨ੍ਹਾਂ 'ਤੇ ਵਿਸ਼ਵਾਸ ਨਹੀਂ ਕੀਤਾ ਜਾ ਸਕਦਾ;

ਦਿਲਹੁ ਮੁਹਬਤਿ ਜਿੰਨ ਸੇਇ ਸਚਿਆ ॥
ਜਿਨ ਮਨਿ ਹੋਰੁ ਮੁਖਿ ਹੋਰੁ ਸਿ ਕਾਂਢੇ ਕਚਿਆ॥
(ਸ੍ਰੀ ਗੁਰੂ ਗ੍ਰੰਥ ਸਾਹਿਬ, ਅੰਗ- 488)

ਅੱਜ ਦੇ ਸੰਦਰਭ ਵਿੱਚ ਗੱਲ਼ ਕਰਦਿਆਂ ਕਿਹਾ ਜਾ ਸਕਦਾ ਹੈ ਕਿ ਅੱਜ ਅਜਿਹੇ ਲੋਕਾਂ ਦੀ ਭੀੜ ਜ਼ਿਆਦਾ ਹੈ, ਜਿਹੜੇ ਆਪਣੇ ਸਵਾਰਥ ਲਈ ਮੋਹ-ਮੁਹੱਬਤ ਦਾ ਸਵਾਂਗ (ਨਾਟਕ) ਵਧੇਰੇ ਕਰਦੇ ਹਨ, ਪਰ ਅੰਦਰੋਂ ਕੁਝ ਹੋਰ ਹੁੰਦੇ ਹਨ। ਇਸ ਤਰ੍ਹਾਂ ਦੇ ਲੋਕਾਂ ਦੇ ਅਜਿਹੇ ਵਰਤਾਰੇ ਕਰਕੇ ਕਈ ਵਾਰ ਸਹੀ ਅਤੇ ਸੱਚੇ ਬੰਦੇ ਵੀ ਧੋਖ਼ੇ (ਲੁੱਟ) ਦਾ ਸ਼ਿਕਾਰ ਹੋ ਜਾਂਦੇ ਹਨ। ਇਸ ਕਰਕੇ ਕਈ ਵਾਰ ਸਹੀ ਤੇ ਸੱਚੇ ਬੰਦੇ ਦੀ ਮਦਦ ਵੀ ਲੋਕ ਨਹੀਂ ਕਰਦੇ, ਪਰ ਇਸ ਵਰਤਾਰੇ ਲਈ ਮੁਖੌਟਿਆਂ ਪਿੱਛੇ ਲੁਕੇ ਚਿਹਰੇ ਹੀ ਵਧੇਰੇ ਜ਼ਿੰਮੇਵਾਰ ਹੁੰਦੇ ਹਨ।

ਭਾਈ ਗੁਰਦਾਸ ਦੀਆਂ ਵਾਰਾਂ ਵਿੱਚ ਵੀ ਅਜਿਹੇ ਮਨੁੱਖਾਂ ਬਾਰੇ ਜ਼ਿਕਰ ਮਿਲਦਾ ਹੈ, ਜਿਹੜੇ ਬਗੁਲੇ ਵਾਂਗ ਧਿਆਨ ਲਗਾਉਣ ਦਾ ਨਾਟਕ ਕਰਦੇ ਹਨ, ਪਰ, ਉਨ੍ਹਾਂ ਦੀ ਨਜ਼ਰ ਸਰੋਵਰ ਦੀਆਂ ਮੱਛੀਆਂ 'ਤੇ ਹੀ ਹੁੰਦੀ ਹੈ। ਜਿਸ ਤਰ੍ਹਾਂ ਬਗੁਲਾ ਮਾਨਸਰੋਵਰ ਦੇ ਕੰਢੇ 'ਤੇ ਧਿਆਨ ਲਗਾ ਕੇ (ਮੱਛੀਆਂ) ਨੂੰ ਧੋਖ਼ਾ ਦਿੰਦਾ ਹੈ, ਇਸ ਤਰੀਕੇ ਨਾਲ ਮੁਖੌਟਿਆਂ ਪਿੱਛੇ ਲੁਕੇ ਚਿਹਰੇ ਚੰਗਿਆਈ ਦਾ ਅਡੰਬਰ (ਸਵਾਂਗ) ਰਚ ਕੇ ਆਮ ਲੋਕਾਂ ਨੂੰ ਗੁੰਮਰਾਹ ਕਰਦੇ ਹਨ;

ਬਗੁਲ ਸਮਾਧਿ ਲਗਾਇ ਕੈ ਬੈਠਾ ਜਾਇ ਮਾਨਸਰੋਵਰੁ॥ (ਵਾਰਾਂ ਭਾਈ ਗੁਰਦਾਸ ਜੀ, ਵਾਰ- 15, ਪਉੜੀ- 21)

ਇਸ ਵਾਰ ਵਿੱਚ ਭਾਈ ਸਾਹਿਬ ਨੇ ਮੀਣੇ (ਕਪਟੀ) ਅਤੇ ਠੱਗਾਂ ਦੇ ਜੀਵਨ ਬਾਰੇ ਦੱਸਿਆ ਹੈ ਕਿ ਉਹ ਕਿਵੇਂ ਵਿਸ਼ਵਾਸਘਾਤ ਕਰਦੇ ਹਨ। ਉਨ੍ਹਾ ਲਿਖਿਆ ਹੈ ਕਿ ਜਿਵੇਂ ਕੋਈ ਠੱਗ ਕਿਸੇ ਮੁਸਾਫ਼ਰ ਨੂੰ ਰਸਤੇ ਵਿੱਚ ਮਿਲ ਕੇ ਮਿੱਠੀਆਂ ਗੱਲਾਂ ਕਰਦਾ ਹੈ, ਪਰ ਅੰਤ ਵਿੱਚ ਉਸ ਦਾ ਗਲ਼ਾ ਘੁੱਟ ਦਿੰਦਾ ਹੈ। ਪਾਖੰਡੀ ਬੰਦਾ ਵੀ ਉਸੇ ਤਰ੍ਹਾਂ ਦਾ ਹੁੰਦਾ ਹੈ, ਜਿਹੜਾ ਅੰਦਰੋਂ ਹੋਰ ਅਤੇ ਬਾਹਰੋਂ ਹੋਰ ਹੁੰਦਾ ਹੈ। ਉਨ੍ਹਾਂ ਦੇ ਸੁਭਾਅ ਵਿੱਚ ਇਹ ਮਿੱਠਾਪਣ ਅਤੇ ਨਿਮਰਤਾ ਸਿਰਫ਼ ਧੋਖ਼ੇ ਦਾ ਇੱਕ ਹਥਿਆਰ ਹੀ ਹੁੰਦਾ ਹੈ, ਹੋਰ ਕੁਝ ਨਹੀਂ।

ਇਸ ਸੰਬੰਧ ਵਿੱਚ ਗੁਰੂ ਨਾਨਕ ਦੇਵ ਜੀ ਦਾ ਉਚਾਰਨ ਕੀਤਾ ਸ਼ਬਦ ਵੀ ਦੇਖਿਆ ਜਾ ਸਕਦਾ ਹੈ, ਜਿਹੜਾ ਉਨ੍ਹਾ ਸੱਜਣ ਠੱਗ ਦੇ ਪ੍ਰਥਾਇ ਉਚਾਰਨ ਕੀਤਾ ਸੀ। ਸੱਜਣ ਠੱਗ ਦਾ ਅਸਲ ਚਿਹਰਾ ਕੁਝ ਹੋਰ ਸੀ, ਪਰ ਉਹ ਧਾਰਮਿਕ ਲਿਬਾਸ ਦੀ ਆੜ ਵਿੱਚ ਗਲਤ ਕੰਮ ਕਰਦਾ ਸੀ ਅਤੇ ਆਮ ਲੋਕਾਂ ਨੂੰ ਲੁੱਟਦਾ ਸੀ ਅਤੇ ਮਾਰ ਦਿੰਦਾ ਸੀ;

ਉਜਲੁ ਕੈਹਾ ਚਿਲਕਣਾ ਘੋਟਿਮ ਕਾਲੜੀ ਮਸੁ॥
ਧੋਤਿਆ ਜੂਠਿ ਨ ਉਤਰੈ ਜੇ ਸਉ ਧੋਵਾ ਤਿਸੁ॥
(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਰਾਗ ਸੂਹੀ, ਮਹਲਾ- 1, ਅੰਗ- 729)

ਖ਼ੈਰ! ਆਧੁਨਿਕ ਸੰਦਰਭ ਵਿੱਚ ਗੱਲ ਕਰਦਿਆਂ ਕਿਹਾ ਜਾ ਸਕਦਾ ਹੈ ਕਿ ਇਸ ਤਰ੍ਹਾਂ ਦੇ ਲੋਕ ਮੁਖੌਟਿਆਂ ਪਿੱਛੇ ਲੁਕ ਕੇ ਆਮ ਲੋਕਾਂ ਨੂੰ ਆਪਣਾ ਸ਼ਿਕਾਰ ਬਣਾਉਂਦੇ ਹਨ ਅਤੇ ਫੇਰ ਮਤਲਬ ਨਿਕਲ ਜਾਣ ਤੋਂ ਬਾਅਦ ਅੱਖ ਤੱਕ ਨਹੀਂ ਮਿਲਾਉਂਦੇ। ਪੰਜਾਬੀ ਸਾਹਿਤ ਵਿੱਚ ਅਨੇਕਾਂ ਸ਼ੇਅਰ, ਕਵਿਤਾਵਾਂ ਮਿਲ ਜਾਣਗੀਆਂ, ਜਿਨ੍ਹਾਂ ਵਿੱਚ ਇਨ੍ਹਾਂ ਮੁਖੌਟਿਆਂ ਦੀ ਅਸਲੀਅਤ ਬਾਰੇ ਵਿਸਥਾਰ-ਪੂਰਵਕ ਜ਼ਿਕਰ ਮਿਲਦਾ ਹੈ; ਲੱਗੇ ਹੋਏ ਨੇ ਸਾਰੇ ਇੱਥੇ ਮਤਲਬਾਂ ਦੇ ਅਹਿਰ ਵਿੱਚ, ਇੱਕ ਨਾ ਲੱਭਿਆ ਚਿਹਰਾ ਮੁਖੌਟਿਆਂ ਦੇ ਸ਼ਹਿਰ ਵਿੱਚ। (ਬਲਵਾਨ ਔਜਲਾ) ਚਿਹਰੇ ਉੱਤੇ ਮੁਖੌਟਾ ਲੋਕੀਂ ਲਾ ਰਹੇ ਨੇ ਇਸ ਤਰ੍ਹਾਂ ਚਿੱਕੜ ਨੂੰ ਸਰਵਰ ਜਤਾ ਰਹੇ ਨੇ ਜਿਸ ਤਰ੍ਹਾਂ। (ਬਲਵਾਨ ਔਜਲਾ) ਇਸੇ ਤਰ੍ਹਾਂ ਕੁਝ ਹੋਰ ਸ਼ੇਅਰਾਂ ਨੂੰ ਦੇਖਿਆ ਜਾ ਸਕਦਾ ਹੈ, ਜਿੱਥੇ ਬੰਦੇ ਭੇਖ ਦਾ ਜੀਵਨ ਜਿਉਂਦੇ ਦੇਖੇ ਜਾ ਸਕਦੇ ਹਨ;

ਬੰਦੇ, ਬੰਦਾ ਮਾਰ ਕੇ ਢਿੱਡ ਵਿੱਚ ਪਾਈ ਫਿਰਦੇ ਨੇ ਕਿੰਨੇ ਚਿਹਰੇ, ਚਿਹਰੇ ਉੱਤੇ ਲਾਈ ਫਿਰਦੇ ਨੇ। (ਨਿਸ਼ਾਨ ਸਿੰਘ ਰਾਠੌਰ)

ਇਸ ਤਰ੍ਹਾਂ ਸਹਿਜੇ ਹੀ ਕਿਹਾ ਜਾ ਸਕਦਾ ਹੈ ਕਿ ਅੱਜ ਦੇ ਮਨੁੱਖ ਲਈ ਮੁਖੌਟਿਆਂ ਦੀ ਭੀੜ ਵਿੱਚ ਅਸਲ ਚਿਹਰੇ ਦੇਖਣੇ ਅਤੇ ਪਛਾਣਨੇ ਬੇਹੱਦ ਕਠਿਨ ਕਾਰਜ ਹੋ ਗਿਆ ਹੈ। ਸਿਆਣੇ ਅਤੇ ਵਿਦਵਾਨ ਬੰਦੇ ਵੀ ਕਈ ਵਾਰ ਇਨ੍ਹਾਂ ਮੁਖੌਟਿਆਂ ਦੇ ਭਰਮਜਾਲ਼ ਵਿੱਚ ਉਲਝ ਕੇ ਰਹਿ ਜਾਂਦੇ ਹਨ ਅਤੇ ਖ਼ਤਾ (ਧੋਖ਼ਾ) ਖਾ ਜਾਂਦੇ ਹਨ। ਇਸ ਕਰਕੇ ਅੱਜ ਦੇ ਦੌਰ ਵਿੱਚ ਲੋਕਾਂ ਵਿੱਚ ਯਕੀਨ ਕਰਨ-ਕਰਾਉਣ ਦੀ ਘਾਟ ਦੇਖਣ ਨੂੰ ਮਿਲ ਰਹੀ ਹੈ।

ਮੁਖੌਟਿਆਂ ਉਹਲੇ ਲੁਕੇ ਚਿਹਰਿਆਂ ਨੂੰ ਪਛਾਣ ਕੇ ਸਹੀ ਬੰਦੇ ਦੀ ਮਦਦ ਕਰਨੀ ਚਾਹੀਦੀ ਹੈ ਅਤੇ ਲੋਕਾਂ ਨੂੰ ਆਪਣੀ ਬਿਰਤੀ ਦੇ ਮੁਤਾਬਕ 'ਅਸਲ' ਚਿਹਰੇ ਦਾ ਪ੍ਰਗਟਾਵਾ ਕਰਨਾ ਚਾਹੀਦਾ ਹੈ। ਖ਼ਾਸ ਗੱਲ ਇਹ ਹੈ ਕਿ ਕਿਸੇ ਬੰਦੇ ਨੂੰ ਜ਼ਿੰਦਗੀ ਵਿੱਚ ਸਿਰਫ਼ ਇੱਕੋ ਵਾਰ ਹੀ ਠੱਗਿਆ ਜਾ ਸਕਦਾ ਹੈ, ਵਾਰ- ਵਾਰ ਨਹੀਂ। ਇਸ ਲਈ ਸਹੀ, ਸੱਚੇ, ਨੇਕ ਅਤੇ ਅਸਲ ਚਿਹਰਿਆਂ ਵਾਲੇ ਮਿੱਤਰ ਬਣਾਓ ਅਤੇ ਮੁਖੌਟਿਆਂ ਪਿੱਛੇ ਲੁਕੇ ਚਿਹਰਿਆਂ ਦੇ ਅਸਲ ਰੰਗ ਪਛਾਣੋ ਤਾਂ ਕਿ ਕਿਸੇ ਠੱਗੀ ਅਤੇ ਨੁਕਸਾਨ ਤੋਂ ਬਚਿਆ ਜਾ ਸਕੇ।

**ਸੰਪਰਕ : 90414-98009**

# ਵਿਗਿਆਨ ਨਿਸ਼ਾਨੇ ਨਹੀਂ ਸਿਰਜ ਸਕਦਾ

**ਚਰਨ ਸਿੰਘ ਸਰਾਭਾ**

ਪਿਛਲੇ ਦਿਨਾਂ ਵਿੱਚ ਵਿਗਿਆਨ ਅਤੇ ਤਕਨੀਕੀ ਵਿਕਾਸ ਸੰਬੰਧੀ ਖ਼ਬਰਾਂ ਨਵੀਂ ਉਚੇਰੀ ਵਿਗਿਆਨ ਤਕਨੀਕ ਵਿਕਸਤ ਸਮਝੇ ਜਾਂਦੇ ਦੌਰ ਦੀਆਂ ਹਨ, ਜਦੋਂ ਆਰਟੀਫਿਸ਼ੀਅਲ ਇੰਟੈਲੀਜੈਂਸ ਨੂੰ ਕੇਂਦਰੀ ਬਿੰਦੂ ਬਣਾਇਆ ਹੋਇਆ ਹੈ। ਖ਼ਬਰਾਂ ਹਨ 'ਰੋਬੋਟ ਮਸ਼ੀਨ' ਦੀ ਉਤਪਤੀ ਦੀਆਂ, ਜੋ ਮਨੁੱਖੀ ਖੇਤਰ ਦੇ ਲੱਗਭੱਗ ਸਾਰੇ ਹੀ ਕੰਮ ਕਰ ਸਕਣ ਦੀ ਸਮਰੱਥਾ ਦਰਸਾਉਣ ਵਾਲੀਆਂ ਹਨ। ਇਸ ਪ੍ਰਾਪਤੀ ਨੂੰ ਰਾਜਨੀਤਕ ਅਤੇ ਵਿਗਿਆਨਕ ਦੋਵਾਂ ਹਲਕਿਆਂ ਵਿੱਚ ਵਿਸ਼ੇਸ਼ ਵੱਡੀ ਪ੍ਰਾਪਤੀ ਵਾਲੀ ਦੱਸ ਕੇ ਸੰਸਾਰ ਪੱਧਰ 'ਤੇ ਮੁਕਾਬਲੇਬਾਜ਼ੀ ਦਾ ਕੇਂਦਰੀ ਬਿੰਦੂ ਵੀ ਬਣਾਇਆ ਜਾ ਰਿਹਾ ਹੈ। ਇਸ ਖੇਤਰ ਦੀ ਦੌੜ ਵਿੱਚ ਵੀ ਮੁੱਖ ਤੌਰ 'ਤੇ ਸੰਸਾਰ ਦੇ ਦੋ ਦੇਸ਼ਾਂ ਅਮਰੀਕਾ ਅਤੇ ਚੀਨ ਵਿਚਕਾਰ ਬਰਾਬਰ ਦੀ ਦੌੜ ਚੱਲ ਰਹੀ ਹੈ। ਇਹੋ ਹੀ ਅੱਜ ਸੰਸਾਰ ਦੀਆਂ ਦੋ ਵੱਡੀਆਂ ਆਰਥਿਕਤਾਵਾਂ ਵੀ ਮੰਨੀਆਂ ਜਾਂਦੀਆਂ ਹਨ। ਸਾਡਾ ਭਾਰਤ ਵੀ ਅੱਜ ਇਸ ਤਕਨੀਕ ਨੂੰ ਵਿਸ਼ੇਸ਼ ਮਹੱਤਤਾ ਦੇ ਰਿਹਾ ਹੈ। ਵੈਸੇ ਤਾਂ ਸਨਅਤੀ ਵਿਕਾਸ ਦੇ ਆਰੰਭ ਤੋਂ ਲੈ ਕੇ ਹੀ ਵਿਗਿਆਨ ਅਤੇ ਤਕਨੀਕੀ ਵਿਕਾਸ ਅਤੇ ਨਵੀਂਆਂ ਕਾਢਾਂ ਰਾਹੀਂ ਮਸ਼ੀਨਾਂ ਦਾ ਆਰੰਭ ਹੋ ਗਿਆ ਸੀ, ਜਿਸ ਨੇ ਅੱਜ ਤੱਕ ਵੱਡੀ ਪੱਧਰ 'ਤੇ ਵੱਖ-ਵੱਖ ਉਤਪਾਦਨ ਖੇਤਰਾਂ ਵਿੱਚ ਮਨੁੱਖ ਦੀ ਸਹਾਇਤਾ ਕੀਤੀ ਹੈ, ਪਰ ਇਸ ਦੇ ਨਾਲ ਹੀ ਜਦੋਂ ਵਿਕਾਸ ਦੇ ਇਸ ਖੇਤਰ ਵਿੱਚ ਵਿਕਸਤ ਪ੍ਰਾਈਵੇਟ ਮਾਲਕੀ ਹੋਂਦ ਵਿੱਚ ਆਈ ਤਾਂ ਇਸ ਤਕਨੀਕੀ ਵਿਕਾਸ ਨੇ ਇਸ ਦੀ ਵਰਤੋਂ ਰਾਹੀਂ ਆਰਥਿਕ ਵਿਕਾਸ ਵਿੱਚ ਵੀ ਨਵੀਆਂ ਉਪਲੱਬਧੀਆਂ ਦੇ ਰਾਹ ਖੋਲ੍ਹੇ ਅਤੇ ਇਸ ਵਿੱਚ ਹੀ ਰਾਜਨੀਤੀ ਦਾ ਬੋਲਬਾਲਾ ਅਤੇ ਪਸਾਰ ਵੀ ਵੱਡੀ ਪੱਧਰ 'ਤੇ ਹੋਇਆ ਸੀ। ਵੱਖ-ਵੱਖ ਦੇਸ਼ਾਂ ਵਿੱਚ ਵਿਸ਼ੇਸ਼ ਤੌਰ 'ਤੇ ਯੂਰਪੀਨ ਦੇਸ਼ ਵੱਡੀ ਪੱਧਰ 'ਤੇ ਕੀਤੀਆਂ ਮਸ਼ੀਨੀ ਉਤਪਾਦਕ ਵਸਤੂਆਂ ਲਈ ਮੰਡੀਆਂ ਦੀ ਭਾਲ ਵਿੱਚ ਸ਼ਾਮਲ ਹੋਏ। ਪੂੰਜੀਵਾਦੀ ਵਿਕਾਸ ਦੇ ਇਤਿਹਾਸ ਦੇ ਵਰਕੇ ਦੱਸਦੇ ਹਨ ਕਿ ਸੰਸਾਰ ਪੱਧਰੀ ਦੋ ਸੰਸਾਰਕ ਜੰਗਾਂ ਵੀ ਮੁੱਖ ਤੌਰ 'ਤੇ ਮੰਡੀਆਂ ਤੇ ਵਪਾਰਕ ਕਬਜ਼ੇ ਅਤੇ ਕੁਦਰਤੀ ਸਾਧਨਾਂ ਦੀ ਭਾਲ ਅਤੇ ਲੁੱਟ ਦੇ ਮੰਤਵ ਨਾਲ ਹੀ ਹੋਈਆਂ ਸਨ। ਇਸ ਦੌਰ ਵਿੱਚ ਹੀ ਯੂਰਪੀਨ ਦੇਸ਼ਾਂ ਦਾ ਪੂੰਜੀਵਾਦੀ ਵਿਕਾਸ ਸਾਮਰਾਜੀ ਵਿਕਾਸ ਦੇ ਦੌਰ ਵਿੱਚ ਬਦਲ ਗਿਆ ਸੀ। ਇਸ ਸਾਰੇ ਦੌਰ ਵਿੱਚ ਵੀ ਵਿਗਿਆਨਕ ਅਧਾਰਤ ਤਕਨੀਕੀ ਵਿਕਾਸ ਦੀ ਵੱਡੀ ਭੂਮਿਕਾ ਸੀ। ਪੂੰਜੀਵਾਦੀ ਵਿਕਾਸ ਵਾਲੇ ਦੇਸ਼ ਇਸ ਵਿਕਾਸ ਨੂੰ ਸੰਸਾਰ ਦਾ ਵਿਕਾਸ ਹੀ ਕਹਿੰਦੇ ਹਨ, ਜਦੋਂ ਕਿ ਅਜਿਹਾ ਨਹੀਂ ਹੈ। ਅੱਜ ਵੀ ਇਹ ਦੇਸ਼ ਆਪਣੇ-ਆਪ ਨੂੰ ਵਿਕਸਤ ਦੇਸ਼ ਅਖਵਾਉਂਦੇ ਹਨ, ਕਿਉਂਕਿ ਇਹ ਬਾਕੀ ਏਸ਼ੀਆਈ ਅਤੇ ਅਫ਼ਰੀਕੀ ਆਦਿ ਦੇਸ਼ਾਂ ਨਾਲੋਂ ਵਿਗਿਆਨਕ ਅਤੇ ਤਕਨੀਕੀ ਵਿਕਾਸ ਵਿੱਚ ਅੱਗੇ ਰਹੇ ਸਨ ਅਤੇ ਕੁਝ ਹੱਦ ਤੱਕ ਅੱਜ ਵੀ ਹਨ। ਸੰਸਾਰ ਪੱਧਰ 'ਤੇ ਅਜਿਹੇ ਵਿਤਕਰਿਆਂ ਵਾਲੇ ਵਿਕਾਸ ਕਾਰਨ ਹੀ ਜਿਸ ਢੰਗ ਨਾਲ ਹਰ ਪੱਧਰ 'ਤੇ "ਆਰਟੀਫੀਸ਼ੀਅਲ ਇੰਟੈਲੀਜੈਂਸ" ਜਾਂ ਗਿਆਨ ਅੱਗੇ ਵਧ ਰਹੇ ਹਨ। ਇਸ ਦੀ ਹੋ ਰਹੀ ਜਾਂ ਹੋ ਸਕਦੀ ਦੁਰਵਰਤੋਂ ਸੰਬੰਧੀ ਉਪਰੋਕਤ ਦੱਸੇ ਸੰਖੇਪ ਪਿਛੋਕੜ ਨੂੰ ਧਿਆਨ ਵਿੱਚ ਰੱਖਣਾ ਵੀ ਜ਼ਰੂਰੀ ਹੈ।

ਇਸੇ ਸੰਬੰਧ ਵਿੱਚ ਦੂਜੇ ਸੰਸਾਰ ਜੰਗ ਦੇ ਸਮਕਾਲੀ ਅਤੇ ਸੰਸਾਰ ਪ੍ਰਸਿੱਧ ਵਿਗਿਆਨੀ ਅਲਬਰਟ ਆਈਨਸਟਾਈਨ ਦੇ ਇੱਕ ਲੇਖ ਦਾ ਵਰਨਣ ਕਰਨਾ ਚਾਹਾਂਗਾ, ਜੋ 'ਟੀਚਰਜ਼ ਹੋਮ ਬਠਿੰਡਾ' ਵਜੋਂ ਛਾਪੇ ਜਾਂਦੇ ਰਸਾਲੇ "ਸਹੀ ਬੁਨਿਆਦ" ਦੇ ਮਈ 2024 ਦੇ ਅੰਕ ਵਿੱਚ ਛਾਪਿਆ ਗਿਆ ਸੀ। ਇਸ ਲੇਖ ਵਿੱਚ ਆਈਨਸਟਾਈਨ ਨੇ ਕਿਹਾ ਸੀ ਕਿ ਵਿਗਿਆਨ ਨਿਸ਼ਾਨੇ ਨਹੀਂ ਸਿਰਜ ਸਕਦਾ। ਵਿਗਿਆਨ ਕਿਸੇ ਨਿਸ਼ਾਨੇ ਦੀ ਪ੍ਰਾਪਤੀ ਜਾਂ ਪੂਰਤੀ ਦੇ ਸਾਧਨ ਤਾਂ ਪ੍ਰਦਾਨ ਕਰ ਸਕਦਾ ਹੈ, ਪਰ ਇਸ ਕੋਲੋਂ ਮਨੁੱਖੀ ਅਗਵਾਈ ਦੀ ਤਾਂ ਆਸ ਹੀ ਨਹੀਂ ਰੱਖੀ ਜਾ ਸਕਦੀ। ਨਿਸ਼ਾਨੇ ਮਿੱਥਣ ਵਾਲੀਆਂ ਉਹ ਸ਼ਖ਼ਸੀਅਤਾਂ ਹੀ ਹੋ ਸਕਦੀਆਂ ਹਨ, ਜਿਨ੍ਹਾਂ ਦੇ ਉੱਚੇ ਨੈਤਿਕ ਉਦੇਸ਼ ਹੁੰਦੇ ਹਨ, ਅਤੇ ਇਨ੍ਹਾਂ ਦੇ ਮਿੱਥੇ ਨਿਸ਼ਾਨੇ ਅਸਫ਼ਲ ਨਾ ਹੋ ਜਾਣ, ਸਗੋਂ ਸ਼ਾਨਦਾਰ ਜੀਵਨਮਈ ਹੋਣ ਤਾਂ ਬਹੁਤ ਸਾਰੇ ਮਨੁੱਖ ਇਨ੍ਹਾਂ ਨੂੰ ਅਪਣਾਉਂਦੇ ਹਨ ਅਤੇ ਅਰਥ ਚੇਤੰਨ ਤੌਰ 'ਤੇ ਸਮਾਜਿਕ ਵਿਕਾਸ ਵਿੱਚ ਯੋਗਦਾਨ ਪਾਉਂਦੇ ਹਨ। ਅੱਜ ਵੀ ਇਹ ਗੱਲ ਸਪੱਸ਼ਟ ਹੈ ਕਿ ਇਹ ਆਰਟੀਫਿਸ਼ੀਅਲ ਇੰਟੈਲੀਜੈਂਸ ਆਪਣੇ ਆਪ ਇਹ ਨਹੀਂ ਦੱਸ ਸਕਦੀ ਕਿ ਕੀ ਕਰਨਾ ਹੈ? ਅਤੇ ਕਿਹੜੇ ਪੱਖ ਤੋਂ ਕੀ ਠੀਕ ਕਰਨਾ ਹੈ? ਇਸ ਤਰ੍ਹਾਂ ਬਨਾਉਟੀ 'ਬੁੱਧੀ' ਦੀ ਦਿਸ਼ਾਹੀਣਤਾ ਹੋਣ ਕਾਰਨ ਇਹ ਚਿੰਤਾਜਨਕ ਪ੍ਰਸ਼ਨ ਵੀ ਵਿਚਾਰਿਆ ਜਾਣ ਲੱਗ ਪਿਆ ਹੈ, ਜੋ ਜ਼ਰੂਰੀ ਵੀ ਹੈ ਕਿ ਇਸ ਨੂੰ ਕੰਟਰੋਲ ਕੌਣ ਕਰੇਗਾ? ਕਿਉਂਕਿ ਅਜਿਹੇ ਪ੍ਰਸ਼ਨਮਈ ਵਿਚਾਰ ਇਹ ਵੀ ਸਪੱਸ਼ਟ ਕਰਦੇ ਹਨ ਕਿ ਬਨਾਉਟੀ ਚੇਤੰਨਤਾ ਬੁੱਧੀ ਦੇ ਗਿਆਨ ਖੇਤਰ ਨੇ ਮਨੁੱਖੀ ਕਦਰਾਂ-ਕੀਮਤਾਂ ਨੂੰ ਪੂਰੀ ਤਰ੍ਹਾਂ ਪਾਸੇ ਕੀਤਾ ਹੋਇਆ ਹੈ ਅਤੇ ਇਹ ਸਮਾਜਿਕ ਫਲਸਫੇ ਅਤੇ ਮਨੁੱਖੀ ਸਦਾਚਾਰਕ ਖੇਤਰਾਂ ਦੇ ਪ੍ਰਸ਼ਨ ਹੀ ਹਨ, ਜੋ ਵਿਗਿਆਨ, ਤਕਨੀਕ, ਇੰਜਨੀਅਰਿੰਗ ਜਾਂ ਹਿਸਾਬ ਦੇ ਖੇਤਰਾਂ ਵਿੱਚ ਸ਼ਾਮਲ ਹੀ ਨਹੀਂ ਹਨ। ਇਸ ਤੋਂ ਇਹ ਵੀ ਸਪੱਸ਼ਟ ਅਨੁਭਵ ਜਾਪਦਾ ਹੈ ਕਿ ਇਸ ਬਨਾਉਟੀ ਚੇਤਨਤਾ ਕਾਰਨ ਹੁਣ ਮਨੁੱਖ ਦੀ ਲੋੜ ਹੀ ਨਾ ਸਮਝੀ ਜਾਂਦੀ ਹੋਵੇ।



ਇਸ ਸੰਬੰਧੀ ਆਈਨਸਟਾਈਨ ਨੇ ਇਸੇ ਲੇਖ ਵਿੱਚ ਹੀ ਕਿਹਾ ਸੀ, "ਇਨ੍ਹਾਂ ਕਾਰਨਾਂ ਕਰਕੇ ਜਦੋਂ ਸਵਾਲ ਮਨੁੱਖੀ ਮਸਲਿਆਂ ਬਾਰੇ ਹੋਵੇ ਤਾਂ ਸਾਨੂੰ ਸਾਵਧਾਨ ਰਹਿਣ ਦੀ ਲੋੜ ਹੈ ਕਿ ਅਸੀਂ ਵਿਗਿਆਨ ਜਾਂ ਵਿਗਿਆਨਕ ਢੰਗਾਂ ਦਾ ਲੋੜੋਂ ਵੱਧ ਮੁੱਲ ਨਹੀਂ ਪਾ ਸਕਦੇ। ਅੱਜ ਦੀ ਅਵਸਥਾ ਵਿੱਚ ਜਿਵੇਂ ਸੰਸਾਰ ਪੱਧਰ 'ਤੇ ਆਰਥਿਕ ਖੇਤਰ ਅਤੇ ਤਕਨੀਕੀ ਖੇਤਰ ਸਮੇਤ ਆਰਟੀਫਿਸ਼ੀਅਲ ਇੰਟੈਲੀਜੈਂਸ ਖੇਤਰ ਵਿੱਚ ਮੁਕਾਬਲੇਬਾਜ਼ੀ ਵਧ ਰਹੀ ਹੈ, ਜੋ ਅਸਲ ਵਿੱਚ ਮੁਨਾਫਾਖੋਰੀ ਅਤੇ ਰਾਜਨੀਤਕ ਆਰਥਿਕ ਧੌਂਸ ਦੀ ਮੁਕਾਬਲੇਬਾਜ਼ੀ ਹੀ ਹੈ। ਇਸ ਸੰਬੰਧੀ ਵੀ ਆਈਨਸਟਾਈਨ ਨੇ ਕਿਹਾ ਸੀ, 'ਸੀਮਾ ਰਹਿਤ ਮੁਕਾਬਲਾ ਕਿਰਤ ਦੇ ਵੱਡੇ ਨੁਕਸਾਨ ਅਤੇ ਵਿਅਕਤੀ ਦੀ ਸਮਾਜਿਕ ਚੇਤਨਤਾ ਦੇ ਉਸ ਸਤਿਆਨਾਸ ਲਈ ਜਿਸ ਦਾ ਜ਼ਿਕਰ ਕੀਤਾ ਹੈ, ਦੇ ਰਾਹ ਖੋਲ੍ਹਦਾ ਹੈ। ਅਤੇ ਮੈਂ ਵਿਅਕਤੀ ਦੀ ਚੇਤਤਨਾ ਇਸ ਸਤਿਆਨਾਸ ਨੂੰ ਪੂੰਜੀਵਾਦ ਦੀ ਸਭ ਤੋਂ ਵੱਡੀ ਬੁਰਾਈ ਗਰਦਾਨਦਾ ਹਾਂ। ਮੇਰਾ ਯਕੀਨ ਹੈ ਇਨ੍ਹਾਂ ਘੋਰ ਬੁਰਾਈਆਂ ਨੂੰ ਦੂਰ ਕਰਨ ਦਾ ਇੱਕੋ ਤਰੀਕਾ ਹੈ, ਜਿਸ ਦਾ ਨਾਂਅ ਹੈ ਸਮਾਜਵਾਦੀ ਅਰਥਚਾਰੇ ਦੀ ਸਥਾਪਨਾ। ਜਿਸ ਲਈ ਜ਼ਰੂਰੀ ਹੈ ਕਿ ਉਤਪਾਦਨ ਦੇ ਸਾਧਨ ਸਮਾਜ ਦੇ ਹੱਥਾਂ ਵਿੱਚ ਹੋਣ ਅਤੇ ਯੋਜਨਾਬੱਧ ਢੰਗ ਨਾਲ ਉਨ੍ਹਾਂ ਦੀ ਵਰਤੋਂ ਕੀਤੀ ਜਾਵੇ।' ਅੰਤ ਵਿੱਚ ਅੱਜ ਦੀ ਸੰਸਾਰ ਪੱਧਰੀ ਅਤੇ ਕੌਮੀ ਪੱਧਰੀ ਆਰਥਿਕ ਵਖਰੇਵਿਆਂ ਅਤੇ ਪਾੜਿਆਂ ਵਾਲੀ ਸਥਿਤੀ ਵਿੱਚ ਇਹ 'ਆਰਟੀਫਿਸ਼ੀਅਲ ਇੰਟੈਲੀਜੈਂਸ' ਵਾਲਾ ਵਿਕਾਸ ਨਵੀਆਂ ਤਕਨੀਕੀ ਖੋਜਾਂ ਅਤੇ ਕਾਢਾਂ ਰਾਹੀਂ ਪੂੰਜੀਵਾਦ ਦੀ ਖੁੱਲ੍ਹੀ ਮੰਡੀ ਅਧਾਰਤ ਵਿਕਾਸ ਅਤੇ ਮੁਨਾਫਿਆ ਦੀ ਮੁਕਾਬਲੇਬਾਜ਼ੀ ਕਾਰਨ ਪੂੰਜੀ ਦਾ ਕੇਂਦਰੀਕਰਨ ਕੁਝ ਸੀਮਤ ਹੱਥਾਂ ਵਿੱਚ ਕੇਂਦਰਤ ਹੋ ਰਿਹਾ ਹੈ। ਅਜਿਹੀ ਸਥਿਤੀ ਵਿੱਚ ਗਿਣਤੀ ਦੇ ਅਮੀਰਾਂ ਦੀ ਜੁੰਡਲੀ ਹੋਰ ਸ਼ਕਤੀਸ਼ਾਲੀ ਹੋਵੇਗੀ ਅਤੇ ਸੰਸਾਰ ਭਰ ਵਿੱਚ ਸਹੀ ਅਰਥਾਂ ਵਾਲੇ ਲੋਕਤੰਤਰਕ ਪ੍ਰਬੰਧਾਂ ਲਈ ਨਵੇਂ ਸੰਕਟ ਪੈਦਾ ਕਰ ਸਕੇਗੀ, ਮਨੁੱਖੀ ਕਦਰਾਂ-ਕੀਮਤਾਂ ਹੋਰ ਨਿਘਾਰ ਵੱਲ ਜਾਣਗੀਆਂ ਅਤੇ ਸਾਧਾਰਨ ਮਨੁੱਖ ਇੱਕ ਵਾਧੂ ਜਿਹੀ ਜਾਨਦਾਰ ਵਸਤੂ ਸਮਝਿਆ ਜਾਣ ਲੱਗੇਗਾ, ਜਿਵੇਂ ਕਿ ਅਸੀਂ ਅੱਜ ਕਾਫ਼ੀ ਹੱਦ ਤੱਕ ਦੇਖਦੇ ਹਾਂ। ਲੋੜ ਹੈ ਸੰਸਾਰ ਪ੍ਰਸਿੱਧ ਵਿਗਿਆਨੀ ਆਈਨਸਟਾਈਨ ਦੀ ਉੱਪਰ ਦੱਸੀ ਚੇਤਾਵਨੀ ਨੂੰ ਆਪਣੀ ਸੋਚ ਅਤੇ ਵਿਚਾਰ ਦਾ ਹਿੱਸਾ ਅਤੇ ਅਧਾਰ ਬਣਾਈਏ।

***# ਸੰਪਰਕ : 94177-51888***

# 23 ਨੂੰ ਕੇਂਦਰ ਦੀਆਂ ਸਾਮਰਾਜ ਪੱਖੀ ਨੀਤੀਆਂ ਨੂੰ ਲੋਕਾਂ ਦੀ ਕਚਹਿਰੀ 'ਚ ਕਰਾਂਗੇ ਬੇਪਰਦ : ਬਲਕਰਨ ਬਰਾੜ



**ਬਠਿੰਡਾ/ਤਲਵੰਡੀ ਸਾਬੋ (ਪਰਵਿੰਦਰ ਜੀਤ ਸਿੰਘ/ਜਗਦੀਪ ਗਿੱਲ)**

ਸੰਯੁਕਤ ਕਿਸਾਨ ਮੋਰਚਾ, ਮਜ਼ਦੂਰ ਮੋਰਚਾ ਤੇ ਟਰੇਡ ਯੂਨੀਅਨ ਦੇ ਸਾਂਝੇ ਸੱਦੇ 'ਤੇ ਬਠਿੰਡਾ ਵਿਖੇ ਕਿਸਾਨ ਜਥੇਬੰਦੀਆਂ, ਮਜ਼ਦੂਰ ਜਥੇਬੰਦੀਆਂ ਤੇ ਮੁਲਾਜ਼ਮ ਜਥੇਬੰਦੀਆਂ ਦੀ ਇੱਕ ਸਾਂਝੀ ਮੀਟਿੰਗ ਬੀਕੇਯੂ ਡਕੌਂਦਾ (ਬੁਰਜ ਗਿੱਲ) ਦੇ ਮੀਤ ਪ੍ਰਧਾਨ ਬਲਦੇਵ ਸਿੰਘ ਭਾਈ ਰੂਪਾ ਦੀ ਪ੍ਰਧਾਨਗੀ ਹੇਠ ਟੀਚਰ ਹੋਮ ਬਠਿੰਡਾ ਵਿਖੇ ਹੋਈ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ 'ਤੇ 23 ਮਾਰਚ ਨੂੰ ਸਾਮਰਾਜ ਵਿਰੋਧੀ ਦਿਨ ਵਜੋਂ ਮਨਾਇਆ ਜਾਵੇਗਾ ਤੇ ਬਠਿੰਡਾ ਕਚਹਿਰੀਆਂ ਵਿਖੇ ਭਾਰੀ ਇਕੱਠ ਕਰਕੇ ਕੇਂਦਰ ਸਰਕਾਰ ਦੀਆਂ ਸਾਮਰਾਜ ਪੱਖੀ ਤੇ ਲੋਕ ਵਿਰੋਧੀ ਨੀਤੀਆਂ ਨੂੰ ਲੋਕਾਂ ਦੀ ਕਚਹਿਰੀ ਵਿੱਚ ਬੇਪੜਦ ਕੀਤਾ ਜਾਵੇਗਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਵਰਨ ਸਿੰਘ ਪੂਹਲੀ ਬੀਕੇਯੂ ਮਾਲਵਾ ਦੇ ਸੂਬਾ ਕਮੇਟੀ ਮੈਂਬਰ ਜਗਜੀਤ ਸਿੰਘ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਮਲਕੀਤ ਸਿੰਘ ਬਠਿੰਡਾ, ਪ ਸ ਸ ਫ (ਵਿਗਿਆਨਕ) ਦੇ ਆਗੂ ਭੁਪਿੰਦਰ ਸਿੰਘ, ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਦੇ ਆਗੂ ਗੁਰਜੀਤ ਸਿੰਘ, ਟੀਐੱਸਯੂ ਭੰਗਲ ਦੇ ਆਗੂ ਚੰਦਰ ਸ਼ਰਮਾ, ਪੀ ਐੱਸ ਐੱਸ ਐੱਫ ਦੇ ਆਗੂ ਹਰਨੇਕ ਸਿੰਘ ਗਹਿਰੀ ਨੇ ਬੋਲਦਿਆਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਕਾਰਪੋਰੇਟ ਤੇ ਅਮਰੀਕਾ ਵਰਗੇ ਸਾਮਰਾਜੀ ਮੁਲਕਾਂ ਦੇ ਦਬਾਅ ਵਿੱਚ ਆ ਕੇ ਅਜਿਹੇ ਫੈਸਲੇ ਲੈ ਰਹੀ ਹੈ, ਜਿਸ ਨਾਲ ਕਿਸਾਨ, ਮਜ਼ਦੂਰ, ਮੁਲਾਜ਼ਮ ਤੇ ਆਮ ਲੋਕ ਆਰਥਿਕ ਤੌਰ 'ਤੇ ਕੰਗਾਲ ਹੋ ਰਹੇ ਹਨ।ਮਹਿੰਗਾਈ ਵੱਧ ਰਹੀ ਹੈ ਤੇ ਉਪਰੋਕਤ ਪੀੜਤ ਵਰਗ ਕਰਜ਼ੇ ਦੇ ਭਾਰੀ ਬੋਝ ਥੱਲੇ ਆ ਕੇ ਤਰਸਯੋਗ ਜ਼ਿੰਦਗੀ ਜਿਉਣ ਲਈ ਮਜਬੂਰ ਹੋ ਰਹੇ ਹਨ।ਲੋਕਾਂ ਦੇ ਧੰਦੇ ਚੌਪਟ ਹੋ ਗਏ ਹਨ ਤੇ ਚਾਰੇ ਪਾਸੇ ਬੇਰੁਜ਼ਗਾਰੀ ਵਧ ਰਹੀ ਹੈ।ਕੇਂਦਰ ਦੀ ਬੀਜੇਪੀ ਦੀ ਮੋਦੀ ਸਰਕਾਰ ਨੇ ਅਮਰੀਕਾ ਅੱਗੇ ਗੋਡੇ ਟੇਕ ਦਿੱਤੇ ਹਨ।ਕੇਂਦਰ ਸਰਕਾਰ ਅਮਰੀਕਾ ਨਾਲ ਗੈਰ-ਬਰਾਬਰੀ ਵਾਲਾ ਵਪਾਰਕ ਸਮਝੌਤਾ ਕਰਨ ਜਾ ਰਹੀ ਹੈ, ਜਿਸ ਨਾਲ ਦੇਸ਼ ਦੇ ਖੇਤੀ ਸਮੇਤ ਛੋਟੇ ਧੰਦੇ, ਉਦਯੋਗ ਤੇ ਵਪਾਰ ਤਬਾਹ ਹੋ ਜਾਵੇਗਾ ਤੇ ਵੱਡੇ ਪੱਧਰ 'ਤੇ ਬੇਰੁਜ਼ਗਾਰੀ ਹੋਰ ਵਧੇਗੀ।ਅਮਰੀਕਾ ਤੇ ਇਜ਼ਰਾਈਲ ਵੱਲੋਂ ਹਮਲੇ ਕਰਕੇ ਇਰਾਨ, ਫਲਸਤੀਨ ਤੇ ਲਿਬਨਾਨ ਵਿੱਚ ਕੀਤੇ ਜਾ ਰਹੇ ਨਰਸੰਹਾਰ ਤੇ ਬੱਚਿਆਂ ਦੇ ਕਤਲਾਂ ਦੀ ਮੋਦੀ ਸਰਕਾਰ ਵੱਲੋਂ ਨਿੰਦਾ ਨਾ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਬੁਲਾਰਿਆਂ ਨੇ ਦੋਸ਼ ਲਾਇਆ ਕਿ ਮੋਦੀ ਨੇ ਦੇਸ਼ ਦੀ ਆਜ਼ਾਦ ਵਿਦੇਸ਼ ਨੀਤੀ ਛੱਡ ਕੇ ਭਾਰਤ ਨੂੰ ਅਮਰੀਕਾ ਦਾ ਗੁਲਾਮ ਬਣਾ ਦਿੱਤਾ ਹੈ।ਸਾਮਰਾਜੀ ਜੁੰਡਲੀ ਵੱਲੋਂ ਕੀਤੇ ਜਾ ਰਹੇ ਬੱਚਿਆਂ ਦੇ ਕਤਲਾਂ ਵਿਰੁੱਧ ਇੱਕ ਵੀ ਸ਼ਬਦ ਨਹੀਂ ਬੋਲਿਆ ਗਿਆ।

ਉਨ੍ਹਾਂ ਮੰਗ ਕੀਤੀ ਕਿ ਅਮਰੀਕਾ ਨਾਲ ਕੀਤੇ ਜਾ ਰਹੇ ਵਪਾਰ ਸਮਝੌਤੇ ਦਾ ਸਾਰਾ ਸੱਚ ਪਾਰਲੀਮੈਂਟ ਤੇ ਲੋਕਾਂ ਦੇ ਸਾਹਮਣੇ ਲਿਆਂਦਾ ਜਾਵੇ।ਆਗੂਆਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ 23 ਮਾਰਚ ਨੂੰ ਵੱਧ ਚੜ੍ਹ ਕੇ ਇਸ ਮੁਜ਼ਾਹਰੇ ਵਿੱਚ ਹਿੱਸਾ ਲੈਣ ਤਾਂ ਕਿ ਲੋਕ ਵਿਰੋਧੀ ਨੀਤੀਆਂ ਨੂੰ ਰੋਕਿਆ ਜਾ ਸਕੇ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮੁਲਾਜ਼ਮ ਆਗੂ ਅਮਨਦੀਪ ਸਿੰਘ, ਗਗਨਦੀਪ ਸਿੰਘ, ਰਾਜਵਿੰਦਰ ਸਿੰਘ ਤੇ ਮਜ਼ਦੂਰ ਆਗੂ ਪ੍ਰਕਾਸ਼ ਸਿੰਘ ਹਾਜ਼ਰ ਸਨ।

## ਪੰਜਾਬੀ ਸਾਹਿਤ ਅਕਾਦਮੀ ਵੱਲੋਂ ਪੁਰਸਕਾਰ ਮਿਲਣ 'ਤੇ ਜਿੰਦਰ ਨੂੰ ਵਧਾਈ

**ਲੁਧਿਆਣਾ (ਭਾਟੀਆ, ਕਥੂਰੀਆ)**-ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਮੈਂਬਰਾਂ ਤੇ ਸਮੂਹ ਮੈਂਬਰਾਂ ਵੱਲੋਂ ਅਕਾਦਮੀ ਦੇ ਜੀਵਨ ਮੈਂਬਰ ਤੇ ਪ੍ਰਸਿੱਧ ਕਹਾਣੀਕਾਰ ਸ੍ਰੀ ਜਿੰਦਰ ਦੀ ਪੁਸਤਕ 'ਸੇਫ਼ਟੀ ਕਿੱਟ' ਨੂੰ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਮਿਲਣ 'ਤੇ ਵਧਾਈ ਦਿੱਤੀ ਗਈ।ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਸ੍ਰੀ ਜਿੰਦਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਿੰਦਰ ਪੰਜਾਬੀ ਕਹਾਣੀਕਾਰ, ਰੇਖਾ ਚਿੱਤਰ ਲੇਖਕ ਤੇ ਸ਼ਬਦ ਰਸਾਲੇ ਦੇ ਸੰਪਾਦਕ ਹਨ।ਉਨ੍ਹਾਂ ਕਿਹਾ ਕਿ ਜਿੰਦਰ ਦੀ ਕਲਮ ਦਾ ਸਨਮਾਨ ਹੋਇਆ ਹੈ, ਜੋ ਸਾਰੇ ਲੇਖਕਾਂ ਲਈ ਮਾਣ ਵਾਲੀ ਗੱਲ ਹੈ।ਅਕਾਦਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਜਿੰਦਰ ਨੂੰ ਵਧਾਈ ਦਿੰਦਿਆਂ ਦੱਸਿਆ ਕਿ ਪਿੰਡ ਲੱਧੜਾਂ, ਜ਼ਿਲ੍ਹਾ ਜਲੰਧਰ ਦੇ ਜੰਮਪਲ ਜਿੰਦਰ ਪੰਜਾਬ ਦੇ ਟਰਾਂਸਪੋਰਟ ਵਿਭਾਗ ਵਿੱਚੋਂ ਬਤੌਰ ਆਡੀਟਰ 2012 ਵਿੱਚ ਸੇਵਾਮੁਕਤ ਹੋਏ।ਕਹਾਣੀਕਾਰ ਜਿੰਦਰ ਨੇ ਕਈ ਮੁੱਲਵਾਨ ਰਚਨਾਵਾਂ ਦੀ ਸਿਰਜਣਾ ਕੀਤੀ, ਜਿਸ ਨਾਲ ਉਨ੍ਹਾਂ ਦੇ ਪਾਠਕ ਵਰਗ ਦਾ ਘੇਰਾ ਬਹੁਤ ਵਿਸ਼ਾਲ ਹੈ।ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਸ੍ਰੀ ਜਿੰਦਰ ਨੂੰ ਮੁਬਾਰਕਬਾਦ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੇ ਕਹਾਣੀ ਸੰਗ੍ਰਹਿ ਜ਼ਖਮ, ਤਹਿਜ਼ੀਬ, ਮੇਰੀਆਂ ਚੋਣਵੀਆਂ ਕਹਾਣੀਆਂ, ਆਵਾਜ਼ਾਂ, ਸੇਫ਼ਟੀ ਕਿੱਟ, ਸੰਪਾਦਿਤ ਪੁਸਤਕਾਂ ਅਜੇ ਅੰਤ ਨਹੀਂ, ਅੱਲੇ ਜ਼ਖਮਾਂ ਦੀ ਦਾਸਤਾਨ ਤੋਂ ਇਲਾਵਾ ਕਵਾਸੀ ਰੋਟੀ (ਵਿਅਕਤੀ ਚਿੱਤਰ), ਜੇ ਇਹ ਸੱਚ ਹੈ ਤਾਂ? ਅਤੇ ਰੋਡੂ ਰਾਜਾ ਉਰਫ਼ ਫ਼ਜ਼ਲਦੀਨ (ਰੇਖਾ ਚਿੱਤਰ), ਛੇ ਸੌ ਇਕਵੰਜਾ ਮੀਲ (ਸਫ਼ਰਨਾਮਾ) ਸਮੇਤ ਕਈ ਪੁਸਤਕਾਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ, ਜਿਨ੍ਹਾਂ ਦਾ ਬਿਰਤਾਂਤ ਸਾਹਿਤ ਵਿੱਚ ਵੱਡਾ ਯੋਗਦਾਨ ਹੈ।ਸ੍ਰੀ ਜਿੰਦਰ ਨੂੰ ਵਧਾਈ ਦੇਣ ਵਾਲਿਆਂ ਵਿਚ ਪ੍ਰੋ. ਗੁਰਭਜਨ ਸਿੰਘ ਗਿੱਲ, ਪ੍ਰੋ. ਰਵਿੰਦਰ ਸਿੰਘ ਭੱਠਲ, ਡਾ. ਸੁਖਦੇਵ ਸਿੰਘ ਸਿਰਸਾ, ਡਾ. ਲਖਵਿੰਦਰ ਸਿੰਘ ਜੌਹਲ, ਸ੍ਰੀ ਜਸਪਾਲ ਮਾਨਖੇੜਾ, ਸਹਿਜਪ੍ਰੀਤ ਸਿੰਘ ਮਾਂਗਟ, ਡਾ. ਗੁਰਚਰਨ ਕੌਰ ਕੋਚਰ, ਡਾ. ਅਰਵਿੰਦਰ ਕੌਰ ਕਾਕੜਾ ਤੇ ਸ੍ਰੀਮਤੀ ਸੁਰਿੰਦਰ ਨੀਰ, ਪ੍ਰਬੰਧਕੀ ਬੋਰਡ ਵਿੱਚ ਡਾ. ਹਰੀ ਸਿੰਘ ਜਾਚਕ, ਭੁਪਿੰਦਰ ਸਿੰਘ ਸੰਧੂ, ਸੰਜੀਵਨ ਸਿੰਘ, ਸਿਮਰਜੀਤ ਕੌਰ ਗਿੱਲ, ਤਰਸਪਾਲ ਕੌਰ, ਮਨਜਿੰਦਰ ਸਿੰਘ ਧਨੋਆ, ਪ੍ਰਭਜੋਤ ਸੋਹੀ, ਨਵਤੇਜ ਗੜ੍ਹਦੀਵਾਲਾ, ਡਾ. ਹਰਵਿੰਦਰ ਸਿੰਘ ਸਿਰਸਾ, ਅੰਮੀਆਂ ਕੁੰਵਰ, ਤ੍ਰੈਲੋਚਨ ਲੋਚੀ, ਰਜਿੰਦਰ ਸਿੰਘ ਰਾਜਨ, ਮੱਖਣ ਮਾਨ, ਰੋਜ਼ੀ ਸਿੰਘ ਸ਼ਾਮਲ ਹਨ।

# ਆਈ ਟੀ ਆਈ 'ਚ ਗੇਟ ਰੈਲੀ ਕਰਕੇ ਕੀਤਾ ਰੋਸ ਪ੍ਰਦਰਸ਼ਨ



**ਜਲਾਲਾਬਾਦ (ਜੀਤ ਕੁਮਾਰ)**

ਸਰਕਾਰੀ ਆਈ.ਟੀ. ਆਈਜ ਠੇਕਾ ਮੁਲਾਜ਼ਮ ਯੂਨੀਅਨ ਦੀ ਅਗਵਾਈ ਹੇਠ ਸਰਕਾਰੀ ਆਈ.ਟੀ.ਆਈ. ਵਿਖੇ ਆਈਟੀਆਈ ਇੰਸਟਰਕਟਰਾਂ ਨੇ ਗੇਟ ਰੈਲੀ ਕੱਢੀ, ਜਿਸ ਵਿੱਚ ਅਮਰਜੀਤ ਸਿੰਘ ਠੇਕਾ ਕ੍ਰਮਚਾਰੀ ਨੇ ਰੋਸ ਪ੍ਰਗਟ ਕਰਦਿਆਂ ਸਰਕਾਰ ਵਿਰੁੱਧ ਤਿੱਖੇ ਸਵਾਲ ਕੀਤੇ ਤੇ ਕਿਹਾ ਕਿ ਪਿਛਲੇ 15 ਸਾਲ ਤੋਂ ਵੱਖ-ਵੱਖ ਆਈ ਟੀ ਆਈਜ ਵਿੱਚ ਠੇਕਾ ਅਧਾਰ 'ਤੇ ਬਹੁਤ ਹੀ ਨਿਗੂਣੀ ਤਨਖਾਹ 'ਤੇ ਮੁਲਾਜ਼ਮ ਕੰਮ ਕਰ ਰਹੇ ਹਨ। ਸਰਕਾਰ ਉਨ੍ਹਾਂ ਨਾਲ ਗੱਲਬਾਤ ਕਰਨ ਲਈ ਤਿਆਰ ਨਹੀਂ ਹੈ। ਪੁਰਾਣੀ ਪੈਨਸ਼ਨ ਬਹਾਲੀ ਦੇ ਮੁੱਦੇ 'ਤੇ ਸੁਰਜੀਤ ਸਿੰਘ ਫਿਟਰ ਇੰਸਟਰਕਟਰ ਨੇ ਸਰਕਾਰ ਨੂੰ ਲੰਮੇ ਹੱਥੀ ਲੈਂਦੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਤੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਅਗੁਵਾਈ ਵਾਲੀ ਸਰਕਾਰ, ਮੁਲਾਜ਼ਮਾਂ ਦੀਆਂ ਪੈਨਸ਼ਨਾਂ ਤੇ ਖੋਰਾ ਲਾਇਆ ਹੋਇਆ ਹੈ। ਮਨਜੀਤ ਸਿੰਘ ਪਲੰਬਰ ਇੰਸਟਰਕਟਰ ਨੇ ਕਿਹਾ ਕਿ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਪੰਜਾਬ ਭਰ ਦੇ ਸੂਬੇ ਭਰਦੀਆਂ ਸਮੁੱਚੀਆਂ ਉਦਯੋਗਿਕ ਸਿਖਲਾਈ ਸੰਸਥਾਵਾਂ ਦੇ ਵਿੱਚ ਰੋਸ ਰੈਲੀਆਂ ਕੀਤੀਆਂ ਗਈਆਂ ਤੇ ਮੰਗ ਪੱਤਰ ਭੇਜੇ ਗਏ।

ਕ੍ਰਿਸ਼ਨ ਕੁਮਾਰ ਡਰਾਫਟਮੈਨ ਇੰਸਟਰਕਟਰ, ਦੇਸ ਸਿੰਘ ਵੈਲਡਰ ਇੰਸਟਰਕਟਰ, ਸ੍ਰੀਮਤੀ ਮੀਨੂ ਬਾਲਾ ਮਕੈਨਿਕ ਇਲੈਕਟਰੋਨਿਕਸ ਇੰਸਟਰਕਟਰ, ਗੁਰਵਿੰਦਰ ਸਿੰਘ ਕੋਪਾ ਇੰਸਪੈਕਟਰ, ਗੁਰਪਾਲ ਸਿੰਘ ਪਲੰਬਰ ਇੰਸਟਰਕਟਰ ਅਤੇ ਜਗਦੀਸ਼ ਚੰਦਰ ਇਲੈਕਟਰੀਸ਼ਨ ਇੰਸਪੈਕਟਰ ਤੇ ਗੁਰਲਾਭ ਸਿੰਘ ਇਲੈਕਟਰੀਸ਼ਨ ਇੰਸਟਰਕਟਰ ਸਾਰਿਆਂ ਨੇ ਸਰਕਾਰ ਵਿਰੁੱਧ ਤਿੱਖੇ ਹਮਲੇ ਕਰਦਿਆਂ ਹੋਇਆ ਬਿਨਾਂ ਸ਼ਰਤ ਪੱਕੇ ਕਰਨ ਤੇ ਬੇਸਿਕ ਪੇਅ ਦੇ ਉੱਤੇ ਮਰਜ਼ ਕਰਨ ਦਾ ਸਰਕਾਰ ਨੂੰ ਮੰਗ ਪੱਤਰ ਸੌਂਪਿਆ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਿਰੁੱਧ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਆਈ ਟੀ ਆਈ ਵਿੱਚ ਕੰਮ ਕਰ ਰਹੇ ਠੇਕਾ ਇੰਸਟਰਕਟਰਜ਼ ਵੱਲੋਂ ਪੰਜਾਬ ਸਰਕਾਰ ਵਿਰੁੱਧ ਗੇਟ ਰੈਲੀਆਂ ਕੀਤੀਆਂ ਜਾ ਰਹੀਆਂ ਹਨ ਤੇ 20 ਮਾਰਚ ਨੂੰ ਪੰਜਾਬ ਸਰਕਾਰ ਦੀ ਅਰਥੀ ਫੂਕੀ ਜਾਵੇਗੀ। ਉਨ੍ਹਾਂ ਦੱਸਿਆ ਕਿ ਉਸ 22-12-2025 ਤੋਂ ਮੁੱਖ ਦਫ਼ਤਰ ਚੰਡੀਗੜ੍ਹ ਵਿਖੇ ਪੱਕਾ ਮੋਰਚਾ ਲਾਇਆ ਹੋਇਆ ਹੈ ਅਤੇ 19 ਜਨਵਰੀ ਤੋਂ ਭੁੱਖ ਹੜਤਾਲ ਸ਼ੁਰੂ ਕੀਤੀ ਹੋਈ ਹੈ, ਪ੍ਰੰਤੂ ਸਰਕਾਰ ਵੱਲੋਂ ਕੋਈ ਵੀ ਮੀਟਿੰਗ ਕਰਨੀ ਜ਼ਰੂਰੀ ਨਹੀਂ ਸਮਝੀ। ਜਥੇਬੰਦੀ ਨੇ ਹੁਣ ਪੰਜਾਬ ਸਰਕਾਰ ਵਿਰੁੱਧ ਆਰ-ਪਾਰ ਦੀ ਲੜਾਈ ਲੜਨ ਦਾ ਫੈਸਲਾ ਕਰ ਲਿਆ ਹੈ ਤੇ ਦਿੱਤੇ ਗਏ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਅੱਜ ਪੂਰੇ ਪੰਜਾਬ ਵਿੱਚ ਗੇਟ ਰੈਲੀਆਂ ਸ਼ੁਰੂ ਕੀਤੀਆਂ ਗਈਆਂ ਤੇ 20 ਨੂੰ ਪੰਜਾਬ ਸਰਕਾਰ ਦੀ ਅਰਥੀਆਂ ਸਾੜੀਆਂ ਜਾਣਗੀਆਂ। ਜੇਕਰ ਸਰਕਾਰ ਨਹੀਂ ਮੰਨਦੀ ਤਾਂ ਉਹ 28 ਮਾਰਚ ਨੂੰ ਸੰਗਰੂਰ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕਰਨਗੇ।

## ਕਾਤਰਾਂ

### ਪਲੇਸਮੈਂਟ ਕੈਂਪ ਅੱਜ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਰੋਜ਼ਗਾਰ ਅਫਸਰ ਸ੍ਰੀ ਗੁਰਤੇਜ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ 18 ਮਾਰਚ ਬੁੱਧਵਾਰ ਨੂੰ ਇਕ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ।ਪਲੇਸਮੈਂਟ ਅਫਸਰ ਸ੍ਰੀ ਰਾਜ ਸਿੰਘ ਨੇ ਹੋਰ ਜਾਣਕਾਰੀ ਰਾਹੀਂ ਦੱਸਿਆ ਕਿ ਇਸ ਕੈਂਪ ਵਿੱਚ ਆਈਸੀਆਈਸੀ ਬੈਂਕ ਲਿਮਟਿਡ (ਐੱਨਆਈਆਈਟੀ) ਵੱਲੋਂ ਸੇਲਜ਼ ਅਫ਼ਸਰ ਤੇ ਸੀਨੀਅਰ ਅਫ਼ਸਰ ਲਈ ਇੰਟਰਵਿਊ ਲਿਆ ਜਾਣਾ ਹੈ, ਜਿਸ ਵਿੱਚ 60 ਅਸਾਮੀਆਂ (ਲੜਕੇ ਤੇ ਲੜਕੀਆਂ ਦੋਨੋ) ਲਈ ਗ੍ਰੈਜੂਏਸ਼ਨ ਯੋਗਤਾ ਤੇ ਉਮਰ 25 ਤੋਂ ਘੱਟ ਦੀ ਹੋਣੀ ਲਾਜ਼ਮੀ ਹੈ।ਉਨ੍ਹਾਂ ਦੱਸਿਆ ਕਿ ਪਲੇਸਮੈਂਟ ਕੈਂਪ 18 ਮਾਰਚ ਨੂੰ ਸਵੇਰੇ 10.00 ਵਜੇ ਤੋਂ ਕਮਰਾ ਨੰ. 502 ਚੌਥੀ ਮੰਜ਼ਿਲ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਡੀ ਸੀ ਦਫ਼ਤਰ, ਏ ਬਲਾਕ ਫਾਜ਼ਿਲਕਾ ਵਿਖੇ ਲਗਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪ੍ਰਾਰਥੀ ਕੋਲ ਆਪਣਾ ਰੀਜ਼ਿਊਮ, ਪੜ੍ਹਾਈ ਦੇ ਅਸਲ ਸਰਟੀਫਿਕੇਟ, ਆਧਾਰ ਕਾਰਡ ਅਤੇ ਉਨ੍ਹਾਂ ਦੀ ਇੱਕ ਫੋਟੋ ਹੋਣਾ ਲਾਜ਼ਮੀ ਹੈ।

### ਭਲਕੇ ਸਾੜੇ ਜਾਣਗੇ ਸਰਕਾਰ ਦੇ ਪੁਤਲੇ : ਖੋਸਾ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਦੀ ਪ੍ਰਧਾਨਗੀ ਵਿੱਚ ਗੁਰਦੁਆਰਾ ਪਾਕਾ ਸਾਹਿਬ ਵਿਖੇ ਮੋਗਾ ਦੀ ਸੀਨੀਅਰ ਲੀਡਰਸ਼ਿਪ ਦੀ ਮੀਟਿੰਗ ਹੋਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਪ੍ਰਧਾਨ ਗੁਰਿੰਦਰ ਸਿੰਘ ਭੰਗੂ ਨੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਕਿਸਾਨੀ ਮਸਲਿਆਂ 'ਤੇ ਵਿਚਾਰਾਂ ਕੀਤੀਆਂ ਗਈਆਂ ਤੇ ਅੰਦੋਲਨ ਭਾਗ 1 ਤੇ ਅੰਦੋਲਨ ਭਾਗ 2 ਦੀਆਂ ਰਹਿੰਦੀਆਂ ਮੰਗਾਂ ਬਾਰੇ ਵੀ ਵਿਚਾਰਾਂ ਕੀਤੀਆਂ ਗਈਆਂ। ਪਿਛਲੇ ਸਾਲ ਸ਼ੰਭੂ, ਖਨੌਰੀ, ਰਤਨਪੁਰਾ ਰਾਜਸਥਾਨ ਬਾਰਡਰ ਤੇ 19 ਮਾਰਚ ਨੂੰ ਜੋ ਪੰਜਾਬ ਸਰਕਾਰ ਨੇ ਕਹਿਰ ਅਤੇ ਜਬਰ ਢਾਇਆ ਸੀ, ਉਸ ਦੇ ਵਿਰੋਧ ਵਿੱਚ 19 ਮਾਰਚ ਨੂੰ ਜ਼ਿਲ੍ਹਾ ਹੈੱਡ ਕੁਆਰਟਰ 'ਤੇ 2 ਘੰਟੇ ਰੋਸ ਪ੍ਰਦਰਸ਼ਨ ਕਰਕੇ ਭਗਵੰਤ ਮਾਨ ਸਰਕਾਰ ਦੇ ਪੁਤਲੇ ਫੂਕੇ ਜਾਣਗੇ। ਇਸ ਸਮੇਂ ਹਾਜ਼ਰ ਆਗੂ ਜ਼ਿਲ੍ਹਾ ਮੀਤ ਪ੍ਰਧਾਨ ਗਗਨਦੀਪ ਸਿੰਘ ਡੀਪੀ, ਜ਼ਿਲ੍ਹਾ ਵਿੱਤ ਸਕੱਤਰ ਤੋਤਾ ਸਿੰਘ, ਬਲਾਕ ਪ੍ਰਧਾਨ ਇਕਬਾਲ ਸਿੰਘ, ਇਕਾਈ ਪ੍ਰਧਾਨ ਰਾਮ ਬਖਸ਼ ਸੈਦੋਕੇ, ਮੀਤ ਪ੍ਰਧਾਨ ਨਛੱਤਰ ਸਿੰਘ ਸੈਦੋਕੇ ਆਦਿ ਕਿਸਾਨ ਆਗੂ ਹਾਜ਼ਰ ਸਨ।

### ਨਵਨਿੰਦਰਾ ਬਹਿਲ ਦੇ ਵਿਛੋੜੇ 'ਤੇ ਦੁੱਖ ਦਾ ਪ੍ਰਗਟਾਵਾ

**ਲੁਧਿਆਣਾ (ਪੱਤਰ ਪ੍ਰੇਰਕ)**-ਪੰਜਾਬੀ ਸਾਹਿਤ ਅਕਾਡਮੀ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਮੈਂਬਰਾਂ ਤੇ ਸਮੂਹ ਮੈਂਬਰਾਂ ਵੱਲੋਂ ਡਾ. ਨਵਨਿੰਦਰਾ ਬਹਿਲ ਦੇ ਸਦੀਵੀ ਵਿਛੋੜੇ 'ਤੇ ਡੂੰਘੇ ਦੁੱਖ ਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਗਿਆ। ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਡਾ. ਨਵਨਿੰਦਰਾ ਬਹਿਲ ਦੇ ਦੇਹਾਂਤ 'ਤੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਡਾ. ਨਵਨਿੰਦਰਾ ਬਹਿਲ ਵਰਗੇ ਵਿਰਲੇ ਹੀ ਹੁੰਦੇ ਹਨ, ਜਿਨ੍ਹਾਂ ਦਾ ਆਪਣੇ ਹੁਨਰ ਨਾਲ ਜਨੂੰਨੀ ਤੇ ਪ੍ਰਤੀਬੱਧਤਾ ਵਾਲਾ ਸੰਘਣਾ ਰਿਸ਼ਤਾ ਹੁੰਦਾ ਹੈ। ਅਕਾਡਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਡਾ. ਨਵਨਿੰਦਰਾ ਬਹਿਲ ਬੜੀ ਸ਼ਿੱਦਤ ਨਾਲ ਤਾਉਮਰ ਥੀਏਟਰ ਅਤੇ ਫ਼ਿਲਮ ਜਗਤ ਨੂੰ ਸਮਰਪਿਤ ਰਹੇ। ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਡਾ. ਨਵਨਿੰਦਰਾ ਬਹਿਲ ਦੀ ਸਦੀਵੀ ਵਿਛੋੜੇ 'ਤੇ ਅਫ਼ਸੋਸ ਕਰਦਿਆਂ ਕਿਹਾ ਕਿ ਕੰਮ ਹੀ ਡਾ. ਨਵਨਿੰਦਰਾ ਬਹਿਲ ਦਾ ਜਨੂੰਨ ਹੁੰਦਾ ਸੀ। ਉਨ੍ਹਾਂ ਵੱਲੋਂ ਨਾਟਕਾਂ ਤੇ ਫ਼ਿਲਮਾਂ ਵਿੱਚ ਨਿਭਾਏ ਮਹੱਤਵਪੂਰਨ ਕਿਰਦਾਰ ਹਮੇਸ਼ਾਂ ਯਾਦ ਰੱਖੇ ਜਾਣਗੇ।

## ਕੁਲਬੀਰ ਜ਼ੀਰਾ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਇੱਕ ਕਰਨ 'ਚ ਲੱਗੇ : ਚੋਪੜਾ, ਬਾਂਸਲ

**ਜ਼ੀਰਾ (ਨਰਿੰਦਰ ਅਨੇਜਾ)**-2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਪ ਦੀ ਹਨੇਰੀ ਵਿੱਚ ਵੱਡੇ ਵੱਡੇ ਦਿੱਗਜ਼ ਹਾਰ ਗਏ ਸਨ, ਉਸੇ ਹਨੇਰੀ ਵਿੱਚ ਕਾਂਗਰਸ ਦੀ ਟਿਕਟ ਤੋਂ ਕੁਲਬੀਰ ਸਿੰਘ ਜ਼ੀਰਾ ਨੂੰ ਵੀ ਆਮ ਆਦਮੀ ਪਾਰਟੀ ਦੇ ਨਰੇਸ਼ ਕਟਾਰੀਆ ਤੋਂ ਹਾਰ ਦਾ ਸਾਹਮਣਾ ਵੇਖਣਾ ਪਿਆ ਸੀ। ਲੋਕਾਂ ਦੇ ਮਨਾਂ ਵਿੱਚ ਇਹ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਨਾਲ ਪੰਜਾਬ ਵਿੱਚ ਬਹੁਤ ਵੱਡੇ ਪੱਧਰ 'ਤੇ ਬਦਲਾਵ ਆਵੇਗਾ ਤੇ ਪੰਜਾਬ ਤਰੱਕੀ ਨੂੰ ਛੂਹੇਗਾ, ਪਰ ਬਦਲਾਵ ਕੀ ਹੋਣਾ ਸੀ, ਉਲਟਾ ਹਲਕੇ ਦੇ ਪਿੰਡ ਪਿੰਡ ਸ਼ਹਿਰ ਵਿੱਚ ਨਸ਼ਾ ਵਿਕ ਰਿਹਾ ਹੈ। ਮੁਹੱਲੇ ਵਿੱਚ ਵੀ ਲੋਕ ਦਵਾਈਆਂ ਦੀਆਂ ਦੁਕਾਨਾਂ ਪਾ ਕੇ ਨਸ਼ੇ ਦੀਆਂ ਗੋਲੀਆਂ ਸ਼ਰੇਆਮ ਵੇਚ ਰਹੇ ਹਨ। ਭ੍ਰਿਸ਼ਟਾਚਾਰ ਤੇ ਗੁੰਡਾਗਰਦੀ ਚਰਮ ਸੀਮਾ 'ਤੇ ਹੈ ਤੇ ਨਸ਼ੇ ਨਾਲ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ ਤੇ ਬੱਚਿਆਂ ਦੇ ਮਾਪੇ ਅਨਾਥ ਹੋ ਰਹੇ ਹਨ, ਜਿਸ ਕਾਰਨ ਆਮ ਆਦਮੀ ਪਾਰਟੀ ਤੇ ਉਨ੍ਹਾਂ ਦੇ ਐੱਮ ਐੱਲ ਏ ਨਰੇਸ਼ ਕਟਾਰੀਆਂ ਤੋਂ ਲੋਕਾਂ ਦਾ ਮੋਹ ਭੰਗ ਹੋਣ ਲੱਗ ਪਿਆ ਹੈ, ਜਿਸ ਦੀ ਉਦਾਹਰਨ ਜ਼ੀਰਾ ਹਲਕੇ ਵਿੱਚ ਜ਼ਿਲ੍ਹਾ ਪ੍ਰੀਸ਼ਦ ਚੋਣਾਂ 'ਚ ਦੇਖਣ ਨੂੰ ਮਿਲੀ। ਸਰਕਾਰ ਦੀ ਧੱਕੇਸ਼ਾਹੀ ਦੇ ਬਾਵਜੂਦ 4 ਵਿੱਚੋਂ 2 ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕੁਲਬੀਰ ਜ਼ੀਰਾ ਜਿਤਾਉਣ ਵਿੱਚ ਕਾਮਯਾਬ ਹੋ ਗਏ ਸਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਸੀਨੀਅਰ ਕਾਂਗਰਸੀ ਆਗੂ ਰੋਮੀ ਚੋਪੜਾ ਰੋਹਿਤ ਬਾਂਸਲ ਨੇ ਕਿਹਾ ਕਿ ਕੁਲਬੀਰ ਜ਼ੀਰਾ ਦੀ ਪਾਰਟੀ ਪ੍ਰਤੀ ਮਿਹਨਤ ਨੂੰ ਵੇਖਦਿਆਂ ਦੂਸਰੀ ਵਾਰ ਫਿਰੋਜ਼ਪੁਰ ਜ਼ਿਲ੍ਹੇ ਦਾ ਪ੍ਰਧਾਨ ਬਣਾਇਆ ਗਿਆ ਤੇ ਉਹ ਆਪਣੀ ਜ਼ਿੰਮੇਦਾਰੀ ਨੂੰ ਖੂਬ ਸਮਝਦੇ ਹੋਏ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਕੰਮ ਕਰ ਰਹੇ ਹਨ ਤੇ ਸਰਕਾਰ ਨਾ ਹੋਣ ਦੇ ਬਾਵਜੂਦ ਪਿੰਡਾਂ ਦੇ ਪਿੰਡ ਦੂਜੀਆਂ ਪਾਰਟੀਆਂ ਨੂੰ ਛੱਡ ਕੇ ਕੁਲਬੀਰ ਜ਼ੀਰਾ ਦੇ ਸਮਰਥਨ ਵਿੱਚ ਆ ਰਹੇ ਹਨ।ਕਾਂਗਰਸ ਆਗੂ ਰੋਮੀ ਚੋਪੜਾ ਨੇ ਕਿਹਾ ਕਿ ਅੱਜ ਹਲਕਾ ਜ਼ੀਰਾ ਦੇ ਇਲੈਕਸ਼ਨ ਹੋਣ ਤਾਂ ਦੂਜੀਆਂ ਪਾਰਟੀਆਂ ਦੇ ਉਮੀਦਵਾਰ ਆਪਣੀ ਜਮਾਨਤ ਜ਼ਬਤ ਹੋਣ ਤੋਂ ਵੀ ਨਹੀਂ ਬਚਾ ਸਕਣਗੇ।



# ਅਮਨ ਅਰੋੜਾ ਨੇ ਲੌਂਗੋਵਾਲ ਮਾਈਨਰ ਤੇ ਮੰਡੇਰ ਕਲਾਂ ਸਬ-ਮਾਈਨਰ ਦਾ ਕੀਤਾ ਉਦਘਾਟਨ



**ਲੌਂਗੋਵਾਲ/ਸੁਨਾਮ (ਪ੍ਰਦੀਪ ਸੱਪਲ/ਅਸ਼ੋਕ ਬਾਂਸਲ, ਹਾਕਮ ਸਿੰਘ ਭੱਟੀ)**

ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਲੌਂਗੋਵਾਲ ਤੋਂ ਮੰਡੇਰ ਕਲਾਂ ਰੋਡ (ਸੂਏ ਕੋਲ) ਕਰੀਬ 06 ਕਰੋੜ 55 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਲੌਂਗੋਵਾਲ ਮਾਈਨਰ ਤੇ ਮੰਡੇਰ ਕਲਾਂ ਸਬ ਮਾਈਨਰ ਦਾ ਉਦਘਾਟਨ ਕੀਤਾ ਗਿਆ।ਉਨ੍ਹਾਂ ਵੱਲੋਂ ਸਮਾਜਿਕ ਭਲਾਈ ਦੇ ਤਹਿਤ ਲੋੜਵੰਦ ਤੇ ਦਿਵਿਆਂਗ ਵਿਅਕਤੀਆਂ ਨੂੰ ਟ੍ਰਾਈਸਾਈਕਲਾਂ ਦੀ ਵੰਡ ਵੀ ਕੀਤੀ ਗਈ।

ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਤੀਬਾੜੀ ਨੂੰ ਮਜਬੂਤ ਕਰਨ ਲਈ ਸਿੰਚਾਈ ਪ੍ਰਣਾਲੀ ਨੂੰ ਅਧੁਨਿਕ ਬਣਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਨਹਿਰਾਂ ਤੇ ਮਾਈਨਰਾਂ ਦੀ ਮੁਰੰਮਤ ਅਤੇ ਨਿਰਮਾਣ ਨਾਲ ਕਿਸਾਨਾਂ ਨੂੰ ਖੇਤਾਂ ਤੱਕ ਪਾਣੀ ਦੀ ਸਹੂਲਤ ਸਮੇਂ ਸਿਰ ਮਿਲੇਗੀ, ਜਿਸ ਨਾਲ ਉਨ੍ਹਾਂ ਦੀ ਫ਼ਸਲ ਦੀ ਪੈਦਾਵਾਰ ਵਿੱਚ ਵਾਧਾ ਹੋਵੇਗਾ।ਉਨ੍ਹਾਂ ਕਿਹਾ ਕਿ ਲੌਂਗੋਵਾਲ ਮਾਈਨਰ ਤੇ ਮੰਡੇਰ ਕਲਾਂ ਸਬ ਮਾਈਨਰ ਦੇ ਚਾਲੂ ਹੋਣ ਨਾਲ ਇਲਾਕੇ ਦੇ ਕਈ ਪਿੰਡਾਂ ਦੀ ਖੇਤੀਬਾੜੀ ਜ਼ਮੀਨ ਨੂੰ ਸਿੰਚਾਈ ਲਈ ਪਾਣੀ ਮਿਲੇਗਾ ਤੇ ਕਿਸਾਨਾਂ ਨੂੰ ਵੱਡਾ ਫ਼ਾਇਦਾ ਹੋਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਹੈ ਤੇ ਸਿੰਚਾਈ ਪ੍ਰੋਜੈਕਟਾਂ ਲਈ ਵੱਡੇ ਪੱਧਰ 'ਤੇ ਨਿਵੇਸ਼ ਕੀਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਲੋੜਵੰਦ ਤੇ ਦਿਵਿਆਂਗ ਵਿਅਕਤੀਆਂ ਨੂੰ ਟ੍ਰਾਈਸਾਈਕਲਾਂ ਸੌਂਪਦਿਆਂ ਕਿਹਾ ਕਿ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਸੰਵੇਦਨਸ਼ੀਲ ਹੈ।ਉਨ੍ਹਾਂ ਕਿਹਾ ਕਿ ਅਜਿਹੀਆਂ ਸਹੂਲਤਾਂ ਨਾਲ ਦਿਵਿਆਂਗ ਵਿਅਕਤੀਆਂ ਦੀ ਰੋਜ਼ਾਨਾ ਜ਼ਿੰਦਗੀ ਆਸਾਨ ਬਣਦੀ ਹੈ ਤੇ ਉਹ ਆਪਣੀ ਆਤਮਨਿਰਭਰਤਾ ਨੂੰ ਮਜ਼ਬੂਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੀ ਬੁਨਿਆਦੀ ਢਾਂਚਾਗਤ ਸੁਵਿਧਾਵਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਵਿਕਾਸ ਕਾਰਜ ਕਰਾਏ ਜਾ ਰਹੇ ਹਨ।ਸੜਕਾਂ, ਪੀਣ ਵਾਲੇ ਪਾਣੀ, ਸਿੰਚਾਈ ਤੇ ਹੋਰ ਜ਼ਰੂਰੀ ਸੁਵਿਧਾਵਾਂ ਨੂੰ ਸੁਧਾਰਨ ਲਈ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਫੰਡ ਜਾਰੀ ਕੀਤੇ ਜਾ ਰਹੇ ਹਨ ਤਾਂ ਜੁ ਪਿੰਡਾਂ ਦੇ ਲੋਕਾਂ ਦੀ ਜ਼ਿੰਦਗੀ ਦੇ ਮਿਆਰ ਨੂੰ ਉੱਚਾ ਚੁੱਕਿਆ ਜਾ ਸਕੇ।

## ਅਧਿਆਪਕਾਂ ਦੀ ਸੇਵਾ ਸੁਰੱਖਿਆ ਦੀ ਬਜਾਏ ਪੁਲਸੀਆ ਤਸ਼ੱਦਦ ਵਿਰੁੱਧ ਪੰਜਾਬ ਸਰਕਾਰ ਦੀਆਂ ਅਰਥੀਆਂ ਫੂਕੀਆਂ



**ਮੋਗਾ (ਇਕਬਾਲ ਸਿੰਘ ਖਹਿਰਾ)**

ਸਾਂਝਾ ਅਧਿਆਪਕ ਮੋਰਚਾ ਤੇ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਦਿਗਵਿਜੈਪਾਲ ਸ਼ਰਮਾ, ਹਰਜੰਟ ਸਿੰਘ ਬੌਡੇ, ਇੰਦਰਪਾਲ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਮੋਗਾ ਦੇ ਜ਼ਿਲ੍ਹਾ ਕੰਪਲੈਕਸ ਵਿਖੇ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਸੁਪਰੀਮ ਕੋਰਟ ਰਾਹੀਂ ਟੈੱਟ ਦੀ ਬਿਲਕੁਲ ਬੇਲੋੜੀ, ਗੈਰ ਵਿਧਾਨਿਕ ਸ਼ਰਤ ਜਬਰੀ ਥੋਪਣ, ਪੰਜਾਬ ਸਰਕਾਰ ਵੱਲੋਂ ਬਜਟ ਸੈਸ਼ਨ ਦੌਰਾਨ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਬਿੱਲ ਨਾ ਲਿਆਉਣ, ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਖਲ ਨਾ ਕਰਨ, ਸਿੱਖਿਆ ਵਿਭਾਗ ਵਲੋਂ ਕੁਝ ਵਰਗਾਂ ਨੂੰ ਟੈੱਟ ਤੋਂ ਛੋਟ ਦੇਣ ਦਾ ਪੱਤਰ ਰੱਦ ਕਰਨ, ਸੰਘਰਸ਼ ਦੌਰਾਨ ਜਲ ਤੋਪਾਂ, ਲਾਠੀਚਾਰਜ ਤੇ ਅੱਥਰੂ ਗੈਸ ਦੇ ਗੋਲਿਆਂ ਦੀ ਅੰਨ੍ਹੇਵਾਹ ਵਰਤੋਂ ਕਰਕੇ ਅਧਿਆਪਕਾਂ ਨੂੰ ਜ਼ਖ਼ਮੀ ਕਰਕੇ ਰਾਸ਼ਟਰ ਨਿਰਮਾਤਾ ਅਧਿਆਪਕਾਂ ਦੇ ਮਾਣ-ਸਨਮਾਨ ਨੂੰ ਸੱਟ ਮਾਰਨ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ।ਜਗਵੀਰਨ ਕੌਰ, ਸੁਖਵਿੰਦਰ ਸਿੰਘ ਘੋਲੀਆ, ਜਤਿੰਦਪਲ ਖੋਸਾ, ਅਮਨਦੀਪ ਮਾਛੀਕੇ, ਗੁਰਮੀਤ ਸਿੰਘ ਝੋਰੜਾਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਵਿੱਚ ਅਧਿਆਪਕਾਂ ਦੀ ਕਿਸੇ ਵੀ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਅਧਿਆਪਕਾਂ ਦੇ ਹਰ ਵਰਗ ਤੇ ਪੁਲਸੀਆ ਤਸ਼ੱਦਦ ਹੀ ਕੀਤਾ ਹੈ।ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਲੰਗੜਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਹੁਣ ਤੱਕ ਲਾਗੂ ਨਹੀਂ ਕੀਤੀ ਗਈ, ਤਨਖਾਹ ਦੁਹਰਾਈ ਦੇ ਬਕਾਏ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਤੇ ਜਾਰੀ ਕੀਤੀਆਂ ਕਿਸ਼ਤਾਂ ਦੇ ਬਕਾਏ ਮਿੱਟੀ ਘੱਟੇ ਰਲਾ ਦਿੱਤੇ ਗਏ ਹਨ, ਸੋਧਨ ਦੇ ਨਾਂਅ 'ਤੇ ਬੰਦ ਕੀਤੇ ਸਮੁੱਚੇ ਭੱਤੇ ਬਹਾਲ ਨਹੀਂ ਕੀਤੇ ਜਾ ਰਹੇ, ਤਨਖਾਹ ਕਮਿਸ਼ਨ ਦੀ ਪੂਰੀ ਰਿਪੋਰਟ ਵੀ ਜਾਰੀ ਨਹੀਂ ਕੀਤੀ ਗਈ, ਸਕੂਲਾਂ ਵਿੱਚ ਅਧਿਆਪਕਾਂ ਦੀਆਂ ਤੇ ਸਕੂਲ ਮੁਖੀਆਂ ਦੀਆਂ ਹਜ਼ਾਰਾਂ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਬੇਰੁਜ਼ਗਾਰ ਅਧਿਆਪਕਾਂ ਨੂੰ ਰੁਜ਼ਗਾਰ ਨਹੀਂ ਦਿੱਤਾ ਜਾ ਰਿਹਾ।

# ਦਿਵਿਆਂਗਾਂ ਵੱਲੋਂ ਹੱਕੀ ਮੰਗਾਂ ਦੀ ਪੂਰਤੀ ਲਈ ਸਰਕਾਰ ਅੱਗੇ ਗੁਹਾਰ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਸਥਾਨਕ ਸ਼ਹਿਰ ਵਿਖੇ 'ਹੈਂਡੀਕੈਪਡ ਏਕਤਾ ਵੈੱਲਫ਼ੇਅਰ ਐਸੋਸੀਏਸ਼ਨ' ਦੇ ਬੈਨਰ ਹੇਠ ਸੂਬਾ ਪ੍ਰਧਾਨ ਲਾਭ ਸਿੰਘ ਧੂਰੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਦਿਵਿਆਂਗ ਭਾਈਚਾਰੇ ਨੂੰ ਦਰਪੇਸ਼ ਦਰਪੇਸ਼ ਮੁਸ਼ਕਲਾਂ 'ਤੇ ਗੰਭੀਰ ਚਰਚਾ ਕੀਤੀ ਗਈ। ਬੁਲਾਰਿਆਂ ਨੇ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਸਮੇਂ-ਸਮੇਂ ਦੀਆਂ ਸਰਕਾਰਾਂ ਨੇ ਦਿਵਿਆਂਗਾਂ ਨੂੰ ਸਿਰਫ਼ ਵੋਟ ਬੈਂਕ ਵਜੋਂ ਵਰਤਿਆ ਹੈ, ਜਦਕਿ ਉਨ੍ਹਾਂ ਦੀਆਂ ਬੁਨਿਆਦੀ ਲੋੜਾਂ ਤੇ ਕਾਨੂੰਨੀ ਹੱਕਾਂ ਨੂੰ ਹਮੇਸ਼ਾ ਅੱਖੋਂ-ਓਹਲੇ ਕੀਤਾ ਗਿਆ ਹੈ।ਪ੍ਰਧਾਨ ਲਾਭ ਸਿੰਘ ਧੂਰੀ ਨੇ ਕਿਹਾ ਕਿ ਵਧ ਰਹੀ ਮਹਿੰਗਾਈ ਦੇ ਦੌਰ ਵਿੱਚ ਦਿਵਿਆਂਗਾਂ ਦਾ ਗੁਜ਼ਾਰਾ ਕਰਨਾ ਦੁੱਭਰ ਹੋ ਗਿਆ ਹੈ, ਇਸ ਲਈ ਹਰ ਇੱਕ ਅੰਗਹੀਣ ਵਿਅਕਤੀ ਨੂੰ 5,000 ਰੁਪਏ ਪ੍ਰਤੀ ਮਹੀਨਾ ਗੁਜ਼ਾਰਾ ਭੱਤਾ ਦਿੱਤਾ ਜਾਵੇ।ਆਗੂਆਂ ਨੇ ਸਰਕਾਰੀ ਨੌਕਰੀਆਂ ਵਿੱਚ ਦਿਵਿਆਂਗਾਂ ਨੂੰ ਪਹਿਲ ਦੇਣ ਤੇ ਸਰਕਾਰੀ ਸ਼ਰਾਬ ਦੇ ਠੇਕਿਆਂ ਦੀ ਅਲਾਟਮੈਂਟ ਵਿੱਚ ਵਿਸ਼ੇਸ਼ ਕੋਟਾ ਰਾਖਵਾਂ ਰੱਖਣ ਦੀ ਵਕਾਲਤ ਕੀਤੀ।ਉਨ੍ਹਾਂ ਕਿਹਾ ਕਿ 'ਦਿਵਿਆਂਗ ਭਲਾਈ ਐਕਟ 2016' ਨੂੰ ਮਹਿਜ਼ ਕਾਗਜ਼ਾਂ ਤੱਕ ਸੀਮਤ ਰੱਖਣ ਦੀ ਬਜਾਏ ਜ਼ਮੀਨੀ ਪੱਧਰ 'ਤੇ ਸਖ਼ਤੀ ਨਾਲ ਲਾਗੂ ਕੀਤਾ ਜਾਣਾ ਚਾਹੀਦਾ ਹੈ।ਆਪਣੀਆਂ ਮੰਗਾਂ ਨੂੰ ਵਿਸਥਾਰ ਦਿੰਦਿਆਂ ਪ੍ਰਧਾਨ ਲਾਭ ਸਿੰਘ ਨੇ ਕਿਹਾ ਕਿ ਪ੍ਰਾਈਵੇਟ ਉਦਯੋਗਿਕ ਇਕਾਈਆਂ ਤੇ ਫੈਕਟਰੀਆਂ ਵਿੱਚ ਦਿਵਿਆਂਗਾਂ ਲਈ 5 ਫੀਸਦੀ ਰੁਜ਼ਗਾਰ ਕੋਟਾ ਲਾਜ਼ਮੀ ਕੀਤਾ ਜਾਵੇ। ਇਸ ਤੋਂ ਇਲਾਵਾ ਦਿਵਿਆਂਗਾਂ ਦੇ ਬੱਚਿਆਂ ਲਈ ਮਿਆਰੀ ਸਿੱਖਿਆ ਮੁਫ਼ਤ ਮੁਹੱਈਆ ਕਰਵਾਉਣ, ਘਰੇਲੂ ਬਿਜਲੀ ਦੇ ਬਿੱਲ ਮੁਆਫ਼ ਕਰਨ ਤੇ ਬੇਘਰੇ ਦਿਵਿਆਂਗ ਵਿਅਕਤੀਆਂ ਨੂੰ ਸਰਕਾਰੀ ਸਕੀਮਾਂ ਤਹਿਤ ਮੁਫ਼ਤ ਰਿਹਾਇਸ਼ੀ ਮਕਾਨ ਦੇਣ ਦੀ ਮੰਗ ਵੀ ਉਠਾਈ ਗਈ।ਆਰਥਿਕ ਸਵੈ-ਨਿਰਭਰਤਾ 'ਤੇ ਜ਼ੋਰ ਦਿੰਦਿਆਂ ਐਸੋਸੀਏਸ਼ਨ ਨੇ ਮੰਗ ਕੀਤੀ ਕਿ ਨਵਾਂ ਕਾਰੋਬਾਰ ਸ਼ੁਰੂ ਕਰਨ ਲਈ ਦਿਵਿਆਂਗਾਂ ਨੂੰ ਬਿਨਾਂ ਕਿਸੇ ਸ਼ਰਤ ਜਾਂ ਗਾਰੰਟੀ ਦੇ ਕਰਜ਼ੇ (ਲੋਨ) ਮੁਹੱਈਆ ਕਰਵਾਏ ਜਾਣ।ਇਸ ਦੇ ਨਾਲ ਹੀ ਸਰਕਾਰੀ ਫੰਡਾਂ ਰਾਹੀਂ ਲੋੜਵੰਦਾਂ ਨੂੰ 'ਈ-ਰਿਕਸ਼ਾ' ਵੰਡੇ ਜਾਣ ਤਾਂ ਜੋ ਉਹ ਸਵੈ-ਮਾਣ ਨਾਲ ਆਪਣੀ ਰੋਜ਼ੀ-ਰੋਟੀ ਕਮਾ ਸਕਣ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਇਨ੍ਹਾਂ ਹੱਕੀ ਮੰਗਾਂ ਵੱਲ ਜਲਦ ਧਿਆਨ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

## ਪੁਲਸ ਦੀ ਮੁਸ਼ਤੈਦੀ ਨਾਲ ਟਲ਼ਿਆ ਵੱਡਾ ਹਾਦਸਾ; ਗੈਸ ਲੀਕੇਜ ਦੌਰਾਨ ਜਾਨਾਂ ਜ਼ੋਖਮ 'ਚ ਪਾ ਕੇ ਬਚਾਇਆ ਸ਼ਹਿਰ

### ਐੱਸ ਐੱਸ ਪੀ ਨੇ ਮੁਲਾਜ਼ਮਾਂ ਨੂੰ ਕੀਤਾ ਸਨਮਾਨਤ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਪੰਜਾਬ ਪੁਲਸ ਦੀ ਤੁਰੰਤ ਕਾਰਵਾਈ ਤੇ ਸੂਝਬੂਝ ਸਦਕਾ ਫਰੀਦਕੋਟ ਜ਼ਿਲ੍ਹੇ ਵਿੱਚ ਇੱਕ ਭਿਆਨਕ ਗੈਸ ਲੀਕੇਜ ਹਾਦਸਾ ਹੋਣ ਤੋਂ ਰਹਿ ਗਿਆ।ਐਸ.ਐਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ ਦੀ ਅਗਵਾਈ ਹੇਠ ਪੁਲਸ ਟੀਮਾਂ ਨੇ ਬਿਨਾਂ ਸਮਾਂ ਗੁਆਏ ਸਥਿਤੀ 'ਤੇ ਕਾਬੂ ਪਾਇਆ, ਜਿਸ ਲਈ ਅੱਜ ਵਿਸ਼ੇਸ਼ ਤੌਰ 'ਤੇ ਸੰਬੰਧਤ ਅਧਿਕਾਰੀਆਂ ਤੇ ਗੱਡੀ ਦੇ ਡਰਾਈਵਰ ਨੂੰ ਸਨਮਾਨਤ ਕੀਤਾ ਗਿਆ।ਇਸ ਸੰਬੰਧੀ ਜਦੋਂ ਪੁਲਸ ਨੂੰ ਸੂਚਨਾ ਮਿਲੀ, ਤਾਂ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਨੇ ਖੁਦ ਕਮਾਨ ਸੰਭਾਲੀ।ਉਨ੍ਹਾਂ ਦੇ ਨਿਰਦੇਸ਼ਾਂ 'ਤੇ ਡੀ.ਐਸ.ਪੀ. (ਜੈਤੋ) ਸ੍ਰੀ ਇਕਬਾਲ ਸਿੰਘ ਤੁਰੰਤ ਪੁਲਸ ਫੋਰਸ ਸਮੇਤ ਮੌਕੇ 'ਤੇ ਪਹੁੰਚੇ।ਕਿਸੇ ਵੀ ਜਾਨੀ-ਮਾਲੀ ਨੁਕਸਾਨ ਨੂੰ ਰੋਕਣ ਲਈ ਪੁਲਸ ਨੇ ਤੁਰੰਤ ਘਟਨਾ ਸਥਾਨ ਦੇ 2 ਕਿਲੋਮੀਟਰ ਦੇ ਦਾਇਰੇ ਨੂੰ ਖਾਲੀ ਕਰਵਾਇਆ ਤੇ ਟ੍ਰੈਫਿਕ ਨੂੰ ਦੂਜੇ ਰਸਤਿਆਂ ਵੱਲ ਮੋੜ ਦਿੱਤਾ।ਵਾਇਰਲੈਸ ਸਿਸਟਮ ਰਾਹੀਂ ਕੰਟਰੋਲ ਰੂਮ ਦੀ ਮਦਦ ਨਾਲ ਸੜਕ ਸੁਰੱਖਿਆ ਫੋਰਸ, ਫਾਇਰ ਬ੍ਰਿਗੇਡ ਤੇ ਐਂਬੂਲੈਂਸਾਂ ਨੂੰ ਮੌਕੇ 'ਤੇ ਤਾਇਨਾਤ ਕੀਤਾ ਗਿਆ।ਡੀ.ਐੱਸ.ਪੀ. ਜੈਤੋ ਤੇ ਉਨ੍ਹਾਂ ਦੀ ਟੀਮ ਨੇ ਗੱਡੀ ਦੇ ਡਰਾਈਵਰ ਹਦੀਸ਼ ਅਲੀ ਨਾਲ ਮਿਲ ਕੇ ਲੀਕ ਹੋ ਰਹੇ 40 ਗੈਸ ਸਿਲੰਡਰਾਂ ਦੇ ਵਾਲਵ ਬੰਦ ਕੀਤੇ, ਜਿਸ ਨਾਲ ਇੱਕ ਵੱਡਾ ਧਮਾਕਾ ਹੋਣ ਤੋਂ ਬਚਾਅ ਹੋ ਗਿਆ।ਐਸ.ਐਸ.ਪੀ. ਫਰੀਦਕੋਟ ਨੇ ਇਸ ਮੌਕੇ ਡੀ.ਐੱਸ.ਪੀ. ਇਕਬਾਲ ਸਿੰਘ ਤੇ ਉਨ੍ਹਾਂ ਦੀ ਪੂਰੀ ਟੀਮ ਦੀ ਸ਼ਲਾਘਾ ਕੀਤੀ।ਇਸ ਦੇ ਨਾਲ ਹੀ ਗੱਡੀ ਦੇ ਡਰਾਈਵਰ ਹਦੀਸ਼ ਅਲੀ ਨੂੰ ਉਸ ਦੀ ਦਲੇਰੀ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ, ਜਿਸ ਨੇ ਖਤਰੇ ਦੇ ਬਾਵਜੂਦ ਵਾਲਵ ਬੰਦ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।

# ਦਿੱਲੀ ਰੈਲੀ ਦੀ ਤਿਆਰੀ ਸੰਬੰਧੀ ਸੀ ਪੀ ਐੱਮ ਦਾ ਜਥਾ ਮਾਰਚ ਹਮੀਦੀ ਪਹੁੰਚਿਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**

ਕੇਂਦਰ ਸਰਕਾਰ ਦੀਆਂ ਕਿਸਾਨ, ਮਜ਼ਦੂਰ ਤੇ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ 24 ਮਾਰਚ ਨੂੰ ਦਿੱਲੀ ਵਿੱਚ ਕੀਤੀ ਜਾ ਰਹੀ ਦੇਸ਼ ਪੱਧਰੀ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਸਬੰਧੀ ਸੀ ਪੀ ਆਈ ਐੱਮ ਵੱਲੋਂ ਸ਼ੁਰੂ ਕੀਤਾ ਜਥਾ ਮਾਰਚ ਅੱਜ ਪਿੰਡ ਹਮੀਦੀ (ਬਰਨਾਲਾ) ਵਿਖੇ ਪਹੁੰਚਿਆ।ਇਸ ਮੌਕੇ ਸਾਬਕਾ ਵਿਧਾਇਕ ਚੰਦ ਸਿੰਘ ਚੋਪੜਾ ਦੀ ਅਗਵਾਈ ਹੇਠ ਜਥੇ ਦਾ ਨਿੱਘਾ ਸੁਆਗਤ ਕਰਦਿਆਂ ਵੱਖ-ਵੱਖ ਆਗੂਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੀ ਪੀ ਆਈ ਐੱਮ ਦੇ ਕੇਂਦਰੀ ਸਕੱਤਰੇਤ ਮੈਂਬਰ ਕੇ. ਐੱਨ. ਉਮੇਸ਼ ਨੇ ਕਿਹਾ ਕਿ ਦੇਸ਼ ਦੇ ਮਿਹਨਤਕਸ਼ ਲੋਕਾਂ ਉੱਤੇ ਕੇਂਦਰ ਸਰਕਾਰ ਦੀਆਂ ਮਾਰੂ ਨੀਤੀਆਂ ਦਾ ਬੋਝ ਲਗਾਤਾਰ ਵੱਧ ਰਿਹਾ ਹੈ।ਉਨ੍ਹਾਂ ਕਿਹਾ ਕਿ ਲੇਬਰ ਕੋਡ, ਬਿਜਲੀ ਸੋਧ ਬਿੱਲ ਤੇ ਬੀਜ ਸੋਧ ਬਿੱਲ ਵਰਗੇ ਫੈਸਲੇ ਮਜ਼ਦੂਰਾਂ ਤੇ ਕਿਸਾਨਾਂ ਦੇ ਹੱਕਾਂ ਨੂੰ ਕਮਜ਼ੋਰ ਕਰਨ ਵਾਲੇ ਹਨ।ਉਨ੍ਹਾਂ ਹਰ ਵਰਗ ਨੂੰ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਲਾਮਬੰਦ ਹੋਣ ਦੀ ਅਪੀਲ ਕੀਤੀ। ਸੀ ਪੀ ਆਈ ਐੱਮ ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਇਸ ਜਥਾ ਮਾਰਚ ਦਾ ਮੁੱਖ ਮਕਸਦ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖ਼ਿਲਾਫ਼ ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ ਨੂੰ ਲਾਮਬੰਦ ਕਰਕੇ 24 ਮਾਰਚ ਨੂੰ ਦਿੱਲੀ ਦੇ ਰਾਮਲੀਲ੍ਹਾ ਗਰਾਊਂਡ 'ਚ ਕੀਤੀ ਜਾ ਰਹੀ ਵਿਸ਼ਾਲ ਰੈਲੀ 'ਚ ਸ਼ਮੂਲੀਅਤ ਦਾ ਸੱਦਾ ਦੇਣਾ ਹੈ।ਉਨ੍ਹਾਂ ਦੱਸਿਆ ਕਿ ਇਹ ਜਥਾ 11 ਮਾਰਚ ਨੂੰ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਸੁਰ ਸਿੰਘ ਵਾਲਾ ਤੋਂ ਸ਼ੁਰੂ ਹੋ ਕੇ ਵੱਖ-ਵੱਖ ਜ਼ਿਲ੍ਹਿਆਂ 'ਚ ਪੜਾਅਵਾਰ ਪਹੁੰਚਣ ਉਪਰੰਤ 20 ਮਾਰਚ ਨੂੰ ਖਟਕੜ ਕਲਾਂ ਵਿਖੇ ਪੁੱਜੇਗਾ।ਸੂਬਾ ਸਕੱਤਰੇਤ ਮੈਂਬਰ ਜਤਿੰਦਰਪਾਲ ਸਿੰਘ, ਸਾਬਕਾ ਵਿਧਾਇਕ ਕਾਮਰੇਡ ਚੰਦ ਸਿੰਘ ਚੋਪੜਾ ਨੇ ਸਮੂਹ ਕਿਰਤੀ ਲੋਕਾਂ ਨੂੰ 24 ਮਾਰਚ ਦੀ ਦਿੱਲੀ ਰੈਲੀ 'ਚ ਕਾਫ਼ਲੇ ਬੰਨ ਕੇ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਮਨਰੇਗਾ ਕਨਵੀਨਰ ਪਰਮਜੀਤ ਕੌਰ ਗੁੰਮਟੀ, ਅਮਰ ਸਿੰਘ ਚੋਪੜਾ, ਮੁਕੰਦ ਸਿੰਘ ਬਰਨਾਲਾ, ਜਗਦੀਸ਼ ਸਿੰਘ ਦੀਸ਼ਾ, ਜਗਸੀਰ ਸਿੰਘ ਰਾਣੂ, ਮਾਸਟਰ ਸਰੂਪ ਚੰਦ, ਸਾਧੂ ਸਿੰਘ ਛੀਨੀਵਾਲ, ਸੂਬੇਦਾਰ ਸੁਦਾਗਰ ਸਿੰਘ ਆਦਿ ਆਗੂ ਹਾਜ਼ਰ ਸਨ।

# ਦੇਵ ਸਮਾਜ ਕਾਲਜ ਦੀ ਖੋ-ਖੋ ਟੀਮ ਨੇ ਇੰਟਰ-ਕਾਲਜ ਟੂਰਨਾਮੈਂਟ 'ਚ ਜਿੱਤਿਆ ਚਾਂਦੀ ਦਾ ਤਮਗਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫ਼ਿਰੋਜ਼ਪੁਰ ਦੀ ਖੋ-ਖੋ ਟੀਮ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਪਿਛਲੇ ਦਿਨੀਂ ਆਯੋਜਿਤ ਇੰਟਰ-ਕਾਲਜ ਖੋ-ਖੋ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚਾਂਦੀ ਦਾ ਮੈਡਲ ਹਾਸਲ ਕਰਕੇ ਕਾਲਜ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਟੀਮ ਦੀ ਇਸ ਕਾਮਯਾਬੀ ਨੇ ਵਿਦਿਆਰਥਣਾਂ ਵਿੱਚ ਖੇਡਾਂ ਪ੍ਰਤੀ ਨਵਾਂ ਜੋਸ਼ ਤੇ ਉਤਸ਼ਾਹ ਪੈਦਾ ਕੀਤਾ ਹੈ। ਇਸ ਟੂਰਨਾਮੈਂਟ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨਾਲ ਸੰਬੰਧਤ ਲਗਭਗ 200 ਕਾਲਜਾਂ ਦੀਆਂ ਟੀਮਾਂ ਨੇ ਭਾਗ ਲਿਆ, ਜਿਸ ਕਰਕੇ ਮੁਕਾਬਲਾ ਬੜਾ ਹੀ ਰੋਮਾਂਚਕ ਰਿਹਾ। ਇਸ ਮੁਕਾਬਲੇ ਦੌਰਾਨ ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਦੀ ਟੀਮ ਨੇ ਆਪਣੇ ਸ਼ਾਨਦਾਰ ਟੀਮਵਰਕ, ਫੁਰਤੀ, ਤਕਨੀਕੀ ਕਾਬਲੀਅਤ ਤੇ ਦ੍ਰਿੜ੍ਹ ਨਿਸ਼ਚੇ ਨਾਲ ਇਕ ਤੋਂ ਬਾਅਦ ਇਕ ਮੁਕਾਬਲੇ ਜਿੱਤਦੇ ਹੋਏ ਫਾਈਨਲ ਤੱਕ ਦਾ ਸਫ਼ਰ ਤੈਅ ਕੀਤਾ। ਫਾਈਨਲ ਮੁਕਾਬਲੇ ਦੌਰਾਨ ਵੀ ਕਾਲਜ ਦੀ ਟੀਮ ਨੇ ਕਾਬਿਲ-ਏ-ਤਾਰੀਫ਼ ਪ੍ਰਦਰਸ਼ਨ ਕੀਤਾ ਤੇ ਆਖਰੀ ਪਲਾਂ ਤੱਕ ਮੁਕਾਬਲੇ ਨੂੰ ਬਰਾਬਰੀ 'ਤੇ ਬਣਾਈ ਰੱਖਿਆ। ਹਾਲਾਂਕਿ ਅੰਤ ਵਿੱਚ ਟੀਮ ਸਿਰਫ਼ ਇੱਕ ਅੰਕ ਦੇ ਛੋਟੇ ਜਿਹੇ ਫਰਕ ਨਾਲ ਪਹਿਲਾ ਸਥਾਨ ਹਾਸਲ ਕਰਨ ਤੋਂ ਰਹਿ ਗਈ ਅਤੇ ਦੂਜਾ ਸਥਾਨ ਪ੍ਰਾਪਤ ਕਰਦਿਆਂ ਚਾਂਦੀ ਦਾ ਮੈਡਲ ਜਿੱਤਣ ਵਿੱਚ ਕਾਮਯਾਬ ਰਹੀ। ਇਸ ਤੋਂ ਇਲਾਵਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਇੰਟਰਵਰਸਿਟੀ ਆਲ ਇੰਡੀਆ ਕੋਚਿੰਗ ਕੈਂਪ ਲਈ ਇਨ੍ਹਾਂ ਕਾਲਜ ਵਿਦਿਆਰਥਣਾਂ ਅਰਸ਼ਦੀਪ ਕੌਰ, ਜਸ਼ਨਪ੍ਰੀਤ ਕੌਰ, ਵੀਰਪਾਲ ਕੌਰ, ਅਮਨਦੀਪ ਕੌਰ ਤੇ ਸੰਦੀਪ ਕੌਰ ਦੀ ਸਿਲੈਕਸ਼ਨ (ਚੋਣ) ਕੀਤੀ ਗਈ। ਇਨਾਮ ਵੰਡ ਸਮਾਰੋਹ ਦੌਰਾਨ ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਸਰੀਰਕ ਸਿੱਖਿਆ ਤੇ ਖੇਡ ਵਿਭਾਗ ਦੇ ਮੁਖੀ ਪਲਵਿੰਦਰ ਸਿੰਘ, ਵੇਦ ਪ੍ਰਕਾਸ਼ ਸ਼ਰਮਾ ਸਹਾਇਕ ਪ੍ਰੋਫ਼ੈਸਰ ਤੇ ਡਾ. ਕੁਲਬੀਰ ਸਿੰਘ ਸਹਾਇਕ ਪ੍ਰੋਫ਼ੈਸਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਉਪਲਬੱਧੀਆਂ ਨਾਲ ਵਿਦਿਆਰਥਣਾਂ ਵਿੱਚ ਆਤਮ-ਵਿਸ਼ਵਾਸ ਵਧਦਾ ਹੈ ਤੇ ਉਹ ਭਵਿੱਖ ਵਿਚ ਹੋਰ ਵੱਡੀਆਂ ਕਾਮਯਾਬੀਆਂ ਹਾਸਲ ਕਰਨ ਲਈ ਪ੍ਰੇਰਿਤ ਹੁੰਦੀਆਂ ਹਨ। ਉਨ੍ਹਾਂ ਟੀਮ ਦੀ ਮਿਹਨਤ, ਲਗਨ ਤੇ ਜਜ਼ਬੇ ਦੀ ਖੂਬ ਸਰਾਹਨਾ ਕੀਤੀ।

ਇਸ ਮੌਕੇ ਡਾਇਰੈਕਟੋਰੇਟ ਆਫ਼ ਸਪੋਰਟਸ ਵੱਲੋਂ ਵੀ ਟੀਮ ਦੇ ਸਰਵੋਤਮ ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ ਗਈ ਤੇ ਖਿਡਾਰਣਾਂ ਨੂੰ ਭਵਿੱਖ ਵਿੱਚ ਹੋਰ ਉੱਚੀਆਂ ਉਪਲਬੱਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਕਾਲਜ ਦੇ ਅਧਿਆਪਕਾਂ ਤੇ ਸਟਾਫ਼ ਮੈਂਬਰਾਂ ਨੇ ਵੀ ਖਿਡਾਰਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਇਹ ਉਪਲਬੱਧੀ ਹੋਰ ਵਿਦਿਆਰਥਣਾਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇਗੀ।

## ਤਰਕਸ਼ੀਲ ਆਗੂ ਦੀ ਮ੍ਰਿਤਕ ਦੇਹ ਮੈਡੀਕਲ ਖੋਜ ਕਾਰਜਾਂ ਲਈ ਈ ਐੱਸ ਆਈ ਹਸਪਤਾਲ ਨੂੰ ਭੇਟ



**ਜਗਰਾਉਂ (ਨਛੱਤਰ ਸੰਧੂ)**-ਕੈਨੇਡਾ ਦੀ ਤਰਕਸ਼ੀਲ ਲਹਿਰ ਦੇ ਮੋਢੀ, ਇਨਕਲਾਬੀ ਜਮਹੂਰੀ ਲਹਿਰ ਦੇ ਉੱਘੇ ਸਮਰਥਕ ਬਾਈ ਅਵਤਾਰ ਗਿੱਲ ਦੀ ਮ੍ਰਿਤਕ ਦੇਹ ਪਰਿਵਾਰ ਤੇ ਸੰਗੀ ਸਾਥੀਆਂ ਵੱਲੋਂ ਅੱਜ ਈ ਐੱਸ ਆਈ ਹਸਪਤਾਲ ਲੁਧਿਆਣਾ ਵਿਖੇ ਭੇਟ ਕਰ ਦਿੱਤੀ ਗਈ।ਕੈਨੇਡਾ 'ਚ ਵਸਦੇ ਪਰਿਵਾਰ ਨੇ ਉਨ੍ਹਾਂ ਦੀ ਵਸੀਅਤ ਨੂੰ ਪੁਗਾਉਂਦਿਆਂ ਬਿਨਾਂ ਕਿਸੇ ਧਾਰਮਿਕ ਤੇ ਹੋਰ ਪਿਛਾਂਹ ਖਿੱਚੂ ਰਸਮਾਂ ਤੋਂ ਫੁੱਲਾਂ ਤੇ ਉਨ੍ਹਾਂ ਦੀਆਂ ਤਸਵੀਰਾਂ ਨਾਲ ਸਜੀ ਐਂਬੂਲੈਂਸ 'ਚ ਸਵਾਰ ਕਰ ਇਨਕਲਾਬੀ ਨਾਅਰਿਆਂ ਦੀ ਗੂੰਜ 'ਚ ਰਵਾਨਾ ਕੀਤੀ।ਇਸ ਤੋਂ ਪਹਿਲਾਂ ਉਨ੍ਹਾਂ ਦੀ ਰਿਹਾਇਸ਼ 'ਤੇ ਉਨ੍ਹਾਂ ਦੀ ਦੇਹ 'ਤੇ ਦਰਜਨਾਂ ਜਨਤਕ ਜਥੇਬੰਦੀਆਂ ਨੇ ਫੁੱਲ ਪੱਤੀਆਂ ਤੇ ਝੰਡੇ ਅਰਪਿਤ ਕੀਤੇ।ਇਸ ਸਮੇਂ ਸ਼ਰਧਾਂਜਲੀ ਭੇਟ ਕਰਦਿਆਂ ਤਰਕਸ਼ੀਲ ਸੁਸਾਇਟੀ ਕੈਨੇਡਾ ਦੇ ਆਗੂ ਬਲਦੇਵ ਰਹਿਪਾ, ਪੰਜਾਬ ਦੇ ਆਗੂ ਰਜਿੰਦਰ ਭਦੌੜ, ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ, ਇਨਕਲਾਬੀ ਕੇਂਦਰ ਪੰਜਾਬ ਦੇ ਜਰਨਲ ਸਕੱਤਰ ਕੰਵਲਜੀਤ ਖੰਨਾ, ਜਸਵੰਤ ਜੀਰਖ, ਬਿੱਕਰ ਸਿੰਘ ਬਾਸੀ, ਕੁਲਦੀਪ ਸਰਾਭਾ, ਪਰਿਵਾਰ ਵੱਲੋਂ ਨਿਸ਼ਾਨਦੀਪ, ਗੁਰਸ਼ਾਨ, ਅਮਨਦੀਪ ਕੌਰ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਸਮੇਂ ਪ੍ਰੋ. ਜਗਮੋਹਨ ਸਿੰਘ, ਨਿਰਭੈ ਸਿੰਘ ਦੁੱਡੀਕੇ, ਕਿਸਾਨ ਆਗੂ ਜਗਤਾਰ ਸਿੰਘ ਦੇਹੜਕਾ, ਇੰਦਰਜੀਤ ਸਿੰਘ ਧਾਲੀਵਾਲ, ਸੁਰਜੀਤ ਦੌਧਰ, ਉੱਘੇ ਰੰਗਕਰਮੀ ਸੁਰਿੰਦਰ ਸ਼ਰਮਾ, ਬੂਟਾ ਸਿੰਘ ਮਹਿਮੂਦਪੁਰ, ਸਵਰਨ ਸਿੰਘ ਸੰਗਰੂਰ, ਸੰਤੋਖ ਸਿੰਘ ਢੇਸੀ, ਨਵਤੇਜ ਕੈਲਗਰੀ, ਨਿਰਮਲ ਸਿੰਘ ਸੋਧੀ ਯੂ ਕੇ, ਮੱਖਣ ਸਿੰਘ ਢਿੱਲੋਂ ਲੈਸਟਰ, ਨਰਿੰਦਰ ਮੰਗੂਵਾਲ ਵੈਨਕੂਵਰ, ਗੁਰਸ਼ਰਨ ਸਿੰਘ ਸਰੀ, ਗੁਰਜੀਤ ਰਾਇਸਰ ਐਬਸਫੋਰਡ, ਜਗਮੋਹਨ ਸਿੰਘ ਦੁੱਡੀਕੇ ਆਦਿ ਉੱਘੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

# ਪੰਜਾਬ ਕੋ-ਐਜੂਕੇਸ਼ਨ ਸਕੂਲ 'ਚ ਗ੍ਰੈਜੂਏਸ਼ਨ ਸੈਰੇਮਨੀ ਸਮਾਗ਼ਮ ਸ਼ਾਨੋ-ਸ਼ੌਕਤ ਨਾਲ ਸੰਪੰਨ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਵਿੱਚ ਕਿੰਡਰਗਾਰਟਨ ਗ੍ਰੈਜੂਏਸ਼ਨ ਸੈਰਮਨੀ 2025-26 ਸਮਾਰੋਹ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗ਼ਮ ਵਿੱਚ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਸਮਾਗ਼ਮ ਦੀ ਸ਼ੁਰੂਆਤ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ।ਇਸ ਮੌਕੇ ਸੰਸਥਾ ਦੇ ਬਾਨੀ ਪ੍ਰਿੰਸੀਪਲ ਸ੍ਰ. ਗੁਰਦੇਵ ਸਿੰਘ, ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ, ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ, ਕਿਡਜ਼ੀ ਹੈੱਡ ਮੈਡਮ ਸੁਧਾ ਮਹਿਤਾ, ਮਾਊਂਟ ਇੰਟਰਨੈਸ਼ਨਲ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ, ਹਾਈ ਕੋਆਰਡੀਨੇਟਰ ਮੁਕੇਸ਼ ਅਰੋੜਾ, ਪ੍ਰਾਇਮਰੀ ਕੋਆਰਡੀਨੇਟਰ ਮੈਡਮ ਰੀਚਾ ਵੱਲੋਂ ਸ਼ਮਾ ਰੌਸ਼ਨ ਕਰਕੇ ਪ੍ਰੋਗਰਾਮ ਦਾ ਆਗਾਜ਼ ਕੀਤਾ।ਇਸ ਮੌਕੇ ਬੱਚਿਆਂ ਵੱਲੋਂ ਕਵਿਤਾਵਾਂ, ਭਾਸ਼ਣ, ਡਾਂਸ ਆਦਿ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ।ਸਮਾਗ਼ਮ ਦੌਰਾਨ ਬੱਚਿਆਂ ਤੇ ਮਾਵਾਂ ਲਈ ਗੇਮਜ਼ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਮਾਪਿਆਂ ਨੇ ਵੱਧ ਤੋਂ ਵੱਧ ਹਿੱਸਾ ਲਿਆ ਤੇ ਖੂਬ ਆਨੰਦ ਮਾਣਿਆ।ਇਸ ਮੌਕੇ ਸਕੂਲ ਮੈਨੇਜਮੈਂਟ ਵੱਲੋਂ ਬੱਚਿਆਂ ਨੂੰ ਸਰਟੀਫ਼ਿਕੇਟ ਤੇ ਵਿਸ਼ੇਸ਼ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਸਮਾਗ਼ਮ ਦੌਰਾਨ ਸੰਚਾਲਨ ਦੀ ਭੂਮਿਕਾ ਮੈਡਮ ਨੀਲਮ ਸੋਬਤ ਤੇ ਮੈਡਮ ਪ੍ਰਿਅੰਕਾ ਵੱਲੋਂ ਬੜੇ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਈ ਗਈ, ਜਿਸ ਨਾਲ ਪ੍ਰੋਗਰਾਮ ਬੜੀ ਹੀ ਰਵਾਨੀ ਨਾਲ ਅੱਗੇ ਵੱਧਦਾ ਗਿਆ।ਇਸ ਮੌਕੇ ਸੰਸਥਾ ਦੇ ਬਾਨੀ ਪ੍ਰਿੰਸੀਪਲ ਗੁਰਦੇਵ ਸਿੰਘ ਨੇ ਕਿਹਾ ਕਿ ਬੱਚਿਆਂ ਦੀ ਸਫ਼ਲਤਾ ਦੇ ਪਿੱਛੇ ਮਾਪਿਆਂ ਦਾ ਸਹਿਯੋਗ ਤੇ ਸਕੂਲ ਦੀ ਸੰਯੁਕਤ ਮਿਹਨਤ ਹੁੰਦੀ ਹੈ।ਉਨ੍ਹਾਂ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਸਿੱਖਿਆ ਦੇ ਨਾਲ-ਨਾਲ ਸੰਸਕਾਰ ਵੀ ਬਹੁਤ ਜ਼ਰੂਰੀ ਹਨ। ਉਨ੍ਹਾਂ ਬੱਚਿਆਂ ਨੂੰ ਨਵੀਂ ਸੋਚ ਨਾਲ ਅੱਗੇ ਵੱਧਣ ਤੇ ਸਮਾਜ ਲਈ ਚੰਗੇ ਨਾਗਰਿਕ ਬਣਨ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਨੇ ਬੱਚਿਆਂ ਨੂੰ ਮਿਹਨਤ, ਅਨੁਸ਼ਾਸਨ ਤੇ ਉੱਚੇ ਲਕਸ਼ ਪ੍ਰਾਪਤ ਕਰਨ ਲਈ ਪ੍ਰੇਰਿਆ ਤੇ ਬੱਚਿਆਂ ਦੇ ਚਮਕਦਾਰ ਭਵਿੱਖ ਲਈ ਸ਼ੁਭ-ਕਾਮਨਾਵਾਂ ਦਿੱਤੀਆਂ।ਸਮਾਗ਼ਮ ਦੇ ਅੰਤ ਵਿੱਚ ਕੋਆਰਡੀਨੇਟਰ ਮੈਡਮ ਰਿਚਾ ਨੇ ਹਾਜ਼ਰ ਮਾਪੇ ਅਧਿਆਪਕਾਂ ਦਾ ਦਿਲੋਂ ਧੰਨਵਾਦ ਕੀਤਾ।

## 23 ਦੀ ਬਰਨਾਲਾ ਕਾਨਫਰੰਸ 'ਚ ਸ਼ਾਮਲ ਹੋਣ ਦਾ ਫੈਸਲਾ : ਕਾਲਾਝਾੜ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਕਮੇਟੀ ਮੋਗਾ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋਂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਸੂਬਾ ਕਮੇਟੀ ਮੈਂਬਰ ਜਗਤਾਰ ਸਿੰਘ ਕਾਲਾਝਾੜ, ਸੂਬਾ ਮੀਤ ਪ੍ਰਧਾਨ ਜਨਕ ਰਾਜ ਭਟਾਲ, ਸੰਗਰੂਰ ਸਰਕਲ ਦੇ ਪ੍ਰਧਾਨ ਅਮਰੀਕ ਸਿੰਘ ਗੰਢੂਆ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਆਗੂਆਂ ਨੇ ਦੱਸਿਆ ਕਿ ਅੱਜ ਦੁਨੀਆਂ ਦੀਆਂ ਵੱਡੀਆਂ ਸਾਮਰਾਜੀ ਤਾਕਤਾਂ ਵੱਲੋਂ ਥਾਂ ਥਾਂ 'ਤੇ ਜੰਗਾਂ ਵਿੱਢੀਆਂ ਹੋਈਆਂ ਹਨ। ਇਨ੍ਹਾਂ ਜੰਗਾਂ ਕਰਕੇ ਸੰਸਾਰ ਨੂੰ ਉੱਥਲ ਦੀ ਸਥਿਤੀ ਵਿੱਚ ਧਕਿਆ ਜਾ ਰਿਹਾ ਹੈ। ਅਮਰੀਕਾ ਦੀ ਟਰੰਪ ਸਰਕਾਰ ਵੱਲੋਂ ਵੱਖ-ਵੱਖ ਦੇਸ਼ਾਂ ਦੀਆਂ ਸਰਕਾਰਾਂ ਨਾਲ ਧੱਕੇ ਨਾਲ ਟੈਰਿਫ ਡੀਲ ਕੀਤੀ ਜਾ ਰਹੀ ਹੈ। ਸਾਡੇ ਦੇਸ਼ ਦੀ ਮੋਦੀ ਸਰਕਾਰ ਨੇ ਜੋ ਅਮਰੀਕਾ ਸਰਕਾਰ ਦੇ ਨਾਲ ਟੈਰਿਫ ਡੀਲ ਕੀਤੀ ਹੈ, ਇਸ ਦਾ ਕਿਸਾਨਾਂ 'ਤੇ ਬਹੁਤ ਮਾੜਾ ਪ੍ਰਭਾਵ ਪੈਣਾ ਲਾਜ਼ਮੀ ਹੈ। ਮੋਦੀ ਸਰਕਾਰ ਨੇ ਕਿਸਾਨ ਵਿਰੋਧੀ ਮਜ਼ਦੂਰ ਵਿਰੋਧੀ ਲੋਕ ਵਿਰੋਧੀ ਉਪਾਵਾਂ ਰਾਹੀਂ ਦੇਸ਼ ਦੀ ਪ੍ਰਭੂ ਸੱਤਾ ਅਧਿਕਾਰਾਂ ਨੂੰ ਅਮਰੀਕੀ ਸਾਮਰਾਜ ਦੇ ਹਵਾਲੇ ਕਰ ਦਿੱਤਾ ਹੈ, ਇਸ ਕਰਕੇ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ 23 ਮਾਰਚ ਨੂੰ ਇਨਕਲਾਬੀ ਸ਼ਹੀਦ ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਦਾ 95ਵਾਂ ਸ਼ਹੀਦੀ ਦਿਹਾੜਾ ਸਾਮਰਾਜ ਵਿਰੋਧੀ ਕਾਨਫਰੰਸ ਦੇ ਰੂਪ ਵਿੱਚ ਬਰਨਾਲਾ ਵਿਖੇ ਮਨਾਇਆ ਜਾ ਰਿਹਾ, ਉਸ ਵਿੱਚ ਮੋਗਾ ਜ਼ਿਲ੍ਹੇ ਵਿੱਚੋਂ ਵੱਡੀ ਗਿਣਤੀ ਵਿੱਚ ਕਿਸਾਨ, ਨੌਜਵਾਨ ਤੇ ਭੈਣਾਂ ਸ਼ਾਮਲ ਹੋਣਗੀਆਂ। ਇਸ ਮੀਟਿੰਗ ਵਿੱਚ ਉਪਰੋਕਤ ਤੋਂ ਬਿਨਾਂ ਗੁਰਮੀਤ ਸਿੰਘ ਕਿਸ਼ਨਪੁਰਾ, ਬਲੌਰ ਸਿੰਘ ਘਲਕਲਾਂ, ਕੁਲਦੀਪ ਕੌਰ ਕੁੱਸਾ, ਗੁਰਦੇਵ ਸਿੰਘ ਕਿਸ਼ਨਪੁਰਾ, ਗੁਰਚਰਨ ਸਿੰਘ ਰਾਮਾ, ਜਸਵਿੰਦਰ ਸਿੰਘ ਘਲਕਲਾਂ, ਬੂਟਾ ਸਿੰਘ ਭਾਗੀਕੇ, ਹਰਮੇਲ ਸਿੰਘ ਘਾਲੀ, ਕੇਵਲ ਕ੍ਰਿਸ਼ਨ ਬੱਧਨੀ ਆਦਿ ਸਾਥੀਆਂ ਨੇ ਸੰਬੋਧਨ ਕੀਤਾ।

# ਕੇਂਦਰ ਅਮਰੀਕਾ ਤੇ ਭਾਰਤ ਵਿਚਕਾਰ ਖੇਤੀ, ਡੇਅਰੀ ਸਮਝੌਤਾ ਰੱਦ ਕਰੇ : ਦੌਲਤਪੁਰਾ

**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫਤਰ ਵਿਖੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਦੀ ਯੋਗ ਅਗਵਾਈ ਹੇਠ ਮਹੀਨਾਵਾਰ ਮੀਟਿੰਗ ਹੋਈ, ਜਿਸ ਵਿੱਚ ਸੂਬਾ ਮੀਤ ਪ੍ਰਧਾਨ ਜਰਨੈਲ ਸਿੰਘ ਤਖਾਣਬੱਧ, ਸੂਬਾ ਮੀਤ ਪ੍ਰਧਾਨ ਮੋਹਨ ਸਿੰਘ ਜੀਂਦੜਾਂ, ਐਗਜ਼ੈਕਟਿਵ ਮੈਂਬਰ ਹਰਨੇਕ ਸਿੰਘ ਫਤਿਹਗੜ੍ਹ, ਇਕਬਾਲ ਸਿੰਘ ਗਲੋਟੀ, ਗੁਰਜੰਟ ਸਿੰਘ ਗਗੜਾ, ਸੂਬਾ ਮੀਤ ਪ੍ਰਧਾਨ ਪ੍ਰੀਤਮ ਸਿੰਘ ਬਾਘਾ ਪੁਰਾਣਾ, ਮੰਦਰਜੀਤ ਸਿੰਘ ਮਨਾਵਾਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੀ ਕਾਰਵਾਈ ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ ਨੇ ਚਲਾਈ। ਮੀਟਿੰਗ ਦੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਦੌਰਾਨ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦੇ ਹੋਏ ਕਿਹਾ ਹੈ ਕਿ ਜੋ ਸਾਡੀ ਭਾਰਤ ਸਰਕਾਰ ਨੇ ਅਮਰੀਕਾ ਨਾਲ ਖੇਤੀ ਤੇ ਡੇਅਰੀ ਫਾਰਮਿੰਗ ਨੂੰ ਲੈ ਕੇ ਸਮਝੌਤੇ ਕੀਤੇ ਹਨ, ਉਹ ਬਿਲਕੁਲ ਹੀ ਪੰਜਾਬ ਤੇ ਕਿਸਾਨ ਮਾਰੂ ਸਮਝੌਤੇ ਹਨ, ਕਿਉਂਕਿ ਕੇਂਦਰ ਦੀ ਸਰਕਾਰ ਅਮਰੀਕਾ ਨਾਲ ਹੋਏ ਸਮਝੌਤਿਆਂ ਦੀ ਸਹੀ ਤੇ ਠੋਸ ਜਾਣਕਾਰੀ ਕਿਸਾਨਾਂ ਨੂੰ ਨਹੀਂ ਦੇ ਰਹੀ, ਇਸ ਲਈ ਸਾਨੂੰ ਇਸ ਸਮਝੌਤੇ ਵਿੱਚ ਖਦਸ਼ਾ ਹੈ ਕਿ ਇਹ ਸਮਝੌਤਾ ਪੰਜਾਬ ਤੇ ਕੀ ਸਮੁੱਚੇ ਭਾਰਤ ਦੇ ਕਿਸਾਨਾਂ ਲਈ ਘਾਤਕ ਹੋਵੇਗਾ ਤੇ ਡੇਅਰੀ ਫਾਰਮਿੰਗ ਨੂੰ ਬਿਲਕੁਲ ਖਤਮ ਕਰ ਦੇਵੇਗਾ, ਜਿਸ ਨਾਲ ਕਿਸਾਨ ਆਰਥਿਕ ਪੱਖੋਂ ਬੇਰੁਜ਼ਗਾਰ ਹੋ ਜਾਵੇਗਾ।

ਅਸੀਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਮੰਗ ਕਰਦੇ ਹਾਂ ਕਿ ਭਾਰਤ ਸਰਕਾਰ ਅਮਰੀਕਾ ਨਾਲ ਕੀਤੇ ਹੋਏ ਸਮਝੌਤੇ ਨੂੰ ਤੁਰੰਤ ਰੱਦ ਕਰੇ।ਮੀਟਿੰਗ ਦੌਰਾਨ ਵੱਖ ਵੱਖ ਆਗੂਆਂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਅੰਦਰ ਗੈਸ ਸਿਲੰਡਰ ਦੀ ਕਾਲਾ ਬਜ਼ਾਰੀ ਹੋ ਰਹੀ ਹੈ, ਪਹਿਲਾਂ ਤਾਂ ਸਿਲੰਡਰ ਬੁਕ ਨਹੀਂ ਹੋ ਰਹੇ ਜੇ ਬੁੱਕ ਹੋ ਰਿਹਾ ਹੈ ਤਾਂ ਸਿਲੰਡਰ ਮਿਲ ਨਹੀਂ ਰਹੇ। ਅਸੀਂ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਸਿਲਿੰਡਰਾਂ ਦੀ ਕਾਲਾ ਬਿਹਾਰੀ ਕਰਨ ਵਾਲਿਆਂ 'ਤੇ ਸਖਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਮੋਦਨ ਸਿੰਘ ਨਿਧਾਵਾਲਾ, ਸਵਿੰਦਰ ਸਿੰਘ ਮਾਣੂੰਕੇ, ਮੇਜਰ ਸਿੰਘ ਗਿੱਲ, ਬਲਾਕ ਪ੍ਰਧਾਨ ਗੁਰਮੇਲ ਸਿੰਘ ਡਰੋਲੀ, ਜਸਵੀਰ ਸਿੰਘ ਬੱਧਨੀ, ਬਾਬੂ ਸਿੰਘ, ਸੁਖਦੀਪ ਸਿੰਘ ਰਾਊਕੇ, ਮੇਜਰ ਸਿੰਘ ਡਰੋਲੀ, ਗੁਰਮੇਲ ਸਿੰਘ ਡਗਰੂ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਪ੍ਰਗਟ ਸਿੰਘ ਮਹੇਸ਼ਰੀ ਸਮੇਤ ਵੱਡੀ ਗਿਣਤੀ ਆਗੂ ਹਾਜ਼ਰ ਸਨ।

### ■ ਗੈਸ ਸਿਲੰਡਰ ਦੀ ਹੋ ਰਹੀ ਹੈ ਪੰਜਾਬ 'ਚ ਕਾਲਾਬਜ਼ਾਰੀ



# ਸਰਕਾਰੀ ਅਧਿਆਪਕਾਂ ਦੀਆਂ ਇੱਕ ਪਾਸੇ ਹੀ ਡਿਊਟੀਆਂ ਲਾਈਆਂ ਜਾਣ : ਪੁਆਰੀ, ਸਰਾਭਾ

**ਚੌਕੀਮਾਨ (ਇੰਜੀ ਬਲਬੀਰ ਸਿੰਘ ਮਾਨ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਹਰ ਸਾਲ ਦੀ ਤਰ੍ਹਾਂ ਅੱਠਵੀਂ, ਦਸਵੀਂ ਤੇ ਬਾਰ੍ਹਵੀਂ ਦੀਆਂ ਉੱਤਰ ਪੱਤਰੀਆਂ ਦਾ ਮੁਲਾਂਕਣ ਕਰਨ ਲਈ ਅਧਿਆਪਕਾਂ ਦੀਆਂ ਡਿਊਟੀਆਂ ਲਾਈਆਂ ਗਈਆਂ ਹਨ ਤਾਂ ਜੁ ਬੋਰਡ ਦੀਆਂ ਪ੍ਰੀਖਿਆ ਦਾ ਨਤੀਜਾ ਸਮੇਂ ਘੋਸ਼ਿਤ ਕੀਤਾ ਜਾ ਸਕੇ।ਇਸ ਵਾਰ ਦਸਵੀਂ ਜਮਾਤ ਦੇ ਸਮਾਜਿਕ ਸਿੱਖਿਆ ਵਿਸ਼ੇ ਦੀਆਂ ਉੱਤਰ ਪੱਤਰੀਆਂ ਦਾ ਮੁਲਾਂਕਣ ਆਨਲਾਈਨ ਸਾਫ਼ਟ ਉੱਤਰ ਪੱਤਰੀ ਦੇ ਤੌਰ 'ਤੇ ਕੰਪਿਊਟਰ ਉੱਤੇ ਕੀਤਾ ਜਾਣਾ ਹੈ।ਪਰ ਪੰਜਾਬ ਬੋਰਡ ਵੱਲੋਂ ਅੱਠਵੀਂ ਜਮਾਤ ਦੇ ਮੁਲਾਂਕਣ 'ਚ ਲੱਗੇ ਸਮਾਜਿਕ ਸਿੱਖਿਆ ਵਿਸ਼ੇ ਦੇ ਅਧਿਆਪਕਾਂ ਦੀਆਂ ਡਿਊਟੀਆਂ ਦਸਵੀਂ ਜਮਾਤ ਦੇ ਸਮਾਜਿਕ ਸਿੱਖਿਆ ਵਿਸ਼ੇ ਦੇ ਆਨਲਾਈਨ ਮੁਲਾਂਕਣ ਵਿੱਚ ਵੀ ਲਾ ਦਿੱਤੀਆਂ ਗਈਆਂ ਹਨ, ਜਿਸ ਨਾਲ ਸਮਾਜਿਕ ਸਿੱਖਿਆ ਵਿਸ਼ੇ ਦੀ ਮਾਰਕਿੰਗ ਵੱਡੀ ਗਿਣਤੀ ਵਿੱਚ ਅਧਿਆਪਕਾਂ ਲਈ ਸਿਰਦਰਦੀ ਬਣ ਗਈ ਹੈ।ਟਿੱਪਣੀ ਕਰਦੇ ਹੋਏ ਸਰਕਾਰੀ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਪੁਆਰੀ, ਜਿੰਦਰ ਪਾਇਲਟ, ਪਰਮਿੰਦਰ ਪਾਲ ਸਿੰਘ ਕਾਲੀਆ, ਟਹਿਲ ਸਿੰਘ ਸਰਾਭਾ, ਸੰਜੀਵ ਸ਼ਰਮਾ, ਮਨੀਸ਼ ਸ਼ਰਮਾ, ਬਲਬੀਰ ਸਿੰਘ ਕੰਗ ਆਗੂਆਂ ਵੱਲੋਂ ਕਿਹਾ ਗਿਆ ਕਿ ਸਮਾਜਿਕ ਸਿੱਖਿਆ ਅਧਿਆਪਕਾਂ ਦੀਆਂ ਡਬਲ ਡਿਊਟੀਆਂ ਆਣ ਕਾਰਨ ਅਧਿਆਪਕ ਪ੍ਰੇਸ਼ਾਨ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਅਧਿਆਪਕ ਇਕੋ ਸਮੇਂ ਦੋ ਪਾਸੇ ਹਾਜ਼ਰ ਨਹੀਂ ਹੋ ਸਕਦੇ।ਇਸ ਲਈ ਪੰਜਾਬ ਬੋਰਡ ਤੇ ਸਿੱਖਿਆ ਵਿਭਾਗ ਨੂੰ ਅਧਿਆਪਕਾਂ ਨੂੰ ਇੱਕ ਪਾਸੇ ਡਿਊਟੀ ਤੋਂ ਛੋਟ ਦੇਣੀ ਚਾਹੀਦੀ ਹੈ।ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਅੱਠਵੀਂ ਜਮਾਤ ਦੇ ਸਮਾਜਿਕ ਸਿੱਖਿਆ ਵਿਸ਼ੇ ਦੀਆਂ 200 ਉੱਤਰ-ਪੱਤਰੀਆਂ ਦਾ ਬੰਡਲ ਅਧਿਆਪਕਾਂ ਨੂੰ ਜਾਰੀ ਕਰ ਦਿੱਤਾ ਗਿਆ ਹੈ, ਜਿਸ ਨੂੰ ਖੋਲ੍ਹ ਕੇ ਅਧਿਆਪਕਾਂ ਵੱਲੋਂ ਲਗਭਗ ਅੱਧੇ ਪੇਪਰ ਵੀ ਚੈੱਕ ਕਰ ਲਏ ਹਨ।ਹੁਣ ਬੋਰਡ ਦੀਆਂ ਹਦਾਇਤਾਂ ਅਨੁਸਾਰ ਕੱਲ ਮਿਤੀ 18 ਮਾਰਚ ਤੋਂ ਦਸਵੀਂ ਜਮਾਤ ਦੇ ਸਮਾਜਿਕ ਸਿੱਖਿਆ ਵਿਸ਼ੇ ਦੀ ਆਨਲਾਈਨ ਮਾਰਕਿੰਗ ਕਰਨ ਲਈ ਹਦਾਇਤਾਂ ਵੀ ਜਾਰੀ ਕਰ ਦਿੱਤੀਆਂ ਗਈਆਂ ਹਨ, ਜਿਸ ਨਾਲ ਅਧਿਆਪਕ ਦੁਵਿਧਾ ਵਿੱਚ ਫਸ ਗਏ ਹਨ ਕਿ ਉਹ ਅੱਠਵੀਂ ਜਮਾਤ ਦੀ ਮਾਰਕਿੰਗ ਕਾਰਨ ਜਾਂ ਅੱਠਵੀਂ ਜਮਾਤ ਦੀ ਮਾਰਕਿੰਗ ਵਿਚਾਲੇ ਛੱਡ ਕੇ 10ਵੀਂ ਜਮਾਤ ਦੀ ਆਨਲਾਈਨ ਮਾਰਕਿੰਗ ਕਰਨ।ਜਥੇਬੰਦੀ ਮੰਗ ਕਰਦੀ ਹੈ ਕਿ ਅੱਠਵੀਂ ਜਮਾਤ ਤੇ ਦਸਵੀਂ ਜਮਾਤ ਦੀ ਆਨਲਾਈਨ ਮਾਰਕਿੰਗ ਕਾਰਨ ਪ੍ਰੇਸ਼ਾਨੀਆਂ ਅਧਿਆਪਕਾਂ ਨੂੰ ਰਾਹਤ ਕਰਨ ਲਈ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਜਾਣ।ਇਸ ਤੋਂ ਇਲਾਵਾ ਜਥੇਬੰਦੀ ਮੰਗ ਕਰਦੀ ਹੈ ਕਿ ਬੋਰਡ ਦੀਆਂ ਪ੍ਰੀਖਿਆਵਾਂ ਦੌਰਾਨ ਬਤੌਰ ਅਬਜ਼ਰਵਰ ਲਾਈਆਂ ਜਾਂਦੀਆਂ ਡਿਊਟੀਆਂ ਅਧਿਆਪਕਾਂ ਦੇ ਪਿਤਰੀ ਬਲਾਕਾਂ ਵਿੱਚ ਹੀ ਲਾਈਆਂ ਜਾਣ।



## ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਲਈ ਸਰਕਾਰ ਵਚਨਬੱਧ : ਕਾਕਾ ਬਰਾੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਨਜ਼ਦੀਕੀ ਪਿੰਡ ਰਣਜੀਤਗੜ੍ਹ ਦੀ ਢਾਣੀ ਕਰਤਾਰ ਸਿੰਘ ਵਾਲੇ ਰਾਹ ਨੂੰ ਪੱਕਾ ਕਰਨ ਦਾ ਉਦਘਾਟਨ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਕੀਤਾ ਗਿਆ।ਇਸ ਦੌਰਾਨ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਸੀ ਤੇ ਇਸ ਖੁਸ਼ੀ 'ਤੇ ਲੱਡੂ ਵੰਡ ਕੇ ਵਿਧਾਇਕ ਕਾਕਾ ਬਰਾੜ ਦਾ ਧੰਨਵਾਦ ਕੀਤਾ ਗਿਆ।ਇਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕਿਹਾ ਕਿ ਢਾਣੀ ਕਰਤਾਰ ਸਿੰਘ ਵਾਲੀ ਸੜਕ ਲੰਬੇ ਸਮੇਂ ਤੋਂ ਕੱਚੀ ਸੀ, ਜਿਸ ਵੱਲ ਪਿਛਲੀਆਂ ਅਕਾਲੀ ਦਲ ਤੇ ਕਾਂਗਰਸ ਸਰਕਾਰਾਂ ਨੇ ਧਿਆਨ ਨਹੀਂ ਦਿੱਤਾ।ਵਿਧਾਇਕ ਬਰਾੜ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਲਈ ਵਚਨਬੱਧ ਹੈ ਤੇ ਇਸ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਿਸ਼ੇਸ਼ ਧਿਆਨ ਦੇ ਰਹੀ ਹੈ ਅਤੇ ਪਿੰਡਾਂ ਵਿੱਚ ਸੜਕਾਂ, ਪੀਣ ਵਾਲੇ ਪਾਣੀ ਤੇ ਸੀਵਰੇਜ ਵਰਗੀਆਂ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ ਤੇ ਇਸ ਲਈ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ।ਇਸ ਮੌਕੇ ਪਿੰਡ ਦੇ ਸਰਪੰਚ ਸਤਪਾਲ ਸਿੰਘ ਚੌਧਰੀ, ਸਰਪੰਚ ਦਰਸ਼ਨ ਸਿੰਘ, ਬਲਾਕ ਪ੍ਰਧਾਨ ਸੁਖਜਿੰਦਰ ਸਿੰਘ ਸੁੱਖਾ ਬਰਾੜ ਆਦਿ ਨੇ ਕਿਹਾ ਕਿ ਉਹ ਵਿਧਾਇਕ ਕਾਕਾ ਬਰਾੜ ਦਾ ਹਮੇਸ਼ਾ ਰਿਣੀ ਰਹਿਣਗੇ। ਇਸ ਮੌਕੇ ਲੋਕਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ।ਇਸ ਮੌਕੇ ਸਰਬਜੀਤ ਸਿੰਘ ਸੰਧੂ, ਜਥੇਦਾਰ ਕਰਤਾਰ ਸਿੰਘ, ਗੁਰਪ੍ਰੀਤ ਸਿੰਘ, ਜੀਤ ਸਿੰਘ ਜੋਸ਼ਨ, ਬੂਟਾ ਸਿੰਘ, ਗੁਰਜਿੰਦਰ ਸਿੰਘ, ਮੰਟਾ ਢਿੱਲੋਂ, ਸੰਪੂਰਨ ਚੌਧਰੀ, ਅਮਰਜੀਤ ਸਿੰਘ, ਸੁਖਜਿੰਦਰ ਸਿੰਘ ਬੱਬਲੂ ਬਰਾੜ ਪ੍ਰਧਾਨ ਆਦਿ ਤੋਂ ਇਲਾਵਾ ਮੰਡੀ ਬੋਰਡ ਦੇ ਅਧਿਕਾਰੀ ਹਾਜ਼ਰ ਸਨ।

## ਗਰੀਸ 'ਚ ਮੁੱਕੇ ਨੌਜਵਾਨ ਅਨਿਲ ਦਾ ਜੱਦੀ ਪਿੰਡ 'ਚ ਅੰਤਿਮ ਸੰਸਕਾਰ



**ਜੰਡਿਆਲਾ ਮੰਜਕੀ (ਨ ਜ਼ ਸ)**-ਇਥੋਂ ਨਜ਼ਦੀਕੀ ਪਿੰਡ ਥਾਬਲਕੇ ਦੇ ਪਰਵਾਰ ਦੀ ਪਰਵਰਿਸ਼ ਤੇ ਰੋਜ਼ੀ ਰੋਟੀ ਕਮਾਉਣ ਲਈ ਲੱਗਭੱਗ 10-12 ਸਾਲ ਪਹਿਲਾਂ ਵਿਦੇਸ਼ ਗਰੀਸ ਗਏ ਨੌਜਵਾਨ ਅਨਿਲ ਕੁਮਾਰ (45 ਸਾਲਾ) ਦੀ ਬੀਤੇ 22 ਫਰਵਰੀ ਨੂੰ ਜਦੋਂ ਦਿਲ ਦਾ ਦੌਰਾ ਪੈਣ ਕਾਰਨ ਹੋਈ ਮੌਤ ਦੀ ਖਬਰ ਮਿਲੀ ਤਾਂ ਉਸ ਸਮੇਂ ਪਰਵਾਰ ਤੇ ਪਿੰਡ ਵਿੱਚ ਇਕਦਮ ਸੋਗ ਦੀ ਲਹਿਰ ਫੈਲ ਗਈ। ਮਿਤੀ 17 ਮਾਰਚ ਨੂੰ ਉਸ ਦੀ ਲਾਸ਼ ਜੱਦੀ ਪਿੰਡ ਥਾਬਲਕੇ ਵਿਖੇ ਪਹੁੰਚਣ 'ਤੇ ਉਸ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ।ਅੰਤਿਮ ਸੰਸਕਾਰ ਮੌਕੇ ਸਮੁੱਚੇ ਪਿੰਡ ਵਾਸੀ ਤੇ ਰਿਸ਼ਤੇਦਾਰ ਬਹੁਤ ਹੀ ਗਮਗੀਨ ਸਨ। ਪਰਵਾਰਕ ਮੈਂਬਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਲੰਘੀ 22 ਫਰਵਰੀ ਵਾਲੇ ਦਿਨ ਖਾਣਾ ਖਾ ਕੇ ਸੁੱਤੇ ਇਸ ਨੌਜਵਾਨ ਨੂੰ ਹਾਰਟ ਅਟੈਕ ਆਇਆ ਅਤੇ ਉਸ ਦੇ ਨਜ਼ਦੀਕੀਆਂ ਵੱਲੋਂ ਉਸ ਨੂੰ ਹਸਪਤਾਲ ਲਿਜਾਇਆ ਗਿਆ, ਪ੍ਰੰਤੂ ਉਸ ਦੀ ਮੌਤ ਹੋ ਚੁੱਕੀ ਸੀ।ਮ੍ਰਿਤਕ ਆਪਣੇ ਪਿੱਛੇ ਪਤਨੀ ਆਸ਼ਾ ਰਾਣੀ ਤੇ ਚਾਰ ਸਾਲਾ ਬੇਟੀ ਬਿੰਨੀ ਅਤੇ ਇੱਕ ਛੋਟਾ ਭਰਾ ਅਤੇ ਇੱਕ ਭੈਣ ਜੋ ਵਿਆਹੀ ਹੋਈ ਹੈ, ਨੂੰ ਰੋਂਦਿਆਂ ਕੁਰਲਾਉਂਦਿਆਂ ਛੱਡ ਗਿਆ ਹੈ।ਉਸ ਦੇ ਪਿਤਾ ਰਾਮ ਲਵਾਇਆ ਕੋਰੋਨਾ ਸਮੇਂ ਸਦੀਵੀ ਵਿਛੋੜਾ ਦੇ ਗਿਆ ਸੀ ਤੇ ਮਾਤਾ ਬਿਮਲਾ ਦੇਵੀ ਪਿਛਲੇ ਸਾਲ ਸਦੀਵੀ ਵਿਛੋੜਾ ਦੇ ਗਏ ਸਨ।

# ਮਹਿਲਾ ਐਥਲੀਟਾਂ ਨੇ ਪੇਨਕੈਕ ਸਿਲਾਟ ਚੈਂਪੀਅਨਸ਼ਿਪ 'ਚ ਲਿਆ ਹਿੱਸਾ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ ਵਿਖੇ ਆਲ ਇੰਡੀਆ ਇੰਟਰ-ਯੂਨੀਵਰਸਿਟੀ ਪੇਨਕਾਕ ਸਿਲਾਟ ਮਹਿਲਾ ਚੈਂਪੀਅਨਸ਼ਿਪ (2025-26) ਦਾ ਅਧਿਕਾਰਤ ਤੌਰ 'ਤੇ ਉਦਘਾਟਨ ਕੀਤਾ ਗਿਆ, ਜਿਸ ਵਿੱਚ ਦੇਸ਼ ਭਰ ਦੀਆਂ ਮਹਿਲਾ ਐਥਲੀਟਾਂ ਨੇ ਯੂਨੀਵਰਸਿਟੀ ਪੱਧਰੀ ਮਾਰਸ਼ਲ ਆਰਟਸ ਮੁਕਾਬਲਿਆਂ ਵਿੱਚ ਹਿੱਸਾ ਲਿਆ।ਉਦਘਾਟਨੀ ਸਮਾਰੋਹ ਦੀ ਪ੍ਰਧਾਨਗੀ ਦੇਸ਼ ਭਗਤ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਕੀਤੀ, ਜਿਨ੍ਹਾਂ ਨੇ ਟੀਮ ਅਧਿਕਾਰੀਆਂ, ਤਕਨੀਕੀ ਅਧਿਕਾਰੀਆਂ ਤੇ ਭਾਗੀਦਾਰਾਂ ਦਾ ਨਿੱਘਾ ਸਵਾਗਤ ਕੀਤਾ।ਆਪਣੇ ਸੰਬੋਧਨ 'ਚ ਉਨ੍ਹਾਂ ਨੇ ਖੇਡਾਂ ਵਿੱਚ ਔਰਤਾਂ ਦੀ ਭਾਗੀਦਾਰੀ ਦੇ ਵਧ ਰਹੇ ਮਹੱਤਵ ਨੂੰ ਉਜਾਗਰ ਕੀਤਾ ਤੇ ਖਿਡਾਰੀਆਂ ਨੂੰ ਸਮਰਪਣ ਅਤੇ ਅਨੁਸ਼ਾਸਨ ਨਾਲ ਉੱਤਮਤਾ ਪ੍ਰਾਪਤ ਕਰਨ ਲਈ ਉਤਸ਼ਾਹਤ ਕੀਤਾ।ਚਾਰ ਰੋਜ਼ਾ ਚੈਂਪੀਅਨਸ਼ਿਪ ਵਿੱਚ ਭਾਰਤ ਭਰ ਤੋਂ ਕੁੱਲ 53 ਯੂਨੀਵਰਸਿਟੀ ਟੀਮਾਂ ਹਿੱਸਾ ਲੈ ਰਹੀਆਂ ਹਨ, ਜੋ ਦੇਸ਼ ਭਰ ਵਿੱਚ ਮਹਿਲਾ ਐਥਲੀਟਾਂ ਵਿੱਚ ਪੇਨਕਾਕ ਸਿਲਾਟ ਦੀ ਵਧਦੀ ਪ੍ਰਸਿੱਧੀ ਨੂੰ ਦਰਸਾਉਂਦੀ ਹੈ।ਪ੍ਰੋਗਰਾਮ ਦੀ ਸ਼ੁਰੂਆਤ ਸਾਰੀਆਂ ਭਾਗੀਦਾਰ ਟੀਮਾਂ ਦੁਆਰਾ ਇੱਕ ਸ਼ਾਨਦਾਰ ਮਾਰਚ ਪਾਸਟ ਨਾਲ ਹੋਈ। ਸਮਾਰੋਹ ਵਿੱਚ ਕਈ ਪ੍ਰਸਿੱਧ ਹਸਤੀਆਂ ਨੇ ਸ਼ਿਰਕਤ ਕੀਤੀ, ਜਿਨ੍ਹਾਂ 'ਚ ਗੈਸਟ ਆਫ਼ ਆਨਰ ਬਲਜਿੰਦਰ ਸਿੰਘ ਤੂਰ, ਸਕੱਤਰ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ ਤੇ ਡਾ. ਗੋਪਾਲ ਪ੍ਰਤਾਪ ਸਿੰਘ, ਆਬਜ਼ਰਵਰ, ਐਸੋਸੀਏਸ਼ਨ ਆਫ਼ ਇੰਡੀਅਨ ਯੂਨੀਵਰਸਿਟੀਜ਼ ਸ਼ਾਮਲ ਸਨ। ਕੈਂਪਸ ਦੇ ਡਾਇਰੈਕਟਰ ਡਾ. ਕੁਲਭੂਸ਼ਣ ਸ਼ਰਮਾ, ਵਿਦਿਆਰਥੀ ਭਲਾਈ ਦੇ ਡਾਇਰੈਕਟਰ ਅਰਸ਼ਦੀਪ ਸਿੰਘ ਤੇ ਡੀ.ਬੀ.ਯੂ. ਦੇ ਸਰੀਰਕ ਸਿੱਖਿਆ ਦੇ ਡਾਇਰੈਕਟਰ ਡਾ. ਪ੍ਰਵੀਨ ਕੁਮਾਰ ਸ਼ਾਮਲ ਸਨ।ਚੈਂਪੀਅਨਸ਼ਿਪ ਦੇ ਦੂਜੇ ਦਿਨ ਟੈਂਡਿੰਗ, ਤੁੰਗਲ, ਰੇਗੂ ਤੇ ਗੰਡਾ ਸਮੇਤ ਵੱਖ-ਵੱਖ ਸ਼੍ਰੇਣੀਆਂ ਵਿੱਚ ਤਿੱਖੇ ਮੁਕਾਬਲੇ ਹੋਏ।ਵੱਖ-ਵੱਖ ਯੂਨੀਵਰਸਿਟੀਆਂ ਦੀਆਂ ਮਹਿਲਾ ਐਥਲੀਟਾਂ ਨੇ ਅਸਾਧਾਰਨ ਹੁਨਰ, ਦ੍ਰਿੜਤਾ ਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ, ਜਦੋਂਕਿ ਜਿਊਰੀ ਮੈਂਬਰਾਂ ਨੇ ਨਿਰਪੱਖ ਖੇਡ ਤੇ ਮੁਕਾਬਲੇ ਦੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣ ਲਈ ਹਰੇਕ ਮੁਕਾਬਲੇ ਦੀ ਧਿਆਨ ਨਾਲ ਨਿਗਰਾਨੀ ਕੀਤੀ।



## 20 ਨੂੰ ਫੂਕੀਆਂ ਜਾਣਗੀਆਂ ਪੰਜਾਬ ਸਰਕਾਰ ਦੀਆਂ ਅਰਥੀਆਂ

**ਚੌਂਕੀਮਾਨ (ਇੰਜੀ ਬਲਬੀਰ ਸਿੰਘ ਮਾਨ)**-ਪੰਜਾਬ ਸਰਕਾਰ ਵਿਰੁੱਧ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਆਈ.ਟੀ.ਆਈ 'ਚ ਕੰਮ ਕਰ ਰਹੇ ਠੇਕਾ ਇੰਸਟਰਕਟਰਜ ਵੱਲੋਂ ਪੰਜਾਬ ਸਰਕਾਰ ਵਿਰੁੱਧ ਤਿੰਨ ਦਿਨਾਂ ਲਈ ਗੇਟ ਰੈਲੀਆਂ ਸ਼ੁਰੂ ਕਰ ਦਿੱਤੀਆਂ ਹਨ ਤੇ 20 ਨੂੰ ਪੰਜਾਬ ਸਰਕਾਰ ਦੀ ਅਰਥੀ ਫੂਕੀ ਜਾਵੇਗੀ।ਉਨ੍ਹਾਂ ਦੱਸਿਆ ਕਿ ਉਸ 22-12-2025 ਤੋਂ ਮੁੱਖ ਦਫ਼ਤਰ ਚੰਡੀਗੜ੍ਹ ਵਿਖੇ ਪੱਕਾ ਮੋਰਚਾ ਲਾਇਆ ਹੋਇਆ ਹੈ ਤੇ 19 ਜਨਵਰੀ ਤੋਂ ਭੁੱਖ ਹੜਤਾਲ ਸ਼ੁਰੂ ਕੀਤੀ ਹੋਈ ਹੈ, ਪ੍ਰੰਤੂ ਸਰਕਾਰ ਵੱਲੋਂ ਕੋਈ ਵੀ ਮੀਟਿੰਗ ਕਰਨੀ ਜ਼ਰੂਰੀ ਨਹੀਂ ਸਮਝੀ।ਜਥੇਬੰਦੀ ਨੇ ਹੁਣ ਪੰਜਾਬ ਸਰਕਾਰ ਵਿਰੁੱਧ ਆਰ-ਪਾਰ ਦੀ ਲੜਾਈ ਲੜਨ ਦਾ ਫੈਸਲਾ ਕਰ ਲਿਆ ਹੈ ਤੇ ਦਿੱਤੇ ਗਏ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਪੂਰੇ ਪੰਜਾਬ ਵਿੱਚ ਗੇਟ ਰੈਲੀਆਂ ਸ਼ੁਰੂ ਕੀਤੀਆਂ ਗਈਆਂ ਤੇ 20 ਮਾਰਚ ਨੂੰ ਪੰਜਾਬ ਸਰਕਾਰ ਦੀ ਅਰਥੀਆਂ ਸਾੜੀਆਂ ਜਾਣਗੀਆਂ। ਜੇਕਰ ਸਰਕਾਰ ਕੱਚੇ ਇੰਸਟਰਕਟਰਾਂ ਨੂੰ ਰੈਗੂਲਰ ਆਸਾਮੀਆਂ ਭਰਨ ਤੋਂ ਮੁੱਢਲੀ ਤਨਖ਼ਾਹ ਲਾਗੂ ਕਰਕੇ, ਪਹਿਲਾਂ ਪੱਕੇ ਨਹੀਂ ਕਰਦੀ, ਬਕਾਇਆ ਪਈਆਂ ਫਾਈਲਾਂ ਕਲੀਅਰ ਨਹੀਂ ਕਰਦੀ ਤਾਂ ਉਹ 28 ਮਾਰਚ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੋਠੀ ਦਾ ਘਿਰਾਓ ਕਰਨਗੇ।

## ਕਾਂਗਰਸ ਵੱਲੋਂ ਵਿਧਾਇਕ ਲੱਖਾ ਦੀ ਅਗਵਾਈ 'ਚ ਪਾਇਲ ਵਿਖੇ ਰੋਸ ਧਰਨਾ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹਲਕਾ ਪਾਇਲ ਵਿੱਚ ਸਾਬਕਾ ਵਿਧਾਇਕ ਲੱਖਵੀਰ ਸਿੰਘ ਲੱਖਾਂ ਦੀ ਅਗਵਾਈ ਹੇਠ ਹਲਕੇ ਦੀਆਂ ਔਰਤਾਂ ਤੇ ਸਮੂਹ ਕਾਂਗਰਸੀ ਵਰਕਰਾਂ ਵੱਲੋਂ ਆਮ ਆਦਮੀ ਪਾਰਟੀ ਸਰਕਾਰ ਦੇ ਵਿਰੋਧ ਵਿੱਚ ਹਲਕਾ ਪਾਇਲ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦੇ ਚੋਣ ਦਫ਼ਤਰ ਦਾ ਘਿਰਾਓ ਕਰਕੇ ਵਿਸ਼ਾਲ ਰੋਸ ਧਰਨਾ ਤੇ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੀਆਂ ਮਾਵਾਂ ਤੇ ਧੀਆਂ ਨੂੰ ਹਰ ਮਹੀਨੇ 1000 ਰੁਪਏ ਦੀ ਆਰਥਿਕ ਸਹਾਇਤਾ ਦੇਣ ਦਾ ਵਾਅਦਾ ਕੀਤਾ ਸੀ ਤੇ ਇਹ ਰਕਮ ਅਪ੍ਰੈਲ 2022 ਤੋਂ ਜਾਰੀ ਕਰਨ ਦੀ ਗੱਲ ਕੀਤੀ ਗਈ ਸੀ, ਪ੍ਰੰਤੂ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਇਹ ਸਕੀਮ ਪੂਰੀ ਤਰ੍ਹਾਂ ਲਾਗੂ ਨਹੀਂ ਕੀਤੀ ਗਈ।ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕਰਕੇ ਸੱਤਾ ਹਾਸਲ ਕੀਤੀ ਸੀ, ਪਰ ਹੁਣ ਉਨ੍ਹਾਂ ਵਾਅਦਿਆਂ ਤੋਂ ਪਿੱਛੇ ਹਟ ਰਹੀ ਹੈ।ਉਨ੍ਹਾਂ ਕਿਹਾ ਕਿ ਹਲਕਾ ਪਾਇਲ ਦੀਆਂ ਮਾਵਾਂ ਤੇ ਧੀਆਂ ਆਪਣੇ ਹੱਕਾਂ ਲਈ ਵੱਡੀ ਗਿਣਤੀ ਵਿੱਚ ਇਕੱਠੀਆਂ ਹੋਈਆਂ ਹਨ ਤੇ ਕਾਂਗਰਸ ਪਾਰਟੀ ਹਮੇਸ਼ਾ ਉਨ੍ਹਾਂ ਦੇ ਨਾਲ ਖੜੀ ਰਹੇਗੀ।ਇਸ ਮੌਕੇ ਹੋਰਨਾਂ ਆਗੂਆਂ ਨੇ ਵੀ ਸੰਬੋਧਨ ਕਰਦਿਆਂ ਸਰਕਾਰ ਦੀਆਂ ਨੀਤੀਆਂ ਦੀ ਕੜੀ ਆਲੋਚਨਾ ਕੀਤੀ ਤੇ ਕਿਹਾ ਕਿ ਜੇਕਰ ਮਹਿਲਾਵਾਂ ਨਾਲ ਕੀਤਾ ਵਾਅਦਾ ਜਲਦ ਪੂਰਾ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ, ਮਹਿਲਾ ਕਾਂਗਰਸ ਪ੍ਰਧਾਨ ਸਤਿੰਦਰਦੀਪ ਕੌਰ ਮਾਂਗਟ, ਬਿੱਕਰ ਸਿੰਘ ਚਣਕੋਈਆਂ, ਗਿੱਲ ਬੇਰਕਲਾਂ, ਗੁਰਮੁਖ ਪੰਧੇਰ, ਮੰਦੀਪ ਮਾਂਗਟ ਤੇ ਜੱਸਾ ਰੋੜੀਆਂ ਤੋਂ ਇਲਾਵਾ ਹੋਰ ਕਈ ਕਾਂਗਰਸੀ ਆਗੂਆਂ ਨੇ ਵੀ ਧਰਨੇ ਨੂੰ ਸੰਬੋਧਨ ਕੀਤਾ।

# ਬਾਬਾ ਫ਼ਰੀਦ ਮੈਡੀਕਲ 'ਵਰਸਿਟੀ ਵਿਖੇ ਰੋਬੋਟਿਕ ਮਸ਼ੀਨ ਨਾਲ ਸਰਜਰੀ ਦੀ ਹੋਵੇਗੀ ਟ੍ਰੇਨਿੰਗ

### ■ ਕੈਂਸਰ ਦੇ ਇਲਾਜ ਲਈ ਮਿਲਣਗੀਆਂ ਵਿਸ਼ਵ ਪੱਧਰੀ ਸਹੂਲਤਾਂ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ (ਬੀ ਐੱਫ ਯੂ ਐੱਚ ਐੱਸ) ਨੇ ਮੈਡੀਕਲ ਸਿੱਖਿਆ ਤੇ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਇੱਕ ਨਵਾਂ ਅਧਿਆਏ ਲਿਖਦਿਆਂ ਅਤਿ-ਆਧੁਨਿਕ ਸਹੂਲਤਾਂ ਦਾ ਐਲਾਨ ਕੀਤਾ ਹੈ।ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਦੀ ਅਗਵਾਈ ਹੇਠ ਯੂਨੀਵਰਸਿਟੀ ਹੁਣ ਰੋਬੋਟਿਕ ਸਰਜਰੀ ਦੀ ਸਿਖਲਾਈ ਦੇਣ ਵਾਲਾ ਖੇਤਰ ਦਾ ਮੋਹਰੀ ਸੰਸਥਾਨ ਬਣ ਗਿਆ ਹੈ।ਸੋਮਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਮਾਹਰਾਂ ਨੇ ਦੱਸਿਆ ਕਿ ਯੂਨੀਵਰਸਿਟੀ ਵਿੱਚ ਜਿੱਥੇ ਕੈਂਸਰ ਦੇ ਇਲਾਜ ਲਈ ਨਵੀਂਆਂ ਮਸ਼ੀਨਾਂ ਸਥਾਪਤ ਕੀਤੀਆਂ ਗਈਆਂ ਹਨ, ਉੱਥੇ ਹੀ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਲਈ ਮੁਫ਼ਤ ਕੋਰਸ ਵੀ ਸ਼ੁਰੂ ਕੀਤੇ ਗਏ ਹਨ। ਯੂਰੋਲੋਜੀ ਵਿਭਾਗ ਦੇ ਨੋਡਲ ਅਫ਼ਸਰ ਡਾ. ਸ਼ੌਰਭ ਸਿੰਹਾ ਤੇ ਓਨਕੋਸਰਜਨ ਡਾ. ਰੋਹਿਤ ਜਿੰਦਲ ਨੇ ਦੱਸਿਆ ਕਿ ਆਈ ਸੀ ਆਈ ਸੀ ਆਈ ਫਾਊਂਡੇਸ਼ਨ ਵੱਲੋਂ ਦਾਨ ਕੀਤੀ ਗਈ ਅਤਿ-ਆਧੁਨਿਕ ਰੋਬੋਟਿਕ ਸਰਜਰੀ ਸਿਮੂਲੇਟਰ ਮਸ਼ੀਨ ਸਥਾਪਤ ਕੀਤੀ ਗਈ ਹੈ।ਇਸ 'ਤੇ ਸਰਕਾਰ ਦਾ ਕੋਈ ਖਰਚਾ ਨਹੀਂ ਆਇਆ।ਪੋਸਟ ਗ੍ਰੈਜੂਏਟ ਵਿਦਿਆਰਥੀ ਅਸਲ ਮਰੀਜ਼ ਦਾ ਆਪਰੇਸ਼ਨ ਕਰਨ ਤੋਂ ਪਹਿਲਾਂ ਇਸ ਮਸ਼ੀਨ 'ਤੇ ਅਭਿਆਸ ਕਰ ਸਕਣਗੇ।ਇਸ ਨਾਲ ਸਰਜਰੀ ਦੌਰਾਨ ਜੋਖਮ ਘਟੇਗਾ ਤੇ ਮਰੀਜ਼ ਦੀ ਰਿਕਵਰੀ ਤੇਜ਼ੀ ਨਾਲ ਹੋਵੇਗੀ।ਡਾ. ਰੋਹਿਤ ਜਿੰਦਲ ਅਨੁਸਾਰ ਹੁਣ ਛਾਤੀ, ਫੇਫੜਿਆਂ ਤੇ ਗੁਰਦੇ ਦੇ ਕੈਂਸਰ ਦਾ ਇਲਾਜ ਆਧੁਨਿਕ ਤਕਨੀਕ ਨਾਲ ਹੋ ਰਿਹਾ ਹੈ।ਡਾ. ਜਸਬੀਰ ਕੌਰ ਨੇ ਦੱਸਿਆ ਕਿ 12ਵੀਂ ਪਾਸ ਨੌਜਵਾਨਾਂ ਨੂੰ ਸਿਹਤ ਦੇ ਖੇਤਰ ਵਿੱਚ ਰੁਜ਼ਗਾਰ ਦੇਣ ਲਈ ਫ਼ਰੀਦਕੋਟ ਤੇ ਪਟਿਆਲਾ ਵਿੱਚ ਸਕਿੱਲ ਸੈਂਟਰ ਚੱਲ ਰਹੇ ਹਨ, ਜਦਕਿ ਅੰਮ੍ਰਿਤਸਰ ਤੇ ਧੂਰੀ ਵਿੱਚ ਜਲਦ ਖੁੱਲ੍ਹਣਗੇ।

## ਮੁੱਖ ਮੰਤਰੀ ਵੱਲੋਂ ਸਰਬ ਭਾਰਤੀਯ ਸੇਵਾ ਸੰਮਤੀ ਦੇ ਮਾਨਵਤਾਵਾਦੀ ਕਾਰਜਾਂ ਦੀ ਸ਼ਲਾਘਾ

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਮੁੱਖ ਮੰਤਰੀ ਭਗਵੰਤ ਮਾਨ ਨੇ ਸਿਵਲ ਹਸਪਤਾਲ ਦੀ ਨਵੀਂ ਇਮਾਰਤ ਦੇ ਉਦਘਾਟਨ ਸਮਾਰੋਹ 'ਚ ਵਿਸ਼ੇਸ਼ ਸ਼ਿਰਕਤ ਕੀਤੀ।ਉਨ੍ਹਾਂ ਸਰਬ ਭਾਰਤੀਯ ਸੇਵਾ ਸੰਮਤੀ (ਰਜਿ:) ਵੱਲੋਂ ਹਸਪਤਾਲ ਵਿੱਚ ਨਿਰੰਤਰ ਚਲਾਏ ਜਾ ਰਹੇ ਮੁਫ਼ਤ ਲੰਗਰ ਹਾਲ ਦਾ ਨਿਰੀਖਣ ਕੀਤਾ।ਮੁੱਖ ਮੰਤਰੀ ਨੇ ਸੰਸਥਾ ਵੱਲੋਂ ਨਿਸ਼ਕਾਮ ਭਾਵਨਾ ਨਾਲ ਕੀਤੀ ਜਾ ਰਹੀ ਲੋਕ ਸੇਵਾ ਨੂੰ ਦੇਖਦਿਆਂ ਉਨ੍ਹਾਂ ਦੇ ਉਪਰਾਲਿਆਂ ਦੀ ਭਰਪੂਰ ਪ੍ਰਸੰਸਾ ਕੀਤੀ ਤੇ ਕਿਹਾ ਕਿ ਅਜਿਹੀਆਂ ਸਮਾਜ ਸੇਵੀ ਸੰਸਥਾਵਾਂ ਸਰਕਾਰ ਦੇ ਯਤਨਾਂ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਦੀਆਂ ਹਨ।ਸੰਸਥਾ ਦੇ ਪ੍ਰਧਾਨ ਰਾਕੇਸ਼ ਕੁਮਾਰ ਗਰਗ, ਗੂ ਪਿਆਰ ਚੰਦ ਸੰਖਿਆਨ ਤੇ ਸੁਖਵਿੰਦਰ ਸਿੰਘ ਕਾਂਝਲਾ ਨੇ ਮੁੱਖ ਮੰਤਰੀ ਨੂੰ ਸੰਸਥਾ ਦੀਆਂ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਇਹ ਸੰਸਥਾ ਪਿਛਲੇ ਲੰਮੇ ਸਮੇਂ ਤੋਂ ਮਾਨਵਤਾ ਦੀ ਸੇਵਾ ਨੂੰ ਸਮਰਪਤ ਹੈ ਤੇ ਹਸਪਤਾਲ ਵਿੱਚ ਇਲਾਜ ਅਧੀਨ ਮਰੀਜ਼ਾਂ ਦੀ ਸਹੂਲਤ ਲਈ ਹਰ ਸੰਭਵ ਯਤਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਸੰਸਥਾ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਹਸਪਤਾਲ ਆਉਣ ਵਾਲਾ ਕੋਈ ਵੀ ਲੋੜਵੰਦ ਵਿਅਕਤੀ ਭੁੱਖਾ ਨਾ ਰਹੇ।ਮੁੱਖ ਮੰਤਰੀ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ।ਉਨ੍ਹਾਂ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਸਿਹਤ ਸਹੂਲਤਾਂ ਵਿੱਚ ਸੁਧਾਰ ਲਈ ਵਚਨਬੱਧ ਹੈ, ਉੱਥੇ ਹੀ ਸਰਬ ਭਾਰਤੀਯ ਸੇਵਾ ਸੰਮਤੀ ਵਰਗੀਆਂ ਸੰਸਥਾਵਾਂ ਸਮਾਜਿਕ ਜ਼ਿੰਮੇਵਾਰੀ ਨਿਭਾਉਂਦੇ ਹੋਏ ਇੱਕ ਮਿਸਾਲ ਪੈਦਾ ਕਰ ਰਹੀਆਂ ਹਨ।

## ਗੈਸ ਸਿਲੰਡਰ ਵੰਡ ਦਾ ਖ਼ੁਰਾਕ ਸਪਲਾਈ ਵਿਭਾਗ ਵੱਲੋਂ ਨਿਰੀਖਣ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਖੁਰਾਕ ਸਪਲਾਈ ਵਿਭਾਗ ਮਾਛੀਵਾੜਾ ਸਾਹਿਬ ਵੱਲੋਂ ਜ਼ਿਲ੍ਹਾ ਕੰਟਰੋਲਰ ਈਸਟ ਲਖਵੀਰ ਸਿੰਘ ਦੀਆਂ ਹਦਾਇਤਾਂ 'ਤੇ ਗੈਸ ਏਜੰਸੀਆਂ ਤੇ ਗੋਦਾਮਾਂ ਵਿੱਚ ਜਾ ਕੇ ਸਿਲੰਡਰਾਂ ਦੀ ਵੰਡ ਸਬੰਧੀ ਜਾਂਚ ਕੀਤੀ ਗਈ। ਇਸ ਮੌਕੇ ਸਹਾਇਕ ਖੁਰਾਕ ਸਪਲਾਈ ਅਫ਼ਸਰ ਬਲਰਾਜ ਸਿੰਘ, ਨਿਰੀਖਕ ਅਮਰਿੰਦਰ ਸਿੰਘ ਹੈਪੀ ਤੇ ਨਿਰੀਖਕ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਗੈਸ ਏਜੰਸੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਨਿਯਮਾਂ ਅਨੁਸਾਰ ਸਿਲੰਡਰਾਂ ਦੀ ਵੰਡ ਕਰਨ ਤਾਂ ਜੋ ਖਪਤਕਾਰਾਂ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਕਿਹਾ ਕਿ ਲੋਕ ਘਬਰਾਉਣ ਨਾ, ਕਿਉਂਕਿ ਸਰਕਾਰ ਕੋਲ ਗੈਸ ਸਪਲਾਈ ਦੇ ਪੁਖਤਾ ਪ੍ਰਬੰਧ ਹਨ ਤੇ ਨਿਯਮਾਂ ਅਨੁਸਾਰ ਲੋਕਾਂ ਦੇ ਘਰਾਂ ਵਿੱਚ ਇਸ ਦੀ ਸਪਲਾਈ ਜਾਵੇਗੀ। ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਜੇਕਰ ਕਿਸੇ ਵੀ ਵਿਅਕਤੀ ਨੇ ਗੈਸ ਸਿਲੰਡਰਾਂ ਦੀ ਜਮ੍ਹਾਂਖੋਰੀ ਕੀਤੀ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਕਪੂਰ ਚੰਦ ਬਾਂਸਲ ਲੋਕ ਅਦਾਲਤ ਕਮੇਟੀ ਦੇ ਮੈਂਬਰ ਨਿਯੁਕਤ



**ਸਮਾਣਾ (ਇਕਬਾਲ ਸਿੰਘ ਬੱਲ)**-ਕਾਨੂੰਨੀ ਸੇਵਾਵਾਂ ਅਥਾਰਟੀ ਜ਼ਿਲ੍ਹਾ ਪਟਿਆਲਾ ਦੇ ਚੇਅਰਮੈਨ-ਕਮ-ਸੈਸ਼ਨ ਜੱਜ ਪਟਿਆਲਾ ਸ੍ਰੀ ਅਵਤਾਰ ਸਿੰਘ ਤੇ ਕਾਨੂੰਨੀ ਸੇਵਾਵਾਂ ਅਥਾਰਟੀ ਜ਼ਿਲ੍ਹਾ ਪਟਿਆਲਾ ਤੇ ਸੈਕਟਰੀ ਕੰਮ ਸੀ ਜੇ ਐੱਮ (ਐੱਮ ਐੱਸ) ਅਮਨਦੀਪ ਕੰਬੋਜ ਵੱਲੋਂ ਸਮਾਣਾ ਨਗਰ ਕੌਂਸਲ ਸਮਾਣਾ ਦੇ ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ ਨੂੰ ਲੋਕ ਅਦਾਲਤ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਹੈ।ਇਹ ਜਾਣਕਾਰੀ ਬਾਰ ਐਸੋਸੀਏਸ਼ਨ ਸਮਾਣਾ ਤੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਦਿੰਦਿਆਂ ਦੱਸਿਆ ਕਿ ਕਾਨੂੰਨੀ ਸੇਵਾਵਾਂ ਅਥੋਰਟੀ ਵੱਲੋਂ ਸਮਾਜ ਸੇਵਕਾਂ ਵਿੱਚੋਂ ਲੋਕ ਅਦਾਲਤ ਕਮੇਟੀ ਦੇ ਮੈਂਬਰ ਚੁਣੇ ਜਾਂਦੇ ਹਨ।ਸ੍ਰੀ ਕਪੂਰ ਕਪੂਰ ਚੰਦ ਬਾਂਸਲ ਸਮਾਣਾ ਤੇ ਸਿਰਕੱਢ ਸਮਾਜ ਸੇਵਕਾਂ ਵਿੱਚੋਂ ਉੱਚ ਦਰਜੇ ਦੇ ਸਮਾਜ ਸੇਵਕ ਹਨ, ਜਿਨ੍ਹਾਂ ਦੀਆਂ ਸਮਾਜ ਪ੍ਰਤੀ ਸੇਵਾਵਾਂ ਨੂੰ ਵੇਖਦਿਆਂ ਕਾਨੂੰਨੀ ਸੇਵਾਵਾਂ ਅਥਾਰਟੀ ਜ਼ਿਲ੍ਹਾ ਪਟਿਆਲਾ ਵੱਲੋਂ ਉਨ੍ਹਾਂ ਨੂੰ ਲੋਕ ਅਦਾਲਤ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਹੈ, ਜੋ ਹੁਣ ਆਪਣੀਆਂ ਸੇਵਾਵਾਂ ਲੋਕ ਅਦਾਲਤ ਕਮੇਟੀ ਰਾਹੀਂ ਕਾਨੂੰਨੀ ਸੇਵਾਵਾਂ ਅਥੋਰਟੀ ਨੂੰ ਸਮਰਪਣ ਕਰਨਗੇ। ਇਸ ਮੌਕੇ ਕਪੂਰ ਚੰਦ ਬਾਂਸਲ ਨੇ ਕਾਨੂੰਨੀ ਸੇਵਾਵਾਂ ਅਥੌਰਟੀ ਜ਼ਿਲ੍ਹਾ ਪਟਿਆਲਾ ਦੇ ਚੇਅਰਮੈਨ-ਕਮ-ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਅਵਤਾਰ ਸਿੰਘ ਕਾਨੂੰਨੀ ਸੇਵਾਵਾਂ ਅਥਾਰਟੀ ਜ਼ਿਲ੍ਹਾ ਪਟਿਆਲਾ ਦੇ ਸੈਕਟਰੀ-ਕਮ-ਸੀ ਜੇ ਐੱਮ (ਐੱਮ ਐੱਸ) ਅਮਨਦੀਪ ਕੰਬੋਜ ਅਤੇ ਬਾਰ ਐਸੋਸੀਏਸ਼ਨ ਸਮਾਣਾ ਤੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ, ਬਾਰ ਅਹੁਦੇਦਾਰਾਂ ਤੇ ਬਾਰ ਮੈਂਬਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।

## ਸਾਮਰਾਜਵਾਦ ਵਿਰੋਧੀ ਦਿਵਸ ਵਜੋਂ ਮਨਾਉਣ ਦਾ ਐਲਾਨ, ਜ਼ਿਲ੍ਹੇ 'ਚ ਹੋਣਗੇ ਵੱਡੇ ਪ੍ਰਦਰਸ਼ਨ



**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**-ਸੰਯੁਕਤ ਕਿਸਾਨ ਮੋਰਚਾ, ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ, ਬਿਜਲੀ ਮੁਲਾਜ਼ਮ ਜਥੇਬੰਦੀਆਂ ਤੇ ਮਜ਼ਦੂਰ ਜਥੇਬੰਦੀਆਂ ਦੀ ਅਹਿਮ ਸਾਂਝੀ ਮੀਟਿੰਗ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਵਿਖੇ ਦਰਸ਼ਨ ਸਿੰਘ ਬੇਲੂਮਾਜਰਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਆਗੂਆਂ ਨੇ 23 ਮਾਰਚ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਇਸ ਦਿਨ ਨੂੰ ਸਾਮਰਾਜਵਾਦ ਵਿਰੋਧੀ ਦਿਵਸ ਵਜੋਂ ਮਨਾਉਣ ਦਾ ਫੈਸਲਾ ਕੀਤਾ।ਆਗੂਆਂ ਨੇ ਕਿਹਾ ਕਿ ਸ਼ਹੀਦਾਂ ਨੇ ਜਿਸ ਆਜ਼ਾਦ ਤੇ ਬਰਾਬਰੀ ਵਾਲੇ ਦੇਸ਼ ਦਾ ਸੁਪਨਾ ਦੇਖਿਆ ਸੀ, ਅੱਜ ਦੀਆਂ ਹਕੂਮਤਾਂ ਉਸ ਦੇ ਉਲਟ ਚੱਲ ਰਹੀਆਂ ਹਨ। ਕੇਂਦਰ ਸਰਕਾਰ ਸਾਮਰਾਜੀ ਮੁਲਕਾਂ ਦੇ ਦਬਾਅ ਹੇਠ ਦੇਸ਼ ਦੇ ਕਿਰਤੀ ਲੋਕਾਂ ਦੇ ਹਿੱਤ ਵੇਚ ਕੇ ਕਾਰਪੋਰੇਟ ਘਰਾਣਿਆਂ ਅਤੇ ਵਿਦੇਸ਼ੀ ਤਾਕਤਾਂ ਨੂੰ ਲਾਹਾ ਦੇਣ ਵਾਲੇ ਲੋਕ-ਵਿਰੋਧੀ ਕਾਨੂੰਨ ਬਣਾ ਰਹੀ ਹੈ।ਤਹਿਸੀਲ ਪੱਧਰ 'ਤੇ ਕੀਤੇ ਜਾਣ ਵਾਲੇ ਇਹਨਾਂ ਰੋਸ ਪ੍ਰਦਰਸ਼ਨਾਂ 'ਚ ਭਾਰਤ-ਅਮਰੀਕਾ ਮੁਫ਼ਤ ਵਪਾਰ ਸਮਝੌਤੇ ਦਾ ਵਿਰੋਧ, ਬਿਜਲੀ ਸੋਧ ਬਿੱਲ 2025 ਤੇ ਬੀਜ ਬਿੱਲ ਨੂੰ ਰੱਦ ਕਰਾਉਣ, 1 ਅਪ੍ਰੈਲ ਤੋਂ ਲਾਗੂ ਕੀਤੇ ਜਾ ਰਹੇ ਚਾਰ ਲੇਬਰ ਕੋਡਾਂ ਅਤੇ ਜੀ ਰਾਮ ਜੀ ਵਰਗੀਆਂ ਕਿਰਤ ਵਿਰੋਧੀ ਸਕੀਮਾਂ ਦਾ ਤਿੱਖਾ ਵਿਰੋਧ ਕੀਤਾ ਜਾਵੇਗਾ। ਆਗੂਆਂ ਨੇ ਅਮਰੀਕਾ ਵੱਲੋਂ ਵਿਸ਼ਵ ਪੱਧਰ 'ਤੇ ਆਪਣੀ ਚੌਧਰ ਕਾਇਮ ਰੱਖਣ ਲਈ ਜੰਗਾਂ ਰਾਹੀਂ ਕੀਤੇ ਜਾ ਰਹੇ ਨਿਰਦੋਸ਼ ਲੋਕਾਂ ਦੇ ਘਾਣ ਦੀ ਸਖ਼ਤ ਨਿਖੇਧੀ ਕੀਤੀ।ਇਸ ਦੇ ਰੋਸ ਵਜੋਂ 23 ਮਾਰਚ ਨੂੰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੇ ਪੁਤਲੇ ਫੂਕੇ ਜਾਣਗੇ।ਇਹਨਾਂ ਐਕਸ਼ਨਾਂ ਦੀ ਸਫਲਤਾ ਲਈ 18 ਮਾਰਚ ਨੂੰ ਬਲਾਕ ਪੱਧਰੀ ਸਾਂਝੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ।ਪਟਿਆਲਾ ਜ਼ਿਲ੍ਹੇ ਵਿੱਚ ਇਹ ਮੁੱਖ ਪ੍ਰਦਰਸ਼ਨ ਪਾਤੜਾਂ, ਸਮਾਣਾ, ਨਾਭਾ, ਰਾਜਪੁਰਾ, ਘਨੌਰ ਅਤੇ ਪਟਿਆਲਾ ਵਿਖੇ ਕੀਤੇ ਜਾਣਗੇ।


**ਗਰੇਟਰ ਲੁਧਿਆਣਾ ਏਰੀਆ ਡਿਵੈੱਲਪਮੈਂਟ ਅਥਾਰਿਟੀ**

GLADA

**ਜਨਤਕ ਸੂਚਨਾ**

ਸੂਚਿਤ ਕੀਤਾ ਜਾਂਦਾ ਹੈ ਕਿ ਪ੍ਰਮੋਟਰ M/s Eastwood CB Developers ਵੱਲੋਂ Residential Group Housing Colony "Eastwood Crest" situated at Village Malakpur (H.B. No. 147), Tehsil Ludhiana (West), District Ludhiana, Lic. no. 28/2025 ਦਾ ਲੇਆਊਟ ਪਲੈਨ ਰਿਵਾਇਜ ਕਰਨ ਸਬੰਧੀ ਇਸ ਦਫਤਰ ਵਿਖੇ ਦਰਖਾਸਤ ਦਿੱਤੀ ਹੈ। ਉਕਤ ਪ੍ਰੋਜੈਕਟ ਦਾ ਰਿਵਾਈਜ਼ਡ ਲੇਆਊਟ ਪਲੈਨ ਸੀਨੀਅਰ ਨਗਰ ਯੋਜਨਾਕਾਰ, ਲੁਧਿਆਣਾ ਵੱਲੋਂ ਯਾਦ ਪੱਤਰ ਨੰ. 342 ਸਟਪ(ਲ)/ਐੱਲ.ਏ.-23 ਮਿਤੀ 27.02.2026 ਰਾਹੀਂ ਤਕਨੀਕੀ ਤੌਰ 'ਤੇ ਪ੍ਰਵਾਨ ਕਰਕੇ ਭੇਜਿਆ ਹੈ। ਉਕਤ ਰਿਵਾਈਜ਼ਡ ਲੇਆਊਟ ਸਬੰਧੀ ਜੇਕਰ ਕਿਸੇ ਵੀ ਧਿਰ, ਪਲਾਟ ਹੋਲਡਰ, ਅਲਾਟੀ ਆਦਿ ਨੂੰ ਕੋਈ ਵੀ ਇਤਰਾਜ਼ ਹੋਵੇ ਤਾਂ ਉਹ ਇਸ ਜਨਤਕ ਸੂਚਨਾ ਦੇ ਪ੍ਰਕਾਸ਼ਿਤ ਹੋਣ ਤੋਂ 15 ਦਿਨ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਲਿਖਤੀ ਰੂਪ ਵਿੱਚ ਗਲਾਡਾ, ਲੁਧਿਆਣਾ ਦਫਤਰ ਵਿਖੇ ਦੇ ਸਕਦਾ ਹੈ। ਇੱਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਮਿੱਥੇ ਸਮੇਂ ਤੋਂ ਬਾਅਦ ਪ੍ਰਾਪਤ ਹੋਏ ਇਤਰਾਜ਼ਾਂ 'ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ। ਉਕਤ ਪ੍ਰੋਜੈਕਟ ਦਾ ਪਹਿਲਾਂ ਅਪਰੂਵਡ ਲੇਆਊਟ ਪਲੈਨ ਅਤੇ ਰਿਵਾਈਜ਼ਡ ਲੇਆਊਟ ਪਲੈਨ ਲਾਇਸੈਂਸਿੰਗ ਸ਼ਾਖਾ ਅਤੇ ਦਫਤਰ ਸੀਨੀਅਰ ਨਗਰ ਯੋਜਨਾਕਾਰ, ਲੁਧਿਆਣਾ (ਦਫਤਰ ਗਲਾਡਾ, ਨੇੜੇ ਵੇਵ ਮਾਲ, ਫਿਰੋਜ਼ਪੁਰ ਰੋਡ, ਲੁਧਿਆਣਾ) ਵਿਖੇ ਪੇਸ਼ ਹੋ ਕੇ ਚੈੱਕ ਕੀਤਾ ਜਾ ਸਕਦਾ ਹੈ ਜਾਂ ਹੇਠਾਂ ਦਰਸਾਏ ਲਿੰਕ ਰਾਹੀਂ ਦੇਖੇ ਜਾ ਸਕਦੇ ਹਨ :-

https://drive.google.com/drive/folders/1Zz1X5BQU-NP--eSwwpy9-V7Rmdi6D-d?usp=sharing

ਸਹੀ/-
ਮੁੱਖ ਪ੍ਰਸ਼ਾਸਕ ਗਲਾਡਾ, ਲੁਧਿਆਣਾ।



**Capital Small Finance Bank Ltd.**

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਂਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਸ੍ਰੀ ਨਿਤਿਨ ਗੁਪਤਾ ਪੁੱਤਰ ਦੇਸ ਰਾਜ ਵਾਸੀ # 2558, ਵਾਰਡ ਨੰ. 13, ਮੁਹੱਲਾ ਵਿਕਾਸ ਨਗਰ, ਸ਼ਾਹਕੋਟ, ਜਲੰਧਰ, ਪੰਜਾਬ-144702 (2) ਸ੍ਰੀ ਦੇਸ ਰਾਜ ਪੁੱਤਰ ਹੰਸ ਰਾਜ ਵਾਸੀ # 2558, ਵਾਰਡ ਨੰ. 13, ਮੁਹੱਲਾ ਵਿਕਾਸ ਨਗਰ ਸ਼ਾਹਕੋਟ, ਜਲੰਧਰ, ਪੰਜਾਬ-144702 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ ਰਾਕੇਸ਼ ਕੁਮਾਰ ਪੁੱਤਰ ਧਰਮ ਪਾਲ ਵਾਸੀ # 552, ਮੁਹੱਲਾ ਨਿਊ ਕਰਤਾਰ ਨਗਰ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ-144702 ਨਾਲ ਹੀ: ਵਾਸੀ ਵਾਰਡ ਨੰ. 1, ਜਵਾਹਰ ਨਗਰ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ-144702 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ ਨੂੰ ਐੱਲ ਏ ਪੀ/008602000193 'ਚ ਰੁਪਏ 12,68,337/- ਦੀ ਬਕਾਇਆ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਮਿਤੀ 16-12-2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਉਰਡ ਐਂਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਨਾਲ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੀ ਐੱਲ ਏ ਪੀ /008602000193 'ਚ ਰੁਪਏ 12,68,337 ਸਮੇਤ 01.12.2025 ਤੋਂ ਭਵਿੱਖੀ ਵਿਆਜ ਦੇ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਕੁਲੈਟਰਲ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 1271 ਮਿਤੀ 24-07-2008 ਅਨੁਸਾਰ ਸ੍ਰੀ ਨਿਤਿਨ ਗੁਪਤਾ ਪੁੱਤਰ ਦੇਸ ਰਾਜ ਦੀ ਮਲਕੀਅਤ ਜਾਇਦਾਦ ਰਕਬਾ 8 ਮਰਲੇ 6 ਸਰਸਾਈ, ਹੱਦਬਸਤ ਨੰ. 80, ਪਿੰਡ ਢੇਰੀਆਂ ਵਿਖੇ ਸਥਿਤ, ਮੁਸ਼ਤਰਕਾ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁੱਝ। ਸਬ-ਰਜਿਸਟਰਾਰ ਸ਼ਾਹਕੋਟ ਦੇ ਦਫਤਰ 'ਚ ਦਰਜ

ਮਿਤੀ : 16-03-2026, ਸਥਾਨ : ਸ਼ਾਹਕੋਟ | ਸਹੀ/- (ਅਧਿਕਾਰਤ ਅਫਸਰ)



**Capital Small Finance Bank Ltd.**

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਂਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ 1. ਸ੍ਰੀਮਤੀ ਸੁਨੀਤਾ ਪਤਨੀ ਇੰਦਰਪਾਲ ਵਾਸੀ ਜੈਨ ਕਲੋਨੀ, ਨੇੜੇ ਸਾਈਂ ਮੰਦਰ ਅਤੇ ਸੁਵਿਧਾ ਕੇਂਦਰ, ਸ਼ਾਹਕੋਟ, ਜਲੰਧਰ, ਪੰਜਾਬ-144702 2. ਸ੍ਰੀ ਸੰਦੀਪ ਪੁੱਤਰ ਇੰਦਰਪਾਲ ਵਾਸੀ ਜੈਨ ਕਲੋਨੀ, ਨੇੜੇ ਸਾਈਂ ਮੰਦਰ ਅਤੇ ਸੁਵਿਧਾ ਕੇਂਦਰ, ਸ਼ਾਹਕੋਟ, ਜਲੰਧਰ, ਪੰਜਾਬ-144702 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ ਬਲਜਿੰਦਰ ਪੁੱਤਰ ਜਗੀਰ ਵਾਸੀ ਕਲੋਨੀ ਨੇੜੇ ਪੁਰੀ ਪੈਟਰੋਲ ਪੰਪ, ਮਾਡਲ ਟਾਊਨ ਸ਼ਾਹਕੋਟ, ਜਲੰਧਰ, ਪੰਜਾਬ-144702 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ ਨੂੰ ਕ੍ਰਮਵਾਰ ਐੱਚ ਐੱਲ/01861100011O ਅਤੇ ਐੱਲ ਏ ਪੀ/018602000259 'ਚ ਰੁਪਏ 8,27,895.85/- ਅਤੇ ਰੁਪਏ 5,22,832.04/- ਦੀ ਬਕਾਇਆ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਮਿਤੀ 21.11.2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਸਮੁੱਚੀ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਉਰਡ ਐਂਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਨਾਲ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੀ ਐੱਚ ਐੱਲ/018611000110 ਅਤੇ ਐੱਲ ਏ ਪੀ/018602000259 'ਚ ਰੁਪਏ 8,27,895.85/- ਅਤੇ ਰੁਪਏ 5,22,832.04/- ਸਮੇਤ 01.11.2025 ਤੋਂ ਭਵਿੱਖੀ ਵਿਆਜ ਦੇ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਕੁਲੈਟਰਲ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2021-22/177/1/617 ਮਿਤੀ 29.07.2021 ਅਨੁਸਾਰ ਸ੍ਰੀਮਤੀ ਸੁਨੀਤਾ ਪਤਨੀ ਇੰਦਰਪਾਲ ਦੀ ਮਲਕੀਅਤ ਜਾਇਦਾਦ ਰਕਬਾ 5.5 ਮਰਲਾ, ਪਿੰਡ ਸ਼ਾਹਕੋਟ ਵਿਖੇ ਸਥਿਤ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁੱਝ, ਜੋ ਕਿ ਸਬ-ਰਜਿਸਟਰਾਰ/ਜਾਇੰਟ ਸਬ-ਰਜਿਸਟਰਾਰ ਸ਼ਾਹਕੋਟ ਦੇ ਦਫ਼ਤਰ ਵਿਖੇ ਦਰਜ ਹੈ। ਮੌਜੂਦਾ ਪਤਾ ਵਾਰਡ ਨੰ. 11, ਜੈਨ ਕਲੋਨੀ, ਨੇੜੇ ਸੁਵਿਧਾ ਕੇਂਦਰ, ਸ਼ਾਹਕੋਟ, ਜ਼ਿਲ੍ਹਾ ਜਲੰਧਰ।

ਮਿਤੀ : 16.03.2026, ਸਥਾਨ : ਸ਼ਾਹਕੋਟ | ਸਹੀ/- (ਅਧਿਕਾਰਤ ਅਫਸਰ)



**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉੱਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| | | | | | |
|---|---|---|---|---|---|
| ਟੈਂਡਰ ਨੰਬਰ | 251-ਬਿਜਲੀ-T-24-2025-26 | | | | |
| ਕੰਮਾਂ ਦਾ ਵੇਰਵਾ | ਏ-ਐਫਜੇਡਆਰ ਡਵੀਜਨ ਦੇ ਉਪਰ ਜੇਯੂਸੀ-ਏਐਸਆਰ ਸੈਕਸ਼ਨ ਦੀ ਸੇਕਸ਼ਨਲ ਸਪੀਡ ਨੂੰ 130 ਕਿਮੀ ਪ੍ਰਤੀ ਘੰਟੇ ਤਕ ਵਧਾਉਣ ਦੇ ਲਈ 4 ਮਾਨਵਯੁਕਤ L-Xing ਗੇਟਾਂ ਦੇ ਇੰਟਰਲਾਕਿੰਗ ਨਾਲ ਸਬੰਧਿਤ ਬਿਜਲੀ ਕੰਮ। ਬੀ- ਫਿਰੋਜ਼ਪੁਰ ਡਵੀਜਨ ਦੇ ਉਪਰ 50000 ਤੋਂ ਜਿਆਦਾ ਟੀਵੀਯੂ ਵਾਲੇ 5 ਗੈਰ-ਇੰਟਰਲਾਕ L-Xing ਗੇਟਾਂ ਦੇ ਇੰਟਰਲਾਕਿੰਗ ਨਾਲ ਸਬੰਧਿਤ ਬਿਜਲੀ ਕੰਮ। ਸੀ- ਐਸਐਨਐਲ-ਏਐਸਆਰ ਸੇਕਸ਼ਨ ਤੇ ਐਮਓਡਬਲਯੂ-ਏਐਸਆਰ, ਐਚਐਮਆਰ-ਡੀਆਈਡਬਲਯੂ ਅਤੇ ਜੇਆਰਸੀ-ਸੀਈਯੂ ਦੇ ਵਿਚ ਆਈਬੀਐਸ ਦੇ ਪ੍ਰਾਵਧਾਨ ਨਾਲ ਸਬੰਧਿਤ ਬਿਜਲੀ ਕੰਮ। ਡੀ- ਜਲੰਧਰ ਕੈਂਟ-ਸਾਹਨੇਵਾਲ ਜੰਕਸ਼ਨ ਸੈਕਸ਼ਨ ਤੇ ਬੀਐਚ-01, ਬੀਟੀਐਨ ਅਤੇ ਐਮਏਯੂਐਲ ਨੂੰ ਆਈਬੀਐਚ ਤੋਂ ਆਈਬੀਐਸ ਵਿਚ ਤਬਦੀਲ ਕਰਨ ਨਾਲ ਸਬੰਧਿਤ ਬਿਜਲੀ ਕੰਮ। | | | | |
| ਅੰਦਾਜਨ ਲਾਗਤ | ₹70,27,877.42/- | ਬਿਆਨਾ ਰਾਸ਼ੀ | ₹140600.00/- | ਕੰਮ ਦਾ ਸਮਾਂ | 06 ਮਹੀਨੇ |
| ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | | 06.04.2026 15:00 ਵਜੇ ਦੇ ਬਾਅਦ | | ਵੈਬ ਸਾਈਟ | www.ireps.gov.in |

ਨੰਬਰ 251-ਬਿਜਲੀ ਟੈਂਡਰ ਨੋਟਿਸ ਨੰ. 26/ਬਿਜਲੀ-2025-26 | ਮਿਤੀ:- 16.03.2026 | 886/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**SBI**

BRANCH: HLC Muktsar
New Grain Market Muktsar
email : sbi.64792@sbi.co.in

**ਰੂਲ 8(1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਐੱਚ ਐੱਲ ਸੀ, ਮੁਕਤਸਰ ਦੇ ਅਧਿਕਾਰਤ ਅਫ਼ਸਰ ਹੋਣ ਨਾਤੇ ਸਕਿਓਰਿਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰੈਸਟ ਐਕਟ 2002 ਅਤੇ ਸਕਿਓਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਰੂਲਜ਼ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਹੇਠਾਂ ਦਰਸਾਈਆਂ ਮਿਤੀਆਂ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ ਅਤੇ ਗਰੰਟਰ ਰਕਮ ਦੀ ਅਦਾਇਗੀ ਕਰਨ 'ਚ ਅਸਫਲ ਰਹੇ ਹਨ। ਕਰਜ਼ਦਾਰ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਓਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ (13) ਦੇ ਸਬ-ਸੈਕਸ਼ਨ (4) ਅਧੀਨ ਹੇਠਾਂ ਦਰਸਾਈ ਜਾਇਦਾਦ ਦੇ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਵੀ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਸਟੇਟ ਬੈਂਕ ਆਫ ਇੰਡੀਆ, ਐੱਚ ਐੱਲ ਸੀ ਮੁਕਤਸਰ ਨੂੰ ਹੇਠਾਂ ਦਰਸਾਈ ਸਮੁੱਚੀ ਰਕਮ ਜਮ੍ਹਾਂ ਇਸ 'ਤੇ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਦਾ ਹੱਕਦਾਰ ਬਣਾਏਗੀ।

ਕਰਜ਼ਦਾਰ ਅਤੇ ਗਰੰਟਰਾਂ ਦਾ ਧਿਆਨ ਸਕਿਓਰਡ ਅਸਾਸਿਆਂ ਦੇ ਪੁਨਰ ਗ੍ਰਹਿਣ ਲਈ ਉਪਲਬਧ ਸਮੇਂ ਦੇ ਸੰਬੰਧ 'ਚ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦਾ ਮਾਲਕ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|---|
| 01. | (ਕਰਜ਼ਦਾਰ) ਸ੍ਰੀ ਮਨਦੀਪ ਸਿੰਘ ਪੁੱਤਰ ਸ੍ਰੀ ਸਤਪਾਲ ਸਿੰਘ ਵਾਸੀ ਗਲੀ ਨੰ. 4, ਗੋਬਿੰਦ ਨਗਰੀ, ਅਬੋਹਰ, ਜ਼ਿਲ੍ਹਾ ਫਾਜ਼ਿਲਕਾ (ਪੰਜਾਬ)-152116 ਅਤੇ ਗਰੰਟਰ : ਸ੍ਰੀ ਮੋਹਨ ਲਾਲ ਪੁੱਤਰ ਸ੍ਰੀ ਖਿਆਲੀ ਰਾਮ ਵਾਸੀ ਗਲੀ ਨੰ. 06, ਗੋਬਿੰਦ ਨਗਰੀ, ਅਬੋਹਰ, ਜ਼ਿਲ੍ਹਾ ਫਾਜ਼ਿਲਕਾ (ਪੰਜਾਬ)-152116 | ਬੈਨਾਮਾ ਵਸੀਕਾ ਨੰ. 408 ਮਿਤੀ 30/04/2009 ਅਨੁਸਾਰ ਸ੍ਰੀ ਮਨਦੀਪ ਸਿੰਘ ਪੁੱਤਰ ਸ੍ਰੀ ਸਤਪਾਲ ਸਿੰਘ ਦੇ ਨਾਂਅ ਜ਼ਮੀਨ ਅਤੇ ਇਮਾਰਤ ਖੱਤਾ/ਖਤੌਨੀ ਨੰ. 246/346, ਖਸਰਾ ਨੰ. 679 (48-19) ਰਕਬਾ ਕੁੱਲ ਜ਼ਮੀਨ 48 ਕਨਾਲ 19 ਮਰਲੇ ਦਾ 8/1958 ਹਿੱਸਾ, ਜੋ ਕਿ 04 ਮਰਲੇ, ਮਾਲੀਆ ਅਸਟੇਟ, ਅਬੋਹਰ -1 ਦੇ ਅੰਦਰਵਾਰ ਵਿਖੇ ਸਥਿਤ, ਤਹਿਸੀਲ ਅਬੋਹਰ, ਜ਼ਿਲ੍ਹਾ ਫਾਜ਼ਿਲਕਾ, ਜਮ੍ਹਾਂਬੰਦੀ ਸਾਲ 2005-06 ਨਾਲ ਸੰਬੰਧਤ ਸਭ ਕੁਝ। ਉਕਤ ਜਾਇਦਾਦ ਦੀਆਂ ਹੱਦਾਂ : ਪੂਰਬ : ਪਲਾਟ ਸ੍ਰੀ ਸੰਦੀਪ ਕੁਮਾਰ, ਪੱਛਮ : ਗਰਾਉਂਡ ਫਲਾਵਰ ਵੈਲੀ ਸਕੂਲ, ਉੱਤਰ : ਪਲਾਟ ਸ੍ਰੀਮਤੀ ਮਨਜੀਤ ਕੌਰ, ਦੱਖਣ : ਗਲੀ। | 19.12.2025 | 12.03.2026 | ਸੰਕੇਤਕ ਕਬਜ਼ਾ / 18/12/2025 ਨੂੰ ਰੁਪਏ 3,92,762.00/- (ਤਿੰਨ ਲੱਖ ਬਾਨਵੇਂ ਹਜ਼ਾਰ ਸੱਤ ਸੌ ਬਾਹਠ ਰੁਪਏ ਕੇਵਲ) ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਚਾਰਜਿਜ਼। |
| 02. | (ਕਰਜ਼ਦਾਰ) ਸ੍ਰੀ ਸੁਖਵਿੰਦਰ ਸਿੰਘ ਪੁੱਤਰ ਸ੍ਰੀ ਜਗਤਾਰ ਸਿੰਘ ਵਾਸੀ ਗਲੀ ਨੰ. 10, ਪੰਜਪੀਰ ਨਗਰ, ਮਲੋਟ ਰੋਡ, ਪਿਛਲੇ ਪਾਸੇ 132 ਕੇ ਵੀ ਪੀ ਐੱਸ ਪੀ ਸੀ ਐੱਲ ਸਬ-ਸਟੇਸ਼ਨ ਅਬੋਹਰ, ਜ਼ਿਲ੍ਹਾ ਫਾਜ਼ਿਲਕਾ (ਪੰਜਾਬ) ਅਤੇ ਗਰੰਟਰ : ਸ੍ਰੀ ਹਰਬੰਸ ਸਿੰਘ ਪੁੱਤਰ ਜਵਾਲਾ ਸਿੰਘ ਵਾਸੀ ਗਲੀ ਨੰ. 5, ਪੰਜ ਪੀਰ ਨਗਰ, ਮਲੋਟ ਰੋਡ, ਅਬੋਹਰ, ਜ਼ਿਲ੍ਹਾ ਫਾਜ਼ਿਲਕਾ (ਪੰਜਾਬ) | ਬੈਨਾਮਾ ਨੰ. 1729 ਮਿਤੀ 19/06/2001 ਅਨੁਸਾਰ ਸ੍ਰੀ ਸੁਖਵਿੰਦਰ ਸਿੰਘ ਪੁੱਤਰ ਸ੍ਰੀ ਜਗਤਾਰ ਸਿੰਘ ਦੇ ਨਾਂਅ ਰਿਹਾਇਸ਼ੀ ਮਕਾਨ ਪਲਾਟ ਰਕਬਾ 87'×31' = 2697 ਵਰਗ ਫੁੱਟ 'ਤੇ ਨਿਰਮਿਤ, ਜੋ ਕਿ 8 ਮਰਲੇ, ਰੈਕਟ ਨੰ. 328, ਕਿੱਲਾ ਨੰ. 15/7/5/2 (0-8) ਖੇਵਟ ਨੰ. 4506, ਖਤੌਨੀ ਨੰ. 6405, ਜਮ੍ਹਾਂਬੰਦੀ ਸਾਲ 2005-06, ਪੰਜਪੀਰ ਨਗਰ, ਅਬੋਹਰ ਵਿਖੇ ਸਥਿਤ, ਅਬੋਹਰ-2 ਦੀ ਮਾਲੀਆ ਅਸਟੇਟ ਦੇ ਅੰਦਰਵਾਰ, ਤਹਿਸੀਲ ਅਬੋਹਰ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਖਾਲੀ ਪਲਾਟ, ਪੱਛਮ : ਗਲੀ, ਉੱਤਰ : ਸੁਖਵਿੰਦਰ ਸਿੰਘ ਦੀ ਜ਼ਮੀਨ, ਦੱਖਣ : ਖਾਲੀ ਪਲਾਟ | 20.11.2025 | 12.03.2026 | ਸੰਕੇਤਕ ਕਬਜ਼ਾ / 20/11/2025 ਨੂੰ ਰੁਪਏ 2,01, 834.20/- (ਦੋ ਲੱਖ ਇੱਕ ਹਜ਼ਾਰ ਅੱਠ ਸੌ ਚੌਤੀ ਰੁਪਏ ਅਤੇ ਵੀਹ ਪੈਸੇ ਕੇਵਲ) ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਚਾਰਜਿਜ਼। |

ਮਿਤੀ : 17-03-2026 | ਸਥਾਨ : ਮੁਕਤਸਰ | ਅਧਿਕਾਰਤ ਅਫਸਰ



**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

Sr.DEN-Co/JAT ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ ਤੋਂ ਕੰਮ ਕਰਦੇ ਹੋਏ ਹੇਠਾ ਦਿਤੀ ਗਈ ਟੈਂਡਰਾਂ ਦੇ ਲਈ ਖੁਲੀ ਟੈਂਡਰਾ (ਈ-ਟੈਂਡਰਾ) ਮੰਗ ਕਰਦੀ ਹੈ ਅਤੇ ਪੂਰਾ ਕਰਨ ਦੀ ਮਿਤੀ ਦੇ ਨਾਲ www.ireps.gov.in ਉਤੇ ਉਪਲਬਧ ਹੈ 06.04.2026 ਨੂੰ 15:00 ਵਜੇ ਤਕ ਹੈ। ਬੋਲੀਦਾਤਾ ਅਪਨੀ ਮੂਲ/ਸੰਸ਼ੋਧਿਤ ਬੋਲੀਆਂ ਆਖਰੀ ਮਿਤੀ ਅਤੇ ਸਮੇਂ ਤਕ ਹੀ ਜਮਾਂ ਕਰ ਸਕਣਗੇ। ਇਸ ਟੈਂਡਰ ਦੇ ਵਿਰੁਧ ਮੈਨੂੰਅਲ ਆਫਰ ਦੀ ਅਨੁਮਤੀ ਨਹੀ ਹੈ, ਅਤੇ ਪ੍ਰਾਪਤ ਐਸੇ ਕਿਸੀ ਵੀ ਮੈਨੂੰਅਲ ਆਫਰ ਨੂੰ ਅਣਦੇਖਿਆ ਕਰ ਦਿਤਾ ਜਾਵੇਗਾ। ਠੇਕੇਦਾਰ ਨੂੰ ਇਸ ਟੈਂਡਰ ਦੇ ਲਈ ਟੈਂਡਰ ਦਸਤਾਵੇਜ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਉਤੇ ਉਪਲਬਧ ਭੁਗਤਾਨ ਮੋਡ ਦੇ ਦੁਆਰਾ ਤੋਂ ਕਰਨ ਦੀ ਅਨੁਮਤੀ ਹੈ। ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਜਿਸਤਰ੍ਹਾਂ ਪੋਰਟਲ, ਡਿਮਾਂਡ ਡਰਾਫਟ, ਬੈਂਕਰ ਚੈਕ, ਜਮਾਂ ਰਸੀਦਾਂ, ਐਫਡੀਆਰ ਆਦਿ ਦੇ ਦੁਆਰਾ ਤੋਂ ਮੈਨੂੰਅਲ ਭੁਗਤਾਨ ਦੀ ਅਨੁਮਤੀ ਨਹੀਂ ਹੈ। ਜ਼ਿਆਦਾ ਜਾਣਕਾਰੀ ਦੇ ਲਈ ਲਾਗਆਨ ਕਰੋ www.ireps.gov.in

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਟੈਂਡਰ ਪ੍ਰਣਾਲੀ |
|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਟੈਂਡਰ ਸ਼ੁਰੂ ਹੋਣ ਦੀ ਮਿਤੀ | ਟੈਂਡਰ ਬੰਦ ਕਰਨ ਦੀ ਮਿਤੀ/ਸਮਾਂ |
| 13.03.2026 | 23.03.2026 | 06.04.2026 15:00 |

| ਲ.ਨੰ: | ਟੈਂਡਰ ਨੰ: | ਟੈਂਡਰ ਦਾ ਵੇਰਵਾ | | | |
|---|---|---|---|---|---|
| 1. | 98-2025-26-DRM-JAT | ਏਡੀਈਐਨ/ਟ੍ਰੈਕ ਦੇ ਤਹਿਤ ਪੀਟੀਕੇ-ਜੇਏਟੀ ਖੰਡ ਸਬਡਿਪੋ-I ਹੀਰਾਨਗਰ ਵਿਚ ਖਦਾਲ ਸਾਈਡਿੰਗ ਵਿਚ 50,000 ਸੀਯੂਐਮ 65 ਮਿਮੀ ਗੇਜ ਪੱਥਰ ਗਿੱਟੀ (ਐਮਬੀ) ਦਾ ਵਿਨਿਰਮਾਣ ਅਤੇ ਆਪੂਰਤੀ ਵਿਧੀਵਤ ਸਟੈਕਿੰਗ ਅਤੇ ਰੇਲਵੇ ਵੈਗਨਾਂ ਵਿਚ ਲੋਡਿੰਗ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 7,02,54,500.00/- | 5,01,300.00/- | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- ਰੇਲਵੇ/ਰਾਜਮਾਰਗ/ਸੜਕਾਂ ਦੇ ਲਈ ਮਸ਼ੀਨ ਕ੍ਰਸ਼ਡ ਸਟੋਨ ਗਿੱਟੀ ਦੀ ਆਪੂਰਤੀ | | | |
| 2. | 97-2025-26-DRM-JAT | ਜੇਏਟੀ ਡਵੀਜਨ ਉਤੇ ਸੀਐਸਐਮ, ਡੁਓਮੈਟਿਕ, 3ਐਕਸ ਅਤੇ ਯੂਨੀਮੈਂਟ ਮਸ਼ੀਨ ਤੋਂ ਸਬੰਧਿਤ ਕੰਮਾਂ ਦੁਆਰਾ ਟੈਪਿੰਗ ਅਤੇ ਪੋਸਟਟੈਪਿੰਗ ਕੰਮ ਦੇ ਦੌਰਾਨ ਪ੍ਰੀ-ਟੈਪਿੰਗ ਦੇ ਸਬੰਧ ਵਿਚ ਵਿਵਿਧ ਟ੍ਰੈਕ ਕੰਮ ਕੀਤੇ ਜਾਦੇ ਹਲ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 1,29,96,927.52/- | 2,15,000.00/- | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ :- ਸੀਐਆਰ/ਟੀਆਰਆਰ/ਟੀਐਫਆਰ/ਟੀਟੀਆਰ ਜਿਸਵਿਚ ਟ੍ਰੈਕ ਨੂੰ ਉਪਰ ਉਠਾਣਾ, ਸਕਰੀਨਿੰਗ, ਟ੍ਰੈਕ ਦੀ ਤਨਾਵਮੁਕਤ ਹੋਣਾ, ਟ੍ਰੈਕ ਰੱਖ-ਰੱਖਾਵ ਮਸ਼ੀਨ ਜਿਸਤਰ੍ਹਾਂ ਟੈਪਿੰਗ ਮਸ਼ੀਨ/ਗਿੱਟੀ ਸਕਰੀਨਿੰਗ/ਰੇਗੁਲੇਟਿੰਗ ਮਸ਼ੀਨ ਅਤੇ ਟੀ-28 ਦੁਆਰਾ ਟੀਟੀਆਰ ਦੇ ਲਈ ਪੂਰਵ ਅਤੇ ਬਾਦ ਦੇ ਕੰਮ ਸ਼ਾਮਿਲ ਹੈ। | | | |

ਨੋਟ:- 1. ਬੋਲੀ ਲਗਾਣ ਤੋਂ ਪਹਿਲਾ ਬੋਲੀ ਲਗਾਣ ਵਾਲਿਆਂ ਨੂੰ ਜਾਚ ਕਰਨੀ ਹੋਵੇਗੀ ਟੈਂਡਰ ਦੇ ਵਿਰੁਧ ਜਾਰੀ ਕਿਸੀ ਵੀ ਸ਼ੁੱਧੀਪੱਤਰ ਦੇ ਲਈ। 2. ਜੇਕਰ ਹਿੰਦੀ ਅਤੇ ਅੰਗ੍ਰੇਜ਼ੀ ਸੰਸਕਰਣ ਦੇ ਵਿਚ ਅਰਥ ਵਿਚ ਕੋਈ ਵਿਸੰਗਤੀ ਹੈ, ਤਾਂ ਅੰਗ੍ਰੇਜ਼ੀ ਸੰਸਕਰਣ ਨੂੰ ਸਹੀ ਅਤੇ ਆਖਰੀ ਮੰਨਿਆ ਜਾਵੇਗਾ।

ਲ.ਨੰ: 97,98-2025-26-DRM-JAT | ਮਿਤੀ :16.03.2026 | 893/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਗੈਸ ਸਿਲੰਡਰ ਦੀਆਂ ਵਧੀਆਂ ਕੀਮਤਾਂ ਖਿਲਾਫ ਮਹਿਲਾ ਕਾਂਗਰਸ ਵੱਲੋਂ ਰੋਸ ਪ੍ਰਦਰਸ਼ਨ

**ਬੰਗਾ (ਅਵਤਾਰ ਕਲੇਰ)**- ਕੇਂਦਰ ਸਰਕਾਰ ਵੱਲੋਂ ਘਰੇਲੂ ਗੈਸ ਸਿਲੰਡਰ ਦੀਆਂ ਵਧਾਈਆਂ ਕੀਮਤਾਂ ਦੇ ਵਿਰੋਧ ਵਿੱਚ ਬੰਗਾ ਵਿਖੇ ਜ਼ਿਲ੍ਹਾ ਪ੍ਰਧਾਨ ਮਹਿਲਾ ਕਾਂਗਰਸ ਜਤਿੰਦਰ ਕੌਰ ਮੂੰਗਾ ਦੀ ਅਗਵਾਈ ਹੇਠ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਪ੍ਰਦਰਸ਼ਨ ਵਿੱਚ ਮਹਿਲਾ ਕਾਂਗਰਸ ਦੀਆਂ ਆਗੂਆਂ



ਤੇ ਵਰਕਰਾਂ ਨੇ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਗੈਸ ਦੀਆਂ ਵਧੀਆਂ ਕੀਮਤਾਂ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ। ਮਹਿਲਾ ਕਾਂਗਰਸ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਪ੍ਰਧਾਨ ਜਤਿੰਦਰ ਕੌਰ ਮੂੰਗਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਲਗਾਤਾਰ ਗੈਸ ਸਿਲੰਡਰ ਦੀਆਂ ਕੀਮਤਾਂ ਵਧਾਉਣਾ ਬਹੁਤ ਹੀ ਮੰਦਭਾਗਾ ਕਦਮ ਹੈ। ਉਹਨਾਂ ਕਿਹਾ ਕਿ ਜਦੋਂ ਦੇਸ਼ ਵਿੱਚ ਕਾਂਗਰਸ ਦੀ ਸਰਕਾਰ ਸੀ ਤਾਂ ਮੌਜੂਦਾ ਸਰਕਾਰ ਦੇ ਨੇਤਾਵਾਂ ਵੱਲੋਂ ਲੋਕਾਂ ਨਾਲ ਵਾਅਦੇ ਕੀਤੇ ਜਾਂਦੇ ਸਨ ਕਿ ਜੇ ਉਹਨਾਂ ਦੀ ਸਰਕਾਰ ਬਣੀ ਤਾਂ ਗੈਸ ਸਿਲੰਡਰ ਦੀ ਕੀਮਤ 300 ਰੁਪਏ ਤੋਂ ਵੱਧ ਨਹੀਂ ਹੋਣ ਦਿੱਤੀ ਜਾਵੇਗੀ, ਪਰ ਅੱਜ ਹਾਲਾਤ ਇਹ ਹਨ ਕਿ ਗੈਸ ਸਿਲੰਡਰ ਦੀ ਕੀਮਤ 1000 ਰੁਪਏ ਦੇ ਨੇੜੇ ਪਹੁੰਚ ਗਈ ਹੈ, ਜਿਸ ਕਾਰਨ ਆਮ ਲੋਕਾਂ ਤੇ ਖਾਸ ਕਰਕੇ ਮਹਿਲਾਵਾਂ ਨੂੰ ਘਰੇਲੂ ਬਜਟ ਚਲਾਉਣਾ ਮੁਸ਼ਕਲ ਹੋ ਗਿਆ ਹੈ।ਇਸ ਮੌਕੇ ਸੀਨੀਅਰ ਕਾਂਗਰਸ ਆਗੂ ਡਾ. ਬਖਸ਼ੀਸ਼ ਸਿੰਘ ਨੇ ਵੀ ਕੇਂਦਰ ਸਰਕਾਰ ਵੱਲੋਂ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਦੀ ਕੜੀ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ ਦੀਆਂ ਇਹ ਨੀਤੀਆਂ ਆਮ ਲੋਕਾਂ ਲਈ ਭਾਰੀ ਸਾਬਤ ਹੋ ਰਹੀਆਂ ਹਨ। ਜਤਿੰਦਰ ਕੌਰ ਮੂੰਗਾ ਨੇ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਗੈਸ ਸਿਲੰਡਰ ਦੀਆਂ ਵਧੀਆਂ ਕੀਮਤਾਂ ਤੁਰੰਤ ਵਾਪਸ ਨਾ ਲਈਆਂ ਗਈਆਂ ਤਾਂ ਮਹਿਲਾ ਕਾਂਗਰਸ ਵੱਲੋਂ ਵੱਡੇ ਪੱਧਰ 'ਤੇ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਨਰਿੰਦਰ ਕੌਰ, ਮੁਸਕਾਨ, ਡਿੰਪਲ, ਸੰਦੀਪ, ਪਾਲੋ, ਜਗੀਰ ਕੌਰ, ਸੁਸ਼ਮਾ, ਰਿੰਕਲ, ਬਬੀਤਾ, ਕਾਜਲ, ਗੁਰਦੀਪ, ਹਰਮਨ ਕੌਰ, ਜਸਵੀਰ ਕੌਰ, ਸੰਤੋਸ਼ ਕੁਮਾਰੀ, ਪਰਮਜੀਤ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਚਮਨ ਲਾਲ, ਸੰਜੀਵ ਕੁਮਾਰ, ਗੁਰਦੀਪ ਕੌਰ, ਹਰਮਨ, ਕਾਜਲ, ਸੰਤੋਸ਼, ਅੰਜਲੀ ਆਦਿ ਵੀ ਹਾਜ਼ਰ ਸਨ।

## ਅੱਖਾਂ ਦਾ ਮੁਫਤ ਜਾਂਚ ਕੈਂਪ ਲਗਾਇਆ




**ਦਸੂਹਾ (ਕਰਨੈਲ ਮਾਂਗਟ)**- ਸਮਾਜ ਸੇਵੀ ਸੰਸਥਾ ਅਲਾਇੰਸ ਕੱਲਬ ਦਸੂਹਾ ਵੱਲੋਂ ਪ੍ਰਧਾਨ ਅਮਰੀਕ ਸਿੰਘ ਗੱਗੀ ਠੁਕਰਾਲ ਦੀ ਅਗਵਾਈ ਹੇਠ ਕਸਬਾ ਘੋਗਰਾ ਵਿਖੇ ਅੱਖਾਂ ਦਾ ਮੁਫਤ ਜਾਂਚ ਕੈਂਪ ਲਗਾਇਆ ਗਿਆ ਜਿਸ ਵਿੱਚ ਅੱਖਾਂ ਦੀਆਂ ਬਿਮਾਰੀਆਂ ਦੇ ਮਾਹਰ ਡਾ. ਰਣਬੀਰ ਸਹਾਰਾ ਵੱਲੋਂ 110 ਮਰੀਜਾਂ ਦੀ ਜਾਂਚ ਕੀਤੀ ਗਈ ਜਿਹਨਾਂ ਵਿੱਚੋਂ 28 ਮਰੀਜ਼ਾਂ ਦੀ ਚੋਣ ਕੀਤੀ ਗਈ ਜਿਹਨਾਂ ਦਾ ਸਹਾਰਾ ਹਸਪਤਾਲ ਵਿਖੇ ਮੁਫਤ ਉਪਰੇਸ਼ਨ ਕੀਤਾ ਜਾਵੇਗਾ। ਕੈਂਪ ਦੌਰਾਨ ਮਰੀਜ਼ਾਂ ਨੂੰ ਅੱਖਾਂ ਦੀ ਸੰਭਾਲ ਲਈ ਘਰੇਲੂ ਨੁਸਖੇ ਦੱਸੇ ਗਏ ਤੇ ਲੋੜਵੰਦ ਮਰੀਜਾਂ ਨੂੰ ਮੁਫਤ ਦਵਾਈਆਂ ਵੀ ਵੰਡੀਆਂ ਗਈਆਂ। ਪ੍ਰਧਾਨ ਗੱਗੀ ਠੁਕਰਾਲ ਨੇ ਡਾਕਟਰਾਂ ਦੀ ਸਮੁੱਚੀ ਟੀਮ ਅਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆ ਕਿਹਾ ਕਿ ਕਲੱਬ ਵੱਲੋਂ ਭਵਿੱਖ ਵਿੱਚ ਵੀ ਸਮਾਜ ਸੇਵੀ ਕਾਰਜਾਂ ਦਾ ਸਿਲਸਿਲਾ ਜਾਰੀ ਰਹੇਗਾ।

ਇਸ ਮੌਕੇ ਤੇ ਭੁਪਿੰਦਰ ਰੰਜਨ, ਕਿਰਪਾਲ ਸਿੰਘ ਪੁਰੀ, ਡਾ. ਆਰ ਕੇ ਨਈਅਰ, ਰੂਬੀ ਸ਼ਰਮਾ, ਤਰਲੋਕ ਸਿੰਘ ਅਰੋੜਾ, ਰਾਜਨ ਰਲਹਣ, ਦਿਨੇਸ਼ ਕੁਮਾਰ, ਡਾ. ਸੁਰਿੰਦਰ ਸਿੰਘ, ਡਾ. ਹਰਮਿੰਦਰ ਸਿੰਘ, ਝਿਰਮਿਲ ਸਿੰਘ, ਜਤਿੰਦਰ ਕੁਮਾਰ, ਜਤਿੰਦਰ ਕੌਰ ਠੁਕਰਾਲ, ਨਿਰਮਲ ਕੌਰ, ਰਜਨੀ ਸ਼ਰਮਾ, ਪ੍ਰਭਾ ਨਈਅਰ ਮੌਜੂਦ ਸਨ।

## ਵਿਦੇਸ਼ੀ ਵਿਦਿਆਰਥੀਆਂ ਨੂੰ ਉਚੇਰਾ ਸਮਾਨਤਾ ਪੱਤਰ ਜਾਰੀ ਕਰਨ ਦੀ ਪ੍ਰਕਿਰਿਆ ਬੰਦ ਕਰਨ ਦਾ ਫੈਸਲਾ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਨੇ ਵਿਦੇਸ਼ਾਂ ਤੋਂ ਵਿੱਦਿਆ ਪ੍ਰਾਪਤ ਵਿਦਿਆਰਥੀਆਂ ਨੂੰ ਬੋਰਡ ਅਧੀਨ ਅਗਲੇਰੀ ਵਿਦਿਆ ਲੈਣ ਲਈ ਉਚੇਰਾ ਸਮਾਨਤਾ ਪੱਤਰ ਜਾਰੀ ਕਰਨ ਦੀ ਪ੍ਰਕਿਰਿਆ ਅਪ੍ਰੈਲ, 2026 ਤੋਂ ਬੰਦ ਕਰਨ ਦਾ ਫੈਸਲਾ ਲਿਆ ਹੈ। ਬੋਰਡ ਦੇ ਇਸ ਕਦਮ ਨਾਲ ਵਿਦੇਸ਼ੀ ਧਰਤੀ ਤੋਂ ਪਰਤ ਕੇ ਪੰਜਾਬ ਵਿੱਚ ਅੱਗੋਂ ਪੜ੍ਹਨ ਦੇ ਚਾਹਵਾਨ ਵਿਦਿਆਰਥੀ ਹੁਣ ਯੂ ਜੀ ਸੀ ਵੱਲੋਂ ਜਾਰੀ ਸਮਾਨਤਾ ਸਰਟੀਫਿਕੇਟ ਵਿਖਾ ਕੇ ਹੀ ਅਦਾਰਿਆਂ ਵਿੱਚ ਸਿੱਧਾ ਦਾਖਲਾ ਲੈ ਸਕਣਗੇ। ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ.ਅਮਰਪਾਲ ਸਿੰਘ ਨੇ ਇਥੇ ਦੱਸਿਆ ਕਿ ਵਿਦਿਆਰਥੀਆਂ ਨੂੰ ਅਗਲੇਰੀ ਵਿੱਦਿਆ ਦੇਣ ਲਈ ਦਾਖਲਾ ਪ੍ਰਕਿਰਿਆ ਅਧੀਨ ਕੇਂਦਰ ਸਰਕਾਰ ਦੇ ਅਦਾਰਿਆਂ ਵੱਲੋਂ ਸਮਾਨਤਾ ਸਰਟੀਫਿਕੇਟ ਜਾਰੀ ਕਰਨ ਤੋਂ ਬਾਅਦ ਸੂਬਾਈ ਪੱਧਰ ਤੇ ਸਮਾਨਤਾ ਪੱਤਰ ਜਾਰੀ ਕਰਨ ਦੀ ਪ੍ਰਕਿਰਿਆ ਵਿਦਿਆਰਥੀ ਦੀ ਉਮੀਦਵਾਰੀ ਦੀ ਦੂਹਰੀ ਜਾਂਚ ਕਰਨ ਲਈ ਕੀਤੀ ਜਾਂਦੀ ਸੀ ਪਰ ਇਸ ਨਾਲ ਵਿਦਿਆਰਥੀ ਨੂੰ ਲੰਬੀ ਪ੍ਰਕਿਰਿਆ ਵਿੱਚੋਂ ਲੰਘਣਾ ਪੈਂਦਾ ਸੀ। ਬੋਰਡ ਵੱਲੋਂ ਫਰਵਰੀ, 2026 ਵਿੱਚ ਆਪਣੀ ਮੀਟਿੰਗ ਦੌਰਾਨ ਦੂਹਰੇ ਸਮਾਨਤਾ ਪੱਤਰ ਦੀ ਪ੍ਰਕਿਰਿਆ ਨਵੇਂ ਅਕਾਦਮਿਕ ਵਰ੍ਹੇ ਤੋਂ ਬੰਦ ਕਰਕੇ ਵਿਦਿਆਰਥੀਆਂ ਨੂੰ ਰਾਹਤ ਦਿੱਤੀ ਗਈ ਹੈ।

## ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਾਂ ਵੱਲੋਂ ਧਰਨਾ

**ਜਲੰਧਰ (ਰਾਜੇਸ਼ ਥਾਪਾ)**- ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਜ਼ਿਲ੍ਹਾ ਜਲੰਧਰ ਕਪੂਰਥਰਾ ਵੱਲੋਂ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਲੈ ਕੇ ਐੱਸ ਡੀ ਓ ਜਲੰਧਰ ਦੇ ਦਫਤਰ ਸਾਹਮਣੇ ਰੋਸ ਧਰਨਾ ਪੁਸ਼ਪਿੰਦਰ ਕੁਮਾਰ ਬਿਰਦੀ ਜਿਲਾ



ਪ੍ਰਧਾਨ ਦੀ ਅਗਵਾਈ 'ਚ ਵਿੱਚ ਦਿੱਤਾ। ਸਟੇਜ ਦੀ ਕਾਰਵਾਈ ਚਲਾਉਂਦੇ ਹੋਏ ਜਥੇਬੰਦੀ ਦੇ ਸਕੱਤਰ ਅਮਰੀਕ ਸਿੰਘ ਸੇਖੋਂ ਨੇ ਮੁੱਖ ਏਜੰਡਾ ਸਾਂਝਾ ਕਰਦਿਆਂ ਕਿਹਾ ਕਿ ਐੱਸ ਡੀ ਓ ਨੂੰ 2 ਮਾਰਚ ਨੂੰ ਧਰਨੇ ਸਬੰਧੀ ਨੋਟਿਸ ਦਿੱਤਾ ਗਿਆ ਸੀ ਪਰ ਇਸ ਅਧਿਕਾਰੀ ਦੇ ਕੰਨਾਂ ਉੱਤੇ ਹਾਲੇ ਤੱਕ ਜੂ ਨਹੀਂ ਸਰਕੀ ਜਿਸ ਕਾਰਨ ਮਜਬੂਰ ਹੋ ਕੇ ਅੱਜ ਇਹ ਰੋਸ ਧਰਨਾ ਦਿੱਤਾ ਜਾ ਰਿਹਾ। ਧਰਨੇ ਨੂੰ ਵਿਸ਼ੇਸ਼ ਤੌਰ ਤੇ ਸੰਬੋਧਨ ਕਰਦਿਆਂ ਦੇ ਸੂਬਾ ਜਨ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਇਸ ਅਧਿਕਾਰੀ ਨਾਲ ਬਾਰ-ਬਾਰ ਗੱਲਬਾਤ ਕਰਨ ਤੇ ਵੀ ਕੋਈ ਵੀ ਸਮੱਸਿਆ ਦਾ ਹੱਲ ਨਹੀਂ ਨਿਕਲਿਆ। ਉਹਨਾਂ ਚਿਤਾਵਨੀ ਦਿੰਦਿਆਂ ਕਿਹਾ ਅਗਰ ਕਿਸੇ ਜੇਕਰ ਇਸ ਧਰਨੇ ਵਿੱਚ ਕੋਈ ਸਮੱਸਿਆ ਦਾ ਹੱਲ ਨਾ ਨਿਕਲਿਆ ਤਾਂ ਇਹ ਧਰਨਾ ਲਗਾਤਾਰ ਚਲਾਇਆ ਜਾਵੇਗਾ। ਉਹਨਾਂ ਪੰਜਾਬ ਸਬਾਡੀਨੇਟ ਸਰਵਿਸ ਵੱਲੋਂ ਇਹਨਾਂ ਕਾਮਿਆਂ ਦੀਆਂ ਮੰਗਾਂ ਦਾ ਪੂਰਨ ਸਮਰਥਨ ਕਰਦਿਆਂ ਹੋਇਆਂ ਉਹਨਾਂ ਦੀ ਜਿੱਤ ਤੱਕ ਸਾਥ ਦੇਣ ਦਾ ਭਰੋਸਾ ਦਵਾਇਆ। ਇਸ ਧਰਨੇ ਨੂੰ ਅਰਜਿੰਦਰ ਕੁਮਾਰ ਮਹਿਤਪੁਰ, ਤਰਸੇਮ ਲਾਲ ਮਾਧੋਪੁਰੀ, ਹਰੀ ਰਾਮ, ਓਮ ਪ੍ਰਕਾਸ਼, ਤਰਲੋਕ ਸਿੰਘ ਚੀਮਾ, ਗੁਰਜੀਤ ਸਿੰਘ ਜਗਤਪੁਰ, ਬਲਵਿੰਦਰ ਸਿੰਘ, ਬਲਜੀਤ ਸਿੰਘ, ਮਨਜਿੰਦਰ ਸਿੰਘ, ਮਨੋਹਰ ਲਾਲ, ਕੁਲਬੀਰ ਸਿੰਘ ਸ਼ਾਹਕੋਟ, ਕਰਮਜੀਤ ਸਿੰਘ, ਭੁੱਲਾਂ ਸਿੰਘ, ਪੂਰਨ ਸਿੰਘ, ਅਕਲ ਚੰਦ ਸਿੰਘ, ਨਰੇਸ਼ ਕੁਮਾਰ ਨਾਰ, ਸਤਵਿੰਦਰ ਸਿੰਘ, ਅੰਗਰੇਜ਼ ਸਿੰਘ ਤੋਂ ਇਲਾਵਾ ਸਾਥੀ ਤੀਰਥ ਸਿੰਘ ਬਾਸੀ ਸੂਬਾ ਜਸ ਸਕੱਤਰ ਪੰਜਾਬ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਸਮੇਂ ਉਪ ਮੰਡਲ ਇੰਜੀਨੀਅਰ ਤਿੰਨ ਵਾਰ ਗੱਲਬਾਤ ਟੁੱਟਣ ਤੋਂ ਬਾਅਦ ਫਿਰ ਪੱਤਰ ਨੰਬਰ 334 ਮਿਤੀ 17324 ਰਾਹੀਂ ਮਸਲੇ ਦਾ ਹੱਲ ਹੋਣ ਤੋਂ ਬਾਅਦ ਇਹ ਧਰਨਾ ਸਮਾਪਤ ਕੀਤਾ ਗਿਆ।

## ਬਾਬਾ ਜੱਸਾ ਸਿੰਘ ਨੂੰ ਜ਼ਿਲ੍ਹਾ ਜਲੰਧਰ ਦਾ ਜਥੇਦਾਰ ਥਾਪਿਆ



**ਸ਼ਾਹਕੋਟ (ਗਿਆਨ ਸੈਦਪੁਰੀ)**- 'ਜੇਕਰ ਚੰਗੇ ਸਮਾਜ ਤੇ ਸਭਿਆਚਾਰ ਦੇ ਰਾਖੇ ਬਣਨਾ ਚਾਹੁੰਦੇ ਹੋ ਤਾਂ ਸਾਨੂੰ ਸਭ ਨੂੰ ਬਾਣੀ ਅਤੇ ਬਾਣੇ ਨੂੰ ਅਪਨਾ ਕੇ ਨਰੋਏ ਸਮਾਜ ਦੀ ਸਿਰਜਣਾ ਕਰਨੀ ਪਵੇਗੀ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਜਥੇਦਾਰ ਬਾਬਾ ਜੱਸਾ ਸਿੰਘ ਦਾਨੇਵਾਲ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਥ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਨੌਜਵਾਨ ਪੀੜ੍ਹੀ ਨੂੰ ਅੱਗੇ ਹੋ ਕੇ ਵਿਚਰਨਾ ਚਾਹੀਦਾ ਹੈ ਤਾਂ ਜੋ ਸਰਕਾਰੇ ਦਰਬਾਰੇ ਹੋ ਰਹੇ ਧੱਕਿਆਂ ਨੂੰ ਠੱਲ੍ਹ ਪਾਈ ਜਾ ਸਕੇ। ਜ਼ਿਕਰ ਯੋਗ ਹੈ ਕਿ ਐਤਵਾਰ ਨੂੰ ਸ਼੍ਰੋਮਣੀ ਪੰਥ ਅਕਾਲੀ ਦਸ਼ਮੇਸ਼ ਤਰਨਾ ਦਲ ਪੰਜਵਾਂ ਨਿਸ਼ਾਨ ਚੱਲਦਾ ਵਹੀਰ ਚੱਕਰਵਰਤੀ ਨਿਹੰਗ ਸਿੰਘਾਂ ਪੰਜਾਬ (ਭਾਰਤ) ਦੇ ਮੌਜੂਦਾ ਮੁਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਵੱਲੋਂ ਜਥੇਦਾਰ ਬਾਬਾ ਜੱਸਾ ਸਿੰਘ ਦਾਨੇਵਾਲ ਨੂੰ ਜ਼ਿਲ੍ਹਾ ਜਲੰਧਰ ਦੇ ਜਥੇਦਾਰ ਵਜੋਂ ਨਿਯੁਕਤ ਕੀਤਾ ਗਿਆ ਹੈ। ਮੰਗਲਵਾਰ ਨੂੰ ਜਥੇਦਾਰ ਬਾਬਾ ਜੱਸਾ ਸਿੰਘ ਦਾਨੇਵਾਲ ਵੱਲੋਂ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਗਈ ਕਿ ਉਹ ਉਹਨਾਂ ਦਾ ਸਾਥ ਦੇਣ ਤਾਂ ਜੋ ਪੰਥ ਦਾ ਪ੍ਰਚਾਰ ਅਤੇ ਪ੍ਰਸਾਰ ਵੱਧ ਤੋਂ ਵੱਧ ਕੀਤਾ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਘੋੜਿਆਂ ਦੇ ਜਥੇਦਾਰ ਬਾਬਾ ਰਵੈਲ ਸਿੰਘ ਸੋਢੀ, ਹੈਡ ਗ੍ਰੰਥੀ ਗਿਆਨੀ ਅਰਸ਼ਦੀਪ ਸਿੰਘ, ਜਥੇਦਾਰ ਸ਼ਮਸ਼ੇਰ ਸਿੰਘ, ਸੁਰਜੀਤ ਸਿੰਘ ਦਾਨੇਵਾਲ, ਦੀਪ ਸਿੰਘ, ਲਾਡੀ ਸਿੰਘ, ਮਨਦੀਪ ਸਿੰਘ ਕਰਨ ਸਿੰਘ ਸਾਹਿਬ ਸਿੰਘ ਸਨੀ ਸਿੰਘ ਮੋਹਿਤ ਸਿੰਘ ਅਰਸ਼ਦੀਪ ਸਿੰਘ ਬਲਜੀਤ ਸਿੰਘ ਮਲਕੀਤ ਸਿੰਘ ਬਾਲੋਕੀ, ਜਸਪਾਲ ਸਿੰਘ ਭੱਟੀ ਸੈਦਪੁਰ, ਡਾ.ਕਵੀਤੋਜ਼ ਸਿੰਘ ਮੀਏਂਵਾਲ, ਰਣਜੀਤ ਸਿੰਘ ਪੂਨੀਆ, ਜੱਸੀ ਪੂਨੀਆ, ਰਾਜਵੀਰ ਸਿੰਘ ਮਲਸੀਆਂ, ਹਰਮੇਸ਼ ਸਿੰਘ ਕੋਟਲਾ ਸੂਰਜ ਮੱਲ ਆਦਿ ਮੌਜੂਦ ਸਨ।

## ਖੰਡੂਪੁਰ 'ਚ ਖੇਡ ਮੈਦਾਨ ਦੇ ਨਿਰਮਾਣ ਲਈ 1 ਲੱਖ ਰੁਪਏ ਦੀ ਗਰਾਂਟ ਜਾਰੀ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡ ਮੈਦਾਨਾਂ ਨਾਲ ਜੋੜਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਵਿੱਢੀ ਮੁਹਿੰਮ ਤਹਿਤ ਅੱਜ ਬਲਾਚੌਰ ਇਲਾਕੇ ਵਿੱਚ ਵੱਡਾ ਕਦਮ ਚੁੱਕਿਆ ਗਿਆ। ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਅਤੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਜਲਾਲਪੁਰ ਨੇ ਬਲਾਕ ਪ੍ਰਧਾਨ ਪਰਮਜੀਤ ਸਿੰਘ ਦੀ ਮੌਜੂਦਗੀ ਵਿੱਚ ਇਲਾਕੇ ਦੇ ਨੌਜਵਾਨਾਂ ਦੇ ਸੁਨਹਿਰੀ ਭਵਿੱਖ ਲਈ ਵਿਸ਼ੇਸ਼ ਗਰਾਂਟਾਂ ਜਾਰੀ ਕੀਤੀਆਂ। ਚੇਅਰਮੈਨ ਜਲਾਲਪੁਰ ਨੇ ਆਪਣੇ ਅਖਤਿਆਰੀ ਕੋਟੇ ਵਿੱਚੋਂ ਪਿੰਡਾਂ ਦੇ ਵਿਕਾਸ ਲਈ ਰਾਸ਼ੀ ਵੰਡਦਿਆਂ ਪਿੰਡ ਖੰਡੂਪੁਰ ਦੇ ਬੱਚਿਆਂ ਦੇ ਖੇਡ ਗਰਾਊਂਡ ਦੇ ਨਿਰਮਾਣ ਲਈ 1 ਲੱਖ ਰੁਪਏ ਦੀ ਗਰਾਂਟ,ਪਿੰਡ ਧੌਲ ਦੇ ਨੌਜਵਾਨਾਂ ਲਈ ਆਧੁਨਿਕ ਜਿਮ ਦੀ ਸਹੂਲਤ ਵਾਸਤੇ 1.5 ਲੱਖ ਰੁਪਏ ਦੀ ਗਰਾਂਟ ਦਿੱਤੀ। ਉਨ੍ਹਾਂ ਭਰੋਸਾ ਦਿੱਤਾ ਕਿ ਜਲਦ ਹੀ ਹੋਰ ਪਿੰਡਾਂ ਵਿੱਚ ਵੀ ਅਜਿਹੀਆਂ ਖੇਡ ਸਹੂਲਤਾਂ ਦਾ ਵਿਸਤਾਰ ਕੀਤਾ




ਜਾਵੇਗਾ।ਇਸ ਮੌਕੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਸਤਨਾਮ ਜਲਾਲਪੁਰ ਨੇ ਕਿਹਾ, ਸਾਡਾ ਮੁੱਖ ਮਕਸਦ ਨੌਜਵਾਨਾਂ ਦੀ ਊਰਜਾ ਨੂੰ ਸਹੀ ਪਾਸੇ ਲਗਾਉਣਾ ਹੈ। ਜਦੋਂ ਪਿੰਡਾਂ ਵਿੱਚ ਜਿਮ ਅਤੇ ਖੇਡ ਮੈਦਾਨ ਹੋਣਗੇ, ਤਾਂ ਨੌਜਵਾਨ ਕੁਦਰਤੀ ਤੌਰ 'ਤੇ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੀ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਵੱਲ ਧਿਆਨ ਦੇਣਗੇ। ਉਨ੍ਹਾਂ ਅੱਗੇ ਕਿਹਾ ਕਿ ਜ਼ਿੰਦਗੀ ਵਿੱਚ ਸਫਲਤਾ ਸਿਰਫ਼ ਸਖ਼ਤ ਮਿਹਨਤ ਅਤੇ ਇਮਾਨਦਾਰੀ ਨਾਲ ਹੀ ਮਿਲਦੀ ਹੈ, ਇਸ ਦਾ ਕੋਈ ਸ਼ਾਰਟਕੱਟ ਨਹੀਂ ਹੁੰਦਾ।ਆਮ ਆਦਮੀ ਪਾਰਟੀ ਦੀ ਇਸ ਪਹਿਲਕਦਮੀ ਦੀ ਇਲਾਕਾ ਨਿਵਾਸੀਆਂ ਅਤੇ ਪੰਚਾਇਤਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ। ਪਿੰਡ ਧੌਲ ਤੋਂ ਸਰਪੰਚ ਬਲਬੀਰ ਸਿੰਘ, ਸਤਨਾਮ ਚਹਿਲ, ਜੋਰਾ ਸਿੰਘ, ਕਿਸ਼ਨ ਸਿੰਘ ਮੈਨੇਜਰ, ਕੁਲਵਿੰਦਰ ਬਿੰਦੂ, ਸਰਵਣ ਸਿੰਘ ਅਤੇ ਬੰਟੀ,ਪਿੰਡ ਖੰਡੂਪੁਰ ਤੋਂ ਸਰਪੰਚ ਗੁਰਨਾਮ ਸਿੰਘ, ਨੰਬਰਦਾਰ ਅਵਤਾਰ ਸਿੰਘ, ਜਗਤਾਰ ਸਿੰਘ, ਗੁਰਪ੍ਰੀਤ ਸਿੰਘ, ਸਰਵਣ ਸਿੰਘ, ਸ਼ਿੰਗਾਰਾ ਸਿੰਘ ਤੇ ਸਾਬਕਾ ਸਰਪੰਚ ਸੁਰਜੀਤ ਸਿੰਘ ਨੇ ਕਿਹਾ ਕਿ ਇਹ ਗਰਾਂਟਾਂ ਪਿੰਡਾਂ ਦੇ ਵਿਕਾਸ ਵਿੱਚ ਮੀਲ ਦਾ ਪੱਥਰ ਸਾਬਤ ਹੋਣਗੀਆਂ।

## ਸਕੂਲ ਦੀ ਨਵੀਂ ਇਮਾਰਤ ਦੀ ਸ਼ੁਰੂਆਤ ਜਲਦੀ ਹੋਵੇਗੀ : ਪ੍ਰਿੰ. ਗੁਰਿੰਦਰ ਕੌਰ ਕਪੂਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਦੇਸੀ ਮਹੀਨਿਆਂ ਅਨੁਸਾਰ ਨਵੇਂ ਸਾਲ ਦੀ ਸ਼ੁਰੂਆਤ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਸਬੰਧੀ ਗੱਲ ਕਰਦਿਆਂ ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦੇਸੀ ਮਹੀਨਿਆਂ ਮੁਤਾਬਕ ਨਵੇਂ ਸਾਲ ਦੀ ਸ਼ੁਰੂਆਤ ਮੌਕੇ ਸਕੂਲ ਸਕੂਲ ਦੀ, ਸਕੂਲ ਸਟਾਫ ਦੀ ਤੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਉਹਨਾਂ ਦੱਸਿਆ ਕਿ ਨਵੇਂ ਸੈਸ਼ਨ 2026-27 ਦੀ ਸ਼ੁਰੂਆਤ ਹੋ ਚੁੱਕੀ ਹੈ ਅਤੇ ਨਵੀਆਂ ਰਜਿਸਟਰੇਸ਼ਨ ਹੋ ਰਹੀਆਂ ਹਨ। ਉਹਨਾਂ ਦੱਸਿਆ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 1972 ਤੋਂ ਇਲਾਕੇ ਵਿੱਚ ਵਿੱਦਿਅਕ ਖੇਤਰ ਵਿੱਚ ਸੇਵਾਵਾਂ ਦੇ ਰਿਹਾ ਹੈ।ਸ਼ਹਿਰ ਦੇ ਮੇਨ ਬਾਜ਼ਾਰ ਵਿੱਚ ਹੋਣ ਕਰਕੇ ਛੋਟੇ ਬੱਚਿਆਂ ਅਤੇ ਲੜਕੀਆਂ ਲਈ ਸਭ ਤੋਂ ਸੁਰੱਖਿਅਤ ਸਕੂਲ ਹੈ।ਇਸ ਸਾਲ ਟਰਾਂਸਪੋਰਟ ਦੀ ਸੁਵਿਧਾ ਵੀ ਵਿਦਿਆਰਥੀਆਂ ਲਈ ਸ਼ੁਰੂ ਕੀਤੀ ਗਈ ਹੈ। ਉਹਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ



ਦੀ ਨਵੀਂ ਬਣ ਰਹੀ ਇਮਾਰਤ ਦਾ ਕੰਮ ਵੀ ਬੜੇ ਜ਼ੋਰ ਸ਼ੋਰ ਨਾਲ ਚੱਲ ਰਿਹਾ ਹੈ ਅਤੇ ਜਲਦੀ ਹੀ ਇਹ ਇਮਾਰਤ ਵਿਦਿਆਰਥੀਆਂ ਲਈ ਸ਼ੁਰੂ ਕਰ ਦਿੱਤੀ ਜਾਵੇਗੀ। ਉਹਨਾਂ ਦੱਸਿਆ ਕਿ ਸਕੂਲ ਦੀਆਂ ਫੀਸਾਂ ਬਹੁਤ ਹੀ ਵਾਜਬ ਹਨ ਅਤੇ ਚੀਫ ਖਾਲਸਾ ਦੀਵਾਨ ਦੇ ਦੀਆਂ ਹਦਾਇਤਾਂ ਅਨੁਸਾਰ ਲੋੜਵੰਦ ਵਿਦਿਆਰਥੀਆਂ ਨੂੰ ਫੀਸਾਂ ਵਿੱਚ ਛੋਟ ਵੀ ਦਿੱਤੀ ਜਾਵੇਗੀ।

## ਸਿਹਤ ਵਿਭਾਗ ਵੱਲੋਂ ਲੜਕੀਆਂ ਨੂੰ ਐੱਚ ਪੀ ਵੀ ਟੀਕਾਕਰਨ ਕਰਵਾਉਣ ਦੀ ਅਪੀਲ



**ਮੋਹਾਲੀ, (ਗੁਰਜੀਤ ਬਿੱਲਾ)**- ਐੱਚ ਪੀ ਵੀ ਵੈਕਸੀਨ ਸਬੰਧੀ ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਵੱਖ-ਵੱਖ ਸਰਕਾਰੀ ਤੇ ਨਿੱਜੀ ਸਕੂਲਾਂ ਦੇ ਮੁਖੀਆਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਗਿਰੀਸ਼ ਡੋਗਰਾ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਐੱਚ ਪੀ ਵੀ ਟੀਕਾਕਰਨ ਬਿਲਕੁਲ ਮੁਫ਼ਤ ਹੋ ਰਿਹਾ ਹੈ ਤੇ ਸਕੂਲ ਮੁਖੀਆਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਵਿਦਿਆਰਥਣਾਂ ਨੂੰ ਟੀਕਾਕਰਨ ਲਈ ਪ੍ਰੇਰਿਤ ਕਰਨ।ਸਿਹਤ ਟੀਮਾਂ ਖ਼ੁਦ ਵੀ ਵਿਦਿਆਰਥਣਾਂ ਨੂੰ ਇਸ ਵੈਕਸੀਨ ਦੇ ਲਾਭਾਂ ਬਾਰੇ ਜਾਗਰੂਕ ਕਰ ਰਹੀਆਂ ਹਨ। ਜ਼ਿਕਰਯੋਗ ਹੈ ਕਿ ਇਹ ਟੀਕਾ 14 ਤੋਂ 15 ਸਾਲ ਤਕ ਦੀਆਂ ਕੁੜੀਆਂ ਨੂੰ ਲਗਾਇਆ ਜਾ ਰਿਹਾ ਹੈ ਯਾਨੀ ਜਿਨ੍ਹਾਂ ਦਾ 14ਵਾਂ ਜਨਮ ਦਿਨ ਲੰਘ ਚੁੱਕਾ ਹੈ ਅਤੇ 15ਵਾਂ ਹਾਲੇ ਆਉਣਾ ਹੈ। ਡਾ. ਡੋਗਰਾ ਨੇ ਦਸਿਆ ਕਿ ਇਹ ਟੀਕਾ ਪ੍ਰਾਈਵੇਟ ਹਸਪਤਾਲਾਂ ਵਿੱਚ ਮਹਿੰਗੀ ਕੀਮਤ ਵਿਚ ਉਪਲਬਧ ਹੈ ਜਦਕਿ ਸਰਕਾਰੀ ਹਸਪਤਾਲਾਂ ਵਿੱਚ ਬਿਲਕੁਲ ਮੁਫ਼ਤ ਲੱਗ ਰਿਹਾ ਹੈ।

## ਯੁੱਧ ਨਸ਼ਿਆਂ ਵਿਰੁੱਧ ਤਹਿਤ ਸੈਮੀਨਾਰ ਲਗਾਇਆ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਲਈ ਸ਼ੁਰੂ ਕੀਤੇ ਪ੍ਰੋਗਰਾਮ 'ਯੁੱਧ ਨਸ਼ਿਆ ਵਿਰੁੱਧ' ਤਹਿਤ ਸਰਕਾਰੀ ਆਈ ਟੀ ਆਈ ਹੁਸ਼ਿਆਰਪੁਰ ਵਿਖੇ ਪ੍ਰਿੰਸੀਪਲ ਰੁਪਿੰਦਰ ਸਿੰਘ, ਵਾਈਸ ਪ੍ਰਿੰਸੀਪਲ ਪੁਸ਼ਪਿੰਦਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨੋਡਲ ਅਫਸਰ ਹੰਸ ਰਾਜ, ਟ੍ਰੇਨਿੰਗ ਅਫ਼ਸਰ ਮਸਤ ਰਾਮ ਵਲੋਂ ਸੈਮੀਨਾਰ ਲਗਾਇਆ ਗਿਆ। ਇਸ ਮੌਕੇ ਪੰਜਾਬ ਸਰਕਾਰ ਵਲੋਂ ਸਿਖਿਆਰਥੀਆਂ ਨੂੰ ਨਸ਼ੇ ਦੇ ਬੁਰੇ ਪ੍ਰਭਾਵਾਂ ਤੋਂ ਜਾਗਰੂਕ ਕਰਨ



ਲਈ ਪ੍ਰਾਯੋਜਿਤ ਜੇ ਪੀ ਐੱਲ ਕੰਪਨੀ ਤੋ ਪਹੁੰਚੇ ਸਤਵੰਤ ਸਿੰਘ ਮਾਨੀਟਰ, ਬਲਜਿੰਦਰ ਸਿੰਘ ਸਰਵੇਅਰ, ਸ਼ੁਭਮ ਵਲੋਂ ਨੌਜਵਾਨਾਂ ਵਲੋਂ ਨਸ਼ੇ ਦੀ ਸ਼ੁਰੂਆਤ ਕਰਨ ਦੇ ਕਾਰਨਾਂ, ਨਸ਼ੇ ਦੇ ਵਿਅਕਤੀ ਦੇ ਜੀਵਨ ਤੇ ਉਸ ਦੇ ਪਰਵਾਰ ਦੇ ਪੈਣ ਵਾਲੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਤੇ ਹਰੇਕ ਪ੍ਰਕਾਰ ਦੇ ਪ੍ਰਕਾਰ ਦੇ ਨਸ਼ੇ ਤੋਂ ਬਚਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਾਈਸ ਪ੍ਰਿੰਸੀਪਲ ਪੁਸ਼ਪਿੰਦਰ ਸਿੰਘ, ਨੋਡਲ ਅਫਸਰ ਹੰਸ ਰਾਜ ਵੱਲੋਂ ਸਿਖਿਆਰਥੀਆਂ ਨੂੰ ਨਸ਼ੇ ਦੇ ਬੁਰੇ ਪ੍ਰਭਾਵਾਂ ਸਬੰਧੀ ਜਾਣਕਾਰੀ ਦਿੰਦਿਆਂ ਨਸ਼ੇ ਤੋਂ ਪੀੜਤ ਵਿਅਕਤੀਆਂ ਦੇ ਵਿਅਕਤੀਗਤ ਜੀਵਨ ਤੋ ਪ੍ਰੇਰਣਾ ਲੈਂਦੇ ਹੋਏ ਕਿਸੇ ਵੀ ਪ੍ਰਕਾਰ ਦੇ ਨਸ਼ੇ ਦਾ ਸੇਵਨ ਨਾ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਟ੍ਰੇਨਿੰਗ ਅਫਸਰ ਮਸਤ ਰਾਮ, ਅਸ਼ਵਨੀ ਕੁਮਾਰ, ਸਤਪਾਲ ਸਿੰਘ, ਸੱਤਪਾਲ, ਬਲਜੀਤ ਸਿੰਘ, ਜਗਦੀਪ ਸਿੰਘ, ਚਰਨਜੀਤ ਸਿੰਘ, ਕਮਲਪ੍ਰੀਤ ਕੋਰ, ਗਰਿਮਾ, ਪੁਰਵਿੰਦਰ ਕੋਰ, ਲਖਵਿੰਦਰ ਸਿੰਘ, ਰਵੀ ਕੁਮਾਰ ਸਮੇਤ ਸੰਸਥਾ ਦੇ ਫਿਟਰ, ਟਰਨਰ, ਪਲੰਬਰ, ਇਲੈਕਟ੍ਰੀਸ਼ਨ, ਵੈਲਡਰ, ਵੁੱਡਵਰਕ ਟੈਕਨੀਸ਼ੀਅਨ, ਸੋਲਰ ਟੈਕਨੀਸ਼ੀਅਨ, ਇੰਸਟ੍ਰੂਮੈਂਟ ਮਕੈਨਿਕ ਤੇ ਹੋਰ ਟਰੇਡਾਂ ਦੇ ਸਿਖਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਕਿਸੇ ਵੀ ਤਰ੍ਹਾਂ ਦੇ ਨਸ਼ੇ ਦਾ ਸੇਵਨ ਨਾ ਕਰਨ ਤੇ ਹੋਰਨਾਂ ਨੂੰ ਵੀ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਦਾ ਪ੍ਰਣ ਲਿਆ।

## ਸੰਜੀਵਨ ਬਣੇ ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ ਦੇ ਪ੍ਰਬੰਧਕੀ ਬੋਰਡ ਦੇ ਮੈਂਬਰ

**ਮੋਹਾਲੀ (ਗੁਰਜੀਤ ਬਿੱਲਾ)** ਨਾਟਕਕਾਰ ਤੇ ਨਾਟ-ਨਿਰਦੇਸ਼ਕ ਸੰਜੀਵਨ ਸਿੰਘ ਪੰਜਾਬੀ ਸਾਹਿਤਕਾਰਾਂ, ਬੁੱਧੀਜੀਵੀਆਂ, ਚਿੰਤਕਾਂ ਨਾਟਕਰਮੀਆਂ ਦੀ ਸਿਰਮੌਰ ਅਤੇ ਵਕਾਰੀ ਸੰਸਥਾ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ 2026-28 ਲਈ ਲਗਾਤਾਰ ਦੂਸਰੀ ਵਾਰ ਪ੍ਰਬੰਧਕੀ ਬੋਰਡ ਦੇ ਮੈਂਬਰ ਚੁਣੇ ਗਏ।ਇਹ ਜਾਣਕਾਰੀ ਦਿੰਦੇ ਰੰਗਮੰਚ, ਫਿਲਮਾਂ ਅਤੇ ਟੈਲੀਵਿਜ਼ਨ ਦੇ ਅਦਾਕਾਰ ਅਤੇ ਸਰਘੀ ਕਲਾ ਕੇਂਦਰ ਦੇ ਜਨਰਲ ਸਕੱਤਰ ਕੁੱਕੂ ਦੀਵਾਨ ਨੇ ਦੱਸਿਆ ਕਿ ਸੰਜੀਵਨ ਪਿਛਲੇ ਤਕਰੀਬਨ ਸਾਢੇ ਚਾਰ ਦਹਾਕਿਆਂ ਤੋਂ ਰੰਗਮੰਚ, ਸਾਹਿਤ ਤੇ ਸਭਿਆਚਾਰ ਦੇ ਖੇਤਰ ਵਿੱਚ ਸਰਗਰਮ ਹਨ।ਦੋ ਦਰਜਨ ਨਾਟਕ ਪੰਜਾਬੀ ਰੰਗਮੰਚ ਦੇਣ ਤੋਂ ਇਲਾਵਾ ਉਹ ਇਪਟਾ, ਪੰਜਾਬ ਅਤੇ ਸਰਘੀ ਕਲਾ ਕੇਂਦਰ ਦੇ ਪ੍ਰਧਾਨ ਦੀ ਜ਼ੁੰਮੇਵਾਰੀ ਵੀ ਨਿਭਾ ਰਹੇ ਹਨ। ਕੁੱਕੂ ਦੀਵਾਨ ਕੇ ਅੱਗੇ ਦੱਸਿਆ ਕਿ ਸੰਜੀਵਨ ਸਿੰਘ ਨੇ ਪ੍ਰਬੰਧਕੀ ਬੋਰਡ ਦੇ ਮੈਂਬਰ ਵੱਜੋਂ ਆਪਣੇ ਪਿਛਲੇ ਦੋ ਸਾਲਾਂ ਵਿੱਚ ਦਹਾਕਿਆਂ ਤੋਂ ਬੰਦ ਪਏ ਬਲਰਾਜ ਸਾਹਨੀ ਓਪਨ ਏਅਰ ਥੀਏਟਰ ਵੀਹ ਲੱਖ ਰੁਪਏ ਖਰਚ ਕੇ ਮੁਰੰਮਤ ਕਰਵਾਕੇ ਰੰਗਮੰਚ ਤੇ ਸਭਿਆਚਾਰਕ ਸਰਗਰਮੀਆਂ ਮੁੜ ਆਰੰਭੀਆਂਜਿਸ ਦਾ ਅਗ਼ਾਜ਼ ਉਨ੍ਹਾਂ 23 ਮਾਰਚ ਤੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਸ਼ਹੀਦੀ ਦਿਵਸ ਤੋਂ 27 ਮਾਰਚ ਵਿਸ਼ਵ ਰੰਗਮੰਚ ਦਿਵਸ ਤੱਕ ਪੰਜ ਰੋਜ਼ਾ ਨਾਟ ਮੇਲੇ ਦਾ ਆਯੋਜਨ ਕਰਵਾ ਕੇ ਕੀਤਾ।ਇਨ੍ਹਾਂ ਪੰਜ ਦਿਨਾਂ ਦੌਰਾਨ ਪੰਜ ਰੰਗਮੰਚੀ, ਸਭਿਆਚਾਰਕ ਨਾਮਵਾਰ ਸ਼ਖ਼ਸ਼ੀਅਤਾ ਅਤੇ ਇਪਟਾ ਦੇ ਮੁੱਢਲੇ ਕਾਰਕੁਨਾ ਨਾ ਰੂ-ਬ-ਰੂ, ਪੰਜ ਨਾਟਕਾਂ ਦੇ ਮੰਚਣ ਅਤੇ ਮੰਚਣ ਉਪਰੰਤ ਮੰਥਣ ਦਾ ਇੰਤਜ਼ਾਮ ਵੀ ਕੀਤਾ ਗਿਆ।ਇਨ੍ਹਾਂ ਪੰਜ ਦਿਨਾਂ ਦੌਰਾਨ ਪੰਜ ਦਰਜਨ ਦੇ ਕਰੀਬ ਰੰਗਮੰਚ, ਸਾਹਿਤ ਅਤੇ ਸਭਿਆਚਾਰ ਖੇਤਰ ਦੀਆਂ ਨਾਮਵਰ ਹਸਤਾਖਰਾਂ ਨੇ ਸ਼ਿਰਕਤ ਕੀਤੀ।

## ਸਿਹਤ ਕੈਂਪਾਂ 'ਚ 37 ਹਜ਼ਾਰ ਬਜ਼ੁਰਗ ਨਾਗਰਿਕਾਂ ਦੀ ਰਜਿਸਟ੍ਰੇਸ਼ਨ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਤਹਿਤ ਲਗਾਏ ਗਏ ਸੂਬਾ ਪੱਧਰੀ ਸਿਹਤ ਚੈਕ-ਅੱਪ ਕੈਂਪਾਂ ਦੌਰਾਨ ਕਰੀਬ 37 ਹਜ਼ਾਰ ਬਜ਼ੁਰਗ ਨਾਗਰਿਕਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਹੈ। ਇਹ ਜਾਣਕਾਰੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਜ਼ੁਰਗਾਂ ਨੂੰ ਆਪਣਾ ਅਨਮੋਲ ਸਰਮਾਇਆ ਮੰਨਦੀ ਹੈ ਅਤੇ ਉਨ੍ਹਾਂ ਦੀ ਸੁਰੱਖਿਆ ਤੇ ਸਨਮਾਨ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।

## ਅਵਤਾਰ ਸਿੰਘ ਸੇਖੋਂ (ਸੀਕਰੀ) ਨੂੰ ਕੀਤਾ ਸਨਮਾਨਤ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਭਾਰਤੀ ਕਿਸਾਨ ਮਜ਼ਦੂਰ ਏਕਤਾ ਯੂਨੀਅਨ ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਪ੍ਰਧਾਨ ਮੱਖਣ ਸਿੰਘ ਦੇ ਪਿੰਡ ਫਤਿਹਪੁਰ ਕੋਠੀ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਅਵਤਾਰ ਸਿੰਘ



ਸੇਖੋਂ ( ਸੀਕਰੀ) ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਮੱਖਣ ਸਿੰਘ ਕੋਠੀ ਅਤੇ ਉਹਨਾਂ ਦੇ ਹੋਰ ਸਾਥੀਆਂ ਨਾਲ 2027 ਦੀਆਂ ਚੋਣਾਂ ਪ੍ਰਤੀ ਵਿਚਾਰ ਵਟਾਂਦਰਾ ਕੀਤਾ। ਮੱਖਣ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੇ ਅਵਤਾਰ ਸਿੰਘ ਦਾ ਉਹਨਾਂ ਦੇ ਗ੍ਰਹਿ ਵਿਖੇ ਪਹੁੰਚਣ 'ਤੇ ਭਰਵਾਂ ਸਵਾਗਤ ਕੀਤਾ ਅਤੇ ਉਹਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਇਸ ਮੌਕੇ ਨਰਿੰਦਰ ਸਿੰਘ, ਜਗੀਰ ਸਿੰਘ, ਪ੍ਰਦੀਪ ਸਿੰਘ, ਗੁਰਜੀਤ ਸਿੰਘ, ਸੁਖਜੀਤ ਸਿੰਘ, ਪਰਮਜੀਤ ਸਿੰਘ ਆਦਿ ਵੀ ਹਾਜ਼ਰ ਸਨ। ਮੱਖਣ ਸਿੰਘ ਕੋਠੀ ਨੇ ਕਿਹਾ ਕਿ ਉਹ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਨੂੰ ਪੂਰਾ ਸਮਰਥਨ ਦੇਣਗੇ ਅਤੇ ਪਾਰਟੀ ਦੇ ਹੱਕ ਵਿੱਚ ਡਟ ਕੇ ਪ੍ਰਚਾਰ ਕਰਨਗੇ।

## ਪਬਲਿਕ-ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਤਹਿਤ 5ਵਾਂ ਬੈਚ ਸਫ਼ਲਤਾਪੂਰਵਕ ਮੁਕੰਮਲ

**ਜਲੰਧਰ (ਸ਼ੈਲੀ ਐਲਬਰਟ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਜ਼ਿਲ੍ਹੇ ਵਿੱਚ ਪਬਲਿਕ-ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਚੱਲ ਰਹੇ 5ਵੇਂ ਬੈਚ ਦੀ ਸਮਾਪਤੀ 'ਤੇ 65 ਇੰਟਰਨਜ਼ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ।ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇੰਟਰਨਜ਼ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਨੂੰ ਰੌਸ਼ਨ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਡਿਪਟੀ ਕਮਿਸ਼ਨਰ ਨੇ ਉਨ੍ਹਾਂ ਨੂੰ ਇੰਟਰਨਸ਼ਿਪ ਸਫ਼ਲਤਾਪੂਰਵਕ ਮੁਕੰਮਲ ਕਰਨ 'ਤੇ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਵੱਲੋਂ ਵੱਖ-ਵੱਖ ਵਿਭਾਗਾਂ/ਦਫ਼ਤਰਾਂ ਵਿੱਚ ਹਾਸਲ ਕੀਤੇ ਤਜ਼ਰਬਿਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਡਾ. ਅਗਰਵਾਲ ਨੇ ਦੱਸਿਆ ਕਿ ਪਬਲਿਕ-ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਵੱਖ-ਵੱਖ ਵਿੱਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੂੰ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਅਦਾਰਿਆਂ/ਵਿਭਾਗਾਂ/ਦਫ਼ਤਰਾਂ ਵਿੱਚ 3 ਮਹੀਨੇ ਲਈ ਬਤੌਰ ਇੰਟਰਨ ਸ਼ਾਮਲ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਇਸ ਉਪਰਾਲੇ ਦਾ ਮਕਸਦ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਵੱਖ-ਵੱਖ ਵਿਭਾਗਾਂ ਦੀ ਕਾਰਜਸ਼ੈਲੀ ਤੋਂ ਜਾਣੂ ਕਰਵਾਉਣਾ ਤੇ ਉਨ੍ਹਾਂ ਦੇ ਗਿਆਨ ਤੇ ਕੌਸ਼ਲ ਵਿੱਚ ਵਾਧਾ ਕਰਨਾ ਵੀ ਹੈ। ਡਾ. ਅਗਰਵਾਲ ਨੇ ਦੱਸਿਆ ਕਿ ਇੰਟਰਨਸ਼ਿਪ ਦੌਰਾਨ ਇਨ੍ਹਾਂ ਵਿਦਿਆਰਥੀਆਂ ਨੂੰ ਸਰਕਾਰੀ ਵਿਭਾਗਾਂ ਦੇ ਕੰਮਕਾਜ ਨੂੰ ਨੇੜਿਓਂ ਦੇਖਣ ਅਤੇ ਸਮਝਣ ਦਾ ਮੌਕਾ ਮਿਲਿਆ।



ਉਨ੍ਹਾਂ ਦੱਸਿਆ ਕਿ ਇਸ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਪਹਿਲਾਂ ਵੀ ਚਾਰ ਬੈਚ ਲਾਏ ਜਾ ਚੁੱਕੇ ਹਨ, ਜਿਸ ਤਹਿਤ ਕਰੀਬ 300 ਵਿਦਿਆਰਥੀ ਇੰਟਰਨਸ਼ਿਪ ਕਰ ਚੁੱਕੇ ਹਨ। ਇਸ ਮੌਕੇ ਡਿਪਟੀ ਡਾਇਰੈਕਟਰ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਨੀਲਮ ਮਹੇ, ਯੰਗ ਪ੍ਰੋਫੈਸ਼ਨਲ, ਮਾਡਲ ਕੈਰੀਅਰ ਸੈਂਟਰ, ਜਲੰਧਰ ਤੋਂ ਨਿਰਮਲ ਕੌਰ ਅਤੇ ਜ਼ਿਲ੍ਹਾ ਵਿਕਾਸ ਫੈਲੋ ਕ੍ਰਿਤਿਕਾ ਵੀ ਮੌਜੂਦ ਸਨ।

## ਬਾਲ ਭਿਖਿਆ ਰੋਕੂ ਜ਼ਿਲ੍ਹਾ ਟਾਸਕ ਫੋਰਸ ਵਲੋਂ ਚੈਕਿੰਗ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵੱਲੋਂ ਬਾਲ ਭਿੱਖਿਆ ਦੀ ਰੋਕਥਾਮ ਲਈ ਚਲਾਈ ਜਾ ਰਹੇ ਪ੍ਰਾਜੈਕਟ ਜੀਵਨਜੋਤ-2 ਤਹਿਤ ਦਸੂਹਾ ਦੇ ਵੱਖ-ਵੱਖ ਏਰੀਆ ਰੇਲਵੇ ਸਟੇਸ਼ਨ, ਬੱਸ ਅੱਡਾ, ਹਾਜੀਪੁਰ ਚੌਕ, ਬਲੱਗਣਾ ਚੌਂਕ ਵਿਖੇ ਬਾਲ ਭਿੱਖਿਆ ਰੋਕੂ ਰੇਡਜ਼ ਕੀਤੀਆਂ ਗਈਆ ਤੇ ਆਮ ਜਨਤਾ ਨੂੰ ਬਾਲ ਭਿੱਖਿਆ ਦੇ ਦੂਰ ਪ੍ਰਭਾਵਾ ਬਾਰੇ ਜਾਗਰੂਕ ਕੀਤਾ ਗਿਆ।ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਨੇ ਦੱਸਿਆ ਕਿ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਰਹਿਨੁਮਾਈ ਹੇਠ ਸਮੇਂ-ਸਮੇਂ 'ਤੇ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾ ਦੱਸਿਆ ਕਿ ਇਹ ਚੈਕਿੰਗ ਭਲਾਈ ਕਮੇਟੀ ਦੀ ਚੇਅਰਪਰਸਨ ਦੀ ਅਗਵਾਈ ਵਿਚ ਹਰਜੀਤ ਕੌਰ ਦੀ ਟੀਮ ਦੁਆਰਾ ਬਾਲ ਭਿਖਿਆ ਰੋਕੂ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਨਾਲ ਕੀਤੀ ਗਈ ਜਿਸ ਦੌਰਾਨ ਹਾਜੀਪੁਰ ਤੋਂ 3 ਬੱਚੇ ਬਾਲ ਭਿੱਖਿਆ ਤੋਂ ਮੁਕਤ ਕਰਵਾਏ ਗਏ ਤੇ ਬਾਲ ਭਲਾਈ ਕਮੇਟੀ, ਹੁਸ਼ਿਆਰਪੁਰ ਸਾਹਮਣੇ ਪੇਸ਼ ਕੀਤਾ ਗਿਆ।ਬਾਲ ਭਲਾਈ ਕਮੇਟੀ ਵਲੋਂ ਬੱਚਿਆਂ ਦੀ ਕੌਸਲਿੰਗ ਕੀਤੀ ਗਈ ਤੇ ਬੱਚਿਆਂ ਦੀ ਭਲਾਈ ਨੂੰ ਮੁੱਖ



ਰਖੱਦੇ ਹੋਏ ਬੱਚਿਆਂ ਦੀ ਭਲਾਈ ਲਈ ਫੈਸਲਾ ਲੈਂਦੇ ਹੋਏ ਨਾਰੀ ਨਿਕੇਤਨ ਜਲੰਧਰ ਵਿਖੇ ਦਾਖਲ ਕੀਤਾ ਗਿਆ । ਚੇਅਰਪਰਸਨ ਬਾਲ ਭਲਾਈ ਕਮੇਟੀ ਵੱਲੋਂ ਆਮ ਜਨਤਾ ਨੂੰ ਅਪੀਲ ਵੀ ਕੀਤੀ ਗਈ ਜੇਕਰ ਤੁਹਾਨੂੰ ਕੋਈ ਬੱਚਾ ਭੀਖ ਮੰਗਦਾ ਜਾਂ ਬਾਲ ਮਜ਼ਦੂਰੀ ਕਰਦਾ ਹੋਇਆ ਮਿਲਦਾ ਹੈ, ਤਾਂ ਉਸ ਦੀ ਸੂਚਨਾ ਬਾਲ ਹੈਲਪਲਾਈਨ 1098 ਤੇ ਦਿੱਤੀ ਜਾਵੇ, ਤਾਂ ਜੋ ਤੁਹਾਡੀ ਇੱਕ ਪਹਿਲ ਕਿਸੇ ਬੱਚੇ ਦੀ ਜ਼ਿੰਦਗੀ ਬਦਲ ਸਕੇ। ਉਨ੍ਹਾਂ ਦੱਸਿਆ ਕਿ 0 ਤੋਂ 18 ਸਾਲ ਦੇ ਬੱਚਿਆਂ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਹੁਸ਼ਿਆਰਪੁਰ ਵਿਖੇ ਜਾਂ ਬਾਲ ਹੈਲਪਲਾਈਨ 1098 'ਤੇ ਫੋਨ ਕਰਕੇ ਲਈ ਜਾ ਸਕਦੀ ਹੈ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਤਰ੍ਹਾਂ ਦੀ ਚੈਕਿੰਗ ਪਹਿਲਾਂ ਵੀ ਹੋ ਰਹੀਆਂ ਹਨ ਅਤੇ ਇਹ ਲਗਾਤਾਰ ਜਾਰੀ ਰਹਿਣਗੀਆਂ। ਜੇਕਰ ਕੋਈ ਮਾਤਾ-ਪਿਤਾ ਬੱਚੇ ਤੋਂ ਬਾਲ ਭਿਖਿਆ ਕਰਵਾਉਂਦਾ ਪਾਇਆ ਗਿਆ, ਤਾਂ ਮਾਤਾ-ਪਿਤਾ 'ਤੇ ਵੀ ਕਾਰਵਾਈ ਕੀਤੀ ਜਾਵੇਗੀ। ਬੱਚਿਆਂ ਦੀ ਸੁਰੱਖਿਆ ਅਤੇ ਦੇਖ-ਭਾਲ ਸਬੰਧੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਰਾਮ ਕਲੋਨੀ ਕੈਂਪ ਹੁਸ਼ਿਆਰਪੁਰ ਨਾਲ ਹਮੇਸ਼ਾ ਤਾਲਮੇਲ ਕੀਤਾ ਜਾ ਸਕਦਾ ਹੈ। ਇਸ ਰੇਡ ਦੌਰਾਨ ਮੈਂਬਰ ਬਾਲ ਭਲਾਈ ਕਮੇਟੀ ਜਗਦੀਸ਼ ਮਿੱਤਰ, ਕੇਸ ਵਰਕਰ ਜਸਵਿੰਦਰ ਸਿੰਘ ਅਤੇ ਦਸੂਹਾ ਪੁਲਸ ਕਰਮਚਾਰੀ ਵੀ ਮੌਜੂਦ ਸਨ।

## ਜ਼ਿਲ੍ਹਾ ਬਾਰ ਐਸੋਸੀਏਸ਼ਨ ਵੱਲੋਂ ਅੱਜ ਨੋ ਵਰਕ ਡੇ ਦਾ ਐਲਾਨ

**ਜਲੰਧਰ, (ਸੁਰਿੰਦਰ ਕੁਮਾਰ)**- ਜਲੰਧਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਨੇ ਬਾਰ ਕੌਂਸਲ ਆਫ਼ ਪੰਜਾਬ ਐਂਡ ਹਰਿਆਣਾ ਦੀਆਂ ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਕਚਹਿਰੀ ਕੰਪਲੈਕਸ ਵਿੱਚ 18 ਮਾਰਚ ਨੂੰ ਨੋ ਵਰਕ ਡੇ ਘੋਸ਼ਿਤ ਕੀਤਾ ਹੈ। ਇਹ ਫੈਸਲਾ ਐਸੋਸੀਏਸ਼ਨ ਦੀ ਐਗਜ਼ੀਕਿਊਟਿਵ ਕਮੇਟੀ ਦੀ ਮੀਟਿੰਗ ਵਿੱਚ ਲਿਆ ਗਿਆ। ਡਿਸਟ੍ਰਿਕਟ ਬਾਰ ਐਸੋਸੀਏਸ਼ਨ ਦੇ ਸੈਕਟਰੀ ਐਡਵੋਕੇਟ ਰੋਹਿਤ ਗੰਭੀਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਹੜਤਾਲ ਕਿਸੇ ਮੁੱਦੇ ਦੇ ਖਿਲਾਫ ਨਹੀਂ ਹੈ। ਉਨ੍ਹਾਂ ਕਿਹਾ ਕਿ ਬਾਰ ਕੌਂਸਲ ਦੀਆਂ ਚੋਣਾਂ ਲਈ ਹੋ ਰਹੀ ਵੋਟਿੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਫੈਸਲਾ ਲਿਆ ਗਿਆ ਹੈ ਤਾਂ ਜੋ ਐਡਵੋਕੇਟ ਚੋਣਾਂ ਵਿੱਚ ਹਿੱਸਾ ਲੈ ਸਕਣ, ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕਰ ਸਕਣ ਅਤੇ ਵੱਧ ਤੋਂ ਵੱਧ ਮਤਦਾਨ ਦੀ ਅਪੀਲ ਕਰ ਸਕਣ।



ਡਿਸਟ੍ਰਿਕਟ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਰਾਮ ਸ਼ਾਰਦਾ ਨੇ ਦੱਸਿਆ ਕਿ ਬਾਰ ਕੌਂਸਲ ਦੀ 25 ਮੈਂਬਰੀ ਕਮੇਟੀ ਦੀ ਚੋਣ ਕੀਤੀ ਜਾਣੀ ਹੈ। ਜਲੰਧਰ ਤੋਂ ਇਸ ਵਾਰ 4 ਉਮੀਦਵਾਰ ਚੋਣ ਲੜ ਰਹੇ ਹਨ। ਪਿਛਲੇ 13 ਸਾਲਾਂ ਤੋਂ ਜਲੰਧਰ ਨੂੰ ਕੋਈ ਨੁਮਾਇੰਦਗੀ ਨਹੀਂ ਮਿਲੀ ਸੀ, ਇਸ ਲਈ ਉਹ ਚਾਹੁੰਦੇ ਹਨ ਕਿ ਇੱਥੋਂ ਦੇ ਉਮੀਦਵਾਰ ਜਿੱਤ ਹਾਸਲ ਕਰਨ। ਪ੍ਰਧਾਨ ਰਾਮ ਸ਼ਾਰਦਾ ਨੇ ਕੰਪਲੈਕਸ ਦੀ ਹਾਲਤ ਬਾਰੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪਿਛਲੇ 22 ਸਾਲਾਂ ਵਿੱਚ ਵਕੀਲਾਂ ਦੀ ਗਿਣਤੀ ਲਗਾਤਾਰ ਵਧੀ ਹੈ। ਜਲੰਧਰ ਵਿੱਚ 60 ਕੋਰਟਾਂ ਹਨ ਪਰ ਕਮਰੇ ਲੋੜ ਮੁਤਾਬਕ ਨਹੀਂ ਹਨ। ਰਿਕਾਰਡ ਰੱਖਣ ਅਤੇ ਪਾਰਕਿੰਗ ਦੀ ਭਾਰੀ ਸਮੱਸਿਆ ਹੈ। ਉਨ੍ਹਾਂ ਅਪੀਲ ਕੀਤੀ ਕਿ ਜਲੰਧਰ ਵਿੱਚ ਇੱਕ ਵੱਡਾ ਅਤੇ ਆਧੁਨਿਕ ਕੰਪਲੈਕਸ ਬਣਾਇਆ ਜਾਣਾ ਚਾਹੀਦਾ ਹੈ। ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਆਰ.ਕੇ. ਭੱਲਾ ਨੇ ਦੱਸਿਆ ਕਿ ਇਹ ਚੋਣਾਂ ਆਮ ਤੌਰ 'ਤੇ 5 ਸਾਲਾਂ ਬਾਅਦ ਹੁੰਦੀਆਂ ਹਨ, ਪਰ ਇਸ ਵਾਰ 7 ਸਾਲਾਂ ਬਾਅਦ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਇਹ ਚੋਣਾਂ ਚੱਲ ਰਹੀਆਂ ਹਨ। ਜਲੰਧਰ ਦੇ ਲਗਭਗ 3500 ਵਕੀਲ ਵੋਟਰ ਸੂਚੀ ਵਿੱਚ ਸ਼ਾਮਲ ਹਨ।

## ਰਾਮਗੜ੍ਹੀਆ ਕਾਲਜ ਫਗਵਾੜਾ ਵਿਖੇ ਕਨਵੋਕੇਸ਼ਨ

**ਫਗਵਾੜਾ (ਡਾ ਰਮਨ)**- ਰਾਮਗੜ੍ਹੀਆ ਕਾਲਜ ਫਗਵਾੜਾ ਵਿਖੇ ਸਲਾਨਾ ਕੰਨਵੋਕੇਸ਼ਨ (ਡਿਗਰੀ ਵੰਡ ਸਮਾਰੋਹ) ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਬੀ.ਏ, ਬੀ.ਐਸ.ਸੀ , ਬੀ ਕਾਮ, ਬੀ.ਬੀ.ਏ, , ਬੀ ਸੀ ਏ, ਬੀ ਐਸ ਸੀ (ਆਈ ਟੀ ), ਐਮ ਏ (ਪੰਜਾਬੀ), ਅਤੇ ਐਮ ਏ (ਇਤਿਹਾਸ) ਦੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਇਸ ਮੌਕੇ ਬੂਟਾ ਸਿੰਘ ਨਿੱਝਰ, ਪ੍ਰਸਿੱਧ ਉਦਯੋਗਪਤੀ, ਲੰਡਨ ਯੂ. ਕੇ. ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਰਸਮੀ ਤੌਰ ਤੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ। ਸਾਰੇ ਵਿਦਿਆਰਥੀਆਂ ਨੇ ਇਸ ਡਿਗਰੀ ਵੰਡ ਸਮਾਰੋਹ ਵਿਚ ਸ਼ਾਮਲ ਹੋਣ ਵਾਸਤੇ ਰਸਮੀ ਵਸਤਰ (ਗਾਉਨ) ਪਾਏ ਹੋਏ ਸਨ। ਕਾਲਜ ਦੇ ਪ੍ਰਿੰਸੀਪਲ ਡਾ ਮਨਜੀਤ ਸਿੰਘ ਨੇ ਕਾਲਜ ਦੀਆਂ ਵੱਖ-ਵੱਖ ਉਪਲਬਧੀਆਂ ਨੂੰ ਦਰਸਾਉਂਦੀ ਸਾਲਾਨਾ ਰਿਪੋਰਟ ਪੜੀ ਅਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਮੁੱਖ ਮਹਿਮਾਨ ਸ. ਬੂਟਾ ਸਿੰਘ ਨਿੱਝਰ ਨੇ ਆਪਣੇ ਮੁੱਖ ਭਾਸ਼ਣ ਨਵੇਂ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਹਮੇਸ਼ਾ ਮਿਹਨਤ ਕਰਨ ਦੀ ਤਾਕੀਦ ਕੀਤੀ ਅਤੇ ਉਹਨਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ। ਇਥੇ ਜਿਕਰਯੋਗ ਹੈ ਕਿ ਬੂਟਾ ਸਿੰਘ ਨਿੱਝਰ ਜੀ ਰਾਮਗੜ੍ਹੀਆ ਕਾਲਜ ਦੇ ਹੀ ਪੁਰਾਣੇ




ਵਿਦਿਆਰਥੀ ਹਨ ਅਤੇ ਉਹਨਾਂ ਇਥੋਂ 1973 ਵਿਚ ਬੀ ਐੱਸ ਸੀ ਦੀ ਡਿਗਰੀ ਹਾਸਿਲ ਕੀਤੀ ਹੋਈ ਹੈ। ਉਹਨਾਂ ਇਸ ਕਾਲਜ ਨਾਲ ਜੁੜੀਆਂ ਆਪਣੇ ਵਿਦਿਆਰਥੀ ਜੀਵਨ ਦੀਆਂ ਪੁਰਾਣੀਆਂ ਯਾਦਾਂ ਵੀ ਸਾਂਝੀਆਂ ਕੀਤੀਆਂ। ਇਸ ਮੌਕੇ ਪਹੁੰਚੇ ਹੋਰ ਮਹਿਮਾਨਾਂ ਵਿਚ ਸਰਬਜੀਤ ਸਿੰਘ ਭੱਟੀ (ਸਾਬਕਾ ਐਸ ਪੀ ਵਿਜੀਲੈਂਸ), ਡਾ. ਵਿਓਮਾ ਭੋਗਲ ਢੱਟ, ਰਵਨੀਤ ਕੌਰ ਭੋਗਲ ਕਾਲੜਾ, ਗਗਨਦੀਪ ਸਿੰਘ ਢੱਟ, ਗਗਨਦੀਪ ਸਿੰਘ ਕਾਲਰਾ, ਗੁਰਵਿੰਦਰ ਸਿੰਘ ਬਾਹੜਾ, ਪ੍ਰਿੰਸੀਪਲ ਡਾ. ਪਰਮਜੀਤ ਕੌਰ ਜੱਸਲ, ਮੁਕੇਸ਼ ਕਾਂਤ, ਪ੍ਰੇਮਪਾਲ ਪੱਬੀ, ਵਿਪਵ ਕੁਮਾਰ, ਹਰਜੀਤ ਸਿੰਘ ਘੱਗ, ਗੁਰਪ੍ਰੀਤ ਸਿੰਘ ਘੱਗ, ਅਸ਼ੋਕ ਕੁਮਾਰ ਧਨੀ ਪਿੰਡ ਤੇ ਵੱਖ-ਵੱਖ ਰਾਮਗੜ੍ਹੀਆ ਅਦਾਰਿਆਂ ਦੇ ਪ੍ਰਿੰਸੀਪਲ ਵੀ ਸ਼ਾਮਲ ਸਨ। ਇਸ ਸਮਾਰੋਹ ਦੇ ਅੰਤ ਵਿਚ ਰਾਮਗੜ੍ਹੀਆ ਕੌਂਸਲ ਦੇ ਚੇਅਰਪਰਸਨ ਮਨਪ੍ਰੀਤ ਕੌਰ ਭੋਗਲ ਵੱਲੋਂ ਸਾਰੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਉਹਨਾਂ ਨੇ ਡਿਗਰੀਆਂ ਪ੍ਰਾਪਤ ਕਾਰਨ ਵਾਲੇ ਵਿਦਿਆਰਥੀਆਂ ਨੂੰ ਤੇ ਸਮੂਹ ਸਟਾਫ ਨੂੰ ਵਧਾਈਆਂ ਦਿੱਤੀਆਂ।

ਇਸ ਦੌਰਾਨ ਉਹਨਾਂ ਭਵਿੱਖ ਵਿਚ ਉੱਚੇ ਮਕਾਮ ਹਾਸਿਲ ਕਰਨ ਲਈ ਪ੍ਰੇਰਿਆ।ਇਸ ਮੌਕੇ ਮੰਚ ਸੰਚਾਲਨ ਦੀ ਭੂਮਿਕਾ ਡਾ ਹਰਮੀਤ ਕੌਰ ਅਤੇ ਡਾ ਜਸਕਰਨ ਸਿੰਘ ਨੇ ਨਿਭਾਈ।

## ਬਿਕਰਮੀ ਸੰਮਤ 2083 ਦੇ ਸਵਾਗਤ ਲਈ ਹਵਨ ਯੱਗ ਕਰਵਾਇਆ

**ਬਲਾਚੌਰ (ਜਸਵਿੰਦਰ ਬੈਂਸ)** ਸਨਾਤਨ ਧਰਮ ਸਭਾ ਬਲਾਚੌਰ ਵੱਲੋਂ ਭਾਰਤੀ ਨਵੇਂ ਸਾਲ ਬਿਕਰਮੀ ਸੰਮਤ 2083 ਦੇ ਆਗਮਨ ਦੀ ਖੁਸ਼ੀ ਵਿੱਚ ਲਗਾਤਾਰ ਤੀਸਰਾ ਵਿਸ਼ਾਲ 108 ਹਵਨ ਕੁੰਡ ਮਹਾਂਯੱਗ ਬੜੀ ਸ਼ਰਧਾ ਅਤੇ ਧੂਮ-ਧਾਮ ਨਾਲ ਕਰਵਾਇਆ ਗਿਆ। ਬੀ.ਏ.ਵੀ. ਸੀਨੀਅਰ ਸੈਕੰਡਰੀ ਸਕੂਲ ਦੇ ਗਰਾਊਂਡ ਵਿੱਚ ਆਯੋਜਿਤ ਇਸ ਅਧਿਆਤਮਕ ਸਮਾਗਮ ਵਿੱਚ ਇਲਾਕੇ ਦੀਆਂ ਸੰਗਤਾਂ ਦਾ ਭਾਰੀ ਸੈਲਾਬ ਉਮੜਿਆ।ਇਸ ਪਵਿੱਤਰ ਮੌਕੇ 'ਤੇ ਵਿੱਦਿਆ ਭਾਰਤੀ ਦੇ ਸੰਗਠਨ ਮੰਤਰੀ ਵਿਜੇ ਨੱਡਾ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਤੋਂ ਇਲਾਵਾ ਕੁਟੀਆ ਉਧਨਵਾਲ ਤੋਂ ਸਵਾਮੀ ਨਮਰਤਾ ਨੰਦ ਭੂਰੀ ਵਾਲੇ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਤੇ ਸੰਗਤਾਂ ਨੂੰ ਅਸ਼ੀਰਵਾਦ ਦਿੱਤਾ। ਉਹਨਾ ਸਾਫ ਸ਼ਬਦਾਂ ਵਿੱਚ ਕਿਹਾ ਕਿ ਧਰਮਾਤਰਨ ਸਮਾਜ ਲਈ ਇਕ ਬਹੁਤ ਵੱਡਾ ਚਿੰਤਾ ਦਾ ਵਿਸ਼ਾ ਹੈ। ਇਸੇ ਤਰਾਂ ਮੰਚ ਸੰਚਾਲਨ ਉਪ ਸਰਪ੍ਰਸਤ ਪਰਮਜੀਤ ਰੱਤੇਵਾਲੀਆ ਤੇ ਸੰਯੁਕਤ ਸਕੱਤਰ ਸੋਮਨਾਥ ਤਕਲਾ ਨੇ ਕੀਤਾ, ਮਾਰਗ ਦਰਸ਼ਨ ਮੰਡਲ ਸੰਯੋਜਕ ਰਾਣਾ ਰਣਦੀਪ ਕੌਸ਼ਲ ਨੇ ਸਮੂਹ ਸੰਗਤ ਦਾ ਧੰਨਵਾਦ ਕੀਤਾ। ਸਮਾਗਮ ਦੌਰਾਨ 108 ਬ੍ਰਾਹਮਣਾਂ ਦੀ ਅਗਵਾਈ ਹੇਠ 324 ਜਜਮਾਨਾਂ ਨੇ ਹਵਨ ਕੁੰਡਾਂ ਵਿੱਚ ਸਮੂਹਿਕ ਅਹੁਤੀਆਂ ਪਾ ਕੇ ਵਿਸ਼ਵ ਸ਼ਾਂਤੀ ਤੇ ਖੁਸ਼ਹਾਲੀ ਦੀ ਕਾਮਨਾ ਕੀਤੀ।ਸਭਾ ਦੇ ਆਗੂਆਂ ਸਰਪ੍ਰਸਤ ਜਗਦੀਸ਼ ਕਪਿਲ ਪ੍ਰਧਾਨ ਸੁਰਿੰਦਰ ਪਨੇਸਰ ਜਨਰਲ ਸਕੱਤਰ ਗਗਨਦੀਪ ਸਿੰਘ ਨੇ ਦੱਸਿਆ ਕਿ ਇਹ ਦਿਨ ਸਿਰਫ ਕੈਲੰਡਰ ਦੀ ਬਦਲੀ ਨਹੀਂ, ਸਗੋਂ ਸ੍ਰਿਸ਼ਟੀ ਦੀ ਰਚਨਾ ਦਾ ਪਹਿਲਾ ਦਿਨ ਹੈ।ਮੌਕੇ ਤੇ ਸੀਨੀਅਰ ਮੈਂਬਰ ਆਮ ਆਦਮੀ ਪਾਰਟੀ ਅਸ਼ੋਕ ਕਟਾਰੀਆ,ਅਜੇ ਮੰਗੂਪੁਰ ਜ਼ਿਲ੍ਹਾ ਕਾਂਗਰਸ ਪ੍ਰਧਾਨ, ਰਾਜਵਿੰਦਰ ਲੱਕੀ, ਯਾਦਵਿੰਦਰ ਯਾਦੀ, ਵਰਿੰਦਰ ਕੌਰ ਥਾਂਦੀ, ਰਾਣਾ ਨਰਦੇਵ ਸਿੰਘ ਜਾਡਲਾ, ਨਰਿੰਦਰ ਸੋਨੀ, ਡਾਕਟਰ ਪ੍ਰੇਮ ਖਟਾਣਾ, ਸੁਰਜੀਤ ਕੋਹਲੀ, ਮਾਸਟਰ ਕ੍ਰਿਸ਼ਨ ਟੋਸਾ, ਨਰਿੰਦਰ ਕੁਮਾਰ ਟਿੰਕੂ, ਡਾ ਦਵਿੰਦਰ ਸ਼ਰਮਾ ਨੇ ਆਪਣੀਆਂ ਹਾਜ਼ਰੀਆਂ ਭਰੀਆਂ ਤੇ ਸਨਾਤਨ ਧਰਮ ਸਭਾ ਦੇ ਮੈਂਬਰਾਂ ਨੂੰ ਇਸ ਸ਼ਾਨਦਾਰ ਪ੍ਰੋਗਰਾਮ ਲਈ ਵਧਾਈ ਦਿੱਤੀ। ਇਸ ਪ੍ਰੋਗਰਾਮ ਵਿੱਚ ਵਿਧਾਨਸਭਾ ਹਲਕਾ ਬਲਾਚੌਰ ਦੇ ਵੱਖ ਵੱਖ 56 ਪਿੰਡਾਂ ਤੋਂ ਸਰਪੰਚ, ਨੰਬਰਦਾਰਾਂ ਤੇ ਸੰਗਤਾਂ ਨੇ ਹਿੱਸਾ ਲਿਆ।ਸਮਾਗਮ 'ਚ ਖਜ਼ਾਨਚੀ ਬਲਵੰਤ ਕਿਸ਼ੋਰ, ਪ੍ਰੈੱਸ ਸਕੱਤਰ ਹਰਵਿੰਦਰ ਪਾਲ ਸਿੰਘ, ਅਨਿਲ ਕੁਮਾਰ, ਲੇਖਰਾਜ, ਜੋਗਿੰਦਰ ਸੋਹਨ ਪਾਲ, ਨਵੀਨ ਸੰਦੇਸ਼ ਸੀਨੀਅਰ ਉਪ ਪ੍ਰਧਾਨ ਪ੍ਰਦੀਪ ਰਾਣਾ,ਪ੍ਰਦੀਪ ਨਾਗਪਾਲ, ਨੰਦ ਕਿਸ਼ੋਰ, ਸ਼ੇਖਰਪਾਲ ਬੈਂਸ, ਲਲਿਤ ਰਾਣਾ ਸੰਯੁਕਤ ਸਕੱਤਰ ਵਿਸ਼ਵ ਰਾਜ ਕੌਸ਼ਲ, ਰਾਜੀਵ ਆਨੰਦ ਉਪ ਆਡੀਟਰ ਸੁਭਾਸ਼ ਰਾਣਾ,ਉਪ ਖਜ਼ਾਨਚੀ ਰਿੱਕੀ ਬਜਾਜ ,ਸ਼ਿੰਗਾਰਾ ਰਾਮ, ਅਸ਼ੋਕ ਚੇਚੀ, ਸੁਰੇਸ਼ ਕੁਮਾਰ, ਵਿਕਾਸ ਸ਼ਰਮਾ, ਸੰਦੀਪ ਕੁਮਾਰ, ਅਨਿਲ ਸ਼ਰਮਾ, ਡਾ. ਸਤਨਾਮ ਪਨੇਸਰ, ਹੀਰਾ ਲਾਲ, ਵਿੱਕੀ ਧੀਮਾਨ, ਸ਼ਾਲੂ ਸੋਨੀ, ਅਮਰਜੀਤ, ਯਾਦਵਿੰਦਰ ਜੋਗੇਵਾਲ, ਪਰਵੀਨ ਪੁਰੀ, ਹਨੀ ਡੱਬ, ਪੁਸ਼ਪਿੰਦਰ ਸਿੰਘ, ਯੋਗੇਸ਼ ਮਲਹੋਤਰਾ, ਰਮੇਸ਼ ਕੁਮਾਰ, ਅਰਿੰਦਰ ਸਿੰਘ, ਅਰੁਣਾ ਪਾਠਕ, ਸੁਨੀਤਾ ਵਾਸੁਦੇਵ, ਰੋਜੀ ਧੀਮਾਨ, ਨੰਦਿਨੀ ਮੋਦਗਿਲ ਤੇ ਹੋਰ ਅਹੁਦੇਦਾਰ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਸਭਾ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ ਤੇ ਸਮੂਹ ਇਲਾਕਾ ਨਿਵਾਸੀਆਂ ਨੂੰ ਭਾਰਤੀ ਨਵੇਂ ਸਾਲ ਦੀਆਂ ਵਧਾਈਆਂ ਦਿੱਤੀਆਂ ਗਈਆਂ।

## ਸੁਖਰਾਜ ਤੇ ਨਾਜ਼ੀਆ ਖ਼ਾਨ ਦਾ ਨਵਾਂ ਗੀਤ 'ਪੁਰਾਣਾ ਪਾਪੀ' ਰਿਲੀਜ਼



**ਲੋਹੀਆਂ ਖਾਸ, (ਯੋਗੇਸ਼ਵਰ)**- ਅਨੇਕਾਂ ਹੀ ਸਿੰਗਲ ਟ੍ਰੈਕਸ ਨਾਲ ਚਰਚਾ ਵਿਚ ਆਏ ਨੌਜਵਾਨ ਗਾਇਕ ਸੁਖਰਾਜ ਤੇ ਗਾਇਕਾ ਨਾਜ਼ੀਆ ਖ਼ਾਨ ਵੱਲੋਂ ਅਗਲਾ ਡਿਊਟ ਟਰੈਕ 'ਪੁਰਾਣਾ ਪਾਪੀ' 'ਏ ਬੱਲ ਰਿਕਾਰਡਸ' ਦੇ ਓਫਿਸ਼ੀਅਲ ਯੂ-ਟਿਊਬ ਚੈਨਲ ਤੇ ਰਿਲੀਜ਼ ਹੋ ਚੁੱਕਾ ਹੈ। ਪ੍ਰੋਡਿਊਸਰ ਸਨੀ ਬੱਲ ਨੇ ਦੱਸਿਆ ਕਿ ਇਸ ਗਾਣੇ ਦਾ ਮਿਊਜ਼ਕ ਬਹੁ ਚਰਚਿਤ ਮਿਊਜ਼ਿਕ ਡਾਇਰੈਕਟਰ 'ਮਨ ਮਿਊਜ਼ਿਕ' ਵੱਲੋਂ ਤਿਆਰ ਕੀਤਾ ਗਿਆ ਹੈ, ਜਿਸ ਨੂੰ ਲਿਖਿਆ ਹੈ ਪ੍ਰਸਿੱਧ ਲੇਖਕ 'ਜੱਜਲ ਸਿੱਧੂ' ਨੇ । ਇਸ ਦਾ ਬਹੁਤ ਹੀ ਸੋਹਣਾ ਚਰਚਿਤ ਵੀਡੀਓ ਡਾਇਰੈਕਟਰ 'ਨਰਿੰਦਰ ਕਾਲੀਆ (ਯਾਰ ਨਰਿੰਦਰ)' ਵੱਲੋਂ ਸ਼ੂਟ ਕੀਤਾ ਗਿਆ ਹੈ, ਜੋ ਕਿ ਯੂ-ਟਿਊਬ ਦੇ ਨਾਲ-ਨਾਲ ਪੰਜਾਬੀ ਚੈਨਲਾਂ 'ਤੇ ਵੀ ਚੱਲੇਗਾ।

# ਭਾਰਤੀ ਕਿਸਾਨ ਯੂਨੀਅਨ ਦੀ ਮਹੀਨਾਵਾਰ ਮੀਟਿੰਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਬਲਾਕ ਮੋਰਿੰਡਾ ਦੇ ਮਹੀਨਾਵਾਰ ਮੀਟਿੰਗ ਸ਼ੂਗਰ ਮਿਲ ਮੋਰਿੰਡਾ ਵਿਖੇ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਮੁੰਡਿਆਂ ਦੀ ਪ੍ਰਧਾਨਗੀ ਵਿੱਚ ਹੋਈ। ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਚਲਾਕੀ, ਕਰਨੈਲ ਸਿੰਘ ਡੂਮਛੇੜੀ, ਮਹਿੰਦਰ ਸਿੰਘ ਰੌਣੀ, ਕੁਲਵੰਤ ਸਿੰਘ ਸਲੇਮਪੁਰ, ਅਵਤਾਰ ਸਿੰਘ ਸਹੇੜੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਰਣਧੀਰ ਸਿੰਘ ਮਾਜਰੀ ਅਤੇ ਜਸਵਿੰਦਰ ਸਿੰਘ ਕਾਈਨੌਰ ਨੇ ਦੱਸਿਆ ਕਿ ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਆਦੇਸ਼ਾਂ ਨੂੰ ਲਾਗੂ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਚਲਾਕੀ ਨੇ ਕਿਹਾ ਭਾਰਤ ਨੇ ਅਮਰੀਕਾ ਨਾਲ ਜੋ ਟੈਕਸ ਮੁਕਤ ਵਪਾਰਕ ਸੰਧੀ ਕੀਤੀ ਹੈ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਉਸ ਦਾ ਜ਼ੋਰਦਾਰ ਸ਼ਬਦਾਂ ਵਿੱਚ ਵਿਰੋਧ ਕਰਦੀ ਹੈ। ਉਹਨਾਂ ਮੰਗ ਕੀਤੀ ਕਿ ਪੇਂਡੂ ਖਪਤਕਾਰਾਂ ਨੂੰ ਐੱਲ ਪੀ ਜੀ ਗੈਸ ਸਲੰਡਰ 20 ਦਿਨਾਂ ਬਾਅਦ ਦਿੱਤਾ ਜਾਵੇ। ਇਸ ਮੌਕੇ ਮੀਟਿੰਗ ਵਿੱਚ ਸ਼ੂਗਰ ਮਿੱਲ ਮੋਰਿੰਡਾ ਦੇ ਜੀ ਐੱਮ ਨਾਲ ਗੰਨੇ ਦੀ ਪੇਮੈਂਟ ਅਤੇ ਪਨੈਲਟੀ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਮੰਗ ਕੀਤੀ ਗਈ ਕਿ ਸ਼ੂਗਰ ਮਿਲ ਕਿਸਾਨਾਂ ਦਾ ਖੇਤਾਂ ਵਿੱਚ ਖੜ੍ਹੇ ਗੰਨੇ ਦੀ ਪੂਰੀ ਫਸਲ ਲੈ ਕੇ ਹੀ ਬੰਦ ਕੀਤਾ ਜਾਵੇ। ਇਸ ਤੋਂ ਉਪਰੰਤ ਪੰਜਾਬ ਕਮੇਟੀ ਮੈਂਬਰ ਚਰਨ ਸਿੰਘ ਮੰਡੀਆਂ ਦੀ ਸਲਾਹ ਨਾਲ ਜਥੇਬੰਦੀ ਵਿੱਚ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਜਿਸ ਵਿੱਚ ਗੁਰਚਰਨ ਸਿੰਘ ਢੋਲਣ ਮਾਜਰਾ ਨੂੰ ਜੁਇੰਟ ਸਕੱਤਰ ਜ਼ਿਲ੍ਹਾ ਰੋਪੜ, ਨੇਤਰ ਸਿੰਘ ਰੌਣੀ ਮੀਤ ਪ੍ਰਧਾਨ ਜ਼ਿਲ੍ਹਾ ਰੋਪੜ ਅਤੇ ਰਣਧੀਰ ਸਿੰਘ ਮਾਜਰੀ ਨੂੰ ਬਲਾਕ ਮੋਰਿੰਡਾ ਦਾ ਜਨਰਲ ਸਕੱਤਰ, ਜਸਵਿੰਦਰ ਸਿੰਘ ਕਾਈਨੌਰ ਨੂੰ ਬਲਾਕ ਮੋਰਿੰਡਾ ਦੇ ਵਿੱਤ ਸਕੱਤਰ, ਸੁਖਜੰਟ ਸਿੰਘ ਕੋਟਲੀ ਨੂੰ ਬਲਾਕ ਮੋਰਿੰਡਾ ਦੇ ਪ੍ਰੈੱਸ ਸਕੱਤਰ ਅਤੇ ਨਿਰਮਲ ਸਿੰਘ ਮੋਰਿੰਡਾ ਤੇ ਚਰਨਜੀਤ ਸਿੰਘ ਮੋਰਿੰਡਾ ਨੂੰ ਬਲਾਕ ਮੋਰਿੰਡਾ ਦੇ ਐਗਜੈਕਟਿਵ ਮੈਂਬਰ ਨਿਯੁਕਤ ਕੀਤਾ ਗਿਆ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜਗਤਾਰ ਸਿੰਘ ਖੈਰਪੁਰ, ਗੁਰਿੰਦਰ ਸਿੰਘ, ਅਵਤਾਰ ਸਿੰਘ ਢੰਗਰਾਲੀ,



ਕੇਵਲ ਸਿੰਘ, ਸ਼ਾਦੀ ਸਿੰਘ ਉਇੰਦ, ਗੁਰਦੀਪ ਸਿੰਘ ਰਸੂਲਪੁਰ, ਬਲਜੀਤ ਸਿੰਘ, ਜਸਵੀਰ ਸਿੰਘ ਮਾਜਰੀ, ਪਰਮਜੀਤ ਸਿੰਘ ਲੁਠੇੜੀ, ਮਨਦੀਪ ਸਿੰਘ, ਕੁਲਵੰਤ ਸਿੰਘ ਮੁੰਡੀਆਂ, ਗੁਰਨੇਕ ਸਿੰਘ, ਜਗਦੀਪ ਸਿੰਘ ਸਰਹਾਣਾ, ਬਲਵਿੰਦਰ ਸਿੰਘ ਸਮਰੌਲੀ, ਛੋਟਾ ਸਿੰਘ, ਕਰਤਾਰ ਸਿੰਘ ਗੋਪਾਲਪੁਰ, ਮਹਿੰਦਰ ਸਿੰਘ, ਬਲਜੀਤ ਸਿੰਘ ਢੋਲਣ ਮਾਜਰਾ, ਰਘਵੀਰ ਸਿੰਘ ਕਾਈਨੌਰ, ਸਿਮਰਨਜੀਤ ਸਿੰਘ ਲੁਠੇੜੀ, ਤਰਲੋਚਨ ਸਿੰਘ ਤਾਜਪੁਰ, ਸੰਤੋਖ ਸਿੰਘ ਕਲਹੇੜੀ ਅਤੇ ਹਰਚੰਦ ਸਿੰਘ ਰਤਨਗੜ੍ਹ ਆਦਿ ਹਾਜ਼ਰ ਸਨ।

# ਏਕਮ ਪਬਲਿਕ ਸਕੂਲ 'ਚ ਕਰਵਾਇਆ ਪੇਰੈਂਟਸ ਓਰੀਐਂਟੇਸ਼ਨ ਸੈਸ਼ਨ

**ਮਹਿਤਪੁਰ (ਰਾਜਾ)**- ਏਕਮ ਪਬਲਿਕ ਸਕੂਲ ਮਹਿਤਪੁਰ ਵਿੱਚ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਲਈ ਪੇਰੈਂਟਸ ਓਰੀਐਂਟੇਸ਼ਨ ਸੈਸ਼ਨ ਕਰਵਾਇਆ ਗਿਆ। ਇਹ ਜਾਣਕਾਰੀ ਸਕੂਲ ਪ੍ਰਿੰਸੀਪਲ ਅਮਨਦੀਪ ਕੌਰ ਵੱਲੋਂ ਦਿੱਤੀ ਗਈ। ਉਹਨਾਂ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਲਗਭਗ 100 ਤੋਂ ਵੱਧ ਬੱਚਿਆਂ ਦੇ ਪੇਰੈਂਟਸ ਨੇ ਹਿੱਸਾ ਲਿਆ। ਇਸ ਮੌਕੇ ਬੱਚਿਆਂ ਦੇ ਪੈਰੈਂਟਸ ਨੂੰ ਸਕੂਲ ਵਿੱਚ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਲਈ ਚੱਲ ਰਹੇ ਅਲੱਗ-ਅਲੱਗ ਸਟਰੀਮ ਜਿਵੇਂ ਕਿ ਮੈਡੀਕਲ, ਨਾਨ ਮੈਡੀਕਲ, ਕਾਮਰਸ ਅਤੇ ਆਰਟਸ ਬਾਰੇ ਦੱਸਿਆ ਗਿਆ ਤੇ ਇਸ ਦੇ ਨਾਲ ਜੁੜੇ ਸਾਰੇ ਕੈਰੀਅਰ ਆਪਸ਼ਨਜ਼ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਇਸ ਦੇ ਨਾਲ ਹੀ ਉਨ੍ਹਾਂ ਨੂੰ ਸਕੂਲ ਦੀਆਂ ਵੱਖ-ਵੱਖ ਗਤੀਵਿਧੀਆਂ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ ਪੇਰੈਂਟਸ ਨੂੰ ਉਹਨਾਂ ਦੇ ਬੱਚਿਆਂ ਦੇ ਅਧਿਆਪਕਾਂ ਨਾਲ ਮਿਲਾਇਆ ਗਿਆ। ਸਕੂਲ ਪ੍ਰਿੰਸੀਪਲ ਮੈਡਮ ਅਮਨਦੀਪ ਕੌਰ ਵੱਲੋਂ ਆਏ ਹੋਏ ਮਾਪਿਆਂ ਦਾ ਤਹਿ ਦਿਲੋਂ ਸਵਾਗਤ ਕੀਤਾ ਗਿਆ। ਸਕੂਲ ਡਾਇਰੈਕਟਰ ਨਿਰਮਲ ਸਿੰਘ ਥਿੰਦ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਮਾਪਿਆਂ ਤੇ ਅਧਿਆਪਕਾਂ ਦੇ ਵਿੱਚ ਇੱਕ ਵਧੀਆ ਤਾਲਮੇਲ ਕਾਇਮ ਕਰਦੇ ਹਨ । ਸਕੂਲ ਮੈਨੇਜਮੈਂਟ ਵੱਲੋਂ ਬੱਚਿਆਂ ਦੇ ਮਾਪਿਆਂ ਦੇ ਲਈ ਇੱਕ ਵਧੀਆ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਆਰਟਸ ਸਟਰੀਮ ਨੂੰ ਮੈਡਮ ਕਮਲਪ੍ਰੀਤ ਕੌਰ ਵਲੋਂ, ਕਾਮਰਸ ਨੂੰ ਮੈਡਮ ਰਜਨੀ ਅਤੇ ਮੈਡੀਕਲ/ਨਾਨ ਮੈਡੀਕਲ ਨੂੰ ਮੈਡਮ ਪੂਨਮ ਸ਼ਰਮਾ ਵਲੋਂ ਬਹੁਤ ਹੀ ਸ਼ਾਨਦਾਰ ਤਰੀਕੇ ਨਾਲ ਵਿਅਕਤ ਕੀਤਾ ਗਿਆ। ਸਟੇਜ ਸੰਚਾਲਨ ਸਕੂਲ ਕੋਆਰਡੀਨੇਟਰ ਮੈਡਮ ਸਵਪਨਦੀਪ ਕੌਰ ਤੇ ਰਣਜੋਤ ਸਿੰਘ ਵਲੋਂ ਕੀਤਾ ਗਿਆ। ਇਸ ਮੌਕੇ ਸਕੂਲ ਮੈਨੇਜਮੈਂਟ ਤੋਂ ਦਲਜੀਤ ਸਿੰਘ ਵਾਈਸ ਪ੍ਰਿੰਸੀਪਲ ਸਮੀਕਸ਼ਾ ਸ਼ਰਮਾ, ਸ਼੍ਰੀਮਤੀ ਦਲਜੀਤ ਕੌਰ, ਚੇਤਨਾ ਰਾਜਦੇਵ, ਅਧਿਆਪਕਾਂ ਵਿੱਚੋਂ ਬਿਨੇਸ਼ ਸ਼ਰਮਾ, ਦਵਿੰਦਰ ਸ਼ਰਮਾ, ਪਰਮਿੰਦਰ ਕੌਰ, ਦਲਵੀਰ ਕੌਰ, ਦੀਪਤੀ ਕਵਾਤਰਾ, ਪਰਮਿੰਦਰ ਸਿੰਘ, ਰਿਚਾ ਮੁਜਰਾਲ, ਤਮੰਨਾ, ਮੀਨਾਕਸ਼ੀ, ਨਵਪ੍ਰੀਤ ਕੌਰ ਤੇ ਕੋਮਲਪ੍ਰੀਤ ਕੌਰ ਹਾਜ਼ਰ ਸਨ।



# ਸਾਈਬਰ ਅਪਰਾਧ ਦੇ ਮਾਮਲਿਆਂ 'ਚ ਆਈ ਕਮੀ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਜ ਵਿੱਚ ਸਾਈਬਰ ਅਪਰਾਧ 'ਤੇ ਪ੍ਰਭਾਵੀ ਕੰਟਰੋਲ ਲਈ ਪੁਲਸ ਪ੍ਰਸ਼ਾਸਨ ਪੂਰੀ ਗੰਭੀਰਤਾ ਅਤੇ ਤਤਪਰਤਾ ਨਾਲ ਕੰਮ ਕਰ ਰਿਹਾ ਹੈ, ਜਿਸ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਸਾਲ 2024 ਦੀ ਤੁਲਨਾ ਵਿੱਚ ਸਾਲ 2025 ਵਿੱਚ ਸਾਈਬਰ ਅਪਰਾਧ ਦੇ ਮਾਮਲਿਆਂ ਵਿੱਚ ਸ਼ਲਾਘਾਯੋਗ ਕਮੀ ਦਰਜ ਕੀਤੀ ਗਈ ਹੈ। ਸਾਲ 2024 ਵਿੱਚ ਜਿੱਥੇ 6054 ਮਾਮਲੇ ਸਾਹਮਣੇ ਆਏ ਸਨ, ਉੱਥੇ ਹੀ ਸਾਲ 2025 ਵਿੱਚ ਇਹ ਸੰਖਿਆ ਘਟ ਕੇ 5000 ਰਹਿ ਗਈ ਹੈ, ਜੋ ਲਗਭਗ 17 ਫ਼ੀਸਦੀ ਦੀ ਗਿਰਾਵਟ ਦਰਸਾਉਂਦੀ ਹੈ। ਇਸੇ ਤਰ੍ਹਾਂ ਠੱਗੀ ਦੇ ਮਾਮਲਿਆਂ ਵਿੱਚ ਵੀ ਵੱਡੀ ਕਮੀ ਦਰਜ ਕੀਤੀ ਗਈ ਹੈ। ਸਾਲ 2024 ਵਿੱਚ 9804 ਮਾਮਲਿਆਂ ਦੇ ਮੁਕਾਬਲੇ ਸਾਲ 2025 ਵਿੱਚ ਇਹ ਸੰਖਿਆ ਘਟ ਕੇ 6324 ਰਹਿ ਗਈ ਹੈ, ਜੋ ਕਰੀਬ 36 ਫ਼ੀਸਦੀ ਦੀ ਕਮੀ ਹੈ।ਮੁੱਖ ਮੰਤਰੀ ਮੰਗਲਵਾਰ ਨੂੰ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਪ੍ਰਸ਼ਨ ਕਾਲ ਵਿੱਚ ਵਿਧਾਇਕ ਆਫਤਾਬ ਅਹਿਮਦ ਵੱਲੋਂ ਸਾਈਬਰ ਅਪਰਾਧ ਨਾਲ ਸਬੰਧਤ ਪੁੱਛੇ ਗਏ ਸਵਾਲ ਦਾ ਜਵਾਬ ਦੇ ਰਹੇ ਸਨ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨੇ ਸਾਈਬਰ ਅਪਰਾਧ ਦੀਆਂ ਵਧਦੀਆਂ ਚੁਣੌਤੀਆਂ ਨੂੰ ਦੇਖਦੇ ਹੋਏ ਵੱਖਰੇ ਤੌਰ 'ਤੇ ਸਾਈਬਰ ਕ੍ਰਾਈਮ ਵਿਭਾਗ ਦਾ ਗਠਨ ਕੀਤਾ ਹੈ, ਜਦਕਿ ਪਿਛਲੀ ਕਾਂਗਰਸ ਸਰਕਾਰ ਦੇ ਸਮੇਂ ਅਜਿਹਾ ਕੋਈ ਸਮਰਪਿਤ ਵਿਭਾਗ ਨਹੀਂ ਸੀ। ਮੁੱਖ ਮੰਤਰੀ ਨੇ ਦੱਸਿਆ ਕਿ ਸਾਈਬਰ ਅਪਰਾਧ ਵਿੱਚ ਸ਼ਾਮਲ ਮੁਲਜ਼ਮਾਂ ਵਿਰੁੱਧ ਵੀ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਸਾਲ 2024 ਵਿੱਚ 5156 ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਸਨ, ਜਦਕਿ ਸਾਲ 2025 ਵਿੱਚ ਇਹ ਅੰਕੜਾ ਵਧ ਕੇ 8093 ਹੋ ਗਿਆ, ਜੋ ਲਗਭਗ 57 ਫ਼ੀਸਦੀ ਦਾ ਵਾਧਾ ਹੈ।



# ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਭਾਜਪਾ ਦੀ ਸਰਕਾਰ ਬਣਾਉਣਾ ਸਮੇਂ ਦੀ ਲੋੜ : ਸੁਰਿੰਦਰ ਜਾਜਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਭਾਜਪਾ ਦੀ ਮੋਗਾ ਰੈਲੀ ਵਿੱਚ ਕੇਂਦਰ ਸਰਕਾਰ ਦੇ ਗ੍ਰਿਹ ਮੰਤਰੀ ਅਮਿਤ ਸ਼ਾਹ ਦੇ ਸ਼ਾਮਿਲ ਹੋਣ ਨਾਲ ਜਿੱਥੇ ਲੱਖਾਂ ਭਾਜਪਾ ਵਰਕਰਾਂ ਨੇ ਸ਼ਮੂਲੀਅਤ ਕੀਤੀ ਉੱਥੇ ਭਾਰੀ ਗਿਣਤੀ ਵਿੱਚ ਪੰਜਾਬ ਦੇ ਲੋਕ ਆਪਣਾ ਸਮਰਥਨ ਦਿੰਦੇ ਹੋਏ ਇਸ ਰੈਲੀ ਵਿੱਚ ਸ਼ਾਮਿਲ ਹੋਏ। ਭਾਜਪਾ ਦੇ ਆਗੂਆਂ ਅਤੇ ਵਰਕਰਾਂ ਤੋਂ ਇਲਾਵਾ ਲੋਕਾਂ ਦੇ ਵਿਸ਼ਾਲ ਇਕੱਠ ਨੇ ਇਸ ਰੈਲੀ ਚ ਸ਼ਾਮਿਲ ਹੋ ਕੇ ਇਕ ਇਤਿਹਾਸ ਰਚ ਦਿੱਤਾ ਹੈ। ਇਸ ਇਤਿਹਾਸਿਕ ਰੈਲੀ ਸਬੰਧੀ ਮੀਟਿੰਗ ਚ ਸ਼ਾਮਿਲ ਸੁਨੀਲ ਜਾਜਾ, ਗੁਰਮੀਤ ਚੰਦ, ਜਿਵੇਸ਼ ਹਾਂਡਾ, ਵਿਕਰਮਜੀਤ ਸਿੰਘ, ਅਜੇ ਕੁਮਾਰ, ਰਾਜਵੀਰ ਮਲਿਕ ਅਤੇ ਹੋਰ ਭਾਜਪਾ ਵਰਕਰਾਂ ਨਾਲ ਗੱਲਬਾਤ ਕਰਦੇ ਹੋਏ ਭਾਜਪਾ ਪੰਜਾਬ ਐਗਜੈਕਟਿਵ ਮੈਂਬਰ ਸੁਰਿੰਦਰ ਜਾਜਾ ਨੇ ਕਿਹਾ ਕਿ ਪੰਜਾਬ ਦੀ ਮੋਗਾ ਰੈਲੀ ਵਿਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਸ਼ਾਮਿਲ ਹੋਣ ਸਦਕਾ ਭਾਜਪਾ ਵਰਕਰਾਂ ਦੇ ਹੌਂਸਲੇ ਬੁਲੰਦ ਹੋ ਗਏ ਹਨ। ਉਨ੍ਹਾਂ ਕਿਹਾ ਕਿ ਇਸ ਰੈਲੀ ਮੌਕੇ ਤੇ ਪੰਜਾਬ ਭਾਜਪਾ ਨੇਤਾਵਾਂ ਨੇ ਗ੍ਰਿਹ ਮੰਤਰੀ ਅਮਿਤ ਸ਼ਾਹ ਨਾਲ ਪੰਜਾਬ ਵਿੱਚ ਫੈਲੇ ਨਸ਼ੇ ਦੇ ਮੁੱਦੇ ਸਬੰਧੀ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਡਬਲ ਇੰਜਨ ਸਰਕਾਰ ਬਣਾਉਣਾ ਸਮੇਂ ਦੀ ਜ਼ਰੂਰਤ ਹੈ। ਸੁਰਿੰਦਰ ਜਾਜਾ ਨੇ ਕਿਹਾ ਕਿ ਇਸ ਰੈਲੀ ਵਿੱਚ ਭਾਜਪਾ ਦੀਆਂ ਕਾਰਗੁਜ਼ਾਰੀਆਂ ਤੇ ਪ੍ਰਾਪਤੀਆਂ ਸਬੰਧੀ ਵਿਸਥਾਰ ਪੂਰਵਕ ਰੋਸ਼ਨੀ ਪਾਈ ਗਈ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਪੰਜਾਬ ਦੇ ਲੋਕਾਂ ਦਾ ਉਮੜਿਆ ਹੋਇਆ ਸੈਲਾਬ ਇਹ ਸਾਫ਼ ਜਾਹਿਰ ਕਰਦਾ ਹੈ ਕਿ ਆਮ ਜਨਤਾ ਹੁਣ ਪੰਜਾਬ ਵਿੱਚ ਵੀ ਡਬਲ ਇੰਜਨ ਦੀ ਸਰਕਾਰ ਬਣਾਉਣ ਦਾ ਪ੍ਰਣ ਲਈ ਬੈਠੀ ਹੈ।



# ਹਰੀਪੁਰ 'ਚ ਸਟਰੀਟ ਲਾਈਟਾਂ ਲਗਾਈਆਂ



**ਆਦਮਪੁਰ (ਪਰਮਜੀਤ ਸਿੰਘ)**- ਗ੍ਰਾਮ ਪੰਚਾਇਤ ਹਰੀਪੁਰ (ਜ਼ਿਲ੍ਹਾ ਜਲੰਧਰ) ਵੱਲੋਂ ਪਿੰਡ ਦੇ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਤੋਰਦਿਆਂ ਪਿੰਡ ਵਾਸੀਆਂ ਨੂੰ ਸਟਰੀਟ ਲਾਈਟਾਂ ਵੰਡੀਆਂ ਗਈਆਂ। ਇਸ ਮੌਕੇ ਸਰਪੰਚ ਡਾਕਟਰ ਨਿਰਮਲ ਕੌਲ ਅਤੇ ਪੰਚਾਇਤ ਮੈਂਬਰਾਂ ਦੀ ਹਾਜ਼ਰੀ ਵਿੱਚ ਪਿੰਡ ਦੀਆਂ ਵੱਖ-ਵੱਖ ਗਲੀਆਂ ਨੂੰ ਰੌਸ਼ਨ ਕਰਨ ਲਈ ਇਹ ਉਪਰਾਲਾ ਕੀਤਾ ਗਿਆ। ਇਸ ਮੌਕੇ ਸਰਪੰਚ ਡਾਕਟਰ ਨਿਰਮਲ ਕੋਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਾਡਾ ਮੁੱਖ ਮਕਸਦ ਪਿੰਡ ਹਰੀਪੁਰ ਨੂੰ ਇੱਕ ਮਾਡਲ ਪਿੰਡ ਵਜੋਂ ਵਿਕਸਤ ਕਰਨਾ ਹੈ। ਰਾਤ ਦੇ ਸਮੇਂ ਪਿੰਡ ਵਾਸੀਆਂ, ਖਾਸ ਕਰਕੇ ਬਜ਼ੁਰਗਾਂ ਅਤੇ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਸਟਰੀਟ ਲਾਈਟਾਂ ਵੰਡੀਆਂ ਗਈਆਂ ਹਨ ਤਾਂ ਜੋ ਪਿੰਡ ਦੀ ਕੋਈ ਵੀ ਗਲੀ ਹਨੇਰੇ ਵਿੱਚ ਨਾ ਰਹੇ। ਪੰਚਾਇਤ ਵੱਲੋਂ ਪਿਛਲੇ ਸਮੇਂ ਦੌਰਾਨ ਵੀ ਕਈ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਪੀਣ ਵਾਲੇ ਸਾਫ਼ ਪਾਣੀ, ਨਿਕਾਸੀ ਅਤੇ ਸਾਫ਼-ਸਫ਼ਾਈ ਦੇ ਪ੍ਰਬੰਧਾਂ ਨੂੰ ਹੋਰ ਮਜਬੂਤ ਕੀਤਾ ਜਾਵੇਗਾ। ਪਿੰਡ ਵਾਸੀਆਂ ਦਾ ਸਹਿਯੋਗ ਹੀ ਸਾਡੀ ਤਾਕਤ ਹੈ। ਇਸ ਮੌਕੇ ਹੋਰਨਾ ਤੋ ਇਲਾਵਾ ਸੁਰਿੰਦਰ ਸਿੰਘ ਪੰਚ, ਨਰਿੰਦਰ ਪਾਲ ਪੰਚ, ਦਲਜੀਤ ਸਿੰਘ ਵਿੱਕੀ ਪੰਚ, ਸਨਦੀਪ ਕੌਰ ਪੰਚ, ਜੋਤੀ ਪੰਚ, ਬਲਜਿੰਦਰ ਸਿੰਘ ਲੰਬੜਦਾਰ, ਗੁਰਪ੍ਰੀਤ ਕੌਰ ਪੰਚ ਜਗੀਰ ਕੌਰ ਪੰਚ, ਰਾਜੇਸ਼ ਰਾਣਾ, ਜੀਤਾ ਦਿਉਲ ਤੇ ਹੋਰ ਹਾਜ਼ਰ ਸਨ।

# ਤਪ ਅਸਥਾਨ ਨਿਰਮਲ ਕੁਟੀਆ ਛੰਭਵਾਲੀ ਵਿਖੇ ਧਾਰਮਿਕ ਸਮਾਗਮ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਤਪ ਅਸਥਾਨ ਨਿਰਮਲ ਕੁਟੀਆ ਛੰਭਵਾਲੀ ਪਿੰਡ ਪੰਡਵਾਂ ਵਿਖੇ ਨਾਨਕਸ਼ਾਹੀ ਕੈਲੰਡਰ ਅਨੁਸਾਰ ਨਵੇਂ ਸਾਲ ਸੰਮਤ 558 ਦੀਆਂ ਖੁਸ਼ੀਆਂ ਨੂੰ ਮੁੱਖ ਰੱਖਦੇ ਹੋਏ ਗੁਰਮਤਿ ਸਮਾਗਮ ਸ਼੍ਰੀਮਾਨ ਸੰਤ ਬਾਬਾ ਗੁਰਚਰਨ ਸਿੰਘ ਮਹਾਰਾ ਦੀ ਅਗਵਾਈ ਹੇਠ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਮੌਕੇ ਪਾਠ ਦੇ ਭੋਗ ਪਾਏ ਗਏ, ਉਪਰੰਤ ਸੰਤਾਂ ਮਹਾਂਪੁਰਸ਼ਾਂ ਨੇ ਧਾਰਮਿਕ ਪ੍ਰਵਚਨ ਕਰਦਿਆਂ ਸੰਗਤਾਂ ਨੂੰ ਸਰਬ ਸ਼ਕਤੀਮਾਨ ਪਰਮਾਤਮਾ ਨਾਲ ਜੋੜਿਆ। ਇਸ ਮੌਕੇ ਧਾਰਮਿਕ, ਸਮਾਜਿਕ ਅਤੇ ਸਿਆਸੀ ਸੰਸਥਾਵਾਂ ਦੇ ਆਗੂਆਂ ਅਤੇ ਲਾਗਲੇ ਪਿੰਡਾਂ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਇਸ ਸਬੰਧੀਤਪ ਅਸਥਾਨ ਨਿਰਮਲ ਕੁਟੀਆ ਛੰਭਵਾਲੀ ਪਿੰਡ ਪੰਡਵਾਂ ਦੇ ਮੁੱਖ ਸੰਚਾਲਕ ਸੰਤ ਬਾਬਾ ਗੁਰਚਰਨ ਸਿੰਘ ਨੇ ਦੱਸਿਆ ਕਿ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਜਾਪ ਦੀਆਂ ਲੜੀਆਂ ਦੇ 14 ਮਾਰਚ ਨੂੰ ਭੋਗ ਪਾਏ ਗਏ। ਇਸ ਤੋਂ ਬਾਅਦ ਬਾਬਾ ਲਵਪ੍ਰੀਤ ਸਿੰਘ ਖਾਲਸਾ ਪੰਜ ਗਰਾਈ ਕਲਾਂ ਵਾਲਿਆਂ ਨੇ ਸੰਗਤਾਂ ਨੂੰ ਗੁਰਇਤਿਹਾਸ ਨਾਲ ਜੋੜਿਆ। ਸਮਾਗਮ ਵਿੱਚ ਤਤਵੇਤੇ ਖੱਟ ਦਰਸ਼ਨ ਨਿਰਮਲ ਭੇਖ ਸਾਧੂ ਸੰਤ ਸਮਾਜ ਦੇ ਸਮੂਹ ਮਹਾਂਪੁਰਖਾਂ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ । ਇਸ ਮੌਕੇ ਸੰਤ ਗੁਰਚਰਨ ਸਿੰਘ ਵੱਲੋਂ ਨਾਨਕਸ਼ਾਹੀ ਕੈਲੰਡਰ ਅਨੁਸਾਰ ਨਵੇਂ ਸਾਲ ਸੰਮਤ 558 ਦੇ ਆਗਮਨ ਦੀ ਖੁਸ਼ੀ ਤੇ ਚੇਤ ਮਹੀਨੇ ਸੰਗਰਾਂਦ ਦੇ ਦਿਹਾੜੇ ਦੀ ਵਿਆਖਿਆ ਕੀਤੀ ਗਈ। ਸਟੇਜ ਸਕੱਤਰ ਦੀ ਸੇਵਾ ਸੰਤ ਗੁਰਲਾਲ ਸਿੰਘ ਵੱਲੋਂ ਨਿਭਾਈ ਗਈ।

# ਪੱਤਰਕਾਰ ਸੰਗਠਨ ਵੱਲੋਂ ਲੋਈਆਂ ਭੇਟ

**ਫਗਵਾੜਾ (ਡਾ ਰਮਨ)**- ਫਗਵਾੜਾ ਪੱਤਰਕਾਰ ਸੰਗਠਨ ਵੱਲੋਂ ਪ੍ਰਧਾਨ ਡਾ. ਰਮਨ ਸ਼ਰਮਾ ਦੀ ਯੋਗ ਰਹਿਨੁਮਾਈ ਤੇ ਪ੍ਰੋਜੈਕਟ ਡਾਇਰੈਕਟਰ ਸ਼ੇਰੇ ਏ ਪੰਜਾਬ ਸਪੋਰਟਸ ਐਂਡ ਕੱਲਚਰ ਸੁਸਾਇਟੀ ਦੇ ਪ੍ਰਧਾਨ ਰੀਤ ਪ੍ਰੀਤ ਪਾਲ ਸਿੰਘ ਦੀ ਦੇਖ ਰੇਖ ਹੇਠ ਰੇਲਵੇ ਸਟੇਸ਼ਨ ਫਗਵਾੜਾ ਦੇ ਪਲੇਟਫਾਰਮ ਨੰਬਰ 1 ਤੇ ਸਥਿਤ ਜੀ ਆਰ ਪੀ ਚੋਕੀ ਵਿਖੇ ਚੋਕੀ ਇੰਚਾਰਜ ਸੁਖਵਿੰਦਰ ਸਿੰਘ ਦੀ ਮੌਜੂਦਗੀ 'ਚ ਉਨ੍ਹਾਂ ਨੂੰ ਰੇਲ ਟ੍ਰੈਕ ਤੇ ਹੋਣ ਵਾਲੀਆ ਅਚਾਨਕ ਦੁਰਘਟਨਾਵਾਂ 'ਚ ਮਾਰੇ ਜਾਦੇ ਲੋਕਾਂ ਲਈ ਲੋਈਆਂ ਭੇਟ ਕੀਤੀਆ ਗਈਆ। ਇਸ ਮੌਕੇ ਜੀ ਆਰ ਪੀ ਇੰਚਾਰਜ ਸੁਖਵਿੰਦਰ ਸਿੰਘ ਨੇ ਫਗਵਾੜਾ ਪੱਤਰਕਾਰ ਸੰਗਠਨ ਤੇ ਸ਼ੇਰੇ ਏ ਪੰਜਾਬ ਸਪੋਰਟਸ ਐਂਡ ਕੱਲਚਰ ਸੁਸਾਇਟੀ ਦਾ ਦਿਲੋਂ ਧੰਨਵਾਦ ਕਰਦੇ ਹੋਏ ਇਸ ਨੇਕ ਕਾਰਜ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ ਤੇ ਆਖਿਆ ਕਿ ਮਾਨਵਤਾ ਦੀ ਭਲਾਈ ਲਈ ਇਹ ਵੱਡਾ ਉਪਰਾਲਾ ਹੈ। ਇਸ ਮੌਕੇ ਸੋਸਾਇਟੀ ਦੇ ਜਨਰਲ ਸਕੱਤਰ ਸਲਵਿੰਦਰ ਸਿੰਘ ਜੱਸੀ, ਵਾਈਸ ਪ੍ਰਧਾਨ ਬਲਵਿੰਦਰ ਸਿੰਘ ਪਲਾਹੀ, ਸੁਖਜੀਤ ਸਿੰਘ ਫਗਵਾੜਾ, ਨਰਿੰਦਰ ਪਾਲ ਸਿੰਘ ਮਾਹੀ ਆਦਿ ਹਾਜ਼ਰ ਸਨ।



# ਤਾਜੇਵਾਲ ਵਿਖੇ ਸਾਲਾਨਾ ਭੰਡਾਰਾ 20 ਨੂੰ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਗ੍ਰਾਮ ਪੰਚਾਇਤ ਪਿੰਡ ਤਾਜੇਵਾਲ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬਾਬਾ ਸਿੱਧ ਚਾਨੋ ਜੀ ਦੇ ਦਰਬਾਰ 'ਤੇ ਸਾਲ- ਸੁੱਖਣਾ -ਦਹਾਜਾ ਅਤੇ ਭੰਡਾਰਾ 20 ਮਾਰਚ ਸ਼ੁੱਕਰਵਾਰ ਰਾਤ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਪਿੰਡ ਤਾਜੇਵਾਲ ਦੀ ਸਰਪੰਚ ਸ੍ਰੀਮਤੀ ਦਲਜੀਤ ਕੌਰ ਅਤੇ ਸੰਤ ਪਵਨ ਕੁਮਾਰ ਤਾਜੇਵਾਲ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਮੂਲਾ ਡੱਲੇਵਾਲ ਐਂਡ ਪਾਰਟੀ ਵੱਲੋਂ ਬਾਬਾ ਜੀ ਦੀ ਮਹਿਮਾ ਦਾ ਗੁਣ ਗਾਇਨ ਕੀਤਾ ਜਾਵੇਗਾ। ਲੰਗਰ ਭੰਡਾਰੇ ਅਤੁੱਟ ਵਰਤਣਗੇ। ਇਸ ਮੌਕੇ ਉਹਨਾਂ ਇਲਾਕਾ ਨਿਵਾਸੀ ਸੰਗਤਾਂ ਨੂੰ ਸਮਾਗਮ ਵਿੱਚ ਸ਼ਾਮਿਲ ਹੋ ਕੇ ਬਾਬਾ ਜੀ ਦੇ ਦਰਬਾਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਕੀਤੀ।

# ਮੈਡੀਕਲ ਚੈੱਕਅੱਪ ਕੈਂਪ ਦੌਰਾਨ 345 ਮਰੀਜ਼ਾਂ ਦੀ ਜਾਂਚ

**ਜਲੰਧਰ (ਇਕਬਾਲ ਸਿੰਘ ਉੱਭੀ)**- ਇੰਡੀਅਨ ਰੈੱਡ ਕਰਾਸ ਸੁਸਾਇਟੀ ਪੰਜਾਬ ਸਟੇਟ ਬ੍ਰਾਂਚ ਚੰਡੀਗੜ੍ਹ ਤੇ ਸਿਹਤ ਵਿਭਾਗ ਜਲੰਧਰ ਵੱਲੋਂ ਗੁਰਦੁਆਰਾ ਛੇਵੀਂ ਪਾਤਸ਼ਾਹੀ ਪਿੰਡ ਚੱਕਰਾਲਾ ਵਿਖੇ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਵਿੱਚ ਵੱਖ-ਵੱਖ ਬਿਮਾਰੀਆਂ ਦੇ ਕਰੀਬ 345 ਮਰੀਜ਼ਾਂ ਦੀ ਓ ਪੀ ਡੀ ਕੀਤੀ ਗਈ। ਇਸ ਤੋਂ ਇਲਾਵਾ 87 ਮਰੀਜ਼ਾਂ ਦੇ ਐਕਸਰੇ, 92 ਮਰੀਜ਼ਾਂ ਦੇ ਸ਼ੂਗਰ ਦੇ ਟੈਸਟ ਕੀਤੇ ਗਏ ਤੇ ਸਾਰੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਕੈਂਪ ਦੌਰਾਨ ਟੀ.ਬੀ. ਦੀ ਬਿਮਾਰੀ ਤੋਂ ਬਚਾਅ, ਲੱਛਣਾਂ ਅਤੇ ਇਲਾਜ ਬਾਰੇ ਜਾਣਕਾਰੀ ਦਿੱਤੀ ਗਈ। ਕੈਂਪ ਨੂੰ ਸਫ਼ਲ ਬਣਾਉਣ ਲਈ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਸੁਰਿੰਦਰ ਸਿੰਘ ਕਾਹਲੋਂ, ਸਰਪੰਚ ਮਨਪ੍ਰੀਤ ਕੌਰ, ਗ੍ਰਾਮ ਪੰਚਾਇਤ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਚੱਕਰਾਲਾ ਵੱਲੋਂ ਪੂਰਨ ਸਹਿਯੋਗ ਦਿੱਤਾ ਗਿਆ।ਇਸ ਮੌਕੇ ਡਾ. ਸੁਰਜੀਤ ਲਾਲ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ, ਡਾ. ਪਰਮਜੀਤ ਸਿੰਘ ਜ਼ਿਲ੍ਹਾ ਟੀ.ਬੀ.ਅਫ਼ਸਰ ਸਿਵਲ ਹਸਪਤਾਲ ਜਲੰਧਰ, ਡਾ. ਯੋਗੇਸ਼ ਸੱਚਦੇਵਾ, ਪਲਵਿੰਦਰ ਕੌਰ, ਅਸ਼ਵਨੀ ਕੁਮਾਰ, ਸਟੇਟ ਟੀ ਬੀ ਕਾਰਡੀਨੇਟਰ ਰਾਵੀਆ, ਨੇਕ ਰਾਮ, ਸ਼ੀਨੂੰ, ਸੁਨੀਲ ਕੁਮਾਰ, ਸੁਰੇਖਾ ਸ਼ਰਮਾ, ਅਕਾਸ਼ਦੀਪ ਸਿੰਘ ਤੇ ਇਲਾਕੇ ਦੇ ਪਤਵੰਤੇ ਸੱਜਣ ਵੀ ਮੌਜੂਦ ਸਨ।

# ਮੇਹਰਚੰਦ ਪੋਲੀਟੈਕਨਿਕ ਵਿਖੇ ਹੈਲਥ ਚੈੱਕਅੱਪ ਕੈਂਪ ਲਗਾਇਆ

**ਜਲੰਧਰ (ਸ਼ੈਲੀ ਐਲਬਰਟ)**- ਮੇਹਰਚੰਦ ਪੋਲੀਟੈਕਨਿਕ ਕਾਲਜ ਵਿੱਚ ਵਿਦਿਆਰਥੀਆਂ ਤੇ ਸਟਾਫ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ ਮੈਡੀਕਲ ਹੈਲਥ ਚੈੱਕਅੱਪ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਕਾਲਜ ਦੇ ਵੱਖ-ਵੱਖ ਵਿਭਾਗਾਂ ਨਾਲ ਸੰਬੰਧਿਤ ਸਟਾਫ ਮੈਂਬਰਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੀ ਸਿਹਤ ਦੀ ਜਾਂਚ ਕਰਵਾਈ। ਕੈਂਪ ਦਾ ਉਦਘਾਟਨ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਵੱਲੋਂ ਡਾਕਟਰਾਂ ਦੀ ਟੀਮ ਦਾ ਤਹਿ ਦਿਲੋਂ ਸਵਾਗਤ ਕਰਨ ਤੋਂ ਬਾਅਦ ਕੀਤਾ ਗਿਆ। ਇਸ ਮੌਕੇ ਤੇ ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਹੈਲਥ ਕੈਂਪ ਸਮੇਂ ਦੀ ਲੋੜ ਹਨ, ਕਿਉਂਕਿ ਇਹ ਸਾਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨ ਵਿੱਚ ਮਦਦ ਕਰਦੇ ਹਨ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਅਸੀਂ ਆਪਣੀ ਦਿਨਚਰੀ ਅਤੇ ਲਾਈਫਸਟਾਈਲ ਵਿੱਚ ਸੁਧਾਰ ਕਰਕੇ ਬਹੁਤ ਸਾਰੀਆਂ ਬਿਮਾਰੀਆਂ ਤੋਂ ਬਚ ਸਕਦੇ ਹਾਂ। ਖਾਸ ਕਰਕੇ ਸਰੀਰ ਵਿੱਚ ਵੱਧ ਰਹੀ ਚਰਬੀ (ਫੈਟ) ਨੂੰ ਘਟਾਉਣ ਲਈ ਸੰਤੁਲਿਤ ਆਹਾਰ ਤੇ ਨਿਯਮਿਤ ਕਸਰਤ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਫਾਸਟ ਫੂਡ ਤੋਂ ਦੂਰ ਰਹਿਣ ਅਤੇ ਸਿਹਤਮੰਦ ਖੁਰਾਕ ਅਪਨਾਉਣ ਦੀ ਸਲਾਹ ਵੀ ਦਿੱਤੀ। ਕੈਂਪ ਦੌਰਾਨ ਡਾਕਟਰਾਂ ਦੀ ਟੀਮ ਵੱਲੋਂ ਆਧੁਨਿਕ ਤਕਨੀਕਾਂ ਦੀ ਵਰਤੋਂ ਕਰਦੇ ਹੋਏ ਵਿਸਰਲ ਫੈਟ, ਬੀ ਐੱਮ ਆਈ (ਬਾਡੀ ਮਾਸ ਇੰਡੈਕਸ) ਤੇ ਬਾਇਲੋਜੀਕਲ ਉਮਰ ਵਰਗੇ ਮਹੱਤਵਪੂਰਨ ਪੈਰਾਮੀਟਰਾਂ ਦੀ ਜਾਂਚ ਕੀਤੀ ਗਈ। ਇਸ ਨਾਲ ਸਟਾਫ ਮੈਂਬਰਾਂ ਨੂੰ ਆਪਣੀ ਸਿਹਤ ਦੀ ਅਸਲੀ ਸਥਿਤੀ ਬਾਰੇ ਜਾਣਕਾਰੀ ਪ੍ਰਾਪਤ ਹੋਈ ਤੇ ਉਹ ਆਪਣੀ ਜੀਵਨ ਸ਼ੈਲੀ ਵਿੱਚ ਲੋੜੀਂਦੇ ਬਦਲਾਅ ਕਰਨ ਲਈ ਪ੍ਰੇਰਿਤ ਹੋਏ। ਕਾਲਜ ਦੇ ਸਾਰੇ ਸਟਾਫ ਨੇ ਇਸ ਕੈਂਪ ਪ੍ਰਤੀ ਖਾਸ ਰੁਚੀ ਤੇ ਉਤਸ਼ਾਹ ਦਿਖਾਇਆ ਅਤੇ ਇਸ ਨੂੰ ਇੱਕ ਲਾਭਦਾਇਕ ਪਹਿਲ ਕਰਾਰ ਦਿੱਤਾ। ਅੰਤ ਵਿੱਚ ਪ੍ਰਬੰਧਕਾਂ ਵੱਲੋਂ ਡਾਕਟਰਾਂ ਦੀ ਟੀਮ ਦਾ ਧੰਨਵਾਦ ਕੀਤਾ ਗਿਆ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਕੈਂਪ ਲਗਾਉਣ ਦਾ ਭਰੋਸਾ ਦਿੱਤਾ ਗਿਆ।



# ਅਮਰ ਸਿੰਘ ਚਮਕੀਲਾ ਤੇ ਅਮਰਜੋਤ ਦੀ ਬਰਸੀ 'ਤੇ ਸੱਭਿਆਚਾਰਕ ਮੇਲਾ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**- ਗਾਇਕ ਸਵ: ਅਮਰ ਸਿੰਘ ਚਮਕੀਲਾ ਤੇ ਬੀਬੀ ਅਮਰਜੋਤ ਦੀ 38ਵੀਂ ਬਰਸੀ ਤੇ ਸੱਭਿਆਚਾਰਕ ਮੇਲਾ ਗੁਰਮੀਤ ਮਹਿਮੀ, ਰੁਬੀਨਾ ਮਹਿਮੀ ਤੇ ਗੀਤਕਾਰ ਸੂਬਾ ਉਦੇਸੀਆ ਵਾਲਾ ਦੀ ਰਹਿਨੁਮਾਈ ਹੇਠ ਖਲਵਾੜਾ ਕਲੋਨੀ ਪਿੰਡ ਖਲਵਾੜਾ (ਚੰਡੀਗੜ੍ਹ ਰੋਡ) ਵਿਖੇ ਮਨਾਈ ਗਈ। ਇਸ ਬਾਰੇ ਗੱਲ ਕਰਦਿਆ ਗੀਤਕਾਰ ਸੂਬਾ ਉਦੇਸੀਆ ਵਾਲੇ (ਆਦਮਪੁਰ ਦੋਆਬਾ) ਨੇ ਦੱਸਿਆ ਕਿ ਮੇਲੇ ਦੌਰਾਨ ਚਮਕੀਲਾ ਸਾਹਬ ਜੀ ਦੀ ਵੱਡੀ ਭੈਣ ਸਵਰਨ ਕੌਰ ਪਰਵਾਰ ਸਮੇਤ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਦੁਨੀਆਂ ਦੀ ਇਸ ਅਮਰ ਜੋੜੀ ਨੂੰ ਸਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਇੰਟਰਨੈਸ਼ਨਲ ਗਾਇਕ ਅਮਰ ਅਰਸ਼ੀ ਨਰਿੰਦਰ ਜੋਤ ਨੇ ਮੀਂਹ ਭਿੱਜੇ ਮੇਲੇ 'ਚੋ ਕੀ ਜੋਰ ਗਰੀਬਾਂ ਦਾ ਸਮੇਤ ਕਈਂ ਗੀਤ ਗਾ ਕੇ ਮੇਲਾ ਲੁੱਟਿਆ , ਜੈਮਨ ਚਮਕੀਲਾ ਰੀਆ ਸੰਧੂ, ਰਣਜੀਤ ਮਣੀ, ਬਿੱਟੂ ਖੰਨੇ ਵਾਲਾ, ਆਤਮਾ ਬੁਢੇਵਾਲੀਆ ਚਮਕ ਚਮਕੀਲਾ, ਕਿੱਕਰ ਡਾਲੇਵਾਲਾ, ਬੰਸੀ ਬਰਨਾਲਾ, ਮਨਦੀਪ ਲੱਕੀ, ਜਸਵਿੰਦਰ ਕੌਰ ਜਲੰਧਰ, ਮਹਿੰਦਰ ਖਾਨਪੁਰੀ ਅਤੇ ਬੀਬਾ ਕਮਲਜੋਤ, ਸਤੀਸ਼ ਕੁਮਾਰ, ਹਰਨੇਕ ਘਾਰੂ ਤੇ ਜਸ਼ਨ ਧਾਲੀਵਾਲ ਤੇ ਗੀਤਕਾਰ ਸੂਬਾ ਉਦੇਸੀਆ ਵਾਲਾਂ (ਆਦਮਪੁਰ ਦੋਆਬਾ), ਜਵਾਹਰ ਭਰੋਲੀ, ਗੁਰਬਾਜ ਗਿੱਲ, ਗੋਰਾ ਢੇਸੀ, ਦੀਪਾ ਤੂੰਬੀ ਵਾਲਾ, ਸਰਪੰਚ ਬਡਾਲਾ,ਸ਼ਮਸ਼ੇਰ ਝੱਜ, ਭੰਗੂ ਫਲੇੜੇ ਵਾਲਾ, ਅਵਤਾਰ ਸਿੰਘ ਸੋਹੀਆ, ਜਸਵੰਤ ਹਰਦਾਸਪੁਰੀ, ਸੁਰਿੰਦਰ ਚੁੰਬਰ, ਕੁਲਵੀਰ ਛਾਜਲੀ ਤੇ ਹੋਰ ਨਾਮਵਰ ਕਲਾਕਾਰ ਆਪਣੀ ਹਾਜ਼ਰੀ ਭਰ ਕੇ ਬਰਸੀ ਮੇਲੇ ਨੂੰ ਸਿਖਰ ਤੇ ਪਹੁੰਚਾਇਆ। ਮੇਲੇ ਵਿੱਚ ਆਏ ਹੋਏ ਗਾਇਕ ਤੇ ਗੀਤਕਾਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਪੰਜਾਬ ਵਲੋ ਸਵੈ ਇੱਛਕ ਖੂਨਦਾਨ ਕੈਂਪ ਵੀ ਲਗਾਇਆ ਗਿਆ ਜਿਸ ਵਿੱਚ ਵਲਾਟੀਅਰਾ ਵਲੰਟੀਅਰਾ ਵਲੋਂ ਖੂਨਦਾਨ ਕੀਤਾ ਗਿਆ। ਉਪਰੰਤ ਗੁਰੂ ਕਾ ਚਾਹ ਪਰਸਾਦੀਆ ਦਾ ਲੰਗਰ ਅਟੁੱਟ ਵਰਤਾਇਆ ਗਿਆ।



# ਤਿੰਨ ਪਿੰਡਾਂ ਨੂੰ ਜਿੰਮ ਲਈ ਗਰਾਂਟਾਂ ਜਾਰੀ

**ਬਲਾਚੌਰ (ਜਸਵਿੰਦਰ ਬੈਂਸ)**- ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਦੀ ਸਿਹਤ ਅਤੇ ਭਵਿੱਖ ਨੂੰ ਸੁਧਾਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਤੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਜਲਾਲਪੁਰ ਇਹਨਾਂ ਦੇ ਨਾਲ ਸੇਠੀ ਉਦਨੋਵਾਲ ਚੇਅਰਮੈਨ ਮਾਰਕੀਟ ਕਮੇਟੀ ਬਲਾਚੌਰ ਅਤੇ ਗੁਰਚਰਨ ਸਿੰਘ ਬਲੋਕ ਪ੍ਰਧਾਨ ਨੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਲਈ ਇੱਕ ਅਹਿਮ ਪਹਿਲਕਦਮੀ ਕੀਤੀ ਹੈ। ?ਜਲਾਲਪੁਰ ਨੇ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰੱਖਣ ਤੇ ਉਨ੍ਹਾਂ ਦੀ ਸਰੀਰਕ ਤੰਦਰੁਸਤੀ ਨੂੰ ਮੁੱਖ ਰੱਖਦਿਆਂ ਜ਼ਿਲ੍ਹੇ ਦੇ ਤਿੰਨ ਪਿੰਡਾਂ ਲਈ ਆਪਣੇ ਅਖ਼ਤਿਆਰੀ ਕੋਟੇ ਵਿੱਚੋਂ ਵਿਸ਼ੇਸ਼ ਗਰਾਂਟਾਂ ਜਾਰੀ ਕੀਤੀਆਂ ਹਨ। ਇਨ੍ਹਾਂ ਗਰਾਂਟਾਂ ਰਾਹੀਂ ਪਿੰਡਾਂ ਵਿੱਚ ਆਧੁਨਿਕ ਜਿਮ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਸਤਨਾਮ ਜਲਾਲਪੁਰ ਨੇ ਕਿਹਾ ਪਿੰਡ ਬਛੌੜੀ 2 ਲੱਖ ਰੁਪਏ ਪਿੰਡ ਭਨੂੰ 1.5 ਲੱਖ ਰੁਪਏ ਪਿੰਡ ਖਰੌੜ 1 ਲੱਖ ਰੁਪਏ ਦਿੱਤੇ। ਇਸ ਉਪਰਾਲੇ ਲਈ ਪਿੰਡ ਖਰੌੜ, ਭਨੂੰ ਅਤੇ ਬਛੌੜੀ ਦੇ ਨੌਜਵਾਨਾਂ ਅਤੇ ਪਿੰਡ ਵਾਸੀਆਂ ਨੇ ਚੇਅਰਮੈਨ ਸਤਨਾਮ ਜਲਾਲਪੁਰ ਦਾ ਤਹਿ ਦਿਲੋਂ ਧੰਨਵਾਦ ਕੀਤਾ।




# ਆਲੂਆਂ ਦਾ ਸੈਂਟਰ ਆਫ ਐਕਸੀਲੈਂਸ ਕਿਸਾਨਾਂ ਲਈ ਵਰਦਾਨ : ਡਾ. ਦਮਨਦੀਪ ਸਿੰਘ

**ਅਲਾਵਲਪੁਰ,(ਮਦਨ ਬੰਗੜ)**- ਪੰਜਾਬ ਅਧੀਨ ਜਿਲਾ ਜਲੰਧਰ ਦੇ ਪਿੰਡ ਧੋਗੜੀ ਵਿਖੇ ਆਲੂਆਂ ਦਾ ਸੈਂਟਰ ਆਫ ਐਕਸੀਲੈਂਸ ਕਾਰਜਸ਼ੀਲ ਹੋਣ ਨਾਲ ਇਲਾਕੇ ਦੇ ਕਿਸਾਨਾਂ ਵਿੱਚ ਨਵੀਂ ਉਮੀਦ ਜਾਗੀ ਹੈ। ਇਸ ਸੈਂਟਰ ਵਿੱਚ ਆਲੂਆਂ ਦਾ ਉੱਤਮ ਗੁਣਵੱਤਾ ਵਾਲਾ ਬੀਜ ਆਧੁਨਿਕ ਤਕਨੀਕਾਂ ਨਾਲ ਤਿਆਰ ਕੀਤਾ ਜਾਂਦਾ ਹੈ, ਜਿਸ ਨਾਲ ਕਿਸਾਨਾਂ ਨੂੰ ਉੱਚ ਪੈਦਾਵਾਰ ਤੇ ਬਿਹਤਰ ਆਮਦਨ ਦੀ ਸੰਭਾਵਨਾ ਬਣਦੀ ਹੈ। ਇਸ ਸੈਂਟਰ ਵਿੱਚ ਆਲੂ ਦੀਆਂ ਕਈ ਕਿਸਮਾਂ ਜਿਵੇਂ ਕਿ ਕੁਫ਼ਰੀ ਪੁਖਰਾਜ, ਕੁਫ਼ਰੀ ਜੋਤੀ, ਕੁਫ਼ਰੀ ਹਿਮਾਲਨੀ ਅਤੇ ਕੁਫ਼ਰੀ ਮੋਹਨ ਕਿਸਮਾਂ ਦਾ ਸਟੇਜ ਫਾਊਂਡੇਸ਼ਨ-1, ਫਾਊਂਡੇਸ਼ਨ-2 ਅਤੇ ਜਨਰੇਸ਼ਨ-3 ਦੇ ਆਧਾਰ 'ਤੇ ਬੀਜ ਵਿਕਰੀ ਲਈ ਉਪਲਬਧ ਹੈ। ਇਹ ਬੀਜ ਉੱਚ ਗੁਣਵੱਤਾ ਦੇ ਹੋਣ ਕਰਕੇ ਰੋਗਾਂ ਤੋਂ ਬਚਾਅ ਅਤੇ ਵਧੀਆ ਉਤਪਾਦਨ ਵਿੱਚ ਮਦਦਗਾਰ ਸਾਬਤ ਹੋ ਰਹੇ ਹਨ। ਇਸ ਸਬੰਧੀ ਸੈਂਟਰ ਦੇ ਅਧਿਕਾਰੀ ਡਾ. ਦਮਨਦੀਪ ਸਿੰਘ ਨੇ ਕਿਹਾ ਕਿ ਸੈਂਟਰ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਪ੍ਰਮਾਣਿਤ ਅਤੇ ਰੋਗ-ਮੁਕਤ ਬੀਜ ਮੁਹੱਈਆ ਕਰਵਾਉਣਾ ਹੈ, ਤਾਂ ਜੋ ਉਹ ਘੱਟ ਲਾਗਤ 'ਚ ਵੱਧ ਪੈਦਾਵਾਰ ਹਾਸਲ ਕਰ ਸਕਣ। ਉਨ੍ਹਾਂ ਦੱਸਿਆ ਕਿ ਆਧੁਨਿਕ ਤਕਨੀਕਾਂ ਅਤੇ ਵਿਗਿਆਨਕ ਢੰਗ ਨਾਲ ਤਿਆਰ ਕੀਤਾ ਗਿਆ ਬੀਜ ਕਿਸਾਨਾਂ ਲਈ ਬਹੁਤ ਲਾਭਕਾਰੀ ਸਾਬਤ ਹੋ ਰਿਹਾ ਹੈ।



# ਸਰਬੱਤ ਦਾ ਭਲਾ ਫਾਊਂਡੇਸ਼ਨ ਨੇ 64ਵੇਂ ਮਾਸਿਕ ਰਾਸ਼ਨ ਵੰਡ ਸਮਾਰੋਹ ਕਰਵਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸਰਬੱਤ ਦਾ ਭਲਾ ਫਾਊਂਡੇਸ਼ਨ ਫਗਵਾੜਾ ਨੇ ਆਪਣਾ 63ਵਾਂ ਮਾਸਿਕ ਰਾਸ਼ਨ ਵੰਡ ਪ੍ਰੋਗਰਾਮ ਫਾਊਂਡੇਸ਼ਨ ਦੇ ਪ੍ਰਧਾਨ ਕਰਮਵੀਰ ਅਰੋੜਾ ਦੀ ਅਗਵਾਈ ਹੇਠ ਆਯੋਜਿਤ ਕੀਤਾ। ਫਾਊਂਡੇਸ਼ਨ ਦੇ ਚੇਅਰਮੈਨ ਵੀ ਪੀ ਸਿੰਘ ਅਰੋੜਾ ਨੇ ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਸਮਾਗਮ ਦੌਰਾਨ 50 ਪਰਵਾਰਾਂ ਨੂੰ ਮਹੀਨੇ ਦਾ ਰਾਸ਼ਨ ਵੰਡਿਆ ਗਿਆ। ਇਸ ਮੌਕੇ ਸੁੱਚਾ ਸਿੰਘ ਰਾਣੀਪੁਰ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ ਅਤੇ ਫਾਊਂਡੇਸ਼ਨ ਵਲੋਂ ਕੀਤੀ ਜਾ ਰਹੀ ਸਮਾਜ ਸੇਵਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਲੋੜਵੰਦਾਂ ਦੀ ਮਦਦ ਕਰਨ ਨਾਲ ਨਾ ਸਿਰਫ਼ ਸ਼ਾਂਤੀ ਮਿਲਦੀ ਹੈ ਬਲਕਿ ਪ੍ਰਮਾਤਮਾ ਦੀ ਪ੍ਰਾਪਤੀ ਵੀ ਹੁੰਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਬੱਤ ਦਾ ਭਲਾ ਫਾਊਂਡੇਸ਼ਨ ਉਸ ਸਾਰੀ ਪ੍ਰਸ਼ੰਸਾ ਦੀ ਹੱਕਦਾਰ ਹੈ ਜਿਸ ਦੀ ਉਹ ਹੱਕਦਾਰ ਹੈ, ਕਿਉਂਕਿ ਇਹ ਨਾ ਸਿਰਫ਼ ਰਾਸ਼ਨ ਵੰਡ ਕੇ ਗਰੀਬਾਂ ਨੂੰ ਲਗਾਤਾਰ ਭੋਜਨ ਦਿੰਦਾ ਹੈ ਬਲਕਿ ਲੋੜਵੰਦਾਂ ਦੀ ਮਦਦ ਵੀ ਕਰਦੀ ਹੈ। ਲੋੜਵੰਦਾਂ ਨੂੰ ਰਾਸ਼ਨ ਵੰਡਦੇ ਹੋਏ ਵਿਪਨ ਅਰੋੜਾ ਨੇ ਦੱਸਿਆ ਕਿ ਸੰਸਥਾ ਹਰ ਮਹੀਨੇ ਲੋੜਵੰਦਾਂ ਨੂੰ ਰਾਸ਼ਨ ਵੰਡਦੀ ਹੈ ਅਤੇ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਲਈ ਹਰ ਸੰਭਵ ਸਹਾਇਤਾ ਪ੍ਰਦਾਨ ਕਰਦੀ ਹੈ। ਲੋੜਵੰਦ ਪਰਵਾਰਾਂ ਦੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਦੀ ਸਿੱਖਿਆ ਲਈ ਵਿੱਤੀ ਸਹਾਇਤਾ ਵੀ ਪ੍ਰਦਾਨ ਕਰਦੀ ਹੈ। ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਵੀ ਪੀ ਸਿੰਘ ਅਰੋੜਾ ਨੇ ਅਤੁਲ ਜੋਸ਼ੀ, ਪ੍ਰਮੋਦ ਜੋਸ਼ੀ, ਰਣਜੀਤ ਸਿੰਘ ਕਿੰਨੜਾ ਅਤੇ ਕੁਲਵਿੰਦਰ ਸੈਂਭੀ ਦਾ ਫਾਊਂਡੇਸ਼ਨ ਨੂੰ ਸਮਰਥਨ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਮਨੋਜ ਬੈਂਸ, ਗੁਰਮੁੱਖ ਸਿੰਘ, ਸਮਾਜ ਸੇਵੀ ਰਮਨ ਨਹਿਰਾ, ਗੁਰਦੀਪ ਸਿੰਘ ਕੰਗ, ਰਾਜੇਸ਼ ਪ੍ਰਾਸ਼ਰ, ਮੈਡਮ ਸੁਧਾ, ਪ੍ਰਮੋਦ ਜੋਸ਼ੀ, ਰਣਜੀਤ ਸਿੰਘ ਕਿੰਨੜਾ, ਮੋਹਨ ਲਾਲ ਤਨੇਜਾ, ਨਰਿੰਦਰ ਸੈਣੀ ਆਦਿ ਵੀ ਹਾਜ਼ਰ ਸਨ।



# ਮੋਬਾਇਲ ਖੋਹ ਕੇ ਭੱਜਦਾ ਚੋਰ ਕਾਬੂ, ਲੋਕਾਂ ਕੀਤੀ ਛਿੱਤਰ-ਪਰੇਡ

**ਜਲੰਧਰ (ਸੁਰਿੰਦਰ ਕੁਮਾਰ)**- ਚੋਰੀ ਦੀਆਂ ਘਟਨਾਵਾਂ ਦਾ ਗ੍ਰਾਫ ਲਗਾਤਾਰ ਵਧਦਾ ਜਾ ਰਿਹਾ ਹੈ। ਤਾਜ਼ਾ ਮਾਮਲਾ ਡਾ. ਬੀ.ਆਰ. ਅੰਬੇਡਕਰ ਚੌਕ (ਨਕੋਦਰ ਚੌਕ) ਦੇ ਨੇੜਿਓਂ ਸਾਹਮਣੇ ਆਇਆ ਹੈ, ਜਿਥੇ ਲੋਕਾਂ ਨੇ ਅਜੀਤ ਨਗਰ ਵਿਚ ਚੋਰੀ ਕਰਨ ਆਏ ਚੋਰ ਨੂੰ ਕਾਬੂ ਕਰ ਲਿਆ ਤੇ ਲੋਕਾਂ ਨੇ ਉਸ ਦੀ ਛਿੱਤਰ ਪਰੇਡ ਵੀ ਕੀਤੀ।ਇੱਕ ਵਿਅਕਤੀ ਨੇ ਦੱਸਿਆ ਕਿ ਉਹ ਆਪਣੇ ਬੱਚੇ ਨੂੰ ਸਕੂਲ ਛੱਡ ਕੇ ਆ ਰਿਹਾ ਸੀ ਕਿ ਇੱਕ ਲੁਟੇਰੇ ਨੇ ਉਸ ਦਾ ਫ਼ੋਨ ਖੋਹ ਲਿਆ ਤੇ ਡਾ. ਬੀ.ਆਰ. ਅੰਬੇਡਕਰ ਚੌਕ ਨੇੜੇ ਭੱਜ ਗਿਆ। ਪੀੜਤ ਨੇ ਚੋਰ ਨੂੰ ਫੜਨ ਲਈ ਰੌਲਾ ਪਾਇਆ। ਉਸ ਨੇ ਕਿਹਾ ਕਿ ਉਸ ਨੇ ਆਪਣੀ ਮੋਟਰਸਾਈਕਲ 'ਤੇ ਚੋਰ ਦਾ ਪਿੱਛਾ ਕੀਤਾ, ਪਰ ਚੋਰ ਨੇ ਉਸ ਨੂੰ ਧੱਕਾ ਦੇ ਦਿੱਤਾ। ਨੇੜ ਹੀ ਕੂੜਾ ਚੁੱਕਣ ਵਾਲੇ ਨੇ ਹਿੰਮਤ ਦਿਖਾਉਂਦੇ ਹੋਏ ਚੋਰ ਨੂੰ ਕਾਬੂ ਕਰ ਲਿਆ। ਉਸ ਨੇ ਕਿਹਾ ਕਿ ਫ਼ੋਨ ਬਰਾਮਦ ਹੋ ਗਿਆ ਹੈ। ਇਸ ਘਟਨਾ ਨਾਲ ਕਾਫੀ ਹੰਗਾਮਾ ਹੋਇਆ।ਲੋਕਾਂ ਦਾ ਕਹਿਣਾ ਹੈ ਕਿ ਇਹ ਚੋਰ ਸੜਕਾਂ 'ਤੇ ਅਕਸਰ ਘੁੰਮਦਾ ਹੈ। ਘਟਨਾ 'ਤੇ ਲੋਕਾਂ ਨੂੰ ਕਾਫੀ ਗੁੱਸਾ ਹੈ। ਘਟਨਾ ਦੀ ਜਾਣਕਾਰੀ ਮਿਲਣ 'ਤੇ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ। ਜਦੋਂ ਇੱਕ ਸਾਬਕਾ ਪੁਲਸ ਅਧਿਕਾਰੀ ਨੇ ਏ ਐੱਸ ਆਈ ਕੁਲਵਿੰਦਰ ਸਿੰਘ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਤਾਂ ਅਧਿਕਾਰੀ ਨੇ ਉਸਨੂੰ ਥਾਣੇ ਆਉਣ ਲਈ ਕਿਹਾ। ਇਸ ਉਤੇ ਲੋਕਾਂ ਨੇ ਗੁੱਸੇ ਵਿੱਚ ਆ ਕੇ ਕਿਹਾ ਕਿ ਉਹ ਥਾਣੇ ਨਹੀਂ ਜਾਣਗੇ। ਹੰਗਾਮੇ ਤੋਂ ਬਾਅਦ, ਏ ਐੱਸ ਆਈ ਨੇ ਲੋਕਾਂ ਦੀ ਗੱਲ ਸੁਣੀ। ਇਲਾਕੇ ਦੇ ਪ੍ਰਧਾਨ ਅਮਰਜੀਤ ਸਿੰਘ ਨੇ ਦੱਸਿਆ ਕਿ ਇਲਾਕੇ ਵਿੱਚ ਕਈ ਚੋਰੀਆਂ ਹੋਈਆਂ ਹਨ। ਉਸ ਨੇ ਇਸ ਮਾਮਲੇ ਸੰਬੰਧੀ ਪੁਲਿਸ ਸਟੇਸ਼ਨ 4 ਵਿੱਚ ਸ਼ਿਕਾਇਤਾਂ ਦਰਜ ਕਰਵਾਈਆਂ ਸਨ, ਪਰ ਕੋਈ ਕਾਰਵਾਈ ਨਹੀਂ ਕੀਤੀ ਗਈ। ਪੁਲਸ ਸਟੇਸ਼ਨ 4 ਵਿੱਚ ਕੋਈ ਐਫਆਈਆਰ ਦਰਜ ਨਹੀਂ ਕੀਤੀ ਗਈ ਸੀ। ਉਨ੍ਹਾਂ ਮੰਗ ਕੀਤੀ ਕਿ ਚੋਰ ਨੂੰ ਫੜ ਕੇ ਹਵਾਲਾਤ ਵਿੱਚ ਬੰਦ ਕੀਤਾ ਜਾਵੇ। ਚੋਰ ਦੀ ਬਾਈਕ ਜ਼ਬਤ ਕਰ ਲਈ ਗਈ ਤੇ ਲੋਕਾਂ ਨੂੰ ਭਰੋਸਾ ਦਿੱਤਾ ਗਿਆ ਕਿ ਉਸ ਨੂੰ ਫੜ ਕੇ ਹਵਾਲਾਤ ਵਿਚ ਬੰਦ ਕੀਤਾ ਜਾਵੇਗਾ, ਜਿਸ ਤੋਂ ਬਾਅਦ ਲੋਕਾਂ ਨੇ ਚੋਰ ਨੂੰ ਪੁਲਸ ਦੇ ਹਵਾਲੇ ਕਰ ਦਿੱਤਾ।

# ਵਿਧਾਇਕ ਵੱਲੋਂ ਇੱਕ ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ

**ਜ਼ੀਰਕਪੁਰ (ਵਿਨੈ ਕੁਮਾਰ ਜੈਨ)**- ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਵਾਰਡ ਨੰਬਰ 17, ਪਿੰਡ ਗਾਜੀਪੁਰ ਵਿੱਚ ਬਰਸਾਤੀ ਪਾਣੀ ਦੀ ਲੰਬੇ ਸਮੇਂ ਤੋਂ ਚੱਲ ਰਹੀ ਸਮੱਸਿਆ ਦਾ ਪੱਕਾ ਹੱਲ ਕਰਦੇ ਹੋਏ ਪਾਈਪਾਂ ਤੇ ਸੜਕਾਂ ਦੀ ਉਸਾਰੀ ਦੇ ਵਿਕਾਸ ਕਾਰਜਾਂ ਦਾ ਸ਼ੁਭ ਆਰੰਭ ਕਰਵਾਇਆ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਵਿਧਾਇਕ ਰੰਧਾਵਾ ਨੇ ਦੱਸਿਆ ਕਿ ਲਗਭਗ 1 ਕਰੋੜ ਰੁਪਏ ਦੀ ਲਾਗਤ ਨਾਲ ਇਹ ਪ੍ਰੋਜੈਕਟ ਪੂਰਾ ਕੀਤਾ ਜਾਵੇਗਾ, ਜਿਸ ਨਾਲ ਇਲਾਕਾ ਵਾਸੀਆਂ ਨੂੰ ਬਰਸਾਤ ਦੇ ਦਿਨਾਂ ਵਿੱਚ ਆਉਣ ਵਾਲੀ ਦਿੱਕਤ ਤੋਂ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਵਿਕਾਸ ਕਾਰਜ ਨਾਲ ਨਾ ਸਿਰਫ਼ ਪਾਣੀ ਦੀ ਨਿਕਾਸੀ ਦੀ ਸਮੱਸਿਆ ਦਾ ਹੱਲ ਹੋਵੇਗਾ, ਸਗੋਂ ਸੜਕਾਂ ਦੀ ਸੁਧਾਰ ਨਾਲ ਆਵਾਜਾਈ ਵੀ ਕਾਫ਼ੀ ਸੁਗਮ ਹੋਵੇਗੀ। ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ ਤੇ ਹਰ ਇਲਾਕੇ ਵਿੱਚ ਵਿਕਾਸ ਕਾਰਜ ਤੇਜੀ ਨਾਲ ਕਰਵਾਏ ਜਾ ਰਹੇ ਹਨ।ਇਸ ਮੌਕੇ ਕੌਂਸਲਰ ਸਾਹਿਬਾਨ, ਪਾਰਟੀ ਦੇ ਬਲਾਕ ਪ੍ਰਧਾਨ, ਵੱਖ-ਵੱਖ ਵਿੰਗਾਂ ਦੇ ਪ੍ਰਧਾਨ, ਸਮੁੱਚੀ ਪਾਰਟੀ ਟੀਮ, ਨਗਰ ਕੌਂਸਲ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਸਥਾਨਕ ਵਾਰਡ ਵਾਸੀ ਮੌਜੂਦ ਰਹੇ।



# ਲਾਇਲਪੁਰ ਖਾਲਸਾ ਕਾਲਜ ਰੈੱਡ ਰਿਬਨ ਕਲੱਬ ਯੁਵਕ ਸੇਵਾਵਾਂ ਵੱਲੋਂ ਸਨਮਾਨਤ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਜਲੰਧਰ ਆਪਣੇ ਸਟਾਫ਼ ਤੇ ਵਿਦਿਆਰਥੀਆਂ ਨੂੰ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ 'ਤੇ ਸਮਾਜ ਸੇਵਾ ਅਤੇ ਜਾਗਰੂਕਤਾ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਲਈ ਭਰਪੂਰ ਮੌਕੇ ਪ੍ਰਦਾਨ ਕਰਦਾ ਹੈ।ਕਾਲਜ ਦੇ ਵੱਖ-ਵੱਖ ਕਲੱਬ ਅਤੇ ਇਕਾਈਆਂ ਕਈ ਸਮਾਜਿਕ ਮੁੱਦਿਆਂ ਪ੍ਰਤੀ ਜਾਗਰੂਕਤਾ ਫੈਲਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀਆਂ ਹਨ। ਹਾਲ ਹੀ ਵਿੱਚ ਕਾਲਜ ਦੇ ਰੈੱਡ ਰਿਬਨ ਕਲੱਬ ਨੂੰ ਡਾਇਰੈਕਟੋਰੇਟ ਯੁਵਕ ਸੇਵਾਵਾਂ, ਪੰਜਾਬ ਵੱਲੋਂ ਚੰਡੀਗੜ੍ਹ ਵਿਖੇ ਆਯੋਜਿਤ ਰਾਜ ਪੱਧਰੀ ਪ੍ਰੋਗਰਾਮ ਵਿੱਚ ਸਭ ਤੋਂ ਵਧੀਆ ਰੈੱਡ ਰਿਬਨ ਕਲੱਬਾਂ ਵਿੱਚੋਂ ਇੱਕ ਵਜੋਂ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਇਸ ਪ੍ਰਾਪਤੀ ਲਈ ਰੈੱਡ ਰਿਬਨ ਕਲੱਬ, ਐਲ.ਕੇ.ਸੀ. ਦੇ ਕੋਆਰਡੀਨੇਟਰ ਪ੍ਰੋ. ਸਤਪਾਲ ਸਿੰਘ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਦੂਜੀ ਵਾਰ ਹੈ ਜਦੋਂ ਕਾਲਜ ਆਰ ਆਰ ਸੀ ਨੇ ਇਹ ਪ੍ਰਾਪਤੀ ਹਾਸਲ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਮਹਿਮਾ ਉਦੋਂ ਆਉਂਦੀ ਹੈ ਜਦੋਂ ਸਖ਼ਤ ਮਿਹਨਤ ਤੇ ਨਿਰੰਤਰ ਯਤਨ ਨਿਰਸਵਾਰਥ ਢੰਗ ਨਾਲ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਰਾਜ ਪੱਧਰੀ ਮਾਨਤਾ ਪ੍ਰੋਗਰਾਮ ਅਧਿਆਪਕਾਂ ਅਤੇ ਸਟਾਫ਼ ਨੂੰ ਹੋਰ ਜੋਸ਼ ਅਤੇ ਉਤਸ਼ਾਹ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦੇ ਹਨ। ਪ੍ਰੋ. ਸਤਪਾਲ ਸਿੰਘ ਨੇ ਦੱਸਿਆ ਕਿ ਰੈੱਡ ਰਿਬਨ ਕਲੱਬ ਐੱਚ ਆਈ ਵੀ ਏਡਜ਼, ਖੂਨਦਾਨ, ਸਫਾਈ ਆਦਿ ਨਾਲ ਸਬੰਧਤ ਵੱਖ-ਵੱਖ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕਰਦਾ ਹੈ। ਉਨ੍ਹਾਂ ਦੱਸਿਆ ਕਿ ਵਲੰਟੀਅਰ ਗੁਰਵਿੰਦਰ ਕੌਰ ਨੂੰ ਪੰਜਾਬ ਦੇ ਸਭ ਤੋਂ ਵਧੀਆ ਵਲੰਟੀਅਰਾਂ ਵਿੱਚੋਂ ਇੱਕ ਵਜੋਂ ਰਾਜ ਪੱਧਰ 'ਤੇ ਸਨਮਾਨਤ ਵੀ ਕੀਤਾ ਗਿਆ ਸੀ। ਉਨ੍ਹਾਂ ਨੇ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ, ਪ੍ਰਿੰਸੀਪਲ, ਸਹਾਇਕ ਡਾਇਰੈਕਟਰ ਜਲੰਧਰ ਸ੍ਰੀ ਰਵੀ ਦਾਰਾ ਅਤੇ ਡਾਇਰੈਕਟੋਰੇਟ ਯੂਥ ਸਰਵਿਸਿਜ਼ ਪੰਜਾਬ ਦਾ ਉਨ੍ਹਾਂ ਦੇ ਨਿਰੰਤਰ ਮਾਰਗਦਰਸ਼ਨ ਅਤੇ ਪ੍ਰਦਾਨ ਕੀਤੇ ਗਏ ਮੌਕਿਆਂ ਲਈ ਧੰਨਵਾਦ ਕੀਤਾ।



# ਲਖਵਿੰਦਰ ਸਿੰਘ ਲੱਖੀ ਵੱਲੋਂ ਨਵੇਂ ਬਣੇ ਅਹੁਦੇਦਾਰ ਸਨਮਾਨਤ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਜ਼ਿਲੇ ਦੇ ਨਵੇਂ ਬਣੇ ਅਹੁਦੇਦਾਰਾਂ ਦਾ ਸਨਮਾਨ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਲਖਵਿੰਦਰ ਸਿੰਘ ਲੱਖੀ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਹੁਸ਼ਿਆਰਪੁਰ ਦੀ ਜ਼ਿਲਾ ਜੱਥੇਬੰਦੀ ਵਿੱਚ ਨਵੇਂ ਬਣੇ ਅਹੁਦੇਦਾਰਾਂ ਜਿਹਨਾਂ ਵਿੱਚ ਸੁਖਵਿੰਦਰ ਸਿੰਘ ਬਿੱਟਾ ਝਾਵਾਂ ਲੰਬੜਦਾਰ ਸੁਖਵਿੰਦਰ ਸਿੰਘ ਝਾਵਾਂ, ਸਿਮਰਜੀਤ ਸਿੰਘ ਅਟਵਾਲ, ਹਰਵਿੰਦਰ ਸਿੰਘ ਸਮਰਾ ਆਦਿ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਜ਼ਿਲਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਮਿਹਨਤੀ ਤੇ ਵਫਾਦਾਰ ਆਗੂਆਂ ਨੂੰ ਹਮੇਸ਼ਾ ਮਾਣ ਸਤਿਕਾਰ ਦਿੱਤਾ ਹੈ ਤੇ ਉਕਤ ਆਗੂਆਂ ਦੀ ਵਫਾਦਾਰੀ ਨੂੰ ਦੇਖਦਿਆਂ ਹੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਅਹੁਦੇ ਦੇ ਕੇ ਵੱਡੀਆਂ ਜਿੰਮੇਦਾਰੀਆਂ ਦੇ ਕੇ ਵੱਡਾ ਮਾਣ ਸਤਿਕਾਰ ਦਿੱਤਾ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਲਗਾਤਾਰ ਦਿਨੋ ਦਿਨ ਚੜ੍ਹਦੀ ਕਲਾ ਵੱਲ ਵੱਧ ਰਿਹਾ ਹੈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਾਬਕਾ ਸੰਸਦੀ ਸਕੱਤਰ ਦੇਸ ਰਾਜ ਸਿੰਘ ਧੁੱਗਾ, ਸੰਦੀਪ ਸਿੰਘ ਸੀਕਰੀ ਹਲਕਾ ਇੰਚਾਰਜ ਸ਼ਾਮ 84, ਸਕੱਤਰ ਜਨਰਲ ਹੁਸ਼ਿਆਰਪੁਰ ਇਕਬਾਲ ਸਿੰਘ ਜੌਹਲ, ਜ਼ਿਲਾ ਪ੍ਰਧਾਨ ਐੱਸ ਸੀ ਵਿੰਗ ਹੁਸ਼ਿਆਰਪੁਰ ਦਿਹਾਤੀ ਸਰਬਜੀਤ ਸਿੰਘ ਮੋਮੀ ,ਅਰਮਿੰਦਰ ਸਿੰਘ ਹੁਸੈਨਪੁਰ, ਕੁਲਵਿੰਦਰ ਸਿੰਘ ਕਿੰਦਾ, ਯੂਥ ਆਗੂ ਕਰਨ ਧੁੱਗਾ, ਜ਼ਿਲ੍ਹਾ ਪ੍ਰਧਾਨ ਐੱਸ ਓ ਆਈ ਜਸ਼ਨ ਗੁਰਾਇਆ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਆਗੂ ਅਤੇ ਵਰਕਰ ਹਾਜ਼ਰ ਸੀ।

# ਸਰਬਜੀਤ ਸਿੰਘ ਮੋਮੀ ਦੀ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ਼੍ਰੋਮਣੀ ਅਕਾਲੀ ਦਲ ਜ਼ਿਲਾ ਹੁਸ਼ਿਆਰਪੁਰ ਦੇ ਐਸ ਸੀ ਵਿੰਗ ਦਿਹਾਤੀ ਦੇ ਪ੍ਰਧਾਨ ਸਰਬਜੀਤ ਸਿੰਘ ਮੋਮੀ ਦੀ ਨਿਯੁਕਤੀ ਨਾਲ ਮੋਨਕਾਂ ਨਿਵਾਸੀਆਂ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਇਸ ਮੌਕੇ ਤੇ ਮੂਨਕ ਖੁਰਦ ,ਮੂਨਕ ਕਲਾ, ਬੋਲੇਵਾਲ ਤੋਂ ਵੱਖ ਵੱਖ ਆਗੂਆਂ ਤੇ ਪਿੰਡ ਨਿਵਾਸੀਆਂ ਨੇ ਸਰਬਜੀਤ ਸਿੰਘ ਮੋਮੀ ਦੇ ਜਿਲਾ ਪ੍ਰਧਾਨ ਬਣਨ ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ। ਇਸ ਸਬੰਧੀ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਦੇ ਚੇਅਰਮੈਨ ਸੁਰਜੀਤ ਲਾਲ ਹੀਰਾ, ਡਾਕਟਰ ਅੰਬੇਦਕਰ ਯੂਥ ਕਲੱਬ ਮੂਨਕਾਂ ਦੇ ਪ੍ਰਧਾਨ ਗੁਰਦੀਪ ਸਿੰਘ ਦੀਪਾ, ਦਸਵੰਦ ਵੈਲਫੇਅਰ ਸੋਸਾਇਟੀ ਮੂਨਕਾਂ ਦੇ ਪ੍ਰਧਾਨ ਗੁਰਦੇਵ ਸਿੰਘ ਸੋਢੀ ਕੁਲਜੀਤ ਸਿੰਘ ਲੱਕੀ ਮੂਨਕ ਖੁਰਦ, ਸਰਵਣ ਸਿੰਘ ਹੈਪੀ, ਕੈਪਟਨ ਕਰਮ ਸਿੰਘ ,ਧਰਮ ਸਿੰਘ, ਕਰਮ ਚੰਦ ਮਹਿਮੀ, ਕੁਲਜੀਤ ਸਿੰਘ, ਸੁਖਬੀਰ ਸਿੰਘ, ਸੁਖਦੇਵ ਸਿੰਘ ਸੁੱਖੀ, ਮਨੀ ਮੂਨਕਾ, ਸੰਦੀਪ ਮੂਨਕਾ, ਜਸਵੰਤ ਸਿੰਘ ਲਾਡੀ ਮੂਨਕਾ, ਗੋਲਡੀ ਕੁਮਾਰ ਮੂਨਕਾਂ ਜਸਵੀਰ ਸਿੰਘ ਗਿਟਕੀ, ਦੀਪੂ ਮੂਨਕਾ, ਡਾਕਟਰ ਕੁਲਵਿੰਦਰ ਸਿੰਘ ਮੂਨਕ ਕਲਾਂ, ਜਥੇਦਾਰ ਕੁਲਵੰਤ ਸਿੰਘ ਮੂਨਕ ਕਲਾਂ, ਮਨਜੀਤ ਸਿੰਘ ਮੂਨਕਾ ,ਕਮਲਜੀਤ ਸਿੰਘ ਮੂਨਕਾ, ਸ਼ਾਮ ਸਿੰਘ ਮੂਨਕਾ, ਦਰਸ਼ਨ ਸਿੰਘ ਮਨਦੀਪ ਮਾਹੀ, ਗੌਤਮ ਮੋਮੀ, ਅਰਮਾਨਦੀਪ ਸਿੰਘ ਮੋਮੀ, ਗੁਰੂਟੇਕ ਸਿੰਘ ਗੋਮਰਾ, ਸੂਬੇਦਾਰ ਗੁਰਨਾਮ ਸਿੰਘ, ਸੂਬੇਦਾਰ ਅਮਰਨਾਥ, ਮਾਸਟਰ ਚਮਨ ਸਿੰਘ, ਸਰਵਣ ਸਿੰਘ ਚੱਕੀ ਵਾਲੇ, ਸਾਬਕਾ ਸਰਪੰਚ ਗੁਰਮੀਤ ਸਿੰਘ, ਸਾਬਕਾ ਸਰਪੰਚ ਬਲਵੀਰ ਸਿੰਘ, ਮਾਸਟਰ ਰਾਜਾ ਸਿੰਘ ਮੂਨਕਾ, ਮਨੋਹਰ ਸਿੰਘ ਰਿੰਕੂ ਮੂਨਕਾ, ਵਿਸ਼ਾਲ ਸਿੰਘ ਬੰਟੀ, ਪਰਮਜੀਤ ਸਿੰਘ ਜੀਤੂ ਮੂਨਕ ਖੁਰਦ, ਜਥੇਦਾਰ ਅਵਤਾਰ ਸਿੰਘ ਬਿੱਟੂ, ਮਿਸਤਰੀ ਗੁਰਦੀਪ ਸਿੰਘ ਭਾਰਦਵਾਜ, ਭਜਨ ਸਿੰਘ ਭਾਰਤਵਾਜ, ਮਿਸਤਰੀ ਅਮਰਜੀਤ ਸਿੰਘ, ਸੂਬੇਦਾਰ ਰਾਮ ਨਰਾਇਣ ਸਿੰਘ, ਜਥੇਦਾਰ ਸਰਬਜੀਤ ਸਿੰਘ ਸੈਣੀ, ਅਮਰੀਕ ਸਿੰਘ ਸੋਢੀ, ਸ ਗੁਰਮੀਤ ਸਿੰਘ ਮੂਨਕਾ, ਹਰਦੀਪ ਕੌਰ ਮੋਮੀ, ਮਨਜੀਤ ਕੌਰ ਗੋਮਰਾ, ਮਨਜੀਤ ਕੌਰ ਮੋਮੀ, ਕਮਲਜੀਤ ਕੌਰ, ਕਮਲੇਸ਼ ਕੌਰ ਮੋਮੀ, ਧਰਮ ਕੌਰ, ਸੁਰਜੀਤ ਕੌਰ, ਬੀਬੀ ਹਰਵਿੰਦਰ ਕੌਰ, ਸੁਰਿੰਦਰ ਕੌਰ, ਨਰਿੰਦਰਜੀਤ ਕੌਰ, ਇਕਬਾਲ ਕੌਰ ਹਰਲੀਨ ਕੌਰ, ਨਿਰਮਲ ਸਿੰਘ ਮੋਨਕ ਕਲਾ, ਬਲਕਾਰ ਸਿੰਘ ਮੂਨਕ ਖੁਰਦ ਗੋਲਡੀ ਕੁਮਾਰ ਮਹਿਮੀ, ਕਰਨੈਲ ਸਿੰਘ ਮੂਨਕ ਖੁਰਦ ਤੋਂ ਇਲਾਵਾ ਗੁਰਦੀਪ ਸਿੰਘ ਦਸੂਹਾ, ਕੈਪਟਨ ਬਖਸ਼ੀਸ਼ ਸਿੰਘ ਦਸੂਹਾ, ਹਰਦੀਪ ਸਿੰਘ ਰੇਲ ਕੋਚ ਫੈਕਟਰੀ ਕਪੂਰਥਲਾ, ਮੰਗਲ ਸਿੰਘ ਕਪੂਰਥਲਾ, ਕਨੇਡਾ ਤੋਂ ਗਿਆਨੀ ਅਮਰਜੀਤ ਸਿੰਘ, ਅਮਰੀਕਾ ਤੋਂ ਹਰਬੰਸ ਸਿੰਘ ਮੂਨਕਾਂ ਇੰਸਪੈਕਟਰ ਕੁਲਦੀਪ ਸਿੰਘ ਨੇ ਆਸਟਰੇਲੀਆ ਤੋਂ ਵਿਸ਼ੇਸ਼ ਤੌਰ ਤੇ ਸਰਬਜੀਤ ਸਿੰਘ ਮੋਮੀ ਤੇ ਸਾਰੇ ਮੋਮੀ ਪਰਵਾਰ ਨੂੰ ਜ਼ਿਲਾ ਪ੍ਰਧਾਨ ਬਣਨ ਤੇ ਵਧਾਈਆਂ ਦਿੱਤੀਆਂ ਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ।



## 29ਵੇਂ ਕਲਾ ਕਿਤਾਬ ਮੇਲੇ ਦਾ ਪੋਸਟਰ ਰਿਲੀਜ਼




**ਮਾਨਸਾ (ਆਤਮਾ ਸਿੰਘ ਪਮਾਰ)**-ਸ਼ਹੀਦ ਭਗਤ ਸਿੰਘ ਕਲਾ ਮੰਚ ਪੰਜਾਬ ਵੱਲੋਂ ਸੈਂਟਰਲ ਪਾਰਕ ਮਾਨਸਾ ਵਿਖੇ 29ਵੇਂ ਕਲਾ ਕਿਤਾਬ ਮੇਲੇ ਦੇ ਪ੍ਰੀਫੈਸਟ ਮੌਕੇ ਪੋਸਟਰ ਰਿਲੀਜ਼ ਕੀਤਾ ਗਿਆ।ਇਸ ਮੌਕੇ ਨਾਟਕਕਾਰ ਪ੍ਰੋਫੈਸਰ ਅਜਮੇਰ ਸਿੰਘ ਔਲਖ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਦੇ ਰੂਪ ਵਿੱਚ ਉਨ੍ਹਾਂ ਦੇ ਜੀਵਨ ਤੇ ਸਿਰਜਣਾਤਮਕਤਾ ਬਾਰੇ 'ਔਲਖ ਸਾਡਾ ਬਾਬਾ ਬੋਹੜ' ਸਿਰਲੇਖ ਹੇਠ ਸਲਾਈਡ ਸ਼ੋ ਦਾ ਵੀ ਆਯੋਜਨ ਕੀਤਾ ਗਿਆ, ਜਿਸ ਨੇ ਹਾਜ਼ਰੀਨ ਨੂੰ ਭਾਵੁਕ ਕੀਤਾ।ਇਸ ਮੌਕੇ ਮੇਲੇ ਦੇ ਕਨਵੀਨਰ ਡਾ. ਕੁਲਦੀਪ ਸਿੰਘ ਦੀਪ ਨੇ ਕਿਹਾ ਕਿ ਜਿਹੜੇ ਸਮਾਜ ਵਿੱਚੋਂ ਪੁਸਤਕਾਂ ਤੇ ਖੇਡ ਮੈਦਾਨ ਮਨਫ਼ੀ ਹੋ ਜਾਣ, ਉਸ ਵਿੱਚ ਨਸ਼ੇ, ਗੈਂਗਸਟਰ ਤੇ ਅਸ਼ਲੀਲ ਸੱਭਿਆਚਾਰ ਵਧਣ-ਫੁੱਲਣ ਲਗਦਾ ਹੈ।ਇਸ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਆਪਣੇ ਪਰਿਵਾਰਾਂ ਵਿੱਚ ਕਲਾ ਤੇ ਪੁਸਤਕਾਂ ਨੂੰ ਥਾਂ ਦੇਣੀ ਬਣਦੀ ਹੈ।ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਕਲਾ ਮੰਚ ਪਿਛਲੇ ਅਠਾਈ ਸਾਲਾਂ ਨੂੰ ਸਮਾਜ ਵਿੱਚ ਚੇਤਨਤਾ ਤੇ ਚੰਗੇਰੀ ਸੋਚ ਦਾ ਹੋਕਾ ਦੇ ਰਿਹਾ ਹੈ ਤੇ ਇਸ ਵਾਰ ਵੀ ਵਿਸ਼ਵ ਪੱਧਰ 'ਤੇ ਮੰਡਰਾ ਰਹੇ ਸੰਸਾਰ ਜੰਗ ਦੇ ਬੱਦਲਾਂ ਦੀ ਆਹਟ ਨੂੰ ਮਹਿਸੂਸ ਕਰਦਿਆਂ 'ਜੰਗ ਨਹੀਂ ਅਮਨ' ਥੀਮ ਹੇਠ 22 ਤੋਂ 24 ਮਾਰਚ ਨੂੰ 29ਵਾਂ ਮੇਲਾ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਜ਼ਿਲ੍ਹੇ ਦੀਆਂ ਸਾਹਿਤਕ, ਸੱਭਿਆਚਾਰਕ ਤੇ ਸਮਾਜ ਸੇਵੀ ਸੰਸਥਾਵਾਂ ਦੇ ਹਾਜ਼ਰ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਇਸ ਤਿੰਨ ਰੋਜ਼ਾ ਕਲਾ ਕਿਤਾਬ ਮੇਲੇ ਵਿੱਚ ਬੁੱਧੀਜੀਵੀ, ਲੋਕ ਕਲਾਕਾਰ, ਸਾਹਿਤਕਾਰ ਤੇ ਵੱਡੇ ਸਕਾਲਰ ਸ਼ਿਰਕਤ ਕਰ ਰਹੇ ਹਨ ਤਾਂ ਕਿ ਵਰਤਮਾਨ ਤੇ ਭਵਿੱਖ ਵਿੱਚ ਮਾਨਵਤਾ ਨੂੰ ਯੁੱਧ ਦੇ ਸੇਕ ਤੋਂ ਮਹਿਫ਼ੂਜ਼ ਰੱਖਿਆ ਜਾ ਸਕੇ।ਉਨ੍ਹਾਂ ਲੋਕਾਂ ਨੂੰ ਪਰਿਵਾਰਾਂ ਸਮੇਤ ਮੇਲੇ ਵਿੱਚ ਸ਼ਿਰਕਤ ਕਰਨ ਲਈ ਅਪੀਲ ਵੀ ਕੀਤੀ।ਇਸ ਮੌਕੇ ਮੇਲੇ ਦੇ ਸਰਪ੍ਰਸਤ ਪ੍ਰਿੰਸੀਪਲ ਦਰਸ਼ਨ ਸਿੰਘ ਨੇ ਦੱਸਿਆ ਕਿ ਮੇਲੇ ਵਿੱਚ ਹਰ ਰਾਤ ਪੰਜਾਬ ਦੀਆਂ ਪ੍ਰਸਿੱਧ ਨਾਟ ਮੰਡਲੀਆਂ ਵੱਲੋਂ ਥੀਮ ਨਾਲ ਸੰਬੰਧਤ ਨਾਟਕਾਂ ਦੀ ਪੇਸ਼ਕਾਰੀ ਹੋਵੇਗੀ ਤੇ ਸੱਭਿਆਚਾਰ, ਸਾਹਿਤ ਤੇ ਕਲਾ ਦੇ ਖੇਤਰ ਵਿੱਚ ਨਾਮਣਾ ਖੱਟਣ ਵਾਲੀਆਂ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਜਾਵੇਗਾ।

## ਪੀ ਆਰ ਟੀ ਸੀ ਦੇ ਬੇੜੇ 'ਚ ਜਲਦ ਸ਼ਾਮਲ ਹੋਣਗੀਆਂ 659 ਨਵੀਂਆਂ ਬੱਸਾਂ : ਹਰਪਾਲ ਜੁਨੇਜਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਪੰਜਾਬ ਵਾਸੀਆਂ ਲਈ ਇੱਕ ਵੱਡੀ ਖ਼ੁਸ਼ਖ਼ਬਰੀ ਸਾਂਝੀ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਸਦਕਾ ਸੂਬੇ ਦੇ ਲੋਕਾਂ ਨੂੰ ਆਧੁਨਿਕ ਤੇ ਸੁਰੱਖਿਅਤ ਸਫ਼ਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਜਲਦ ਹੀ 659 ਨਵੀਂਆਂ ਬੱਸਾਂ ਸ਼ਾਮਲ ਕੀਤੀਆਂ ਜਾ ਰਹੀਆਂ ਹਨ।ਚੇਅਰਮੈਨ ਜੁਨੇਜਾ ਨੇ ਕਿਹਾ ਕਿ ਪਾਰਟੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਆਪ ਸਰਕਾਰ ਦਾ ਮੁੱਖ ਮਕਸਦ 'ਆਮ ਆਦਮੀ' ਨੂੰ ਮਜ਼ਬੂਤ ਕਰਨਾ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਮੁਤਾਬਕ, ਹਰ ਆਮ ਵਿਅਕਤੀ ਨੂੰ ਹਰੇਕ ਸਰਕਾਰੀ ਸਹੂਲਤ ਪਹਿਲ ਦੇ ਅਧਾਰ 'ਤੇ ਮਿਲਣੀ ਚਾਹੀਦੀ ਹੈ। ਇਸੇ ਤਹਿਤ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਇਹ ਵਾਧਾ ਪੰਜਾਬ ਦੇ ਲੋਕਾਂ ਨੂੰ ਸਸਤੀ ਤੇ ਮਿਆਰੀ ਆਵਾਜਾਈ ਸਹੂਲਤ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਹੋਵੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਸੂਬੇ ਵਿੱਚ ਸਰਕਾਰੀ ਆਵਾਜਾਈ ਸੇਵਾਵਾਂ ਨੂੰ ਇੰਨਾ ਮਜ਼ਬੂਤ ਕੀਤਾ ਜਾ ਰਿਹਾ ਹੈ ਕਿ ਰੋਜ਼ਾਨਾ ਸਫ਼ਰ ਕਰਨ ਵਾਲੇ ਯਾਤਰੀਆਂ, ਖਾਸ ਕਰਕੇ ਔਰਤਾਂ ਤੇ ਵਿਦਿਆਰਥੀਆਂ ਨੂੰ ਵੱਡੀ ਰਾਹਤ ਮਿਲੇਗੀ।

# ਐੱਸ ਕੇ ਐੱਮ, ਟ੍ਰੇਡ ਯੂਨੀਅਨ, ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਸਾਂਝੀ ਮੀਟਿੰਗ

- 23 ਮਾਰਚ ਨੂੰ ਸਾਮਰਾਜ ਵਿਰੋਧੀ ਦਿਨ ਵਜੋਂ ਮਨਾਉਣ ਦਾ ਫੈਸਲਾ
- ਭਾਰਤ-ਅਮਰੀਕਾ ਵਪਾਰ ਸਮਝੌਤੇ, ਲੇਬਰ ਕੋਡ, ਬਿਜਲੀ ਬਿੱਲ, ਬੀਜ ਬਿੱਲ ਤੇ ਨਵੀਂ ਸਿੱਖਿਆ ਨੀਤੀ ਦਾ ਵਿਰੋਧ



**ਮੋਗਾ (ਇਕਬਾਲ ਸਿੰਘ ਖਹਿਰਾ)**
ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤਹਿਤ ਐੱਸ ਕੇ ਐੱਮ ਜ਼ਿਲ੍ਹਾ ਮੋਗਾ ਤੇ ਟ੍ਰੇਡ ਯੂਨੀਅਨਾਂ ਦੀ ਸਾਂਝੀ ਮੀਟਿੰਗ ਸੁਰਜੀਤ ਸਿੰਘ ਬਲਾਕ ਪ੍ਰਧਾਨ ਬੀਕੇਯੂ ਪੰਜਾਬ, ਦਰਸ਼ਨ ਲਾਲ ਪੀਸੀਟੀਐੱਸਯੂ, ਮਨਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਪੇਂਡੂ ਮਜ਼ਦੂਰ ਯੂਨੀਅਨ ਦੀ ਪ੍ਰਧਾਨਗੀ ਹੇਠ ਕੀਤੀ ਗਈ।ਐੱਸ ਕੇ ਐੱਮ, ਟ੍ਰੇਡ ਯੂਨੀਅਨ ਤੇ ਸਮੂਹ ਜਨਤਕ ਜਥੇਬੰਦੀਆਂ ਵੱਲੋਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜਿਆਣਾ ਨੇ ਪ੍ਰੈੱਸ ਨੋਟ ਜ਼ਰੀਏ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਮੀਟਿੰਗ ਸੰਯੁਕਤ ਕਿਸਾਨ ਮੋਰਚਾ ਮੋਗਾ ਸਮੇਤ ਪੇਂਡੂ ਮਜ਼ਦੂਰ ਯੂਨੀਅਨ, ਮਜ਼ਦੂਰ ਯੂਨੀਅਨ, ਡੈਮੋਕ੍ਰੇਟਿਕ ਟੀਚਰ ਫਰੰਟ, ਡੈਮੋਕ੍ਰੇਟਿਕ ਮੁਲਾਜ਼ਮ ਫਰੰਟ, ਪਾਵਰਕਾਮ ਟਰਾਂਸਕੋ ਠੇਕਾ ਮੁਲਾਜ਼ਮ ਤੇ ਪੈਨਸ਼ਨਰ ਯੂਨੀਅਨ ਅਤੇ ਸਮੂਹਕ ਜਨਤਕ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ ਹੈ।

ਆਗੂਆਂ ਨੇ ਕਿਹਾ ਕਿ 23 ਮਾਰਚ ਦਾ ਦਿਨ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ 'ਸਾਮਰਾਜ ਵਿਰੋਧੀ ਦਿਨ' ਵਜੋਂ ਮਨਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਕੌਮੀ ਸ਼ਹੀਦਾਂ ਨੇ ਦੇਸ਼ ਵਿੱਚ ਹਰ ਕਿਸਮ ਦੀ ਲੁੱਟ ਤੇ ਜਬਰ ਮੁਕਤ ਨਿਜ਼ਾਮ ਸਿਰਜਣ ਲਈ ਕੁਰਬਾਨੀਆਂ ਦਿੱਤੀਆਂ ਸਨ, ਪਰ ਅੱਜ ਕੇਂਦਰ ਸਰਕਾਰ ਨੇ ਸਾਮਰਾਜੀ ਤਾਕਤਾਂ ਅੱਗੇ ਪੂਰੀ ਤਰ੍ਹਾਂ ਗੋਡੇ ਟੇਕ ਦਿੱਤੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਲੁੱਟ ਤੇਜ਼ ਕਰਨ ਲਈ ਨਵੇਂ ਕਾਨੂੰਨ ਘੜੇ ਜਾ ਰਹੇ ਹਨ।ਭਾਰਤ-ਅਮਰੀਕਾ ਮੁਕਤ ਵਪਾਰ ਸਮਝੌਤੇ ਨਾਲ ਖੇਤੀ ਤੇ ਸਨਅਤ ਦਾ ਉਜਾੜਾ ਹੋਵੇਗਾ ਤੇ ਦੇਸ਼ ਵਿੱਚ ਗਰੀਬੀ, ਭੁੱਖਮਰੀ ਤੇ ਖ਼ੁਦਕੁਸ਼ੀਆਂ ਦਾ ਵਰਤਾਰਾ ਵਧੇਗਾ।ਖੇਤੀ 'ਤੇ ਕਾਰਪੋਰੇਟ ਕਬਜ਼ਾ ਕਰਵਾਉਣ ਲਈ ਬੀਜ ਬਿੱਲ, ਬਿਜਲੀ ਸੋਧ ਬਿੱਲ, ਲਿਆਂਦੇ ਜਾ ਰਹੇ ਹਨ, ਚਾਰ ਲੇਬਰ ਕੋਡ ਲਾਗੂ ਕੀਤੇ ਜਾ ਰਹੇ ਹਨ, ਮਗਨਰੇਗਾ ਦਾ ਭੋਗ ਪਾਇਆ ਜਾ ਰਿਹਾ ਹੈ ਤੇ ਨਵੀਂ ਸਿੱਖਿਆ ਨੀਤੀ ਥੋਪੀ ਜਾ ਰਹੀ ਹੈ।ਉਨ੍ਹਾਂ ਸ਼ਹੀਦਾਂ ਦੀ ਸੋਚ ਅੱਗੇ ਵਧਾਉਣ ਲਈ 23 ਮਾਰਚ ਦਾ ਦਿਨ 'ਸਾਮਰਾਜ ਵਿਰੋਧੀ ਦਿਨ' ਵਜੋਂ ਮਨਾਇਆ ਜਾ ਰਿਹਾ ਹੈ, ਜੋ ਸ਼ਹੀਦ ਭਗਤ ਸਿੰਘ ਮਾਰਕੀਟ ਮੋਗਾ, ਨੇੜੇ ਮੇਨ ਚੌਕ ਵਿਖੇ ਮਨਾਇਆ ਜਾਵੇਗਾ।ਮੀਟਿੰਗ ਦੌਰਾਨ ਜਥੇਬੰਦੀਆਂ ਨੇ ਅਮਰੀਕਾ ਤੇ ਇਜ਼ਰਾਈਲ ਵੱਲੋਂ ਈਰਾਨ 'ਤੇ ਮੜ੍ਹੀ ਗਈ ਨਿਹੱਕੀ ਜੰਗ ਦੀ ਸਖ਼ਤ ਨਿਖੇਧੀ ਕਰਦਿਆਂ ਜੰਗ ਤੁਰੰਤ ਬੰਦ ਕਰਨ ਦੀ ਮੰਗ ਵੀ ਕੀਤੀ।ਪਹਿਲੀ ਅਪ੍ਰੈਲ ਨੂੰ ਟ੍ਰੇਡ ਯੂਨੀਅਨਾਂ ਵੱਲੋਂ ਚਾਰ ਲੇਬਰ ਕੋਡ ਲਾਗੂ ਕਰਨ ਵਿਰੁੱਧ ਕਾਲਾ ਦਿਨ ਮਨਾਉਣ ਦੇ ਸੱਦੇ 'ਤੇ ਹਮਾਇਤ ਕਰਨ ਲਈ ਕਿਹਾ।

ਮੀਟਿੰਗ ਵਿੱਚ ਜਸਮੇਲ ਸਿੰਘ ਰਾਜਿਆਣਾ ਕਿਰਤੀ ਕਿਸਾਨ ਯੂਨੀਅਨ, ਕਸ਼ਮੀਰ ਸਿੰਘ ਭੇਖਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਦਰਸ਼ਨ ਲਾਲ ਪੀਐੱਸਟੀਈਪੀ, ਸੁਰਜੀਤ ਸਿੰਘ ਬੀਕੇਯੂ ਪੰਜਾਬ, ਮਨਜੀਤ ਸਿੰਘ ਬੁੱਘੀਪੁਰਾ ਪੀਐੱਮਯੂ, ਰਾਵਿੰਦਰ ਸਿੰਘ ਬੀਕੇਯੂ ਲੱਖੋਵਾਲ, ਜਗਜੀਤ ਸਿੰਘ ਸੈਕਟਰੀ ਕੁੱਲ ਹਿੰਦ ਕਿਸਾਨ ਸਭਾ, ਸਵਰਨ ਸਿੰਘ ਔਲਖ ਟੈਕਨੀਕਲ ਸਰਵਿਸਿਜ਼ ਯੂਨੀਅਨ, ਲਵਪ੍ਰੀਤ ਸਿੰਘ ਪਾਵਰਕਾਮ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ, ਭੁਪਿੰਦਰ ਸਿੰਘ ਟ੍ਰੇਡ ਯੂਨੀਅਨ, ਗੁਰਮੇਲ ਸਿੰਘ ਨਾਹਰ ਪਾਵਰਕਾਮ ਪੈਨਸ਼ਨ ਯੂਨੀਅਨ, ਗੁਰਮੇਲ ਸਿੰਘ ਕੁੱਲ ਹਿੰਦ ਕਿਸਾਨ ਸਭਾ, ਗੁਰਜੰਟ ਸਿੰਘ ਪਾਵਰਕਾਮ ਟਰਾਂਸਕੋ ਯੂਨੀਅਨ, ਕੁਲਦੀਪ ਸਿੰਘ ਭੇਖਾ ਆਦਿ ਆਗੂ ਹਾਜ਼ਰ ਹੋਏ।

## ਕਾਂਗਰਸ ਵੱਲੋਂ ਬਲਾਕ ਪੰਚਾਇਤ ਦਫ਼ਤਰ ਅੱਗੇ ਰੋਸ ਧਰਨਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਬਲਾਕ ਪੰਚਾਇਤ ਦਫ਼ਤਰ ਅੱਗੇ ਕਾਂਗਰਸ ਪਾਰਟੀ ਵੱਲੋਂ ਚੇਅਰਮੈਨ ਤੇ ਉੱਪ-ਚੇਅਰਮੈਨ ਦੇ ਅਹੁਦਿਆਂ ਦੀ ਚੋਣ ਦੌਰਾਨ ਕੀਤੀਆਂ ਧੱਕੇਸ਼ਾਹੀਆਂ ਖਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿੱਚ ਭਾਰੀ ਗਿਣਤੀ ਆਗੂਆਂ ਤੇ ਵਰਕਰਾਂ ਨੇ ਭਾਗ ਲਿਆ। ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਹੇਠ ਹੋਏ ਰੋਸ ਪ੍ਰਦਰਸ਼ਨ 'ਚ ਵਰਕਰਾਂ ਨੇ 'ਆਪ' ਸਰਕਾਰ ਦੀਆਂ ਧੱਕੇਸ਼ਾਹੀਆਂ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ 16 'ਚੋਂ 6 'ਆਪ' ਬਲਾਕ ਸੰਮਤੀ ਮੈਂਬਰਾਂ ਨੇ ਬਹੁਮਤ ਨਾ ਹੋਣ ਦੇ ਬਾਵਜੂਦ ਚੇਅਰਮੈਨ ਤੇ ਉੱਪ-ਚੇਅਰਮੈਨ ਚੁਣ ਲਏ, ਜਦਕਿ ਕਾਂਗਰਸ ਦੇ ਕਿਸੇ ਵੀ ਮੈਂਬਰ ਨੂੰ ਚੋਣ ਏਜੰਡਾ ਹੀ ਨਹੀਂ ਭੇਜਿਆ ਗਿਆ। ਉਨ੍ਹਾਂ ਕਿਹਾ ਕਿ ਚੋਣ ਦੌਰਾਨ ਲੋਕਤੰਤਰ ਦੀਆਂ ਧੱਜੀਆਂ ਉਡਾਈਆਂ ਗਈਆਂ ਤੇ ਸਰਕਾਰੀ ਅਫ਼ਸਰਸ਼ਾਹੀ ਵੀ ਸਰਕਾਰ ਦੇ ਇਸ਼ਾਰਿਆਂ 'ਤੇ ਨੱਚ ਰਹੀ ਹੈ। ਬਲਾਕ ਸੰਮਤੀ ਮੈਂਬਰ ਸੁਰਿੰਦਰ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਚੇਅਰਮੈਨ ਤੇ ਉੱਪ-ਚੇਅਰਮੈਨ ਦੇ ਅਹੁਦੇ ਲਈ ਕੋਈ ਚੋਣ ਏਜੰਡਾ ਨਹੀਂ ਮਿਲਿਆ, ਬਲਕਿ ਚੁੱਪ-ਚਪੀਤੇ ਧੱਕੇਸ਼ਾਹੀ ਕਰਦਿਆਂ ਇਹ ਚੋਣ ਕਰ ਲਈ ਗਈ। ਇਸ ਤੋਂ ਇਲਾਵਾ ਕਾਂਗਰਸ ਦੇ ਜ਼ਿਲ੍ਹਾ ਉਪ ਪ੍ਰਧਾਨ ਕਸਤੂਰੀ ਲਾਲ ਮਿੰਟੂ ਨੇ ਕਿਹਾ ਕਿ 'ਆਪ' ਸਰਕਾਰ ਦੀਆਂ ਧੱਕੇਸ਼ਾਹੀਆਂ ਦਾ ਹੁਣ ਅੰਤ ਹੋਣ ਵਾਲਾ ਹੈ, ਕਿਉਂਕਿ 2027 ਵਿਚ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਕਾਂਗਰਸ ਨੂੰ ਬਹੁਮਤ ਨਾਲ ਸੱਤਾ ਵਿੱਚ ਲਿਆਉਣਾ ਹੈ। ਉਨ੍ਹਾਂ ਕਿਹਾ ਕਿ ਉਹ 30 ਸਾਲਾਂ ਤੋਂ ਸਿਆਸਤ ਵਿੱਚ ਸਰਗਰਮ ਹਨ, ਪਰ ਜੋ ਧੱਕੇਸ਼ਾਹੀ ਦੀਆਂ ਹੱਦਾਂ 'ਆਪ' ਸਰਕਾਰ ਟੱਪ ਗਈ, ਉਹ ਕਦੇ ਨਹੀਂ ਹੋਇਆ। ਇਸ ਮੌਕੇ ਜ਼ਿਲ੍ਹਾ ਉਪ ਪ੍ਰਧਾਨ ਜੇ. ਪੀ. ਸਿੰਘ ਮੱਕੜ, ਬਲਾਕ ਪ੍ਰਧਾਨ ਮਾਛੀਵਾੜਾ ਪਰਮਿੰਦਰ ਤਿਵਾੜੀ, ਬਲਾਕ ਪ੍ਰਧਾਨ ਸਮਰਾਲਾ ਅਜਮੇਰ ਸਿੰਘ ਪੂਰਬਾ, ਸਾਬਕਾ ਪ੍ਰਧਾਨ ਸੁਰਿੰਦਰ ਕੁੰਦਰਾ, ਮਹਿਲਾ ਵਿੰਗ ਦੀ ਪ੍ਰਧਾਨ ਮਨਜੀਤ ਕੁਮਾਰੀ, ਕੌਂਸਲਰ ਰਸ਼ਮੀ ਜੈਨ, ਚੇਤਨ ਕੁਮਾਰ, ਸੁਭਾਸ਼ ਬੀਟਨ, ਰਛਪਾਲ ਸਿੰਘ ਤੇ ਭੁਪਿੰਦਰ ਸਿੰਘ ਕਾਹਲੋਂ (ਦੋਵੇਂ ਬਲਾਕ ਸੰਮਤੀ ਮੈਂਬਰ), ਯੁਵਰਾਜਜੀਤ ਰਾਏ ਹਾਜ਼ਰ ਸਨ।

## ਬਿਜਲੀ ਬਿੱਲ ਨਾ ਭਰਨ ਵਾਲਿਆਂ ਖ਼ਿਲਾਫ਼ ਪੀ ਐੱਸ ਪੀ ਸੀ ਐੱਲ ਸਖ਼ਤ, ਫ਼ਿਰੋਜ਼ਪੁਰ ਸਰਕਲ 'ਚ 1709 ਕੁਨੈਕਸ਼ਨ ਕੱਟੇ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਬਕਾਇਆ ਰਾਸ਼ੀ ਦੀ ਵਸੂਲੀ ਲਈ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਫ਼ਿਰੋਜ਼ਪੁਰ ਸਰਕਲ ਵਿੱਚ ਵੱਡੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਉੱਪ ਮੁੱਖ ਇੰਜੀਨੀਅਰ ਵੰਡ ਹਲਕਾ ਫ਼ਿਰੋਜ਼ਪੁਰ ਇੰਜੀਨੀਅਰ ਧਰਮ ਪਾਲ ਨੇ ਦੱਸਿਆ ਕਿ ਵਿਭਾਗ ਵੱਲੋਂ ਡਿਫਾਲਟਰਾਂ ਵਿਰੁੱਧ ਸ਼ੁਰੂ ਕੀਤੀ ਗਈ ਸਖ਼ਤੀ ਕਾਰਨ ਹੁਣ ਤੱਕ ਕਰੋੜਾਂ ਰੁਪਏ ਦੀ ਰਿਕਵਰੀ ਕੀਤੀ ਜਾ ਚੁੱਕੀ ਹੈ। ਇੰਜੀਨੀਅਰ ਧਰਮ ਪਾਲ ਨੇ ਦੱਸਿਆ ਕਿ ਫ਼ਿਰੋਜ਼ਪੁਰ ਸਰਕਲ ਅਧੀਨ ਆਉਂਦੇ ਚਾਰ ਪ੍ਰਮੁੱਖ ਮੰਡਲਾਂ ਵਿੱਚ ਵਿਭਾਗੀ ਟੀਮਾਂ ਵੱਲੋਂ ਲਗਾਤਾਰ ਛਾਪੇਮਾਰੀ ਤੇ ਵਸੂਲੀ ਮੁਹਿੰਮ ਚਲਾਈ ਗਈ। ਇਸ ਦੌਰਾਨ ਵੰਡ ਮੰਡਲ ਸ਼ਹਿਰੀ ਫ਼ਿਰੋਜ਼ਪੁਰ, ਵੰਡ ਮੰਡਲ ਸਬ ਅਰਬਨ ਫ਼ਿਰੋਜ਼ਪੁਰ, ਵੰਡ ਮੰਡਲ ਜ਼ੀਰਾ ਤੇ ਵੰਡ ਮੰਡਲ ਜਲਾਲਾਬਾਦ ਇਨ੍ਹਾਂ ਖੇਤਰਾਂ ਵਿੱਚ ਕੁੱਲ 5,552 ਖਪਤਕਾਰਾਂ ਤੋਂ ਲਗਭਗ 13.50 ਕਰੋੜ ਰੁਪਏ ਦੀ ਬਕਾਇਆ ਰਕਮ ਰਿਕਵਰ ਕੀਤੀ ਗਈ ਹੈ। ਜਿਨ੍ਹਾਂ ਖਪਤਕਾਰਾਂ ਨੇ ਵਾਰ-ਵਾਰ ਚਿਤਾਵਨੀ ਦੇਣ ਦੇ ਬਾਵਜੂਦ ਬਿੱਲ ਨਹੀਂ ਭਰੇ, ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ 1,709 ਬਿਜਲੀ ਕੁਨੈਕਸ਼ਨ ਮੌਕੇ 'ਤੇ ਹੀ ਕੱਟ ਦਿੱਤੇ ਗਏ ਹਨ। ਉਪ ਮੁੱਖ ਇੰਜੀਨੀਅਰ ਨੇ ਸਮੂਹ ਖਪਤਕਾਰਾਂ ਨੂੰ ਅਪੀਲ ਕੀਤੀ ਹੈ ਕਿ ਜਿਨ੍ਹਾਂ ਵੱਲ ਵੀ ਅਜੇ ਬਕਾਇਆ ਰਕਮ ਖੜ੍ਹੀ ਹੈ, ਉਹ ਬਿਨਾਂ ਕਿਸੇ ਦੇਰੀ ਦੇ ਪੀਐੱਸਪੀਸੀਐੱਲ ਦੇ ਦਫ਼ਤਰਾਂ ਵਿੱਚ ਆਪਣੇ ਬਿੱਲ ਜਮ੍ਹਾਂ ਕਰਵਾਉਣ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਬਕਾਇਆ ਰਾਸ਼ੀ ਤੁਰੰਤ ਜਮ੍ਹਾ ਨਾ ਕਰਵਾਈ ਗਈ ਤਾਂ ਵਿਭਾਗ ਵੱਲੋਂ ਬਿਨਾਂ ਕਿਸੇ ਹੋਰ ਨੋਟਿਸ ਦੇ ਕੁਨੈਕਸ਼ਨ ਕੱਟ ਦਿੱਤੇ ਜਾਣਗੇ। ਵਿਭਾਗ ਨੇ ਆਪਣੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਰਿਕਵਰੀ ਪ੍ਰਕਿਰਿਆ ਵਿਚ ਕੋਈ ਢਿੱਲ ਨਾ ਵਰਤੀ ਜਾਵੇ। ਆਉਣ ਵਾਲੇ ਦਿਨਾਂ ਵਿੱਚ ਇਸ ਮੁਹਿੰਮ ਨੂੰ ਹੋਰ ਵੀ ਤੇਜ਼ ਕੀਤਾ ਜਾਵੇਗਾ ਤਾਂ ਜੋ ਸਰਕਾਰੀ ਖ਼ਜ਼ਾਨੇ ਦੀ ਬਕਾਇਆ ਰਾਸ਼ੀ ਨੂੰ ਮੁਕੰਮਲ ਤੌਰ 'ਤੇ ਵਸੂਲਿਆ ਜਾ ਸਕੇ।

## ਪੰਜਾਬ ਸਰਕਾਰ ਇਲਾਕੇ ਦੀ ਪ੍ਰਗਤੀ ਲਈ ਤਤਪਰ ਤੇ ਵਚਨਬੱਧ : ਜਗਦੀਪ ਕੰਬੋਜ ਗੋਲਡੀ



**ਜਲਾਲਾਬਾਦ (ਬਲਵਿੰਦਰ ਸਿੰਘ)**-ਪਰਮ ਸੰਤ ਸਵਾਮੀ ਵਿਵੇਕਾਨੰਦ ਨੇ ਫ਼ਿਰੋਜ਼ਪੁਰ-ਫ਼ਾਜ਼ਿਲਕਾ ਰੋਡ ਤੋਂ ਪਿੰਡ ਬੈਲਰ ਵਿਖੇ 69 ਲੱਖ ਦੀ ਲਾਗਤ ਨਾਲ ਬਾਬਾ ਭੂੰਮਣ ਸ਼ਾਹ ਮਾਰਗ ਦਾ ਨੀਂਹ ਪੱਥਰ ਰੱਖਿਆ।ਵਿਧਾਇਕ ਜਲਾਲਾਬਾਦ ਸ੍ਰੀ ਜਗਦੀਪ ਕੰਬੋਜ ਗੋਲਡੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਪਰਮ ਸੰਤ ਸਵਾਮੀ ਵਿਵੇਕਾਨੰਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੜਕ ਦਾ ਨਾਂਅ ਬਾਬਾ ਭੂੰਮਣ ਸ਼ਾਹ ਮਾਰਗ ਦੇ ਨਾਂਅ ਰੱਖਣਾ ਹੀ ਸਮਾਜ ਵਿੱਚ ਸੰਤਾਂ ਦੇ ਮਾਣ-ਸਨਮਾਨ ਨੂੰ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ ਸੜਕ ਦੀ ਉਸਾਰੀ ਕਰਨਾ ਤੇ ਸੜਕਾਂ ਨੂੰ ਚੌੜਾ ਕਰਨਾ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਬਾਬਾ ਜੀ ਦੇ ਨਾਂਅ ਸੜਕਾਂ ਦੀ ਉਸਾਰੀ ਨਾਲ ਸਮਾਜ ਅੰਦਰ ਜਿੱਥੇ ਉਨ੍ਹਾਂ ਦੀ ਯਾਦ ਬਣੀ ਰਹਿੰਦੀ ਹੈ, ਉਥੇ ਉਨ੍ਹਾਂ ਵੱਲੋਂ ਸਮਾਜ ਅੰਦਰ ਲੋਕਾਂ ਦੇ ਕੀਤੇ ਗਏ ਉਦਾਰ ਦੀ ਵੀ ਚੇਤਨਾ ਬਣੀ ਰਹਿੰਦੀ ਹੈ।ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਪਰਮ ਸੰਤ ਸਵਾਮੀ ਵਿਵੇਕਾਨੰਦ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਦੇਹਰਾਦੂਨ ਵਿਖੇ ਸੰਗਤਾਂ ਨੂੰ ਆਪਣੇ ਵਿਚਾਰਾਂ ਨਾਲ ਨਿਹਾਲ ਕਰ ਰਹੇ ਹਨ ਤੇ ਉਨ੍ਹਾਂ 2.60 ਕਿਲੋਮੀਟਰ ਲੰਬਾਈ ਵਾਲੇ ਬਾਬਾ ਭੂੰਮਣ ਸ਼ਾਹ ਮਾਰਗ ਨੂੰ ਚੌੜਾ ਕਰਨ ਦਾ ਨੀਂਹ ਪੱਥਰ ਰੱਖ ਕੇ ਇਲਾਕੇ ਨੂੰ ਸਨਮਾਨ ਭੇਟ ਕੀਤਾ।ਉਨ੍ਹਾਂ ਕਿਹਾ ਕਿ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਕਾਫੀ ਗਿਣਤੀ 'ਚ ਨਵੀਂਆਂ ਸੜਕਾਂ ਦੀ ਉਸਾਰੀ ਕੀਤੀ ਜਾ ਰਹੀ ਹੈ ਤੇ ਸੜਕਾਂ ਨੂੰ ਚੌੜਾ ਕੀਤਾ ਜਾ ਰਿਹਾ ਹੈ।

## ਮੈਗਾ ਰੋਜ਼ਗਾਰ ਮੇਲੇ 'ਚ ਝਾੜ ਸਾਹਿਬ ਕਾਲਜ ਦੀਆਂ 44 ਵਿਦਿਆਰਥਣਾਂ ਦੀ ਚੋਣ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਦੀਆਂ 44 ਵਿਦਿਆਰਥਣਾਂ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਵਿਦਿਆਰਥੀਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਕਲਗੀਧਰ ਨਿਵਾਸ ਚੰਡੀਗੜ੍ਹ ਵਿਖੇ ਲਗਾਏ ਗਏ ਮੈਗਾ ਰੋਜ਼ਗਾਰ ਮੇਲੇ ਵਿੱਚ ਨਾਮੀ ਕੰਪਨੀਆਂ ਵਿੱਚ ਚੋਣ ਹੋਈ।ਇਸ ਸੰਬੰਧੀ ਕਾਲਜ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ ਦੀ ਰਹਿਨੁਮਾਈ ਤੇ ਸੁਖਮਿੰਦਰ ਸਿੰਘ (ਸਕੱਤਰ ਵਿਦਿਆ) ਦੇ ਦਿਸ਼ਾ-ਨਿਰਦੇਸ਼ ਹੇਠ ਆਯੋਜਿਤ ਕੀਤੇ ਗਏ ਮੈਗਾ ਰੋਜ਼ਗਾਰ ਮੇਲੇ ਵਿੱਚ ਕਰੀਬ 25 ਨਾਮੀ ਕੰਪਨੀਆਂ ਨੇ ਭਾਗ ਲਿਆ।ਉਨ੍ਹਾਂ ਕਿਹਾ ਕਿ ਇਹ ਪ੍ਰੋਗਰਾਮ ਵਿਦਿਆਰਥਣਾਂ ਲਈ ਪੇਸ਼ੇਵਰ ਭਵਿੱਖ ਦੀ ਸ਼ੁਰੂਆਤ ਕਰਨ ਲਈ ਇੱਕ ਵਧੀਆ ਪਲੇਟਫਾਰਮ ਸਾਬਿਤ ਹੋਇਆ ਹੈ।ਕਾਲਜ ਪ੍ਰਿੰਸੀਪਲ ਨੇ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਤੇ ਕਾਲਜ ਦੇ ਪਲੇਸਮੈਂਟ ਸੈੱਲ ਦੀ ਕਨਵੀਨਰ ਡਾ. ਸੁਨੀਤਾ ਕੌਸ਼ਲ ਤੇ ਉਨ੍ਹਾਂ ਦੀ ਸਮੂਹ ਟੀਮ, ਜਿਨ੍ਹਾਂ ਵਿੱਚ ਜਸਵੀਰ ਕੌਰ, ਹਰਪ੍ਰੀਤ ਕੌਰ, ਮਿਸ ਸੁਖਦੀਪ ਕੌਰ ਤੇ ਮਿਸ ਆਰਤੀ ਰਾਣੀ ਨੂੰ ਮੁਬਾਰਕਬਾਦ ਦਿੱਤੀ।

## ਸੰਤ ਅਤਰ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਸੰਤ ਸਮਾਗਮ




**ਚੀਮਾ ਮੰਡੀ (ਰਵਿੰਦਰ ਚੀਮਾ)**-20ਵੀਂ ਸਦੀ ਵਿੱਚ ਗੁਰਮਤਿ ਪ੍ਰਚਾਰ ਦੀ ਅਦੁੱਤੀ ਲਹਿਰ ਚਲਾ ਕੇ ਲੱਖਾਂ ਪ੍ਰਾਣੀਆਂ ਨੂੰ ਗੁਰੂ ਦੇ ਲੜ ਲਾਉਣ ਵਾਲੇ ਮਹਾਨ ਸ਼੍ਰੋਮਣੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੇ 160ਵੇਂ ਜਨਮ ਦਿਹਾੜੇ ਨੂੰ ਸਮਰਪਤ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮੀ 3 ਵਜੇ ਤੱਕ 'ਸੰਤ ਸਮਾਗਮ' ਤੇ ਸ਼ਾਮੀ 6 ਵਜੇ ਤੋਂ 2 ਵਜੇ ਤੱਕ 'ਰੈਣ ਸਬਾਈ ਕੀਰਤਨ ਸਮਾਗਮ' ਹੋਇਆ, ਜਿਸ ਸਮਾਗਮ ਵਿੱਚ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜਥੇਦਾਰ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਸਾਹਿਬ, ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜਥੇਦਾਰ ਸ੍ਰੀ ਤਖ਼ਤ ਦਮਦਮਾ ਸਾਹਿਬ ਅਤੇ ਹੋਰ ਅਨੇਕਾਂ ਹੀ ਕਵੀਸ਼ਰਾਂ ਤੇ ਢਾਡੀ ਜਥਿਆਂ ਵੱਲੋਂ ਤੇ ਸਮੂਹ ਪੰਥਕ ਸ਼ਖ਼ਸੀਅਤਾਂ ਤੇ ਰਾਜਨੀਤਕ ਹਸਤੀਆਂ ਵੱਲੋਂ ਹਾਜ਼ਰੀ ਲਵਾਈ ਗਈ।ਇਸ ਮੌਕੇ ਉਨ੍ਹਾ ਸੰਤ ਅਤਰ ਸਿੰਘ ਜੀ ਦੇ ਜਨਮ ਦਿਹਾੜੇ ਦੀ ਸਮੂਹ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੰਤ ਜੀ ਮਹਾਰਾਜ ਦੀ ਮਾਲਵਾ ਇਲਾਕੇ ਨੂੰ ਵੱਡੀ ਦੇਣ ਹੈ, ਉਨ੍ਹਾਂ ਨੇ ਗੁਰੂ ਨਾਨਕ ਦੇਵ ਜੀ ਦੇ ਬਚਨਾਂ 'ਤੇ ਪਹਿਰਾ ਦਿੰਦਿਆਂ ਔਰਤਾਂ ਨੂੰ ਅੱਗੇ ਵਧਾਉਣ ਲਈ ਵਿੱਦਿਆ ਦਾ ਦਾਨ ਦੇ ਕੇ ਉਨ੍ਹਾਂ ਨੂੰ ਵਹਿਮਾਂ ਭਰਮਾਂ ਤੋਂ ਦੂਰ ਕੀਤਾ।ਉਨ੍ਹਾ ਕਿਹਾ ਕਿ ਅੱਜ ਕਲਗੀਧਰ ਟਰੱਸਟ ਵੀ ਸੰਤ ਜੀ ਮਹਾਰਾਜ ਦੇ ਆਸ਼ੇ 'ਤੇ ਚੱਲ ਕੇ ਵਿੱਦਿਆ ਦੇ ਖੇਤਰ ਵਿੱਚ ਵੱਡਾ ਯੋਗਦਾਨ ਪਾ ਰਹੇ ਹਨ।ਇਹ ਧਾਰਮਿਕ ਦੀਵਾਨ ਗੁਰਦੁਆਰਾ ਜਨਮ ਅਸਥਾਨ ਕਲਗੀਧਰ ਟਰੱਸਟ ਬੜੂ ਸਾਹਿਬ, ਗੁਰਦੁਵਾਰਾ ਨਾਨਕਸਰ ਸਾਹਿਬ ਚੀਮਾ ਸਾਹਿਬ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ।ਕਲਗੀਧਰ ਟਰੱਸਟ ਬੜੂ ਸਾਹਿਬ ਦੇ ਮੁੱਖ ਸੇਵਾਦਾਰ ਡਾ. ਦਵਿੰਦਰ ਸਿੰਘ ਤੇ ਵਾਈਸ-ਪ੍ਰੈਜ਼ੀਡੈਂਟ ਭਾਈ ਜਗਜੀਤ ਸਿੰਘ ਜੀ ਨੇ ਇਸ 'ਸੰਤ ਸਮਾਗਮ' ਵਿੱਚ ਹਾਜ਼ਰੀ ਭਰਨ ਵਾਲੀਆਂ ਸੰਗਤਾਂ, ਕਵੀਸ਼ਰਾਂ ਤੇ ਢਾਡੀ ਜਥਿਆਂ ਦਾ ਧੰਨਵਾਦ ਕੀਤਾ।

## ਬਰਸੀ ਸਮਾਗਮ ਸਮੇਂ ਸਾਬਕਾ ਡਾਇਰੈਕਟਰ ਰਛਪਾਲ ਸਿੰਘ ਦੇ ਕਾਰਜਾਂ ਨੂੰ ਕੀਤਾ ਯਾਦ

**ਸੰਗਰੂਰ (ਪ੍ਰਵੀਨ ਸਿੰਘ)**-ਭਾਸ਼ਾ ਵਿਭਾਗ ਪੰਜਾਬ ਦੇ ਸਾਬਕਾ ਡਾਇਰੈਕਟਰ ਰਛਪਾਲ ਸਿੰਘ ਗਿੱਲ ਦੇ ਬਰਸੀ ਸਮਾਗਮ ਸਮੇਂ ਉਨ੍ਹਾਂ ਦੇ ਸਾਹਿਤਕ, ਸਮਾਜਕ ਤੇ ਸੱਭਿਆਚਾਰਕ ਕਾਰਜਾਂ ਨੂੰ ਯਾਦ ਕੀਤਾ ਗਿਆ। ਡਾ. ਹਰਜਿੰਦਰ ਸਿੰਘ ਵਾਲੀਆ, ਪ੍ਰੋ. ਬਾਵਾ ਸਿੰਘ, ਡਾ. ਭਗਵੰਤ ਸਿੰਘ ਨੇ ਸ੍ਰ. ਗਿੱਲ ਦੇ ਵਿਭਿੰਨ ਖੇਤਰਾਂ ਵਿੱਚ ਪਾਏ ਯੋਗਦਾਨ ਨੂੰ ਯਾਦ ਕੀਤਾ।ਸ੍ਰ. ਇਕਬਾਲ ਸਿੰਘ ਝੂੰਦਾ ਸਾਬਕਾ ਐੱਮ.ਐੱਲ.ਏ. ਨੇ ਸ੍ਰ. ਗਿੱਲ ਦੀ ਸ਼ਖ਼ਸੀਅਤ ਦੇ ਵਿਭਿੰਨ ਪਹਿਲੂਆਂ ਬਾਰੇ ਬੋਲਦੇ ਹੋਏ ਕਿਹਾ ਕਿ ਉਹ ਸਾਡੇ ਪਰਿਵਾਰ ਦੇ ਪ੍ਰਮੁੱਖ ਵਿਅਕਤੀ ਸਨ, ਉਨ੍ਹਾਂ ਦੀ ਹਰ ਗੱਲ ਨੂੰ ਸਮੁੱਚਾ ਪਰਿਵਾਰ ਮੰਨਦਾ ਸੀ।ਉਨ੍ਹਾਂ ਨੇ ਸਾਡੇ ਪਿੰਡ ਤੇ ਇਲਾਕੇ ਵਿੱਚ ਬਹੁਤ ਉੱਤਮ ਕਾਰਜ ਕੀਤੇ।ਪਿੰਡ ਝੂੰਦਾ ਵਿਖੇ ਹਰਿੰਦਰ ਸਿੰਘ ਮਹਿਬੂਬ ਲਾਇਬ੍ਰੇਰੀ ਦੀ ਸਥਾਪਨਾ ਵਿੱਚ ਉਨ੍ਹਾਂ ਦਾ ਵੱਡਾ ਯੋਗਦਾਨ ਸੀ।ਇਸ ਸਮਾਗਮ ਵਿੱਚ ਪ੍ਰਭਜੋਤ ਕੌਰ ਮਲਸੀਆਂ ਸੁਪਤਨੀ ਸਵ. ਸ੍ਰ. ਦਰਬਾਰਾ ਸਿੰਘ ਸਾਬਕਾ ਗਵਰਨਰ ਰਾਜਸਥਾਨ, ਡਾ. ਕੇਹਰ ਸਿੰਘ, ਚੇਤਨ ਸਿੰਘ ਸਾਬਕਾ ਡਾਇਰੈਕਟਰ, ਡਾ. ਬਲਕਾਰ ਸਿੰਘ, ਉਜਾਗਰ ਸਿੰਘ, ਹਰੀ ਸਿੰਘ ਬੋਪਾਰਾਏ, ਪ੍ਰੋ. ਮਲਕੀਤ ਸਿੰਘ ਸਿੱਧੂ, ਜਸਵਿੰਦਰ ਸਿੰਘ ਦਾਖਾ, ਗੁਰਨਾਮ ਸਿੰਘ ਅਕੀਦਾ, ਰਵੇਲ ਸਿੰਘ ਭਿੰਡਰ ਸਮੇਤ ਵਿੱਚ ਰਾਜਸੀ, ਧਾਰਮਿਕ ਤੇ ਸਮਾਜਿਕ ਨੇਤਾ, ਉਨ੍ਹਾਂ ਦੇ ਮਿੱਤਰ-ਦੋਸਤ, ਸਕੇ ਸੰਬੰਧੀ ਤੇ ਉੱਚ ਸ਼ਖ਼ਸੀਅਤਾਂ ਹਾਜ਼ਰ ਸਨ।ਇਸ ਮੌਕੇ ਸ. ਸੁਰਜੀਤ ਸਿੰਘ ਰੱਖੜਾ, ਡਾ. ਤੇਜਵੰਤ ਮਾਨ, ਡਾ. ਸਵਰਾਜ ਸਿੰਘ ਵਿਸ਼ਵਚਿੰਤਕ ਦੇ ਸ਼ੋਕ ਸੰਦੇਸ਼ ਵੀ ਪੜ੍ਹੇ ਗਏ।

## ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਜਾਵੇਗਾ 23 ਦਾ ਸ਼ਹੀਦੀ ਦਿਹਾੜਾ



**ਮਾਨਸਾ (ਆਤਮਾ ਸਿੰਘ ਪਮਾਰ)**-ਸੰਯੁਕਤ ਕਿਸਾਨ ਮੋਰਚਾ ਤੇ ਹੋਰ ਭਰਾਤਰੀ ਜਥੇਬੰਦੀਆਂ ਦੀ ਇੱਕ ਸਾਂਝੀ ਮੀਟਿੰਗ ਭਾਈ ਬਹਿਲੋ ਗੁਰਦੁਆਰਾ ਸਾਹਿਬ ਫਫੜੇ ਭਾਈਕੇ ਵਿਖੇ ਪ੍ਰਸ਼ੋਤਮ ਗਿੱਲ, ਅਮਰੀਕ ਸਿੰਘ ਫਫੜੇ ਤੇ ਜੁਗਰਾਜ ਸਿੰਘ ਅਹਿਮਦਪੁਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਪਿਛਲੇ ਦਿਨੀਂ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਦੇ ਫੈਸਲੇ ਅਨੁਸਾਰ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦਾ ਸ਼ਹੀਦੀ ਦਿਵਸ 23 ਮਾਰਚ ਸਮੁੱਚੇ ਪੰਜਾਬ 'ਚ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਜਾਵੇਗਾ। ਮੀਟਿੰਗ 'ਚ ਇਸ ਫੈਸਲੇ ਨੂੰ ਲਾਗੂ ਕਰਨ ਤੇ ਇਸ ਦੀ ਤਿਆਰੀ ਸਬੰਧੀ ਵਿਚਾਰ ਚਰਚਾ ਕੀਤੀ ਗਈ। ਵਿਚਾਰ ਵਟਾਂਦਰਾ ਕਰਨ ਉਪਰੰਤ ਜ਼ਿਲ੍ਹਾ ਮਾਨਸਾ ਦੀਆਂ ਤਿੰਨੇ ਸਬ ਡਵੀਜ਼ਨਾਂ ਮਾਨਸਾ, ਬੁਢਲਾਡਾ ਤੇ ਸਰਦੂਲਗੜ੍ਹ ਵਿਖੇ ਇਹ ਦਿਹਾੜਾ ਮਨਾਇਆ ਜਾਵੇਗਾ। ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਮਰੀਕਾ ਇੱਕ ਤਾਨਾਸ਼ਾਹੀ ਤਾਕਤ ਦੇ ਨਜ਼ਰੀਏ ਹੇਠ ਆਪਣੇ ਵਪਾਰਕ ਢਾਂਚੇ ਨੂੰ ਚਲਾ ਰਿਹਾ ਹੈ ਤੇ ਆਪਣੀ ਤਾਕਤ ਦਾ ਗਲਤ ਇਸਤੇਮਾਲ ਕਰਕੇ ਦੂਸਰੇ ਦੇਸ਼ਾਂ 'ਤੇ ਕਬਜ਼ੇ ਕਰਨ ਦੀ ਨੀਤੀ ਅਪਨਾ ਰਿਹਾ ਹੈ। ਮੀਟਿੰਗ ਮੌਕੇ ਸਾਮਰਾਜਵਾਦ ਖ਼ਿਲਾਫ਼ ਤੇ ਉਨ੍ਹਾਂ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਲਾਮਬੰਦੀ ਕਰਨ ਲਈ 23 ਮਾਰਚ ਨੂੰ ਸਬ ਡਵੀਜ਼ਨ ਪੱਧਰ 'ਤੇ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੇ ਸ਼ਹੀਦੀ ਦਿਹਾੜੇ ਨੂੰ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਉਣ ਦਾ ਫੈਸਲਾ ਕੀਤਾ ਗਿਆ ਤੇ ਸਮੂਹ ਇਨਸਾਫ਼ ਪਸੰਦ ਜਥੇਬੰਦੀਆਂ ਤੇ ਲੋਕਾਂ ਨੂੰ ਭਰਵੀਂ ਸ਼ਮੂਲੀਅਤ ਦੀ ਅਪੀਲ ਵੀ ਕੀਤੀ ਗਈ।ਮੀਟਿੰਗ ਦੌਰਾਨ ਗੁਰਨਾਮ ਸਿੰਘ ਭੀਖੀ, ਲਛਮਣ ਸਿੰਘ ਚੱਕ ਅਲੀਸ਼ੇਰ, ਰਾਮਫਲ ਚੱਕ ਅਲੀਸ਼ੇਰ, ਕ੍ਰਿਸ਼ਨ ਚੌਹਾਨ, ਧੰਨਾ ਮੱਲ ਗੋਇਲ, ਜਸਵੀਰ ਕੌਰ ਨੱਤ, ਗੁਰਸੇਵਕ ਸਿੰਘ ਮਾਨਬੀਬੜੀਆਂ, ਸਤਵਿੰਦਰ ਸਿੰਘ, ਰੂਪ ਸਿੰਘ ਢਿੱਲੋਂ, ਭਜਨ ਸਿੰਘ ਘੁੰਮਣ, ਧੰਨਾ ਸਿੰਘ ਟਾਹਲੀਆਂ, ਲਾਲ ਚੰਦ ਸਰਦੂਲਗੜ੍ਹ, ਆਤਮਾ ਰਾਮ ਸਰਦੂਲਗੜ੍ਹ, ਗੁਰਚਰਨ ਸਿੰਘ ਖਿਆਲਾ ਤੇ ਦਰਸ਼ਨ ਸਿੰਘ ਮਘਾਣੀਆਂ ਆਦਿ ਹਾਜ਼ਰ ਸਨ।

## ਕੰਵਲਜੀਤ ਭੱਟੀ ਸਹਿਕਾਰੀ ਸਭਾ ਬਲੀਏਵਾਲ ਦੇ ਪ੍ਰਧਾਨ ਚੁਣੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਦਿ ਬਲੀਏਵਾਲ ਬਹੁਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਦੀ ਚੋਣ ਸਰਬਸੰਮਤੀ ਨਾਲ ਹੋਈ। ਇਸ ਮੌਕੇ ਨਿਰੀਖਕ ਇੰਸਪੈਕਟਰ ਦੀ ਅਗਵਾਈ ਹੇਠ ਹੋਈ ਇਸ ਚੋਣ ਵਿੱਚ ਕੰਵਲਜੀਤ ਸਿੰਘ ਭੱਟੀ ਨੂੰ ਸਰਬਸੰਮਤੀ ਨਾਲ ਪ੍ਰਧਾਨ, ਮਨਜੋਤ ਸਿੰਘ ਨੂੰ ਉੱਪ-ਪ੍ਰਧਾਨ ਤੇ ਕਰਮਵੀਰ ਸਿੰਘ ਜੂਨੀਅਰ ਉੱਪ-ਪ੍ਰਧਾਨ ਚੁਣੇ ਗਏ। ਇਸ ਤੋਂ ਇਲਾਵਾ ਸ਼ਿਵਤਾਰ ਸਿੰਘ, ਜਗਦੇਵ ਸਿੰਘ, ਦਵਿੰਦਰ ਸਿੰਘ, ਹਰਦੀਪ ਸਿੰਘ, ਗੁਰਨਾਮ ਸਿੰਘ ਭੱਟੀ, ਸਵਰਨ ਕੌਰ, ਅਮਰਦੀਪ ਕੌਰ, ਜਗੀਰ ਚੰਦ ਕਮੇਟੀ ਮੈਂਬਰ ਚੁਣੇ ਗਏ। ਇਸ ਮੌਕੇ ਖੰਡ ਮਿੱਲ ਬੁੱਢੇਵਾਲ ਦੇ ਚੇਅਰਮੈਨ ਜੋਰਾਵਰ ਸਿੰਘ ਵਿਸ਼ੇਸ਼ ਤੌਰ 'ਤੇ ਪੁੱਜੇ, ਜਿਨ੍ਹਾਂ ਨਵੀਂ ਚੁਣੀ ਕਮੇਟੀ ਦਾ ਹਾਰ ਪਾ ਕੇ ਸਵਾਗਤ ਕੀਤਾ ਅਤੇ ਕਿਸਾਨ ਹਿੱਤਾਂ ਲਈ ਕੰਮ ਕਰਨ ਲਈ ਪ੍ਰੇਰਿਆ। ਇਸ ਮੌਕੇ ਚੁਣੇ ਗਏ ਪ੍ਰਧਾਨ ਕੰਵਲਜੀਤ ਸਿੰਘ ਭੱਟੀ ਨੇ ਕਿਹਾ ਕਿ ਬਲੀਏਵਾਲ ਖੇਤੀਬਾੜੀ ਸਹਿਕਾਰੀ ਸਭਾ ਨਾਲ ਆਸਪਾਸ ਦੇ ਕਈ ਪਿੰਡਾਂ ਨਾਲ ਸਬੰਧਤ ਸੈਂਕੜੇ ਕਿਸਾਨ ਜੁੜੇ ਹੋਏ ਹਨ, ਜਿਨ੍ਹਾਂ ਨੇ ਸਰਬਸੰਮਤੀ ਨਾਲ ਉਨ੍ਹਾਂ ਨੂੰ ਦੂਜੀ ਵਾਰ ਪ੍ਰਧਾਨ ਚੁਣ ਕੇ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਚੁਣੀ ਗਈ ਸਮੂਹ ਕਮੇਟੀ ਤੇ ਅਹੁਦੇਦਾਰ ਈਮਾਨਦਾਰੀ ਤੇ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਸਭਾ ਦੇ ਸਕੱਤਰ ਬਲਜੀਤ ਸਿੰਘ, ਜਸਪ੍ਰੀਤ ਸਿੰਘ ਪੰਧੇਰ, ਸੁਖਵਿੰਦਰ ਸਿੰਘ ਬਾਜਵਾ, ਰਵਿੰਦਰ ਸਿੰਘ ਸਰਪੰਚ, ਅਮਰਜੀਤ ਸਿੰਘ ਭੱਟੀ ਸਾਬਕਾ ਸਰਪੰਚ, ਅਮਰ ਸਿੰਘ, ਬਲਜੀਤ ਸਿੰਘ, ਤੇਜਿੰਦਰ ਸਿੰਘ (ਸਾਰੇ ਪੰਚ), ਬੇਅੰਤ ਸਿੰਘ, ਜਸਵਿੰਦਰ ਸਿੰਘ, ਬਲਵਿੰਦਰ ਸਿੰਘ, ਰਣਜੋਧ ਸਿੰਘ, ਹਰਦੀਪ ਸਿੰਘ ਭੱਟੀ, ਹਰਦੀਪ ਸਿੰਘ ਸਿੱਧੂ, ਅਜਮੇਰ ਸਿੰਘ ਔਲਖ, ਪ੍ਰਿਤਪਾਲ ਸਿੰਘ ਭੱਟੀ, ਸਰਬਜੀਤ ਸਿੰਘ, ਮੇਜਰ ਸਿੰਘ, ਹਰਜੀਤ ਸਿੰਘ, ਦਿਲਬਾਗ ਸਿੰਘ, ਸੰਦੀਪ ਸਿੰਘ, ਕੁਲਦੀਪ ਸਿੰਘ, ਸਤਨਾਮ ਸਿੰਘ ਭੱਟੀ, ਅਵਤਾਰ ਸਿੰਘ ਆਦਿ ਮੌਜੂਦ ਸਨ।

## ਪਹਿਲਵਾਨ ਬਾਜ਼ ਨੇ ਸੜਕ ਤੋਂ ਲੱਭਾ ਪਰਸ ਮਾਲਕਾਂ ਨੂੰ ਸੌਂਪ ਕੇ ਈਮਾਨਦਾਰੀ ਦਿਖਾਈ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਵ. ਦਲਜੀਤ ਸਿੰਘ ਗਿੱਲ ਦੇ ਅਖਾੜੇ ਦਾ ਸ਼ਗਿਰਦ ਨੌਜਵਾਨ ਪਹਿਲਵਾਨ ਬਾਜ਼ ਨੇ ਹਜ਼ਾਰਾਂ ਰੁਪਏ ਨਕਦੀ ਵਾਲਾ ਡਿੱਗਿਆ ਪਰਸ ਮਾਲਕਾਂ ਨੂੰ ਲੱਭ ਕੇ ਉਨ੍ਹਾਂ ਦੇ ਸਪੁਰਦ ਕਰਕੇ ਈਮਾਨਦਾਰੀ ਦਿਖਾਈ। ਪ੍ਰਾਪਤ ਜਾਣਕਾਰੀ ਅਨੁਸਾਰ ਜੇ. ਐੱਸ. ਨਗਰ ਵਾਸੀ ਰਵਨੀਤ ਸਿੰਘ ਦੀ ਪਤਨੀ ਦਾ ਇੱਕ ਪਰਸ, ਜਿਸ ਵਿੱਚ ਹਜ਼ਾਰਾਂ ਰੁਪਏ ਨਕਦੀ ਤੇ ਡਰਾਈਵਿੰਗ ਲਾਈਸੈਂਸ ਸੀ, ਉਹ ਨੌਜਵਾਨ ਪਹਿਲਵਾਨ ਬਾਜ਼ ਨੂੰ ਸੜਕ 'ਤੇ ਗਿਰਿਆ ਮਿਲਿਆ। ਜਦੋਂ ਉਸ ਨੇ ਪਰਸ ਖੋਲ੍ਹ ਕੇ ਦੇਖਿਆ ਤਾਂ ਉਸ ਵਿੱਚ ਪੈਸਿਆਂ ਤੋਂ ਇਲਾਵਾ ਦਸਤਾਵੇਜ਼ ਦੇਖੇ ਤਾਂ ਉਸ ਅਧਾਰ 'ਤੇ ਆਸ-ਪਾਸ ਘਰਾਂ ਵਿੱਚ ਜਾ ਕੇ ਇਸ ਦੇ ਮਾਲਕ ਦੀ ਤਲਾਸ਼ ਵੀ ਕੀਤੀ। ਦੂਸਰੇ ਦਿਨ ਜਾ ਕੇ ਉਸ ਨੂੰ ਪਤਾ ਲੱਗਾ ਕਿ ਇਹ ਪਰਸ ਰਵਨੀਤ ਸਿੰਘ ਦੀ ਪਤਨੀ ਦਾ ਹੈ, ਜੋ ਕਿ ਸੜਕ 'ਤੇ ਗਿਰ ਗਿਆ ਸੀ ਅਤੇ ਉਸ ਨੇ ਮਾਲਕਾਂ ਨੂੰ ਸੌਂਪ ਦਿੱਤਾ। ਰਵਨੀਤ ਸਿੰਘ ਵੱਲੋਂ ਪਹਿਲਵਾਨ ਬਾਜ਼ ਤੇ ਉਸ ਦੇ ਪਿਤਾ ਜਗਦੇਵ ਸਿੰਘ ਦਾ ਧੰਨਵਾਦ ਪ੍ਰਗਟਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਈਮਾਨਦਾਰੀ ਸਦਕਾ ਉਨ੍ਹਾਂ ਦੇ ਹਜ਼ਾਰਾਂ ਰੁਪਏ ਤੇ ਜ਼ਰੂਰੀ ਦਸਤਾਵੇਜ਼ ਮਿਲ ਗਏ ਹਨ। ਇਸ ਤਰ੍ਹਾਂ ਨੌਜਵਾਨ ਪਹਿਲਵਾਨ ਬਾਜ਼ ਹੋਰਨਾਂ ਲੋਕਾਂ ਲਈ ਵੀ ਈਮਾਨਦਾਰੀ ਦੀ ਮਿਸਾਲ ਬਣਿਆ ਹੈ।

# ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ 'ਅਰਥ ਸ਼ਾਸਤਰ 2026' 'ਚ ਨਾਮਣਾ ਖੱਟਿਆ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਦੇ ਵਿਦਿਆਰਥੀਆਂ ਨੇ ਸੀ.ਜੀ.ਸੀ. ਯੂਨੀਵਰਸਿਟੀ ਮੋਹਾਲੀ ਵਿਖੇ ਆਯੋਜਿਤ ਅੰਤਰ ਕਾਲਜ ਮੈਨੇਜਮੈਂਟ ਫੈਸਟ 'ਅਰਥ ਸ਼ਾਸਤਰ 2026' ਵਿੱਚ ਆਪਣੀ ਬੇਮਿਸਾਲ ਪ੍ਰਤਿਭਾ ਤੇ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ।ਵਰਣਨਯੋਗ ਹੈ ਕਿ ਇਸ ਫ਼ੈਸਟ ਵਿੱਚ ਦੇਸ਼ ਭਰ ਤੋਂ ਕਈ ਨਾਮਵਰ ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਵੱਖ-ਵੱਖ ਰਚਨਾਤਮਕ ਮੁਕਾਬਲਿਆਂ ਜਿਵੇਂ ਵਾਇਸ ਇਟ ਆਊਟ, ਰੀਲ ਮੇਕਿੰਗ, ਬ੍ਰੈਂਡ ਬਲਿਟਜ਼, ਸਿੰਗਿੰਗ, ਬੋਰਡਰੂਮ ਲਾਈਵ, ਕਲੈਸ਼ ਆਫ਼ ਥੌਟਸ ਆਦਿ ਵਿੱਚ ਉਤਸ਼ਾਹ ਨਾਲ ਭਾਗ ਲਿਆ ਸੀ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਜਿਹੇ ਉੱਚ ਪੱਧਰੀ ਮੁਕਾਬਲਿਆਂ ਵਿੱਚ ਭਾਗ ਲੈਣ ਨਾਲ ਜਿੱਥੇ ਵਿਦਿਆਰਥੀਆਂ ਦੀ ਵਿਵਹਾਰਕ ਤੇ ਵਿਹਾਰਕ ਪ੍ਰਤਿਭਾ ਵਿੱਚ ਨਿਖਾਰ ਆਉਂਦਾ ਹੈ, ਉਥੇ ਨਾਲ ਹੀ ਉਨ੍ਹਾਂ ਦੀ ਅਹਿਮ ਸਮਾਜਿਕ ਮੁੱਦਿਆਂ ਪ੍ਰਤੀ ਜਾਗਰੂਕਤਾ ਤੇ ਵਚਨਬੱਧਤਾ ਦਾ ਵੀ ਪਤਾ ਚੱਲਦਾ ਹੈ।ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਵਿਦਿਆਰਥੀਆਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲਿਆਂ ਵਿੱਚ ਸ਼ਲਾਘਾਯੋਗ ਪ੍ਰਾਪਤੀਆਂ ਕਰਨ ਨਾਲ ਵਿਦਿਆਰਥੀਆਂ ਦੇ ਵਿਹਾਰਕ ਹੁਨਰ, ਆਤਮ ਵਿਸ਼ਵਾਸ, ਆਪਸੀ ਸਹਿਯੋਗ ਤੇ ਮਿਲਵਰਤਣ ਦੀ ਭਾਵਨਾ ਵਿੱਚ ਵਾਧਾ ਹੁੰਦਾ ਹੈ। ਅਰਥ ਸ਼ਾਸਤਰ ਫੈਸਟ ਵਿੱਚ ਪੱਤਰਕਾਰੀ ਵਿਭਾਗ ਦੀ ਬੀ.ਏ.ਜੇ.ਐੱਮ.ਸੀ. ਭਾਗ-ਪਹਿਲਾ ਦੀ ਵਿਦਿਆਰਥਣ ਵੈਦੇਹੀ ਨੇ ਵਾਇਸ ਇਟ ਆਊਟ ਮੁਕਾਬਲੇ ਵਿੱਚ ਪਹਿਲਾ ਸਥਾਨ, ਬੀ.ਏ.ਜੇ.ਐੱਮ.ਸੀ. ਭਾਗ ਪਹਿਲਾ ਦੇ ਵਿਦਿਆਰਥੀਆਂ ਸੂਰਜ, ਸੰਤੋਸ਼ ਤੇ ਜਸਲੀਨ ਕੌਰ ਦੀ ਟੀਮ ਨੇ ਬ੍ਰੈਂਡ ਬਲਿਟਸ ਮੁਕਾਬਲੇ ਵਿੱਚ ਪਹਿਲਾ ਸਥਾਨ ਅਤੇ ਬੀ.ਏ.ਜੇ.ਐੱਮ.ਸੀ. ਭਾਗ ਪਹਿਲਾ ਦੇ ਵਿਦਿਆਰਥੀ ਕ੍ਰਿਸ਼ਨਾ ਨੇ ਵਾਈਸ ਆਫ਼ ਇੰਟਰਪ੍ਰਾਇਜ਼ਿਜ਼ ਮੁਕਾਬਲੇ ਵਿੱਚ ਤੀਸਰਾ ਸਥਾਨ ਹਾਸਲ ਕੀਤਾ।ਪੱਤਰਕਾਰੀ ਵਿਭਾਗ ਦੇ ਪ੍ਰੋ. ਲਵਨੀਤ ਵਸ਼ਿਸ਼ਠ ਨੇ ਇਸ ਫੈਸਟ ਦੌਰਾਨ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ।ਇਸ ਮੌਕੇ ਵਿਭਾਗ ਦੇ ਪ੍ਰੋ. ਭਗਵੰਤ ਸਿੰਘ, ਪ੍ਰੋ. ਨਾਦਿਸ਼, ਪ੍ਰੋ. ਰੰਜੀਤਾ ਸ਼ਰਮਾ ਤੇ ਪ੍ਰੋ. ਅਮਨਦੀਪ ਕੌਰ ਨੇ ਵੀ ਵਿਦਿਆਰਥੀਆਂ ਨੂੰ ਮੁਬਾਰਕਾਂ ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਪੈਨਸ਼ਨਰ ਲਈ ਡਿਜੀਟਲ ਲਾਈਫ ਸਰਟੀਫ਼ਿਕੇਟ ਜਮ੍ਹਾਂ ਕਰਵਾਉਣਾ ਲਾਜ਼ਮੀ

**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਸਰਕਾਰ ਵੱਲੋਂ ਸੇਵਾ-ਮੁਕਤ ਪੈਨਸ਼ਨਰਾਂ ਦੀ ਸਹੂਲਤ ਅਤੇ ਪਾਰਦਰਸ਼ਤਾ ਲਈ ਡਿਜੀਟਲ ਲਾਈਫ ਸਰਟੀਫਿਕੇਟ (ਜੀਵਣ ਪ੍ਰਮਾਣ) ਜਮ੍ਹਾਂ ਕਰਵਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ।ਇਹ ਜਾਣਕਾਰੀ ਜ਼ਿਲ੍ਹਾ ਖਜ਼ਾਨਾ ਅਫ਼ਸਰ, ਲੁਧਿਆਣਾ ਉਪਨੀਤ ਸਿੰਘ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਕਈ ਪੈਨਸ਼ਨਰਾਂ ਵੱਲੋਂ ਅਜੇ ਤੱਕ ਵੀ ਬੈਂਕਾਂ ਵਿੱਚ ਮੈਨੂਅਲ ਸਰਟੀਫਿਕੇਟ ਜਮ੍ਹਾਂ ਕਰਵਾਏ ਗਏ ਹਨ, ਜੋ ਕਿ ਹੁਣ ਮਾਨਤਾ ਪ੍ਰਾਪਤ ਨਹੀਂ ਹੋਣਗੇ।ਉਨ੍ਹਾਂ ਕਿਹਾ ਕਿ ਆਪਣੀ ਪੈਨਸ਼ਨ ਨੂੰ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰੱਖਣ ਲਈ ਤੁਰੰਤ ਆਪਣਾ ਡਿਜੀਟਲ ਸਰਟੀਫਿਕੇਟ ਨਜ਼ਦੀਕੀ ਖਜ਼ਾਨਾ ਦਫ਼ਤਰ, ਸਬੰਧਤ ਬੈਂਕ ਦੀ ਬ੍ਰਾਂਚ ਜਾਂ ਸੇਵਾ ਕੇਂਦਰ ਵਿਖੇ ਜਮ੍ਹਾਂ ਕਰਵਾਇਆ ਜਾ ਸਕਦਾ ਹੈ।ਇਸ ਤੋਂ ਇਲਾਵਾ ਡੋਰ-ਸਟੈਪ ਡਿਲਿਵਰੀ : ਤੁਸੀਂ ਰਾਜ ਸਰਕਾਰ ਦੀ 'ਘਰ ਬੈਠੇ ਸੇਵਾ' ਰਾਹੀਂ 1076 'ਤੇ ਕਾਲ ਕਰਕੇ ਵੀ ਇਸ ਸੁਵਿਧਾ ਦਾ ਲਾਭ ਲਿਆ ਜਾ ਸਕਦਾ ਹੈ।ਇਸੇ ਤਰ੍ਹਾਂ ਪੈਨਸ਼ਰ ਘਰ ਬੈਠੇ ਹੀ ਜੀਵਨ ਪ੍ਰਮਾਣ ਪੱਤਰ ਐਪ ਡਾਊਨਲੋਡ ਕਰਕੇ ਵੀ ਇਹ ਪ੍ਰਕਿਰਿਆ ਪੂਰੀ ਕਰ ਸਕਦੇ ਹਨ।ਜ਼ਿਲ੍ਹਾ ਖਜ਼ਾਨਾ ਅਫ਼ਸਰ ਲੁਧਿਆਣਾ ਉਪਨੀਤ ਸਿੰਘ ਨੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ 31 ਮਾਰਚ 2026 ਤੋਂ ਪਹਿਲਾਂ-ਪਹਿਲਾਂ ਜਮ੍ਹਾਂ ਕਰਵਾਉਣਾ ਯਕੀਨੀ ਬਣਾਉਣ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਔਕੜ ਦਾ ਸਾਹਮਣਾ ਨਾ ਕਰਨਾ ਪਵੇ।

## ਕਲੇਰ ਵੱਲੋਂ ਰੈਲੀ ਸਥਾਨ ਦਾ ਲੀਡਰਸ਼ਿਪ ਨਾਲ ਜਾਇਜ਼ਾ

### ਅੱਜ ਦੀ ਰੈਲੀ ਤੋਂ ਬਾਅਦ ਹਲਕੇ ਦੇ ਰਾਜਨੀਤਕ ਸਮੀਕਰਨ ਹੋਰ ਹੋਣਗੇ : ਆਗੂ



**ਜਗਰਾਉਂ (ਅਮਿਤ ਖੰਨਾ)**-ਸ਼੍ਰੋਮਣੀ ਅਕਾਲੀ ਦਲ ਦੀ 18 ਮਾਰਚ ਨੂੰ ਰੱਖੀ 'ਪੰਜਾਬ ਬਚਾਓ' ਰੈਲੀ ਨੂੰ ਲੈ ਕੇ ਤਿਆਰੀਆਂ ਜ਼ੋਰਾਂ 'ਤੇ ਹਨ।ਇਸ ਸਬੰਧੀ ਪਾਰਟੀ ਦੇ ਸਰਕਲ ਜਥੇਦਾਰਾਂ ਦੀ ਹੋਈ ਬੈਠਕ ਵਿੱਚ ਹਲਕਾ ਇੰਚਾਰਜ ਤੇ ਕੋਰ ਕਮੇਟੀ ਮੈਂਬਰ ਐੱਸ. ਆਰ. ਕਲੇਰ ਨੇ ਸਰਕਲ ਜਥੇਦਾਰਾਂ ਦੀਆਂ ਡਿਊਟੀਆਂ ਲਾਈਆਂ।ਸਰਕਲ ਜਥੇਦਾਰਾਂ ਨਾਲ ਰੈਲੀ ਵਾਲੇ ਸਥਾਨ 'ਤੇ ਵਿਚਾਰ ਵਟਾਂਦਰੇ ਦੌਰਾਨ ਸ੍ਰੀ ਕਲੇਰ ਨੇ 18 ਦੀ ਰੈਲੀ ਨੂੰ ਸਗੰਠਨ ਰੂਪ 'ਚ ਸਫਲ ਬਣਾਉਣ ਲਈ ਜਥੇਦਾਰਾਂ ਨੂੰ ਡਿਊਟੀਆਂ ਸੌਂਪੀਆਂ ਗਈਆਂ।ਇਸ ਮੌਕੇ ਐੱਸ. ਆਰ. ਕਲੇਰ ਨੇ ਆਖਿਆ ਕਿ ਇਹ ਰੈਲੀ ਇਤਿਹਾਸਕ ਹੋਵੇਗੀ ਤੇ ਇਸ ਰੈਲੀ ਦਾ ਇਕੱਠ ਸੱਤਾਧਾਰੀਆਂ ਦੀ ਨੀਂਦ ਹਰਾਮ ਕਰ ਦੇਵੇਗਾ।ਕਲੇਰ ਨੇ ਦਾਅਵਾ ਕੀਤਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਵਿੱਢੀਆਂ 'ਪੰਜਾਬ ਬਚਾਓ' ਰੈਲੀਆਂ ਨਾਲ ਸੂਬੇ ਦੀ ਰਾਜਨੀਤਕ ਦਸ਼ਾ ਤੇ ਦਿਸ਼ਾ ਵਿੱਚ ਵੱਡਾ ਪਰਿਵਰਤਨ ਦੇਖਣ ਨੂੰ ਮਿਲਿਆ ਹੈ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਰਾਜਨੀਤਕ ਸਮੀਕਰਨ ਹੋਰ ਹੋਣਗੇ ਤੇ ਪੰਜਾਬ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਦੀ ਨੀਂਹ ਰੱਖ ਦਿੱਤੀ ਜਾਵੇਗੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਓਂ, ਗੁਰਜੋਤ ਸਿੰਘ ਗਰੇਵਾਲ, ਸਿਨੀਅਰ ਯੂਥ ਆਗੂ ਜੱਟ ਗਰੇਵਾਲ, ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ, ਲਾਡੀ ਦੇਹੜਕਾ, ਲੱਖਾਂ ਚਕਰ ਤੇ ਹੋਰ ਹਾਜ਼ਰ ਸਨ।

## 'ਨਸ਼ੇ ਨੂੰ ਨਾਂਹ, ਜ਼ਿੰਦਗੀ ਨੂੰ ਹਾਂ' ਸਿਰਲੇਖ ਹੇਠ ਜਾਗਰੂਕਤਾ ਸਮਾਗਮ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਸੁਚੇਤ ਕਰਨ ਦੇ ਉਦੇਸ਼ ਨਾਲ 'ਨਸ਼ੇ ਨੂੰ ਨਾਂਹ, ਜ਼ਿੰਦਗੀ ਨੂੰ ਹਾਂ' ਸਿਰਲੇਖ ਹੇਠ ਇੱਕ ਵਿਸ਼ੇਸ਼ ਜਾਗਰੂਕਤਾ ਸਮਾਗਮ ਕੀਤਾ ਗਿਆ।ਇਹ ਸਮਾਗਮ ਰੁਪਿੰਦਰਜੀਤ ਸਿੰਘ ਸੰਯੋਜਕ ਜ਼ਿੰਦਗੀ ਜ਼ਿੰਦਾਬਾਦ ਮੁਹਿੰਮ ਤੇ ਐਡਵੋਕੇਟ ਨਰਵੀਰ ਸਿੰਘ ਗਿੱਲ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਆਦੇਸ਼ ਪੋਲੀਟੈਕਨੀਕਲ ਕਾਲਜ ਮੱਝਮਲੂ ਤੇ ਮੁਕਤੀਸਰ ਕਾਲਜ ਆਫ ਐਜੂਕੇਸ਼ਨ ਸ੍ਰੀ ਮੁਕਤਸਰ ਸਾਹਿਬ ਵਿੱਚ ਕਰਵਾਇਆ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਐਡਵੋਕੇਟ ਨਰਵੀਰ ਸਿੰਘ ਗਿੱਲ ਨੇ ਕਿਹਾ ਕਿ ਨਸ਼ਾ ਅੱਜ ਸਮਾਜ ਲਈ ਇੱਕ ਗੰਭੀਰ ਚੁਣੌਤੀ ਬਣ ਚੁੱਕਾ ਹੈ ਤੇ ਇਸ ਤੋਂ ਬਚਾਅ ਲਈ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਜੇ ਨੌਜਵਾਨ ਆਪਣੀ ਊਰਜਾ ਨੂੰ ਸਿੱਖਿਆ, ਖੇਡਾਂ ਤੇ ਰਚਨਾਤਮਕ ਗਤੀਵਿਧੀਆਂ ਵੱਲ ਮੋੜਨ ਤਾਂ ਨਸ਼ਿਆਂ ਤੋਂ ਦੂਰ ਰਹਿ ਕੇ ਸੁੱਖੀ ਤੇ ਸਿਹਤਮੰਦ ਜੀਵਨ ਬਤੀਤ ਕਰ ਸਕਦੇ ਹਨ।ਇਸ ਮੌਕੇ ਵਿਦਿਆਰਥੀਆਂ ਵਿੱਚ ਨਸ਼ਿਆਂ ਖ਼ਿਲਾਫ ਜਾਗਰੂਕਤਾ ਪੈਦਾ ਕਰਨ ਲਈ ਭਾਸ਼ਣ ਮੁਕਾਬਲੇ ਕਰਵਾਏ ਗਏ।ਅੰਤ ਵਿੱਚ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਕਾਲਜ ਪ੍ਰਬੰਧਕਾਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਜ਼ਿੰਦਗੀ ਜ਼ਿੰਦਾਬਾਦ ਟੀਮ ਦੇ ਮੈਂਬਰ ਬਰਿੰਦਰ ਸੰਧੂ, ਪ੍ਰਿੰਸੀਪਲ ਨਵਦੀਪ ਕੌਰ ਗਿੱਲ ਤੋਂ ਇਲਾਵਾ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਮਸਲੇ ਹੱਲ ਨਾ ਹੋਏ ਤਾਂ ਸੂਬੇ ਭਰ ਦੇ ਆੜ੍ਹਤੀ ਪਹਿਲੀ ਤੋਂ ਕਰਨਗੇ ਹੜਤਾਲ : ਵਿਜੇ ਕਾਲੜਾ

- ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਵੱਲੋਂ ਸੂਬਾ ਪੱਧਰੀ ਰੈਲੀ



**ਮੱਖੂ (ਰਛਪਾਲ ਸਿੰਘ ਸੰਧੂ)**
ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਵੱਲੋਂ ਆਪਣੀਆਂ ਹੱਕੀ ਮੰਗਾਂ ਦੇ ਸਬੰਧ ਵਿੱਚ ਸੂਬਾ ਪ੍ਰਧਾਨ ਵਿਜੇ ਕਾਲੜਾ ਦੀ ਅਗਵਾਈ ਵਿੱਚ ਦਾਣਾ ਮੰਡੀ ਮਖੂ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਗਈ।ਇਸ ਰੈਲੀ ਵਿੱਚ ਪੰਜਾਬ ਭਰ ਦੇ ਪਹੁੰਚੇ ਹੋਏ ਆੜ੍ਹਤੀਆਂ ਦੇ ਠਾਠਾਂ ਮਾਰਦੇ ਇਕੱਠ ਨੇ ਵੱਡੀ ਰੈਲੀ ਦਾ ਰੂਪ ਧਾਰਨ ਕਰ ਲਿਆ।ਇਸ ਸੂਬਾ ਪੱਧਰੀ ਰੈਲੀ ਵਿੱਚ ਜਿੱਥੇ ਪੰਜਾਬ ਭਰ ਦੇ ਆੜ੍ਹਤੀ ਪਹੁੰਚੇ ਹੋਏ ਸਨ, ਉੱਥੇ ਕਿਸਾਨ ਯੂਨੀਅਨ ਤੇ ਮਜ਼ਦੂਰ ਯੂਨੀਅਨ ਦੇ ਆਗੂ ਵੀ ਪਹੁੰਚੇ ਹੋਏ ਸਨ। ਇਸ ਸੂਬਾ ਪੱਧਰੀ ਰੈਲੀ ਦੌਰਾਨ ਪੰਜਾਬ ਭਰ ਦੇ ਆੜ੍ਹਤੀਆਂ ਵੱਲੋਂ ਝੋਨੇ ਤੇ ਕਣਕ ਦੇ ਸੀਜ਼ਨ ਦੌਰਾਨ ਆੜ੍ਹਤੀਆਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਸਬੰਧ ਵਿੱਚ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ।ਇਸ ਮੌਕੇ ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਵਿਜੇ ਕਾਲੜਾ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪੰਜਾਬ ਦੇ ਆੜ੍ਹਤੀਆਂ ਦਾ ਕਮਿਸ਼ਨ ਫਰੀਜ ਕਰਕੇ 46 ਰੁਪਏ ਪ੍ਰਤੀ ਕੁਇੰਟਲ ਦਿੱਤਾ ਜਾ ਰਿਹਾ ਹੈ, ਜਦਕਿ ਹਰਿਆਣਾ ਵਿੱਚ ਝੋਨਾ 2024 ਤੇ ਕਣਕ 2025 ਦੌਰਾਨ 55 ਰੁਪਏ ਪ੍ਰਤੀ ਕੁਇੰਟਲ ਆੜ੍ਹਤ ਦਿੱਤੀ ਗਈ।ਪੰਜਾਬ 'ਚ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਆੜ੍ਹਤੀਆਂ ਨੂੰ ਭਰੋਸਾ ਦਿੱਤਾ ਗਿਆ ਸੀ ਕਿ ਏ ਪੀ ਐੱਮ ਸੀ ਐਕਟ ਤਹਿਤ 2.5% ਆੜ੍ਹਤ ਦਿੱਤੀ ਜਾਵੇਗੀ, ਪ੍ਰੰਤੂ ਦੋ ਸੀਜ਼ਨ ਲੰਘ ਜਾਣ ਦੇ ਬਾਵਜੂਦ ਆੜ੍ਹਤੀਆਂ ਦੇ ਕਮਿਸ਼ਨ ਵਿੱਚ ਵਾਧਾ ਨਹੀਂ ਕੀਤਾ ਗਿਆ।ਐੱਫ ਸੀ ਆਈ ਵੱਲੋਂ ਈ ਪੀ ਐੱਫ ਦਾ ਪੰਜਾਬ ਦੇ ਆੜ੍ਹਤੀਆਂ ਦੀ 55 ਕਰੋੜ ਦੇ ਕਰੀਬ ਰਾਸ਼ੀ ਕੱਟੀ ਹੋਈ ਹੈ।ਪਿਛਲੇ ਕਈ ਸਾਲਾਂ ਤੋਂ ਪੰਜਾਬ ਵਿੱਚ ਗੋਦਾਮਾਂ ਦੇ ਯੋਗ ਪ੍ਰਬੰਧ ਨਾ ਹੋਣ ਕਾਰਨ ਤੇ ਠੇਕੇਦਾਰਾਂ ਕੋਲ ਟਰੱਕਾਂ ਦਾ ਪ੍ਰਬੰਧ ਨਾ ਹੋਣ ਕਾਰਨ ਕਈ ਕਈ ਦਿਨ ਕਣਕ ਤੇ ਝੋਨੇ ਦੀ ਲਿਫਟਿੰਗ ਸਮੇਂ ਸਿਰ ਨਹੀਂ ਹੁੰਦੀ, ਜਿਸ ਕਾਰਨ ਫ਼ਸਲ ਮੰਡੀਆਂ ਵਿੱਚ ਰੁਲਦੀ ਰਹਿੰਦੀ ਹੈ।ਸੂਬਾ ਪ੍ਰਧਾਨ ਵਿਜੇ ਕਾਲੜਾ ਨੇ ਕਿਹਾ ਕਿ ਜੇਕਰ ਪੰਜਾਬ ਦੇ ਆੜ੍ਹਤੀਆਂ ਦੇ ਮਸਲਿਆਂ ਦਾ ਹੱਲ 15 ਦਿਨਾਂ ਵਿੱਚ ਨਾ ਹੋਇਆ ਤਾਂ ਪੰਜਾਬ ਭਰ ਦੇ ਆੜ੍ਹਤੀਆਂ ਵੱਲੋਂ 1 ਅਪ੍ਰੈਲ ਤੋਂ ਆਪਣੀਆਂ ਆੜ੍ਹਤ ਦੀਆਂ ਦੁਕਾਨਾਂ ਬੰਦ ਰੱਖ ਕੇ ਆੜ੍ਹਤ ਦਾ ਕਾਰੋਬਾਰ ਬੰਦ ਰੱਖਿਆ ਜਾਵੇਗਾ।ਇਸ ਮੌਕੇ ਤਰਨ ਤਾਰਨ ਜ਼ਿਲ੍ਹਾ ਦੇ ਆੜ੍ਹਤੀਆਂ ਵੱਲੋਂ ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਵਿਜੇ ਕਾਲੜਾ ਤੇ ਮੀਤ ਪ੍ਰਧਾਨ ਅਮਰਜੀਤ ਸਿੰਘ ਬਰਾੜ ਨੂੰ ਦੋਸ਼ਾਲਾ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਮੀਤ ਪ੍ਰਧਾਨ ਅਮਰਜੀਤ ਸਿੰਘ ਬਰਾੜ, ਮਨੀਸ਼ ਬੌਬੀ ਮਾਨਸਾ, ਰੂਪ ਲਾਲ ਵੱਤਾ, ਅੰਮ੍ਰਿਤ ਲਾਲ ਛਾਬੜਾ ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ, ਅਮਨਦੀਪ ਸਿੰਘ ਛੀਨਾ ਅੰਮ੍ਰਿਤਸਰ, ਕਸ਼ਮੀਰ ਸਿੰਘ ਪ੍ਰਧਾਨ ਤਰਨ ਤਾਰਨ, ਦਰਸ਼ਨ ਕੁਮਾਰ ਆਹੂਜਾ ਸਾਬਕਾ ਵਾਇਸ ਚੇਅਰਮੈਨ ਮਾਰਕਿਟ ਕਮੇਟੀ ਮਖੂ, ਸ਼ਿਵ ਆਹੂਜਾ ਪ੍ਰਧਾਨ ਸ਼ੈਲਰ ਐਸੋਸੀਏਸ਼ਨ ਮੱਖੂ, ਮਹਿੰਦਰ ਮਦਾਨ ਸਾਬਕਾ ਪ੍ਰਧਾਨ ਨਗਰ ਪੰਚਾਇਤ ਮੱਖੂ, ਰਿਸ਼ੂ ਖੁਰਾਣਾ ਪ੍ਰਧਾਨ ਆੜ੍ਹਤੀਆਂ ਐਸੋਸੀਏਸ਼ਨ ਮੱਖੂ ਆਦਿ ਹਾਜ਼ਰ ਸਨ।

## ਅਨੁਸੂਚਿਤ ਤੇ ਪੱਛੜੀਆਂ ਜਾਤੀਆਂ ਦੀਆਂ ਔਰਤਾਂ ਨੂੰ 3100 ਰੁਪਏ ਮਹੀਨਾ ਦਿੱਤੇ ਜਾਣਗੇ : ਧਾਲੀਵਾਲ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਜਾਤੀਆਂ ਦੀਆਂ ਬਹੁਗਿਣਤੀ ਔਰਤਾਂ ਮੰਦਹਾਲੀ ਦਾ ਜੀਵਨ ਬਸਰ ਕਰ ਰਹੀਆਂ ਹਨ ਤੇ ਆਜ਼ਾਦੀ ਤੋਂ ਬਾਅਦ ਵਾਰੋ ਵਾਰੀ ਰਾਜ ਕਰ ਰਹੀਆਂ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨੇ ਬਹੁਗਿਣਤੀ ਇਨ੍ਹਾਂ ਗਰੀਬ ਔਰਤਾਂ ਨੂੰ ਵਿਕਸਤ ਸਮਾਜ ਦੇ ਬਰਾਬਰ ਖੜ੍ਹਾ ਹੋਣ ਤੋਂ ਰੋਕਣ ਵਾਸਤੇ ਹਮੇਸ਼ਾ ਆਰਥਿਕ ਸਹਾਇਤਾ ਤੋਂ ਵਾਂਝੇ ਰੱਖਿਆ ਹੈ।ਇਹ ਪ੍ਰਗਟਾਵਾ ਅਧਿਕਾਰ ਸੰਘਰਸ਼ ਪਾਰਟੀ ਦੀ ਸੀਨੀਅਰ ਉਪ ਪ੍ਰਧਾਨ ਸਤਿੰਦਰ ਕੌਰ ਧਾਰੀਵਾਲ ਨੇ ਕੀਤਾ।ਉਨ੍ਹਾਂ ਕਿਹਾ ਕਿ ਇਸੇ ਕਾਰਨ ਇਸ ਬਹੁਗਿਣਤੀ ਔਰਤ ਵਰਗ ਨੂੰ ਆਪਣੇ ਪਰਵਾਰ ਦਾ ਪਾਲਣ ਪੋਸ਼ਣ ਕਰਨ ਲਈ ਹੇਠਲੇ ਪੱਧਰ ਦੇ ਕੰਮ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ। ਸੀਨੀਅਰ ਉਪ ਪ੍ਰਧਾਨ ਪੰਜਾਬ ਨੇ ਕਿਹਾ ਕਿ ਗ਼ਰੀਬੀ ਕਾਰਨ ਉਹ ਆਪਣੇ ਬੱਚਿਆਂ ਨੂੰ ਪੌਸ਼ਟਿਕ ਭੋਜਨ ਤੇ ਚੰਗੀਆਂ ਸਿਹਤ ਸਹੂਲਤਾਂ ਨਹੀਂ ਦੇ ਪਾਉਂਦੀਆਂ ਹਨ, ਜਿਸ ਕਾਰਨ ਜ਼ਿਆਦਾਤਰ ਗਰੀਬ ਪਰਵਾਰਾਂ ਦੇ ਬੱਚੇ ਸਿੱਖਿਆ ਤੋਂ ਵੀ ਵਾਂਝੇ ਰਹਿ ਜਾਂਦੇ ਹਨ।ਉਨ੍ਹਾਂ ਕਿਹਾ ਕਿ 2027 ਵਿੱਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਐੱਸ.ਸੀ, ਓ.ਬੀ.ਸੀ ਸਮਾਜ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 3100 ਰੁਪਏ ਦੀ ਰਾਸ਼ੀ ਦਿੱਤੀ ਜਾਵੇਗੀ ਤਾਂ ਜੁ ਉਹ ਵੀ ਆਪਣੇ ਬੱਚਿਆਂ ਨੂੰ ਪੌਸ਼ਟਿਕ ਤੇ ਚੰਗਾ ਭੋਜਨ ਮੁਹੱਈਆ ਕਰਾ ਸਕਣ ਤੇ ਰੋਜ਼ਮਰ੍ਹਾ ਦੀਆਂ ਲੋੜਾਂ ਪੂਰੀਆਂ ਕਰ ਸਕਣ। ਉਪ ਪ੍ਰਧਾਨ ਪੰਜਾਬ ਨੇ ਕਿਹਾ ਇਨ੍ਹਾਂ ਵਰਗਾਂ ਦੀਆਂ ਔਰਤਾਂ ਨੂੰ ਹੋਰ ਵੀ ਜ਼ਰੂਰੀ ਲੋੜੀਂਦੀਆਂ ਸਹੂਲਤਾਂ ਉਪਲਬਧ ਕਰਾਈਆਂ ਜਾਣਗੀਆਂ ਤਾਂ ਜੁ ਉਹ ਵੀ ਆਪਣਾ ਜੀਵਨ ਖੁਸ਼ਹਾਲੀ ਨਾਲ ਬਤੀਤ ਕਰ ਸਕਣ ਤੇ ਆਪਣੇ ਬੱਚਿਆਂ ਨੂੰ ਵੀ ਵਧੀਆ ਤਰੀਕੇ ਨਾਲ ਸਿੱਖਿਅਤ ਕਰ ਸਕਣ।ਸ਼੍ਰੀਮਤੀ ਧਾਲੀਵਾਲ ਨੇ ਕਿਹਾ ਕਿ 2027 ਦੀਆਂ ਚੋਣਾਂ ਵਿੱਚ ਔਰਤਾਂ ਨੂੰ ਸਮਾਜਿਕ ਅਤੇ ਰਾਜਨੀਤਕ ਬਰਾਬਰਤਾ ਲਈ ਅਧਿਕਾਰ ਸੰਘਰਸ਼ ਪਾਰਟੀ 35 ਪ੍ਰਤੀਸ਼ਤ ਟਿਕਟਾਂ ਦੇਵੇਗੀ।ਉਨ੍ਹਾਂ ਕਿਹਾ ਕਿ ਰਿਵਾਇਤੀ ਪਾਰਟੀਆਂ ਨੇ ਔਰਤਾਂ ਦੀ ਅੱਧੀ ਆਬਾਦੀ ਹੋਣ ਦੇ ਬਾਵਜੂਦ ਅੱਜ ਤੱਕ ਇਸ ਵਰਗ ਨੂੰ ਲੋੜੀਂਦੀ ਪ੍ਰਤੀਨਿਧਤਾ ਨਹੀਂ ਦਿੱਤੀ।

# ਪੁਲਸੀਆ ਤਸ਼ੱਦਦ ਵਿਰੁੱਧ ਅਧਿਆਪਕਾਂ ਵੱਲੋਂ ਅਰਥੀ ਫੂਕ ਪ੍ਰਦਰਸ਼ਨ



ਧਾਰੀਵਾਲ, (ਮਨਦੀਪ ਵਿੱਕੀ)-ਸਾਂਝਾ ਅਧਿਆਪਕ ਮੋਰਚਾ ਅਤੇ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਕੁਲਦੀਪ ਪੁਰੋਵਾਲ, ਲਵਪ੍ਰੀਤ ਰੋੜਾਂਵਾਲੀ, ਰਜਨੀ ਪਰਕਾਸ਼, ਰਸਪਾਲ ਸਿੰਘ ਭੁੰਬਲੀ, ਬਲਵਿੰਦਰ ਕੌਰ ਅਨਿਲ ਕੁਮਾਰ ਲਾਹੌਰੀਆ, ਗੁਰਮੁੱਖ ਸਿੰਘ ਦੀ ਅਗਵਾਈ ਵਿੱਚ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਕੇਂਦਰ ਸਰਕਾਰ ਦੇ ਇਸ਼ਾਰੇ ਤੇ ਸੁਪਰੀਮ ਕੋਰਟ ਰਾਹੀਂ ਟੈੱਟ ਦੀ ਬਿਲਕੁਲ ਬੇਲੋੜੀ, ਗੈਰ-ਵਿਧਾਨਿਕ ਸ਼ਰਤ ਜਬਰੀ ਥੋਪਣ, ਪੰਜਾਬ ਸਰਕਾਰ ਵੱਲੋਂ ਬਜਟ ਸੈਸ਼ਨ ਦੌਰਾਨ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਬਿੱਲ ਨਾ ਲਿਆਉਣ, ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਖਲ ਨਾ ਕਰਨ, ਸਿੱਖਿਆ ਵਿਭਾਗ ਵਲੋਂ ਕੁਝ ਵਰਗਾਂ ਨੂੰ ਟੈੱਟ ਤੋਂ ਛੋਟ ਦੇਣ ਦਾ ਪੱਤਰ ਰੱਦ ਕਰਨ, ਸੰਘਰਸ਼ ਦੌਰਾਨ ਜਲ ਤੋਪਾਂ, ਲਾਠੀਚਾਰਜ ਅਤੇ ਅਥਰੂ ਗੈਸ ਦੇ ਗੋਲਿਆਂ ਦੀ ਅੰਨ੍ਹੇਵਾਹ ਵਰਤੋਂ ਕਰਕੇ ਅਧਿਆਪਕਾਂ ਨੂੰ ਜ਼ਖਮੀ ਕਰਕੇ ਰਾਸ਼ਟਰ ਨਿਰਮਾਤਾ ਅਧਿਆਪਕਾਂ ਦੇ ਮਾਨ ਸਨਮਾਨ ਨੂੰ ਸੱਟ ਮਾਰਨ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਵਿੱਚ ਅਧਿਆਪਕਾਂ ਦੀ ਕਿਸੇ ਵੀ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਅਧਿਆਪਕਾਂ ਦੇ ਹਰ ਵਰਗ 'ਤੇ ਪੁਲਸੀਆ ਤਸ਼ੱਦਦ ਹੀ ਕੀਤਾ ਹੈ।ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਲੰਗੜਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਹੁਣ ਤੱਕ ਲਾਗੂ ਨਹੀਂ ਕੀਤੀ ਗਈ, ਤਨਖਾਹ ਦੁਹਰਾਈ ਦੇ ਬਕਾਏ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਜਾਰੀ ਕੀਤੀਆਂ ਕਿਸ਼ਤਾਂ ਦੇ ਬਕਾਏ ਮਿੱਟੀ ਘੱਟੇ ਰਲਾ ਦਿੱਤੇ ਗਏ ਹਨ, ਸੋਧਣ ਦੇ ਨਾਂ ਤੇ ਬੰਦ ਕੀਤੇ ਸਮੁੱਚੇ ਭੱਤੇ ਬਹਾਲ ਨਹੀਂ ਕੀਤੇ ਜਾ ਰਹੇ, ਤਨਖਾਹ ਕਮਿਸ਼ਨ ਦੀ ਪੂਰੀ ਰਿਪੋਰਟ ਵੀ ਜਾਰੀ ਨਹੀਂ ਕੀਤੀ ਗਈ, ਸਕੂਲਾਂ ਵਿੱਚ ਅਧਿਆਪਕਾਂ ਦੀਆਂ ਅਤੇ ਸਕੂਲ ਮੁਖੀਆਂ ਦੀਆਂ ਹਜ਼ਾਰਾਂ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਬੇਰੁਜ਼ਗਾਰ ਅਧਿਆਪਕਾਂ ਨੂੰ ਰੁਜ਼ਗਾਰ ਨਹੀਂ ਦਿੱਤਾ ਜਾ ਰਿਹਾ।ਸਮੱਸਿਆਵਾਂ ਦਾ ਹੱਲ ਕਰਨ ਦੀ ਬਜਾਏ ਸੇਵਾ ਨਿਭਾ ਰਹੇ ਅਧਿਆਪਕਾਂ ਦੇ ਸਿਰ ਤੇ ਛਾਂਟੀ ਦੀ ਤਲਵਾਰ ਲਟਕਾ ਦਿੱਤੀ ਗਈ ਹੈ।ਇਸ ਪ੍ਰਦਰਸ਼ਨ ਵਿੱਚ ਅਨਿਲ ਕੁਮਾਰ ਲਾਹੌਰੀਆ, ਕਪਿਲ ਸ਼ਰਮਾ, ਅਮਰਬੀਰ ਸਿੰਘ, ਪਵਨ ਕੁਮਾਰ, ਨਰੇਸ਼, ਹਰਜੀਤ ਸਿੰਘ, ਗੁਰਮੁੱਖ ਸਿੰਘ, ਜੋਤ ਪ੍ਰਕਾਸ਼ ਸਿੰਘ, ਦਵਿੰਦਰਜੀਤ ਸਿੰਘ, ਹਰਪ੍ਰੀਤ ਸਿੰਘ, ਓਮ ਪ੍ਰਕਾਸ਼, ਸੰਜੀਵ ਕੁਮਾਰ, ਪਰਮਜੀਤ, ਸਤਿੰਦਰਜੀਤ, ਵਿਜੈ ਕੁਮਾਰ, ਰਜਨੀਸ਼ ਕੁਮਾਰ, ਰਵੀ ਕੁਮਾਰ, ਨਵਨੀਤ ਕੁਮਾਰ, ਲਖਵਿੰਦਰ ਸਿੰਘ, ਬਲਵਿੰਦਰ ਕੁਮਾਰ, ਜਗਜੀਤ ਸਿੰਘ, ਰਮੇਸ਼ ਖੁੰਡਾ, ਅਮਨਦੀਪ ਧਾਰੀਵਾਲ, ਕੁਲਵੰਤ ਸਿੰਘ ਆਦਿ ਹਾਜ਼ਰ ਸਨ।

# ਰਵਾਇਤੀ ਪਾਰਟੀਆਂ ਨੂੰ ਕੁਰਸੀ ਦੀ ਚਿੰਤਾ, ਸਾਨੂੰ ਪੰਜਾਬ ਦਾ ਫਿਕਰ : ਸ਼ੈਰੀ ਕਲਸੀ



ਬਟਾਲਾ, (ਡਾ. ਮਲਵਿੰਦਰ ਸਿੰਘ)- ਪੰਜਾਬ ਸਰਕਾਰ ਨੇ ਸਿਰਫ ਚਾਰ ਸਾਲਾਂ ਵਿੱਚ ਸਾਰੀਆਂ ਗਾਰੰਟੀਆਂ ਪੂਰੀਆਂ ਕੀਤੀਆਂ ਹਨ ਅਤੇ ਸੱਤਾ ਵਿੱਚ ਆਉਣ 'ਤੇ ਪਹਿਲੇ ਦਿਨ ਤੋਂ ਹੀ ਲੋਕਹਿਤ ਵਿੱਚ ਇਤਿਹਾਸਕ ਫੈਸਲੇ ਲਏ ਗਏ ਹਨ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਨੇ ਪੰਜਾਬ ਸਰਕਾਰ ਦੇ ਚਾਰ ਸਾਲਾਂ ਦਾ ਕਾਰਜਕਾਲ ਪੂਰਾ ਹੋਣ ਉਪਰੰਤ ਗੱਲਬਾਤ ਕਰਦਿਆਂ ਦੱਸਿਆ ਕਿ ਸੱਤਾ ਵਿੱਚ ਆਉਣ ਤੋਂ ਤੁਰੰਤ ਬਾਅਦ ਲੋਕਾਂ ਨੂੰ ਬਿਜਲੀ ਮੁਫਤ ਮੁਹੱਈਆ ਕਰਵਾਈ, ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਮਿਲਣ ਲੱਗੀ ਅਤੇ 78 ਫੀਸਦੀ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਿਆ।ਨੌਜਵਾਨਾਂ ਨੂੰ 65000 ਸਰਕਾਰੀ ਨੌਕਰੀਆਂ ਦਿੱਤੀਆਂ, ਉਥੇ ਰੋਜ਼ਗਾਰ ਦੇ 5.5 ਲੱਖ ਨਵੇਂ ਮੌਕੇ ਸਿਰਜੇ। ਹਸਪਤਾਲਾਂ ਨੂੰ ਮਜ਼ਬੂਤ ਬਣਾਇਆ, ਆਮ ਆਦਮੀ ਕਲੀਨਿਕ ਖੋਲ੍ਹੇ ਅਤੇ ਲੋਕਾਂ ਨੂੰ 10 ਲੱਖ ਰੁਪਏ ਤੱਕ ਮੁਫਤ ਇਲਾਜ ਦੇ ਰਹੇ ਹਾਂ, ਅਸੀਂ ਸਿਹਤਮੰਦ ਪੰਜਾਬ ਦਾ ਨਿਰਮਾਣ ਕਰ ਰਹੇ ਹਾਂ।ਉਨ੍ਹਾਂ ਕਿਹਾ ਕਿ ਔਰਤਾਂ ਨੂੰ 1000 ਰੁਪਏ ਦੇਣ ਦਾ ਵਾਅਦਾ ਪੁਗਾ ਕੇ ਵਿਖਾਇਆ ਹੈ।

ਲੋਕਾਂ ਦੇ ਸਾਥ ਨਾਲ ਅਸੀਂ 'ਯੁੱਧ ਨਸ਼ਿਆਂ ਵਿਰੁੱਧ' ਸ਼ੁਰੂ ਕੀਤਾ ਅਤੇ ਅੱਜ ਅਸੀਂ ਪੰਜਾਬ ਵਿੱਚੋਂ ਨਸ਼ਿਆਂ ਦੇ ਸਫਾਇਆ ਕਰਨ ਦੇ ਨੇੜ ਪਹੁੰਚ ਗਏ ਹਾਂ।ਉਨ੍ਹਾਂ ਕਿਹਾ ਕਿ ਨਿਵੇਸ਼ ਪੰਜਾਬ ਰਾਹੀਂ ਸੂਬੇ ਵਿੱਚ 1.55 ਲੱਖ ਕਰੋੜ ਰੁਪਏ ਦਾ ਨਿਵੇਸ਼ ਆਇਆ ਹੈ।

ਐੱਸ. ਐੱਸ. ਐੱਫ. ਨਾਲ ਸੜਕ ਹਾਦਸਿਆਂ ਵਿੱਚ ਮੌਤ ਦਰ 50.12 ਫੀਸਦੀ ਘਟੀ, 47000 ਲੋਕਾਂ ਦੀਆਂ ਜਾਨਾਂ ਬਚੀਆਂ ਹਨ।ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਨੂੰ ਕੁਰਸੀ ਦੀ ਚਿੰਤਾ, ਸਾਨੂੰ ਪੰਜਾਬ ਦਾ ਫਿਕਰ ਹੈ।

# ਮਜ਼ਦੂਰ ਮੁਕਤੀ ਮੋਰਚਾ ਪੰਜਾਬ ਜ਼ਿਲ੍ਹਾ ਅੰਮ੍ਰਿਤਸਰ ਦੀ 15 ਮੈਂਬਰੀ ਜ਼ਿਲਾ ਕਮੇਟੀ ਦੀ ਚੋਣ

## * ਮਜ਼ਦੂਰ ਜਮਾਤ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਲੰਮੇ ਸੰਘਰਸ਼ਾਂ ਲਈ ਤਿਆਰ ਰਹੇ: ਬਖਤਪੁਰਾ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਮਜ਼ਦੂਰ ਮੁਕਤੀ ਮੋਰਚਾ ਪੰਜਾਬ ਜ਼ਿਲਾ ਅੰਮ੍ਰਿਤਸਰ ਦਾ ਅਜਲਾਸ ਮੰਗਲ ਸਿੰਘ ਧਰਮਕੋਟ ਅਤੇ ਕੁਲਬੀਰ ਕੌਰ ਲੱਖੂਵਾਲ ਦੀ ਪ੍ਰਧਾਨਗੀ ਹੇਠ ਅਜਨਾਲਾ ਨਜਦੀਕ ਪਿੰਡ ਲੱਖੂਵਾਲ ਵਿਖੇ ਹੋਇਆ।ਇਸ ਸਮੇਂ ਸੰਬੋਧਨ ਕਰਦਿਆਂ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਪੰਜਾਬ ਦੇ ਸੂਬਾਈ ਸਕੱਤਰ ਗੁਰਮੀਤ ਸਿੰਘ ਬਖਤਪੁਰਾ ਨੇ ਮਜ਼ਦੂਰ ਜਮਾਤ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਹੱਕਾਂ ਖਾਤਰ ਇੱਕ ਮਜਬੂਤ ਧਿਰ ਬਣ ਕੇ ਬੇਈਮਾਨ ਹਾਕਮਾਂ ਦੀਆਂ ਗਲਤ ਨੀਤੀਆਂ ਦੇ ਖਿਲਾਫ ਲੰਮੇ ਸੰਘਰਸ਼ ਵਾਸਤੇ ਤਿਆਰ ਰਹੇ ਕਿਉਂਕਿ ਇਸ ਤੋਂ ਇਲਾਵਾ ਮਜ਼ਦੂਰ ਕੋਲ ਕੋਈ ਹੋਰ ਰਾਹ ਨਹੀਂ ਹੈ।ਕਾ: ਬਖਤਪੁਰਾ ਨੇ ਕਿਹਾ ਕਿ ਆਜ਼ਾਦੀ ਦੇ 78 ਵਰ੍ਹਿਆਂ ਤੋਂ ਵੱਧ ਦਾ ਸਮਾਂ ਬੀਤਣ ਤੋਂ ਬਾਅਦ ਵੀ ਮਜ਼ਦੂਰ ਜਮਾਤ ਦੀ ਹਾਲਤ ਵਿੱਚ ਕੋਈ ਸੁਧਾਰ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਸ਼ਹੀਦੇ ਆਜ਼ਮ ਭਗਤ ਸਿੰਘ ਅਤੇ ਉਨਾਂ ਦੇ ਸਾਥੀਆਂ, ਗਦਰੀ ਬਾਬਿਆਂ ਅਤੇ ਦੇਸ਼ ਭਗਤਾਂ ਦਾ ਮਿਸ਼ਨ ਸੀ ਕਿ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਖਤਮ ਕਰਕੇ ਹਰ ਇੱਕ ਨੂੰ ਬਰਾਬਰ ਦਾ ਅਧਿਕਾਰ ਮਿਲਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਹੁਣ ਗੋਰੇ ਅੰਗਰੇਜ਼ ਤਾਂ ਭਾਵੇਂ ਚਲੇ ਗਏ ਹਨ ਪਰ ਸਾਡੇ ਦੇਸ਼ ਦੀ ਰਾਜ ਸੱਤਾ ਤੇ ਉਹ ਲੋਕ ਕਾਬਜ਼ ਹੋ ਗਏ ਜਿਨਾਂ ਦਾ ਪਿਛੋਕੜ ਅੰਗਰੇਜ਼ਾਂ ਦੇ ਪਿੱਠੂਆਂ ਅਤੇ ਅੰਗਰੇਜ਼ਾਂ ਦੀ ਸੇਵਾ ਵਾਲਾ ਸੀ।ਇਨਾਂ ਹਾਕਮਾਂ ਨੇ ਮਜ਼ਦੂਰ ਜਮਾਤ ਨੂੰ ਹੁਣ ਤੱਕ ਸਿਰਫ ਆਪਣੇ ਵੋਟ ਬੈਂਕ ਵਜੋਂ ਹੀ ਇਸਤੇਮਾਲ ਕੀਤਾ ਹੈ।ਬਖਤਪੁਰਾ ਨੇ ਮਜ਼ਦੂਰ ਜਮਾਤ ਨੂੰ ਇਨਾਂ ਬੇਈਮਾਨ ਹਾਕਮਾਂ ਤੋਂ ਚੌਕਸ ਰਹਿਣ ਦਾ ਸੱਦਾ ਦਿੰਦਿਆਂ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਡਕਰ ਨੇ ਸਾਨੂੰ ਵੋਟ ਦਾ ਹੱਕ ਪ੍ਰਾਪਤ ਕਰਕੇ ਦਿੱਤਾ ਹੈ। ਇਸ ਦਾ ਸਹੀ ਇਸਤੇਮਾਲ ਕੀਤਾ ਜਾਵੇ।ਉਨ੍ਹਾਂ ਨੇ ਕਿਹਾ ਕਿ ਰਾਜ ਸੱਤਾ ਤੇ ਕਾਬਜ਼ ਲੋਕਾਂ ਵੱਲੋਂ ਕਾਣੀ ਵੰਡ ਅਤੇ ਮਜ਼ਦੂਰ ਵਿਰੋਧੀ ਨੀਤੀਆਂ ਅਪਣਾਈਆਂ ਜਾ ਰਹੀਆਂ ਹਨ, ਜਿਸ ਲਈ ਇਨਾਂ ਬੇਈਮਾਨ ਹਾਕਮਾਂ ਖਿਲਾਫ ਇੱਕ ਹੋਰ ਵੱਡੀ ਲੜਾਈ ਲੜਨ ਦੀ ਮਜ਼ਦੂਰ ਜਮਾਤ ਨੂੰ ਜ਼ਰੂਰਤ ਹੈ, ਇਸ ਲਈ ਲਾਲ ਝੰਡੇ ਥੱਲੇ ਲਾਮਬੰਦ ਹੋਣਾ ਚਾਹੀਦਾ ਹੈ।ਉਪਰੰਤ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਜ਼ਿਲ੍ਹਾ ਅੰਮ੍ਰਿਤਸਰ ਦੀ 15 ਮੈਂਬਰੀ ਜ਼ਿਲਾ ਕਮੇਟੀ ਚੁਣੀ ਗਈ, ਜਿਸ ਵਿੱਚ ਸਰਬਸੰਮਤੀ ਨਾਲ ਰਜੇਸ਼ ਹੰਸ ਲੱਖੂਵਾਲ ਨੂੰ ਪ੍ਰਧਾਨ, ਕਾਮਰੇਡ ਨਰਿੰਦਰ ਲਾਡੀ ਤੇੜਾ ਨੂੰ ਜਨਰਲ ਸਕੱਤਰ, ਨਿਰਮਲ ਸਿੰਘ ਛੱਜਲਵੱਡੀ ਨੂੰ ਸੀਨੀਅਰ ਮੀਤ ਪ੍ਰਧਾਨ, ਭੁਪਿੰਦਰ ਸਿੰਘ ਮੀਰਾਂਕੋਟ ਨੂੰ ਸਹਾਇਕ ਸਕੱਤਰ ਅਤੇ ਭੈਣ ਕੁਲਬੀਰ ਕੌਰ ਲੱਖੂਵਾਲ ਨੂੰ ਮੀਤ ਪ੍ਰਧਾਨ ਚੁਣਿਆ ਗਿਆ।

## ਕਪਿਸ਼ ਖੇਮਕਾ ਨੇ ਪ੍ਰਾਪਤ ਕੀਤੇ 95 ਫ਼ੀਸਦੀ ਅੰਕ



ਛੇਹਰਟਾ, (ਮਨੋਜ ਕੁਮਾਰ)- ਮੈਜਿਕ ਏਅਰ ਇੰਟਰਨੈਸ਼ਨਲ ਸਕੂਲ, ਕਸ਼ਮੀਰ ਐਵੀਨਿਊ ਨੇ ਚੌਥੀ ਜਮਾਤ ਦੇ ਨਤੀਜੇ ਦਾ ਐਲਾਨ ਕੀਤਾ। ਕਪਿਸ਼ ਖੇਮਕਾ ਨੇ ਚੌਥੀ ਜਮਾਤ ਵਿੱਚੋਂ 95 ਫ਼ੀਸਦੀ ਅੰਕ ਪ੍ਰਾਪਤ ਕੀਤੇ। ਮੈਜਿਕ ਏਅਰ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸੀਪਲ ਅਮਨ ਅਗਰਵਾਲ ਤੇ ਸਕੂਲ ਅਧਿਆਪਕਾ ਮੋਨਿਕਾ ਨੇ ਕਪਿਸ਼ ਖੇਮਕਾ ਤੇ ਉਸ ਦੇ ਪਰਿਵਾਰ ਨੂੰ ਵਧਾਈ ਦਿੱਤੀ। ਇਸ ਮੌਕੇ ਸਕੂਲ ਪ੍ਰਿੰਸੀਪਲ ਅਮਨ ਅਗਰਵਾਲ ਨੇ ਕਪਿਸ਼ ਖੇਮਕਾ ਨੂੰ ਸ਼ੀਲਡ ਤੇ ਸਰਟੀਫਿਕੇਟ ਭੇਟ ਕੀਤਾ ਅਤੇ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ। ਇਸ ਮੌਕੇ ਸਕੂਲ ਡਾਇਰੈਕਟਰ ਮੰਜੂ ਅਗਰਵਾਲ, ਐੱਮ. ਡੀ. ਸਾਹਿਲ ਅਗਰਵਾਲ, ਅਨੁਜ ਖੇਮਕਾ, ਉਦਿਤ ਖੇਮਕਾ ਤੇ ਸਿਧਾਂਤ ਅਗਰਵਾਲ ਵੀ ਮੌਜੂਦ ਸਨ।

## ਬਲਵਿੰਦਰ ਸਿੰਘ ਸੈਣੀ ਨਿਊ ਗੁਰਦਾਸਪੁਰ ਹਾਕੀ ਕਲੱਬ ਦੇ ਪ੍ਰਧਾਨ ਬਣੇ



ਗੁਰਦਾਸਪੁਰ (ਦਿਨੇਸ਼ ਕੁਮਾਰ)-ਨਿਊ ਗੁਰਦਾਸਪੁਰ ਹਾਕੀ ਕਲੱਬ (ਰਜਿ.) ਦੇ ਜਨਰਲ ਹਾਊਸ ਦੀ ਮੀਟਿੰਗ ਕਲੱਬ ਦੇ ਸਰਪ੍ਰਸਤ ਦਸ਼ਮਿੰਦਰ ਕੁਮਾਰ ਨੋਨੀ ਦੀ ਪ੍ਰਧਾਨਗੀ ਵਿਖੇ ਹੋਈ, ਜਿਸ ਵਿੱਚ ਕਲੱਬ ਦੇ ਚੇਅਰਮੈਨ ਬਲਵਿੰਦਰ ਸਿੰਘ ਸੈਣੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ।ਕਲੱਬ ਦੇ ਸਰਪ੍ਰਸਤ ਦਸ਼ਮਿੰਦਰ ਨੋਨੀ ਨੇ ਦੱਸਿਆ ਕਿ ਪ੍ਰਧਾਨਗੀ ਦੀ ਚੋਣ ਤੋਂ ਪਹਿਲਾਂ ਪੁਰਾਣੀ ਕਾਰਜਕਾਰਨੀ ਨੂੰ ਸਾਬਕਾ ਪ੍ਰਧਾਨ ਰਿਟਾਇਰਡ ਕੈਪਟਨ ਜੋਗਿੰਦਰ ਸਿੰਘ ਵੱਲੋਂ ਭੰਗ ਕੀਤਾ ਗਿਆ ।ਇਸ ਤੋਂ ਪਹਿਲਾਂ ਕਲੱਬ ਦੇ ਜਨਰਲ ਸਕੱਤਰ ਰਜੇਸ਼ ਰਾਜੂ ਵੱਲੋਂ ਕਲੱਬ ਦੀ ਸਾਲਾਨਾ ਰਿਪੋਰਟ ਪੜ੍ਹੀ ਗਈ ਅਤੇ ਕਲੱਬ ਨੂੰ ਪਿਛਲੇ ਸਾਲਾਂ ਵਿੱਚ ਸਹਿਯੋਗ ਕਰਨ ਵਾਲਿਆਂ ਸਹਿਯੋਗੀ ਸੱਜਣਾਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪਾਸ ਕੀਤਾ ਗਿਆ ।ਉਪਰੰਤ ਕਲੱਬ ਦੇ ਸਰਪ੍ਰਸਤ ਦਸ਼ਮਿੰਦਰ ਨੋਨੀ ਵੱਲੋਂ ਨਵੇਂ ਪ੍ਰਧਾਨ ਦੀ ਚੋਣ ਲਈ ਪ੍ਰਕਿਰਿਆ ਸ਼ੁਰੂ ਕੀਤੀ ਗਈ,ਜਿਸ ਵਿੱਚ ਪ੍ਰਧਾਨਗੀ ਲਈ ਸ. ਗੁਰਪ੍ਰੀਤ ਸਿੰਘ ਦੁਆਰਾ ਸ. ਬਲਵਿੰਦਰ ਸਿੰਘ ਸੈਣੀ ਦਾ ਨਾਂਅ ਪੇਸ਼ ਕੀਤਾ ਗਿਆ, ਜਿਸ ਨੂੰ ਸਰਬਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ। ਇਸ ਜਨਰਲ ਹਾਊਸ ਵੱਲੋਂ ਪ੍ਰਧਾਨ ਨੂੰ ਅਧਿਕਾਰ ਦਿੱਤੇ ਗਏ ਕਿ ਉਹ ਆਪਣੀ ਨਵੀਂ ਕਾਰਜਕਾਰਨੀ ਆਪਸੀ ਵਿਚਾਰ ਵਟਾਂਦਰੇ ਉਪਰੰਤ ਚੁਣ ਲੈਣ ਤਾਂ ਜੋ ਕਲੱਬ ਦੀਆਂ ਗਤੀਵਿਧੀਆਂ ਨਿਰੰਤਰ ਜਾਰੀ ਰੱਖੀਆਂ ਜਾ ਸਕਣ ।ਇਸ ਮੌਕੇ ਨਵੇਂ ਪ੍ਰਧਾਨ ਬਲਵਿੰਦਰ ਸਿੰਘ ਸੈਣੀ ਨੇ ਵਿਸ਼ਵਾਸ ਦਿਵਾਇਆ ਕਿ ਕਲੱਬ ਅਤੇ ਖਿਡਾਰੀਆਂ ਦੀ ਭਲਾਈ ਲਈ ਟੀਮ ਭਾਵਨਾ ਨਾਲ ਸਿਰਤੋੜ ਮਿਹਨਤ ਕੀਤੀ ਜਾਵੇਗੀ ।ਇਸ ਮੌਕੇ ਪ੍ਰੋ. ਬਲਜੀਤ ਸਿੰਘ, ਦਰਬਾਰਾ ਸਿੰਘ, ਗੁਰਪ੍ਰੀਤ ਸਿੰਘ, ਜਸਬੀਰ ਸਿੰਘ, ਰਜਿੰਦਰ ਸਿੰਘ, ਜਸਵਿੰਦਰ ਸਿੰਘ ਪਾਹੜਾ, ਨਰੇਸ਼ ਸ਼ਰਮਾ, ਗੋਪਾਲ ਸਿੰਘ ਸਭਰਵਾਲ, ਵਿਸ਼ਾਲ ਸਿੰਘ, ਰਕੇਸ਼ ਕੁਮਾਰ (ਸਾਬਕਾ ਸਰਪੰਚ), ਰਜਿੰਦਰ ਪੱਪੂ, ਸੁਰਿੰਦਰ ਸਿੰਘ, ਬਾਪੂ ਗੁਰਮੇਜ ਸਿੰਘ, ਦਲਜਿੰਦਰ ਸਿੰਘ, ਜਸ਼ਨਦੀਪ ਸਿੰਘ, ਹਰਜੋਤ ਸਿੰਘ, ਰਨਦੀਪ ਚੌਧਰੀ, ਗੁਰਚਰਨ ਸਿੰਘ ਅਤੇ ਰਾਜੇਸ਼ ਰਾਜੂ ਆਦਿ ਹਾਜ਼ਰ ਸਨ।

## ਅਰੋੜਾ ਪਰਿਵਾਰ ਨੇ ਕਰਵਾਇਆ ਜਗਰਾਤਾ



ਛੇਹਰਟਾ, (ਮਨੋਜ ਕੁਮਾਰ)-ਸਚਿਨ ਅਰੋੜਾ ਪਰਿਵਾਰ ਨੇ ਸ਼ਕਤੀ ਨਗਰ ਵਿਚ ਮਹਾਮਾਈ ਵੈਸ਼ਨੋ ਦੇਵੀ ਦਾ ਪਹਿਲਾ ਸਾਲਾਨਾ ਜਗਰਾਤਾ ਕਰਵਾਇਆ। ਜਗਰਾਤੇ ਵਿਚ ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੇ ਹਾਜ਼ਰੀ ਭਰੀ ਅਤੇ ਮਾਤਾ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਪ੍ਰਸਿੱਧ ਭਜਨ ਮੰਡਲੀਆਂ ਨੇ ਮਹਾਮਾਈ ਦਾ ਗੁਣਗਾਨ ਕੀਤਾ। ਭੰਡਾਰਾ ਸਾਰੀ ਰਾਤ ਚੱਲਦਾ ਰਿਹਾ। ਇਸ ਮੌਕੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ, ਡਾ. ਰਾਕੇਸ਼ ਸ਼ਰਮਾ, ਮਹੰਤ ਰਾਮੇਸ਼ਾਨੰਦ ਸਰਸਵਤੀ, ਅਸ਼ਵਨੀ ਜੋਸ਼ੀ, ਆਸ਼ੀਸ਼ ਖੇਮਕਾ, ਕਪਿਸ਼ ਖੇਮਕਾ, ਸਿਧਾਰਥ ਅਗਰਵਾਲ ਅਤੇ ਅਮਨ ਜੋਸ਼ੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਚਿਨ ਅਰੋੜਾ ਨੇ ਸਾਰੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ।

## ਕਿਸਾਨ ਜਲਦ ਤੋਂ ਜਲਦ ਆਪਣੀ ਫਾਰਮਰ ਆਈ ਡੀ ਬਣਵਾਉਣ: ਡਾ. ਚੀਮਾ



ਧਾਰੀਵਾਲ, (ਮਨਦੀਪ ਵਿੱਕੀ)-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਜ਼ਿਲ੍ਹਾ ਗੁਰਦਾਸਪੁਰ ਦੇ ਬਲਾਕ ਧਾਰੀਵਾਲ ਵੱਲੋਂ ਦਫਤਰ ਬਲਾਕ ਖੇਤੀਬਾੜੀ ਅਫਸਰ ਧਾਰੀਵਾਲ ਵਿਖੇ ਇੱਕ ਪ੍ਰਭਾਵਸ਼ਾਲੀ ਬਲਾਕ ਪੱਧਰ ਦਾ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ।ਇਹ ਕੈਂਪ ਖੇਤੀਬਾੜੀ ਵਿਕਾਸ ਅਫਸਰ ਡਾ. ਜਤਿੰਦਰ ਸਿੰਘ ਦੀ ਦੇਖ ਰੇਖ ਹੇਠ ਅਤੇ ਅਰਜਿੰਦਰ ਸਿੰਘ ਸੰਧੂ ਖੇਤੀਬਾੜੀ ਵਿਸਥਾਰ ਅਫਸਰ ਦੇ ਯਤਨਾ ਸਦਕਾ ਲਗਾਇਆ ਗਿਆ। ਇਸ ਕੈਂਪ ਦੀ ਪ੍ਰਧਾਨਗੀ ਡਿਪਟੀ ਡਾਇਰੈਕਟਰ ਖੇਤੀਬਾੜੀ ਡਾ. ਸ਼ਾਹਬਾਜ ਸਿੰਘ ਚੀਮਾ ਵੱਲੋਂ ਕੀਤੀ ਗਈ। ਡਾ. ਚੀਮਾ ਵੱਲੋਂ ਕਿਸਾਨਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਗਿਆ ਕਿ ਐਗਰੀ ਸਟੈਕ ਫਾਰਮਰ ਰਜਿਸਟਰੀ ਤਹਿਤ ਕਿਸਾਨ ਆਈਡੀ ਤਿਆਰ ਕਰਨ ਦੀ ਪ੍ਰਕਿਰਿਆ ਇਸ ਸਮੇਂ ਜ਼ਿਲ੍ਹਾ ਵਿੱਚ ਚੱਲ ਰਹੀ ਹੈ।ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਸਮੇਂ ਸਮੇਂ ਤੇ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਜਿਵੇਂ ਕਿ ਪ੍ਰਧਾਨ ਮੰਤਰੀ ਸਮਾਨ ਨਿਧੀ (ਪੀ ਐਮ-ਕਿਸਾਨ) ਆਦਿ ਲੈਣ ਲਈ ਲਾਜਮੀ ਹੋਵੇਗਾ ਕਿ ਕਿਸਾਨ ਆਪਣੇ ਆਪ ਨੂੰ ਕਾਮਨ ਸਰਵਿਸ ਸੈਂਟਰਾਂ ਰਾਹੀਂ ਪੋਰਟਲ ਤੇ ਰਜਿਸਟਰ ਕਰਵਾ ਕੇ ਆਪਣੀ ਆਈਡੀ ਬਣਵਾ ਲੈਣ ਤਾਂ ਜੋ ਕਿ ਭਵਿੱਖ ਵਿੱਚ ਕਿਸੇ ਵੀ ਸਰਕਾਰੀ ਯੋਜਨਾ ਦਾ ਲਾਭ ਲੈਣ ਤੋਂ ਵਾਂਝੇ ਨਾ ਰਹਿਣ।ਡਾ. ਚੀਮਾ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਫਸਲਾਂ ਦੀ ਰਹਿੰਦ ਖੂੰਦ ਨੂੰ ਅੱਗ ਨਾ ਲਾਈ ਜਾਵੇ ਤਾਂ ਜੋ ਕਿ ਵਾਤਾਵਰਨ ਨੂੰ ਪ੍ਰਦੂਸ਼ਿਤ ਹੋਣ ਤੋਂ ਰੋਕਿਆ ਜਾ ਸਕੇ ਤੇ ਸੜਕਾਂ ਦੇ ਨਾਲ ਲੱਗੇ ਹੋਏ ਦਰਖਤਾਂ ਨੂੰ ਅਤੇ ਖੇਤ ਵਿੱਚ ਮਿੱਤਰ ਕੀੜਿਆਂ ਨੂੰ ਬਚਾਇਆ ਜਾ ਸਕੇ।ਡਾ. ਚੀਮਾ ਨੇ ਕਿਸਾਨਾਂ ਨੂੰ ਕਿਹਾ ਕਿ ਆਪਣੇ ਰਵਾਇਤੀ ਖੇਤੀ ਦੇ ਢੰਗਾਂ ਦੇ ਨਾਲ ਨਾਲ ਸਮੇਂ ਦੇ ਹਾਣੀ ਬਣਦੇ ਹੋਏ ਖੇਤੀਬਾੜੀ ਵਿੱਚ ਨਵੀਨਤਮ ਮਸ਼ੀਨੀਕਰਨ ਦੀ ਵਰਤੋਂ ਕਰਕੇ ਖੇਤ ਮਜ਼ਦੂਰਾਂ ਦੀ ਆਈ ਘਾਟ ਦੀ ਸਮੱਸਿਆ ਨੂੰ ਨਜਿੱਠਿਆ ਜਾਵੇ।ਡਾ. ਜਤਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ ਧਾਰੀਵਾਲ ਨੇ ਕਿਸਾਨਾਂ ਨੂੰ ਖਾਦਾਂ ਦੀ ਸੁਚੱਜੀ ਵਰਤੋਂ ਅਤੇ ਮਿੱਟੀ ਪਰਖ ਕਰਵਾਉਣ ਦੇ ਨੁਕਤੇ ਸਾਂਝੇ ਕੀਤੇ।ਡਾ. ਸੰਦੀਪ ਸਿੰਘ ਢਿੱਲੋਂ ਖੇਤੀਬਾੜੀ ਅਫਸਰ (ਸਿਖਲਾਈ) ਵੱਲੋਂ ਖੇਤੀ ਵਿਭਿੰਨਤਾ ਲਿਆਉਣ ਲਈ ਦਾਲਾਂ ਦੀ ਸੁਚੱਜੀ ਕਾਸ਼ਤ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਡਾ. ਦਿਲਰਾਜ ਸਿੰਘ ਖੇਤੀਬਾੜੀ ਵਿਕਾਸ ਅਫਸਰ (ਸਿਖਲਾਈ) ਵੱਲੋਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ (ਪੀਐੱਮ-ਕਿਸਾਨ) ਲੈਣ ਲਈ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਕਿਸਾਨਾਂ ਨਾਲ ਸਾਂਝੀ ਕੀਤੀ। ਅਰਜਿੰਦਰ ਸਿੰਘ ਸੰਧੂ ਖੇਤੀਬਾੜੀ ਵਿਸਥਾਰ ਅਫਸਰ ਵੱਲੋਂ ਕਿਸਾਨਾਂ ਨੂੰ ਘਰੇਲੂ ਬਗੀਚੀ ਬਾਰੇ ਜਾਣਕਾਰੀ ਦਿੱਤੀ ਗਈ ਤੇ ਆਈ ਖੇਤੀਬਾੜੀ ਮਾਹਿਰਾਂ ਦੀ ਟੀਮ ਦਾ ਅਤੇ ਕਿਸਾਨਾਂ ਦਾ ਕੈਂਪ ਵਿੱਚ ਪਹੁੰਚਣ ਤੇ ਧੰਨਵਾਦ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਬ ਇੰਸਪੈਕਟਰ ਵਿਕਰਮ ਦਿਆਲ ਸਿੰਘ ਪਵਨਦੀਪ ਕੌਰ ਕਮਲਪ੍ਰੀਤ ਸਿੰਘ ਆਕਾਸ਼ਦੀਪ ਸਿੰਘ ਬੀਟੀਐਮ ਦਿਲਬਾਗ ਸਿੰਘ ਏਟੀਐਮ ਸਤਨਾਮ ਸਿੰਘ ਯੁਵਰਾਜ ਸਿੰਘ ਕਿਸਾਨ ਸੁਖਵਿੰਦਰ ਸਿੰਘ ਮੂਲਿਆਂਵਾਲ ਬਲਜੀਤ ਸਿੰਘ ਥੇ ਤਿੱਖਾ ਸਮਸ਼ੇਰ ਸਿੰਘ ਸੁਚੇਤਗੜ੍ਹ ਆਦਿ ਹਾਜ਼ਰ ਸਨ।

# ਰਿਆੜਕੀ ਪਬਲਿਕ ਸਕੂਲ ਦੇ ਵਿਦਿਆਰਥੀ ਸਾਇੰਸ ਓਲੰਪੀਆਡ 'ਚ ਛਾਏ



ਧਾਰੀਵਾਲ, (ਮਨਦੀਪ ਵਿੱਕੀ)-ਆਰਪੀਐੱਸ ਵਜੋਂ ਜਾਣੇ ਜਾਂਦੇ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਨੇ ਸਾਇੰਸ ਓਲੰਪੀਆਡ ਫਾਊਂਡੇਸ਼ਨ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇੱਕ ਨਵਾਂ ਮਿਆਰ ਸਥਾਪਿਤ ਕੀਤਾ ਹੈ। ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਆਪਣੇ ਉੱਤਮ ਨਤੀਜਿਆਂ ਨਾਲ ਨਾ ਸਿਰਫ਼ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ, ਸਗੋਂ ਪੂਰੇ ਖੇਤਰ ਵਿੱਚ ਅਕਾਦਮਿਕ ਉਤਕ੍ਰਿਸ਼ਟਤਾ ਦਾ ਸਪੱਸ਼ਟ ਸੰਦੇਸ਼ ਦਿੱਤਾ ਹੈ।ਇਸ ਮਹਾਨ ਸਫਲਤਾ ਨੂੰ ਮਨਾਉਣ ਲਈ ਸਕੂਲ ਆਡੋਰੀਅਮ ਵਿੱਚ ਇੱਕ ਸ਼ਾਨਦਾਰ ਅਤੇ ਪ੍ਰਭਾਵਸ਼ਾਲੀ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਗੌਰਵ ਅਤੇ ਪ੍ਰੇਰਨਾ ਦਾ ਵਿਲੱਖਣ ਮਾਹੌਲ ਦੇਖਣ ਨੂੰ ਮਿਲਿਆ। ਇਸ ਮੌਕੇ ਕੁੱਲ 39 ਵਿਦਿਆਰਥੀਆਂ ਨੂੰ ਸਾਇੰਸ, ਅੰਗਰੇਜ਼ੀ, ਕਾਮਰਸ ਅਤੇ ਆਮ ਗਿਆਨ ਵਿਸ਼ਿਆਂ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਲਈ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਸਾਇੰਸ ਵਿੱਚ ਮਨਸੀਰਤ ਕੌਰ ਜਮਾਤ ਪੰਜਵੀਂ, ਗੁਰਸੀਰਤ ਕੌਰ ਜਮਾਤ ਪੰਜਵੀਂ, ਅਨੁਰੀਤ ਕੌਰ ਜਮਾਤ ਪੰਜਵੀਂ, ਪੀਹੂ ਕੌਰ ਰਿਆੜ ਜਮਾਤ ਸੱਤਵੀਂ, ਮਨਮੀਤ ਕੌਰ ਜਮਾਤ ਸੱਤਵੀਂ, ਹਰਮਹਿਰਾਬ ਕੌਰ ਜਮਾਤ ਸੱਤਵੀਂ, ਨਿਸ਼ਾਨਦੀਪ ਸਿੰਘ ਜਮਾਤ ਨੌਵੀਂ, ਆਯੂਸ਼ ਸ਼ਰਮਾ ਜਮਾਤ ਨੌਵੀਂ, ਮਨਰੀਤ ਕੌਰ ਜਮਾਤ ਨੌਵੀਂ, ਅਨਾਹਦ ਸਿੰਘ ਜਮਾਤ ਨੌਵੀਂ, ਜਸਮੀਤ ਸਿੰਘ ਜਮਾਤ ਗਿਆਰਵੀਂ, ਅਸ਼ਮੀਤ ਕੌਰ ਜਮਾਤ ਗਿਆਰਵੀਂ ਅਤੇ ਜੀਵਨਪ੍ਰੀਤ ਕੌਰ ਜਮਾਤ ਗਿਆਰਵੀਂ ਨੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਜਨਰਲ ਨੌਲਿਜ ਵਿੱਚ ਗੁਰਸੀਰਤ ਕੌਰ ਜਮਾਤ ਸੱਤਵੀਂ, ਨਵਨੀਤ ਕੌਰ ਜਮਾਤ ਸੱਤਵੀਂ, ਕਨਿਕਾ ਠਾਕੁਰ ਜਮਾਤ ਸੱਤਵੀਂ, ਪਰਮਪ੍ਰੀਤ ਸਿੰਘ ਜਮਾਤ ਅੱਠਵੀਂ, ਕੋਮਲਪ੍ਰੀਤ ਕੌਰ ਜਮਾਤ ਅੱਠਵੀਂ, ਮੰਨਤਮੀਤ ਕੌਰ ਜਮਾਤ ਅੱਠਵੀਂ, ਹਰਸਿਮਰਨ ਕੌਰ ਜਮਾਤ ਅੱਠਵੀਂ, ਮੁਸਕਾਨਪ੍ਰੀਤ ਕੌਰ ਜਮਾਤ ਅੱਠਵੀਂ, ਪਵਨਜੋਤ ਕੌਰ ਜਮਾਤ ਅੱਠਵੀਂ, ਪ੍ਰਨੀਤ ਕੌਰ ਜਮਾਤ ਅੱਠਵੀਂ, ਰਵਨੀਤ ਕੌਰ ਜਮਾਤ ਅੱਠਵੀਂ, ਗੁਰਪ੍ਰਤਾਪ ਸਿੰਘ ਜਮਾਤ ਅੱਠਵੀਂ, ਮਹਿਕਪ੍ਰੀਤ ਕੌਰ ਜਮਾਤ ਨੌਵੀਂ, ਅਮਨਦੀਪ ਕੌਰ ਜਮਾਤ ਨੌਵੀਂ, ਗੁਰਅਸ਼ੀਸ਼ ਕੌਰ ਜਮਾਤ ਨੌਵੀਂ ਅਤੇ ਜੈਸਮੀਨ ਕੌਰ ਜਮਾਤ ਨੌਵੀਂ ਨੇ ਕਾਮਯਾਬੀ ਹਾਸਲ ਕੀਤੀ।ਅੰਗਰੇਜ਼ੀ ਵਿਸ਼ੇ ਵਿੱਚ ਗੁਰਲੀਨ ਕੌਰ ਜਮਾਤ ਦਸਵੀਂ ਨੇ ਆਪਣੀ ਵਿਲੱਖਣ ਯੋਗਤਾ ਦਿਖਾਈ।ਕਾਮਰਸ ਵਿੱਚ ਹਰਲੀਨ ਕੌਰ ਜਮਾਤ ਗਿਆਰਵੀਂ, ਹਰਸਿਮਰਨਜੀਤ ਕੌਰ ਜਮਾਤ ਗਿਆਰਵੀਂ, ਗੁਰਸਹਿਜਦੀਪ ਕੌਰ ਜਮਾਤ ਗਿਆਰਵੀਂ, ਸਹਿਨਾਜਪ੍ਰੀਤ ਕੌਰ ਜਮਾਤ ਗਿਆਰਵੀਂ, ਜਸਮੀਤ ਕੌਰ ਜਮਾਤ ਗਿਆਰਵੀਂ, ਜਸਨੂਰ ਕੌਰ ਜਮਾਤ ਗਿਆਰਵੀਂ, ਸੁਖਮੀਤ ਕੌਰ ਜਮਾਤ ਗਿਆਰਵੀਂ, ਜਸ਼ਨਦੀਪ ਕੌਰ ਜਮਾਤ ਗਿਆਰਵੀਂ ਅਤੇ ਜਸਪਾਲ ਸਿੰਘ ਜਮਾਤ ਗਿਆਰਵੀਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਪ੍ਰਿੰ. ਇੰਦਰਜੀਤ ਕੌਰ, ਕੋਆਰਡੀਨੇਟਰ ਹਰਕਿੰਦਰਬੀਰ ਸਿੰਘ ਅਤੇ ਸੁਖਦੀਪ ਕੌਰ ਸਮੇਤ ਸਮੂਹ ਅਧਿਆਪਕ ਮੌਜੂਦ ਸਨ, ਜਿਨ੍ਹਾਂ ਦੀ ਲਗਾਤਾਰ ਮਿਹਨਤ ਅਤੇ ਸਮਰਪਣ ਨਾਲ ਇਹ ਸਫਲਤਾ ਸੰਭਵ ਹੋਈ ਹੈ।

# ਸਾਰਾਗੜ੍ਹੀ ਸਰਾਂ ਦੀ ਕੰਟੀਨ ਲੈਣ ਲਈ ਸ਼੍ਰੋਮਣੀ ਕਮੇਟੀ ਨੂੰ ਦੋ ਫਰਮਾਂ ਨੇ ਦਿੱਤਾ ਪੱਤਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਬੀਤੇ ਲੰਮੇ ਸਮੇਂ ਤੋਂ ਸਿੱਖਾਂ ਦੀ ਪਾਰਲੀਮੈਂਟ ਮੰਨੀ ਜਾਂਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲਦੀ ਸਾਰਾਗੜ੍ਹੀ ਸਰਾਂ ਦੀ ਕੰਟੀਨ ਨੂੰ ਚਲਾ ਰਹੀ ਫਰਮ ਦੇ ਕਿਰਾਏ ਵਿਚ ਲੱਖਾਂ ਦੇ ਬਕਾਏ ਦੇ ਚਲਦੇ ਅਤੇ ਲੀਜ਼ ਡੀਡ ਪੈਂਡਿੰਗ ਹੋਣ ਦੇ ਚਲਦੇ ਸ਼ੋਸ਼ਲ ਮੀਡੀਆ ਅਤੇ ਖਬਰਾਂ ਵਿਚ ਮਾਮਲਾ ਆਉਣ ਉਪਰੰਤ ਅੰਮ੍ਰਿਤਸਰ ਦੀ ਦੋ ਨਾਮੀ ਫਰਮਾਂ ਭਗਵਤੀ ਐਗਰੋ ਅਤੇ ਮਿਲਕ ਪ੍ਰੋਡੈਕਟਸ ਅਤੇ ਗ੍ਰੀਨ ਚਿੱਲੀ ਹੌਸਪੀਟੈਲਿਟੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਲਿਖਤੀ ਪੱਤਰ ਰਾਹੀਂ ਸਾਰਾਗੜ੍ਹੀ ਸਰਾਂ ਦੀ ਕੰਟੀਨ ਲੈਣ ਸਬੰਧੀ ਮੰਗ ਪੱਤਰ ਦਿੱਤਾ ਹੈ ਜਿਸ ਸੰਬਧੀ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਵੱਲੋਂ ਪੱਤਰ ਰਸੀਵ ਕਰ ਅਮਲ ਕਰਨ ਦਾ ਭਰੋਸਾ ਦਿੱਤਾ ਹੈ ਜਿਸ ਸੰਬਧੀ ਭਗਵਤੀ ਐਗਰੋ ਅਤੇ ਮਿਲਕ ਪ੍ਰੋਡਕਟਸ ਦੇ ਏਰੀਆ ਮੈਨੇਜਰ ਅਜੈ ਸ਼ਰਮਾ ਅਤੇ ਗ੍ਰੀਨ ਚਿੱਲੀ ਹੋਸਪਟੈਲਿਟੀ ਦੇ ਮੈਨੇਜਰ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਸਾਨੂੰ ਸੋਸ਼ਲ ਮੀਡੀਆ ਤੇ ਵਾਇਰਲ ਨਿਊਜ਼ ਅਤੇ ਅਖਬਾਰ ਵਿਚ ਲੱਗੀਆਂ ਖਬਰਾਂ ਤੋਂ ਪਤਾ ਲੱਗਿਆ ਸੀ ਕਿ ਸਾਰਾਗੜ੍ਹੀ ਸਰਾਂ ਵਿਚ ਕੰਟੀਨ ਚਲਾਉਣ ਵਾਲੀ ਫਰਮ ਦਾ ਲੱਖਾਂ ਰੁਪਏ ਕਿਰਾਇਆ ਬਕਾਇਆ ਹੈ ਅਤੇ ਲੀਜ਼ ਡੀਡ ਵੀ ਪੈਂਡਿੰਗ ਚੱਲ ਰਹੀ ਹੈ ਅਤੇ ਦੇਸ਼ਾਂ-ਵਿਦੇਸ਼ਾਂ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਵਾਧੂ ਰੇਟ ਵਿਚ ਖਾਣਾ ਮੁਹੱਈਆ ਕਰਵਾਇਆ ਜਾ ਰਿਹਾ ਹੈ।ਜਿਸਦੇ ਚਲਦੇ ਅਸੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫਤਰ ਵਿਚ ਮੈਨੇਜਰ ਰਜਿੰਦਰ ਸਿੰਘ ਰੂਬੀ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦੇ ਨਿੱਜੀ ਸਹਾਇਕ ਦੇ ਦਫਤਰ ਵਿਚ ਆਪਣੀ ਫਰਮ ਵੱਲੋਂ ਪੱਤਰ ਦਿੰਦਿਆਂ ਬੇਨਤੀ ਕੀਤੀ ਹੈ ਕਿ ਜੇਕਰ ਸ਼੍ਰੋਮਣੀ ਕਮੇਟੀ ਸਾਰਾਗੜ੍ਹੀ ਸਰਾਂ ਦੀ ਖੁੱਲ੍ਹੀ ਬੋਲੀ ਕਰਵਾਉਣੀ ਹੈ ਤਾਂ ਅਸੀਂ ਪਿਛਲੇ ਕਿਰਾਏ ਨਾਲੋਂ 20 ਤੋਂ 25 ਪ੍ਰਤੀਸ਼ਤ ਵਾਧੇ ਨਾਲ ਸਾਰਾਗੜ੍ਹੀ ਕੰਟੀਨ ਲੈਣ ਨੂੰ ਤਿਆਰ ਹਾਂ ਅਤੇ ਅਸੀਂ ਇਹ ਭਰੋਸਾ ਵੀ ਦਿੰਦੇ ਹਾਂ ਕਿ ਅਸੀਂ ਸਾਰਾਗੜ੍ਹੀ ਸਰਾਂ ਵਿਚ ਆਉਣ ਵਾਲੀ ਸੰਗਤਾਂ ਨੂੰ ਵਾਜਿਬ ਰੇਟਾਂ 'ਤੇ ਹਾਈਜੀਨਿਕ ਖਾਣਾ ਮੁਹੱਈਆ ਕਰਵਾ ਕੇ ਇਹ ਸੇਵਾ ਨਿਭਾਵਾਂਗੇ ਅਤੇ ਸਮੇਂ ਸਿਰ ਬਣਦਾ ਕਿਰਾਇਆ ਵੀ ਜਮ੍ਹਾਂ ਕਰਵਾਵਾਂਗੇ। ਕਿਰਪਾ ਸਾਡੀ ਚਿੱਠੀ 'ਤੇ ਵੀ ਗੌਰ ਕਰਕੇ ਸਾਨੂੰ ਸੇਵਾ ਦਾ ਮੌਕਾ ਦਿੱਤਾ ਜਾਵੇ।ਕੁਝ ਸੂਤਰਾਂ ਤੋਂ ਇਹ ਵੀ ਜਾਣਕਾਰੀ ਮਿਲੀ ਕਿ ਇਸ ਸਰਾਂ ਦੀ ਕੰਟੀਨ ਵਿੱਚ ਇੱਕ ਮੈਂਬਰ ਦਾ ਵੀ ਬਰਾਬਰ ਦਾ ਹਿੱਸਾ ਹੈ ਜਿਸ ਕਰਕੇ ਕੋਈ ਕਾਰਵਾਈ ਹੋਣ ਦੀ ਸੰਭਾਵਨਾ ਨਹੀਂ ਹੈ।

## ਅਮਰੀਕਾ ਈਰਾਨ ਨੂੰ ਜੰਗ ਦਾ ਅੱਡਾ ਬਣਾ ਕੇ ਆਪਣੀ ਧੌਂਸ ਜਮਾਉਣਾ ਚਾਹੁੰਦਾ : ਜਾਮਾਰਾਏ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਜ਼ਿਲ੍ਹਾ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਦਫਤਰ ਤਰਨ ਤਾਰਨ ਵਿਖੇ ਪਾਰਟੀ ਦੇ ਪ੍ਰਧਾਨ ਚਮਨ ਲਾਲ ਦਰਾਜਕੇ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਪਾਰਟੀ ਦੀ ਸੂਬਾਈ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਨੇ ਸੰਬੋਧਨ ਕਰਦੇ ਹੋਏ ਦੇਸ਼ ਦੀ ਰਾਜਨੀਤਿਕ ਅਵਸਥਾ 'ਤੇ ਵਿਚਾਰ ਚਰਚਾ ਕੀਤੀ।ਜਾਮਾਰਾਏ ਨੇ ਕਿਹਾ ਕਿ ਸਾਮਰਾਜੀ ਦੇਸ਼ ਅਮਰੀਕਾ ਈਰਾਨ ਨੂੰ ਜੰਗ ਦਾ ਅੱਡਾ ਬਣਾ ਕੇ ਧੌਂਸ ਜਮਾਉਣਾ ਚਾਹੁੰਦਾ ਹੈ ਅਤੇ ਦੇਸ਼ ਦੇ ਕੁਦਰਤੀ ਸਰੋਤ ਈਰਾਨ ਦੇ ਤੇਲ ਭੰਡਾਰਾਂ 'ਤੇ ਕਬਜ਼ਾ ਕਰਨ ਲਈ ਪੂਰਾ ਤਾਣ ਲਾ ਰਿਹਾ ਹੈ ਜਿਸ ਵਿਰੁੱਧ ਈਰਾਨ ਅਤੇ ਹੋਰ ਮੁਲਕ ਅਮਰੀਕਾ ਦੀ ਧੌਂਸ ਦਾ ਡਟਵਾਂ ਵਿਰੋਧ ਕਰ ਰਹੇ ਹਨ।ਜਾਮਾਰਾਏ ਨੇ ਕਿਹਾ ਕਿ ਦੇਸ਼ ਦੀ ਮੋਦੀ ਸਰਕਾਰ ਅਮਰੀਕਾ ਅੱਗੇ ਗੋਡੇ ਟੇਕ ਰਹੀ ਅਤੇ ਆਪਣਾ ਫੈਸਲਾ ਲੈਣ 'ਚ ਅਸਮਰਥ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਾਮਰਾਜੀ ਵਿਰੋਧੀ ਦਿਵਸ ਵਜੋਂ ਮਾਝਾ ਜ਼ੋਨ ਦੀ ਰੈਲੀ 29 ਮਾਰਚ ਨੂੰ ਜੰਡਿਆਲਾ ਗੁਰੂ 'ਚ ਕੀਤੀ ਜਾਵੇਗੀ।ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲਾ ਨੇ ਦੱਸਿਆ ਕਿ 29 ਮਾਰਚ ਨੂੰ ਜੰਡਿਆਲਾ ਗੁਰੂ 'ਚ ਹੋਣ ਵਾਲੀ ਰੈਲੀ 'ਚ ਸੈਂਕੜੇ ਪਾਰਟੀ ਵਰਕਰ, ਹਮਦਰਦ ਅਤੇ ਔਰਤਾਂ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨਗੇ।ਉਨ੍ਹਾਂ ਦੱਸਿਆ ਕਿ ਰੈਲੀ ਦੀਆਂ ਤਿਆਰੀਆਂ ਸਬੰਧੀ ਜ਼ਿਲੇ 'ਚ ਹੇਠਲੇ ਪੱਧਰ ਤੱਕ ਮੀਟਿੰਗਾਂ ਕੀਤੀਆਂ ਜਾਣਗੀਆਂ।ਇਸ ਮੌਕੇ ਮਨਜੀਤ ਸਿੰਘ ਬੱਗੂ, ਰੇਸ਼ਮ ਸਿੰਘ ਫੈਲੋਕੇ, ਜਸਬੀਰ ਸਿੰਘ ਵੈਰੋਵਾਲ, ਹਰਭਜਨ ਸਿੰਘ ਪੱਟੀ, ਧਰਮ ਸਿੰਘ ਪੱਟੀ, ਸੁਲੱਖਣ ਤੁੜ ਆਦਿ ਹਾਜ਼ਰ ਸਨ।

## ਮਾਧਵ ਵਿੱਦਿਆ ਨਿਕੇਤਨ ਵਿਖੇ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਲੱਗੀ ਵਰਕਸ਼ਾਪ

**ਅੰਮ੍ਰਿਤਸਰ, (ਜਗਦੀਸ਼ ਕਮਲੇਸ਼)**-ਮਾਧਵ ਵਿਦਿਆ ਨਿਕੇਤਨ ਸੀ. ਐੱਸ. ਏ. ਸਕੂਲ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ।ਇਸ ਮੌਕੇ ਅੰਮ੍ਰਿਤਸਰ ਗਰੁੱਪ ਆਫ਼ ਕਾਲਜਿਜ਼ ਦੇ ਅਮਨਦੀਪ ਸਿੰਘ ਵਿਸ਼ੇਸ਼ ਬੁਲਾਰੇ ਵਜੋਂ ਮੌਜੂਦ ਸਨ।ਉਨ੍ਹਾਂ ਦੱਸਿਆ ਕਿ ਭਵਿੱਖ ਨੂੰ ਆਕਾਰ ਦੇਣ ਵਾਲੀਆਂ ਤਕਨਾਲੋਜੀਆਂ ਸਾਡੇ ਜੀਵਨ ਦੇ ਹਰ ਪਹਿਲੂ ਨੂੰ ਤੇਜ਼ੀ ਨਾਲ ਬਦਲ ਰਹੀਆਂ ਹਨ, ਜਿਨ੍ਹਾਂ ਵਿੱਚੋਂ ਆਰਟੀਫੀਸ਼ੀਅਲ ਇੰਟੈਲੀਜੈਂਸ (ਏ. ਆਈ.) ਇੱਕ ਹੈ।ਇਹ ਤਕਨਾਲੋਜੀ ਨਾ ਸਿਰਫ਼ ਸਾਡੀ ਕਾਰਜ ਸ਼ੈਲੀ ਨੂੰ ਬਦਲ ਦੇਵੇਗੀ ਬਲਕਿ ਰੋਜ਼ਾਨਾ ਜੀਵਨ ਅਤੇ ਸੰਚਾਰ ਨੂੰ ਵੀ ਪੂਰੀ ਤਰ੍ਹਾਂ ਮੁੜ ਆਕਾਰ ਦੇਵੇਗੀ।ਇਸ ਦੇ ਨਾਲ ਹੀ ਇਹ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਤਕਨੀਕਾਂ ਪ੍ਰਦਾਨ ਕਰਕੇ ਵਿਦਿਆਰਥੀਆਂ ਦੀ ਸਿੱਖਣ ਦੀ ਸਮਰੱਥਾ ਨੂੰ ਵਧਾਏਗਾ।ਇਸ ਰਾਹੀਂ ਅਡੈਪਟਿਵ ਟੀਚਰ ਪਲੇਟਫਾਰਮ, ਆਟੋਮੇਟਿਡ ਗ੍ਰੇਡਿੰਗ ਸਿਸਟਮ ਅਤੇ ਸਮਾਰਟ ਕੰਟੈਂਟ ਜਨਰੇਟਰ ਵਰਗੇ ਟੂਲ ਰਵਾਇਤੀ ਕਲਾਸਰੂਮਾਂ ਨੂੰ ਤਕਨਾਲੋਜੀ-ਅਧਾਰਤ ਵਾਤਾਵਰਣ ਵਿੱਚ ਬਦਲਣ ਦੀ ਕੋਸ਼ਿਸ਼ ਕਰਨਗੇ।ਇਸ ਮੌਕੇ ਸਕੂਲ ਪ੍ਰਧਾਨ ਡਾ. ਅਰੁਣ ਮਹਿਰਾ, ਵਿਭਾਗ ਸਕੱਤਰ ਡਾ. ਰਾਜੇਸ਼ ਮਹਾਜਨ, ਪ੍ਰਬੰਧਕ ਕਮੇਟੀ ਮੈਂਬਰ ਡਾ. ਗੌਰਵ ਤੇਜਪਾਲ, ਸਕੂਲ ਪ੍ਰਿੰਸੀਪਲ ਰੀਨਾ ਠਾਕੁਰ, ਵਾਈਸ ਪ੍ਰਿੰਸੀਪਲ ਦੀਪਿੰਦਰ ਪਾਲ ਕੌਰ ਮੌਜੂਦ ਸਨ।

# ਅਧਿਆਪਕਾਂ ਦੀ ਇੱਕ ਰੋਜ਼ਾ ਬਲਾਕ ਪੱਧਰੀ ਐੱਚ ਪੀ ਸੀ ਵਰਕਸ਼ਾਪ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸਕੂਲ ਸਿੱਖਿਆ ਵਿਭਾਗ ਪੰਜਾਬ ਵਲੋਂ ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੇ ਸਹਿਯੋਗ ਨਾਲ ਪ੍ਰਾਇਮਰੀ ਸਕੂਲ ਅਧਿਆਪਕਾਂ ਨੂੰ ਆਧੁਨਿਕ ਤਕਨੀਕਾਂ ਸੰਬੰਧੀ ਜਾਗਰੂਕ ਕਰਨ ਲਈ ਸਰਕਾਰੀ ਐਲੀਮੈਂਟਰੀ ਸਕੂਲ ਕੇਂਦਰੀ ਜੇਲ੍ਹ ਦੇ ਵਿਹੜੇ ਬਲਾਕ ਐਲੀਮੈਂਟਰੀ ਸਿੱਖਿਆ ਅਫਸਰ ਯਸ਼ਪਾਲ ਅਤੇ ਬਲਾਕ ਰਿਸੋਰਸ ਕੋਆਰਡੀਨੇਟਰ ਰੋਹਿਤ ਦੇਵ ਦੀ ਸਾਂਝੀ ਅਗਵਾਈ ਹੇਠ ਜਾਦੂਈ ਪਿਟਾਰਾ ਅਤੇ ਸੰਪੂਰਨ ਪ੍ਰਗਤੀ ਕਾਰਡ ਸੰਬੰਧੀ ਇਕ ਰੋਜ਼ਾ ਵਰਕਸ਼ਾਪ ਲਗਾਈ ਗਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਅਧਿਆਪਕਾਂ ਨੇ ਭਾਗ ਲਿਆ।ਵਰਕਸ਼ਾਪ ਦੌਰਾਨ ਵਿਸ਼ੇਸ਼ ਤੌਰ 'ਤੇ ਕੰਵਲਜੀਤ ਸਿੰਘ ਸੰਧੂ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿੱ) ਅੰਮ੍ਰਿਤਸਰ ਨੇ ਹਾਜ਼ਰ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਜਿਥੇ ਸਿੱਖਿਆ ਵਿਭਾਗ ਵਲੋਂ ਵਿਦਿਆਰਥੀ ਹਿੱਤ ਵਿੱਚ ਚਲਾਈਆਂ ਜਾ ਨੀਤੀਆਂ ਸੰਬੰਧੀ ਜਾਣਕਾਰੀ ਦਿਤੀ ਉਥੇ ਹੀ ਸਕੂਲੀ ਸਿੱਖਿਆ ਦੇ ਨਾਲ ਨਾਲ ਜਾਦੂਈ ਪਿਟਾਰਾ (ਖੇਡ ਵਿਧੀ) ਅਤੇ ਸੰਪੂਰਨ ਪ੍ਰਗਤੀ ਕਾਰਡ ਸੰਬੰਧੀ ਅਧਿਆਪਕਾਂ ਨਾਲ ਵਿਚਾਰ ਚਰਚਾ ਕੀਤੀ।

ਇਸ ਸਮੇਂ ਸੰਧੂ ਨੇ ਵਿਦਿਆਰਥੀਆਂ ਦੇ ਸਲਾਨਾ ਮੁਲਾਂਕਣ ਸੰਬੰਧੀ ਜ਼ਰੂਰੀ ਨੁਕਤਿਆਂ ਤੇ ਵਿਸਥਾਰ ਵਿੱਚ ਜਾਣਕਾਰੀ ਦਿਤੀ। ਇਸ ਸਮੇਂ ਪਰਮਿੰਦਰ ਸਿੰਘ ਸਰਪੰਚ ਜ਼ਿਲ੍ਹਾ ਮੀਡੀਆ ਕੋਆਰਡੀਨੇਟਰ, ਰਜਿੰਦਰ ਸਿੰਘ ਏ.ਸੀ. ਸਮਾਰਟ ਸਕੂਲ, ਗੁਰਸੇਵਕ ਸਿੰਘ ਭੰਗਾਲੀ ਕੇਂਦਰ ਮੁੱਖ ਅਧਿਆਪਕ, ਬੀ.ਆਰ.ਸੀ. ਰੋਹਿਤ ਦੇਵ, ਮੈਡਮ ਸ਼ੁਭਮ ਬੱਧਨ, ਰਿਸੋਰਸ ਪਰਸਨ ਰਾਹੁਲ ਕੁਮਾਰ, ਪੰਕਜ ਕੁਮਾਰ, ਨਿਸ਼ਾਨ ਸਿੰਘ, ਕੁਲਵੰਤ ਸਿੰਘ, ਗੁਰਪ੍ਰਤਾਪ ਸਿੰਘ, ਰਮਨਦੀਪ ਕੌਰ ਮਹਿਲਾਂਵਾਲਾ, ਭੁਪਿੰਦਰਜੀਤ ਕੌਰ ਗੁਮਟਾਲਾ, ਗੁਰਮੀਤ ਕੌਰ ਕੰਬੋ, ਜੋਤੀ ਸੈਣੀ, ਜਤਿੰਦਰ ਕੌਰ ਰੋੜੀਵਾਲਾ, ਪਿੰਕੀ ਸੰਧੂ ਗੁਮਟਾਲਾ ਕਲੋਨੀ, ਹਰਵਿੰਦਰ ਕੌਰ ਕੇਂਦਰੀ ਜੇਲ, ਸੁਖਪ੍ਰੀਤ ਕੌਰ ਸੇਦੂਪੁਰ ਸਮੇਤ ਹੋਰ ਅਧਿਆਪਕ ਹਾਜ਼ਰ ਸਨ।

## ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਵਿਸ਼ਵ ਖਪਤਕਾਰ ਅਧਿਕਾਰ ਦਿਵਸ ਮਨਾਇਆ



**ਧਾਰੀਵਾਲ, (ਮਨਦੀਪ ਵਿੱਕੀ)**-ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਵਿਸ਼ਵ ਖਪਤਕਾਰ ਦਿਵਸ ਮਨਾਇਆ ਗਿਆ।ਕਾਲਜ ਦੇ ਕਾਮਰਸ ਵਿਭਾਗ ਵੱਲੋਂ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਕਾਲਜ ਦੇ ਕਾਮਰਸ ਵਿਭਾਗ ਦੇ ਪ੍ਰੋਫ਼ੈਸਰ ਹਰਜੀਤ ਕੌਰ ਨੇ ਵਿਦਿਆਰਥੀਆਂ ਨੂੰ ਉਪਭੋਗਤਾ ਦੇ ਅਧਿਕਾਰਾਂ ਅਤੇ ਕਰਤੱਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਨੂੰ ਚੇਤੰਨ ਅਤੇ ਸਮਝਦਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਕਾਲਜ ਵਿੱਚ ਖਪਤਕਾਰ ਅਧਿਕਾਰ ਦਿਵਸ ਮਨਾਉਣ ਦਾ ਉਦੇਸ਼ ਵਿਦਿਆਰਥੀਆਂ ਵਿੱਚ ਖਪਤਕਾਰਾਂ ਦੇ ਮੁੱਖ ਅਧਿਕਾਰਾਂ ਜਿਵੇਂ ਸੁਰੱਖਿਆ ਦਾ ਅਧਿਕਾਰ, ਜਾਣਕਾਰੀ ਦਾ ਅਧਿਕਾਰ, ਧੋਖਾਧੜੀ ਵਿਰੁੱਧ ਕਾਨੂੰਨੀ ਸਹਾਇਤਾ ਦਾ ਅਧਿਕਾਰ ਅਤੇ ਇੱਕ ਚੰਗੇ ਉਪਭੋਗਤਾ ਦੇ ਕਰਤੱਵਾਂ ਬਾਰੇ ਬਹੁਮੁੱਲੀ ਜਾਣਕਾਰੀ ਪ੍ਰਦਾਨ ਕਰਨਾ ਹੈ।ਉਨ੍ਹਾਂ ਨੇ ਖਪਤਕਾਰ ਜਾਗਰੂਕਤਾ ਦਾ ਸੰਦੇਸ਼ ਦਿੰਦੇ ਹੋਏ ਵਿਦਿਆਰਥੀਆਂ ਕੋਲੋਂ ਆਪਣੇ ਅਧਿਕਾਰਾਂ ਦੇ ਨਾਲ-ਨਾਲ ਆਪਣੇ ਕਰਤੱਵਾਂ ਨੂੰ ਸਮਝਣ ਅਤੇ ਸੁਚੇਤ ਖਪਤਕਾਰ ਬਣਨ ਦਾ ਪ੍ਰਣ ਲਿਆ।ਇਸ ਮੌਕੇ ਕਾਮਰਸ ਵਿਭਾਗ ਤੋਂ ਪ੍ਰੋ. ਸ਼ਿਵਿਆ ਵਿੱਜ ਅਤੇ ਪ੍ਰੋਫ਼ੈਸਰ ਰੇਖਾ ਰਾਣੀ ਉਚੇਚੇ ਤੌਰ 'ਤੇ ਹਾਜ਼ਰ ਸਨ।

## ਵੇਦ ਭਵਨ 'ਚ ਸ਼੍ਰੀ ਗੀਤਾ ਮਹਾਉਤਸਵ ਆਯੋਜਿਤ

ਛੇਹਰਟਾ, (ਮਨੋਜ ਕੁਮਾਰ)-ਰਾਧਾ ਰਮਨ ਸਨਾਤਨ ਧਰਮ ਸਭਾ ਵੱਲੋਂ ਸ਼੍ਰੀ ਦੁਰਗਿਆਣਾ ਮੰਦਿਰ ਦੇ ਵੇਦ ਭਵਨ ਵਿਖੇ ਪਹਿਲਾ ਸ਼੍ਰੀ ਗੀਤਾ ਮਹਾਉਤਸਵ ਕਰਵਾਇਆ ਗਿਆ।

ਇਸ ਸਮਾਗਮ ਵਿਚ ਕਲੀਨ ਅੰਮ੍ਰਿਤਸਰ, ਗ੍ਰੀਨ ਅੰਮ੍ਰਿਤਸਰ ਜਾਗਰੂਕਤਾ ਮੁਹਿੰਮ ਤੇ ਦੇਸ਼ ਧਰਮ ਸੰਸਕ੍ਰਿਤੀ ਜਾਗਰੂਕਤਾ ਮੁਹਿੰਮ ਦੇ ਚੀਫ ਕੁਆਰਡੀਨੇਟਰ ਵਰਿੰਦਰ ਸਿੰਘ ਤੇ ਟੀਮ ਮੈਂਬਰਾਂ ਪੰਕਜ ਸਹਿਗਲ, ਕਿਰਨ ਵਿੱਗ, ਦੀਕਸ਼ਾਂਤ ਅਰੋੜਾ ਨੇ ਵੀ ਸ਼ਿਰਕਤ ਕੀਤੀ।

ਸਮਾਗਮ ਦੇ ਅੰਤ ਵਿਚ ਵਰਿੰਦਰ ਸਿੰਘ ਨੇ ਆਮ ਜਨਤਾ ਅਤੇ ਰਾਧਾ ਰਮਨ ਸਨਾਤਨ ਧਰਮ ਸਭਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਜਨਤਾ ਤੇ ਨੌਜਵਾਨ ਪੀੜ੍ਹੀ ਨੂੰ ਆਪਣੇ ਧਰਮ, ਸੱਭਿਆਚਾਰ, ਸੰਸਕ੍ਰਿਤੀ ਨਾਲ ਮਜ਼ਬੂਤੀ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਸਮਾਗਮ ਲਈ ਕੁੰਵਰ ਵਿਜੇ ਪ੍ਰਤਾਪ ਸਿੰਘ ਤੇ ਉਨ੍ਹਾਂ ਦੀ ਟੀਮ ਦਾ ਵੀ ਦਿਲੋਂ ਧੰਨਵਾਦ ਕੀਤਾ।



## ਭੁੱਲੇਚੱਕ ਤੋਂ ਸ਼ਰਧਾਲੂਆਂ ਦਾ ਜਥਾ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ



ਗੁਰਦਾਸਪੁਰ, (ਜਨਕ ਮਹਾਜਨ)-'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਇੰਚਾਰਜ ਗੁਰਦਾਸਪੁਰ, ਰਮਨ ਬਹਿਲ ਨੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਪਿੰਡ ਭੁੱਲੇਚੱਕ ਤੋਂ 45 ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕਰਨ ਉਪਰੰਤ ਕੀਤਾ। ਪੱਤਰਕਾਰਾਂ ਨਾਲ ਗੱਲ ਕਰਦਿਆਂ ਰਮਨ ਬਹਿਲ ਨੇ ਦੱਸਿਆ ਕਿ ਇਸ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਸ਼ਰਧਾਲੂਆਂ ਦੇ ਠਹਿਰਨ ਅਤੇ ਲੰਗਰ ਦੇ ਬਹੁਤ ਵਧੀਆ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਧਾਰਮਿਕ ਯਾਤਰਾਵਾਂ ਗੁਰੂ ਸਾਹਿਬਾਨ ਦੀਆਂ ਉੱਚੀਆਂ ਅਤੇ ਜੀਵਨ ਮਾਰਗ ਦਰਸ਼ਨ ਸਿੱਖਿਆਵਾਂ ਬਾਰੇ ਗਿਆਨ ਵਧਾਉਣ ਵਿੱਚ ਵੀ ਲਾਹੇਵੰਦ ਸਾਬਤ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਵਿੱਤਰ ਅਸਥਾਨਾਂ ਦੀ ਮੁਫ਼ਤ ਯਾਤਰਾ ਦੀ ਸਹੂਲਤ ਦੇ ਕੇ ਪੰਜਾਬੀਆਂ ਵਿੱਚ ਸਮਾਜਿਕ ਅਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਇਹ ਮੁੱਖ ਮੰਤਰੀ ਤੀਰਥ ਯਾਤਰਾ ਨੂੰ ਲੈ ਕੇ ਸਮਾਜ ਦੇ ਹਰ ਵਰਗ ਵਿੱਚ ਖੁਸ਼ੀ ਪਾਈ ਜਾ ਰਹੀ ਹੈ। ਇਸ ਮੌਕੇ ਚੇਅਰਮੈਨ ਰਣਜੇਤ ਸਿੰਘ ਬਾਠ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੁੱਚਾ ਸਿੰਘ ਮੁਲਤਾਨੀ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਗੁਰਦਾਸਪੁਰ ਦੇ ਕੋਆਰਡੀਨੇਟਰ ਗਗਨ ਮਹਾਜਨ, ਲਖਵਿੰਦਰ ਸਿੰਘ ਸਰਪੰਚ ਭੁੱਲੇਚੱਕ ਅਤੇ ਬਲਵਿੰਦਰ ਸਿੰਘ ਖਾਲਸਾ ਮੌਜੂਦ ਸਨ।

## ਅਰਦਾਸ ਉਪਰੰਤ ਦਫ਼ਤਰੀ ਕਾਰਜ ਦੀ ਸ਼ੁਰੂਆਤ



ਝਬਾਲ, (ਹਰਜਿੰਦਰ ਸਿੰਘ ਸੋਨੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਸ਼੍ਰੋਮਣੀ ਕਮੇਟੀ ਦੇ ਸੇਵਾਦਾਰਾਂ ਤੇ ਅਧਿਕਾਰੀਆਂ ਨੂੰ ਦਿੱਤੇ ਨਵੇਂ ਆਦੇਸ਼ਾਂ ਮੂਲ ਮੰਤਰ, ਗੁਰਮੰਤਰ ਵਹਿਗੁਰੂ ਦੇ ਜਾਪ ਅਤੇ ਅਰਦਾਸ ਉਪਰੰਤ ਦਫ਼ਤਰੀ ਕਾਰਜ ਅਰੰਭਣ ਮੁਤਾਬਿਕ ਗੁਰਦੁਆਰਾ ਬਾਬਾ ਬੁੱਢਾ ਜੀ ਬੀੜ ਸਾਹਿਬ ਵਿਖੇ ਮੂਲ ਮੰਤਰ, ਗੁਰੂ ਮੰਤ੍ਰ ਦੇ ਜਾਪ ਕੀਤੇ ਅਤੇ ਅਰਦਾਸ ਉਪਰੰਤ ਦਫ਼ਤਰੀ ਕਾਰਜ ਦੀ ਆਰੰਭਤਾ ਕੀਤੀ ਗਈ।

ਇਸ ਮੌਕੇ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਦੇ ਮੈਨੇਜਰ ਭਾਈ ਧਰਮਿੰਦਰ ਸਿੰਘ ਮਾਨੋਚਾਹਲ, ਮੀਤ ਮੈਨੇਜਰ ਗੁਰਜੀਤ ਸਿੰਘ ਠੱਠਾ, ਦਿਲਬਾਗ ਸਿੰਘ ਝਬਾਲ, ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ, ਅਕਾਊਂਟੈਂਟ ਅਮਰਬੀਰ ਸਿੰਘ, ਗੁਰਜੀਤ ਸਿੰਘ ਪੰਜਵੜ, ਬਿਕਰਮਜੀਤ ਸਿੰਘ ਸੁਰਸਿੰਘ, ਮਨਜੀਤ ਸਿੰਘ ਮੰਨਣ, ਪ੍ਰਤਾਪ ਸਿੰਘ ਚੀਮਾ, ਬਲਜੀਤ ਸਿੰਘ ਝਬਾਲ, ਅਮਰਜੀਤ ਸਿੰਘ ਝਬਾਲ, ਜਤਿੰਦਰ ਸਿੰਘ ਸਟੋਰ ਕੀਪਰ ਸਮੇਤ ਸਮੁੱਚਾ ਸਟਾਫ ਵੀ ਹਾਜ਼ਰ ਸਨ।

# 'ਆਪ' ਦੀ ਉਮੀਦਵਾਰ ਬੀਬੀ ਰਜਵੰਤ ਕੌਰ ਗਿਆਰਾਂ ਵੋਟਾਂ ਲੈ ਕੇ ਵਾਈਸ ਚੇਅਰਪਰਸਨ ਬਣੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਰਹੱਦੀ ਜ਼ਿਲ੍ਹਾ ਗੁਰਦਾਸਪੁਰ ਦੀ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਚੋਣ ਜੋ ਪੈਂਡਿੰਗ ਪਈ ਹੋਈ ਸੀ, ਮੰਗਲਵਾਰ ਨੂੰ ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ ਦੇ ਆਦੇਸ਼ਾਂ ਤੇ ਸ਼੍ਰੀ ਆਦਿਤਿਆ ਉਪਲ਼ ਆਈ ਏ ਐੱਸ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਨਿਗਰਾਨੀ ਹੇਠ ਆਦਿਤਿਆ ਸ਼ਰਮਾ ਆਈ ਏ ਐੱਸ ਉਪ ਮੰਡਲ ਮੈਜਿਸਟ੍ਰੇਟ ਡੇਰਾ ਬਾਬਾ ਨਾਨਕ ਕਮ-ਕਨਵੀਨਰ (ਪ੍ਰੀਜ਼ਾਈਡਿੰਗ ਅਫ਼ਸਰ) ਚੋਣਾਂ ਚੇਅਰਮੈਨ/ਉਪ ਚੇਅਰਮੈਨ ਪੰਚਾਇਤ ਸੰਮਤੀ ਡੇਰਾ ਬਾਬਾ ਨਾਨਕ ਦੀ ਹਾਜ਼ਰੀ ਹੇਠ ਵੀਡੀਓਗ੍ਰਾਫੀ ਦੌਰਾਨ ਬੈਲਟ ਪੇਪਰਾਂ ਤੇ ਸਖਤ ਸੁਰੱਖਿਆ ਪ੍ਰਬੰਧਾਂ ਹੇਠ ਕਰਵਾਈ ਗਈ,ਜਿਸ ਦੌਰਾਨ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਜ਼ੋਨ ਨੰਬਰ 9 ਦਰਗਾਬਾਦ ਤੋਂ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਚੇਅਰਮੈਨੀ ਲਈ ਆਜ਼ਾਦ ਉਮੀਦਵਾਰ ਵਜੋਂ ਬਲਾਕ ਸੰਮਤੀ ਮੈਂਬਰ ਰਾਜਵਿੰਦਰ ਕੌਰ ਪਤਨੀ ਹਰਜਿੰਦਰ ਸਿੰਘ ਵਾਸੀ ਭਗਵਾਨਪੁਰ 11 ਵੋਟਾਂ ਪ੍ਰਾਪਤ ਕਰਕੇ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਚੇਅਰਪਰਸਨ ਬਣੇ ਜਦ ਕਿ ਆਮ ਆਦਮੀ ਪਾਰਟੀ ਨਾਲ ਸੰਬੰਧਿਤ ਬੀਬੀ ਰਜਵੰਤ ਕੌਰ ਧਾਰੋਵਾਲੀ ਜ਼ੋਨ ਨੰਬਰ 14 ਤੋਂ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਵਾਈਸ ਚੇਅਰਪਰਸਨ ਬਣੇ ।ਇਸ ਮੌਕੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਤੋਂ ਆਪ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੇ ਨਜ਼ਦੀਕੀ ਆਪ ਉਮੀਦਵਾਰ ਰੇਸ਼ਮ ਸਿੰਘ ਪੱਡਾ ਨੂੰ 8 ਵੋਟਾਂ ਪਈਆਂ । ਜ਼ਿਕਰਯੋਗ ਹੈ ਕਿ ਜੱਗੂ ਭਗਵਾਨਪੁਰੀਆ ਦੇ ਮਾਸੀ ਚੇਅਰਪਰਸਨ ਬਣੇ ਬੀਬੀ ਰਾਜਵਿੰਦਰ ਕੌਰ ਨੂੰ ਵੋਟ ਪਾਉਣ ਲਈ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਪੁਲਸ ਪਾਰਟੀ ਵੱਲੋਂ ਬੱਸ ਰਾਹੀਂ ਕੇਂਦਰੀ ਜੇਲ ਗੁਰਦਾਸਪੁਰ ਤੋਂ ਐੱਸ ਡੀ ਐੱਮ ਦਫ਼ਤਰ ਡੇਰਾ ਬਾਬਾ ਨਾਨਕ ਵਿਖੇ ਲਿਆਂਦਾ ਗਿਆ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਐਡਵੋਕੇਟ ਕਰਨਜੀਤ ਸਿੰਘ, ਐਡਵੋਕੇਟ ਰਿੰਕੂ ਬਾਦਸ਼ਾਹ ਨੇ ਗੱਲਬਾਤ ਕਰਦਿਆਂ ਹੋਇਆਂ ਦੱਸਿਆ ਕਿ ਰਾਜਵਿੰਦਰ ਕੌਰ ਪਤਨੀ ਹਰਜਿੰਦਰ ਸਿੰਘ ਵਾਸੀ ਭਗਵਾਨਪੁਰ ਜੋਨ 9 ਦਰਗਾਬਾਦ ਤੋਂ ਬਲਾਕ ਸੰਮਤੀ ਦੇ ਮੈਂਬਰ ਸਨ ਅਤੇ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੀ ਚੇਅਰਮੈਨੀ ਲਈ ਆਜ਼ਾਦ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਸਨ ਅਤੇ ਉਨਾਂ ਵੱਲੋਂ ਮਾਨਯੋਗ ਪੰਜਾਬ ਹਰਿਆਣਾ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕਰਵਾਈ ਸੀ ਕਿ ਬਲਾਕ ਸੰਮਤੀ ਦੀ ਚੇਅਰਮੈਨੀ ਦੀ ਚੋਣ ਵੀਡੀਓਗ੍ਰਾਫੀ ਅਤੇ ਬੈਲਟ ਪੇਪਰਾਂ ਤੇ ਡਿਪਟੀ ਕਮਿਸ਼ਨਰ ਦੀ ਹਾਜਰੀ ਵਿੱਚ ਕਰਵਾਈ ਜਾਵੇ ਜਿਸ ਦੇ ਮੱਦੇਨਜ਼ਰ ਮੰਗਲਵਾਰ ਨੂੰ ਡੇਰਾ ਬਾਬਾ ਨਾਨਕ ਐੱਸਡੀਐੱਮ ਦਫਤਰ ਵਿੱਚ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ 18 ਜ਼ੋਨਾਂ ਦੇ ਉਮੀਦਵਾਰਾਂ ਦੀ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਬੈਲਟ ਪੇਪਰਾਂ ਰਾਹੀਂ ਵੋਟਿੰਗ ਕਰਵਾਈ ਗਈ, ਜਿਸ ਦੌਰਾਨ ਆਜ਼ਾਦ ਵਜੋਂ ਚੇਅਰਮੈਨ ਦੇ ਉਮੀਦਵਾਰ ਰਾਜਵਿੰਦਰ ਕੌਰ ਪਤਨੀ ਹਰਜਿੰਦਰ ਸਿੰਘ ਨੂੰ 11 ਵੋਟਾਂ ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਰੇਸ਼ਮ ਸਿੰਘ ਪੱਡਾ ਨੂੰ 8 ਵੋਟਾਂ ਪਈਆਂ ਹਨ।ਉਨ੍ਹਾਂ ਕਿਹਾ ਕਿ 3 ਵੋਟਾਂ ਵੱਧ ਹੋਣ ਕਾਰਨ ਬੀਬੀ ਰਾਜਵਿੰਦਰ ਕੌਰ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਚੇਅਰਪਰਸਨ ਬਣੇ ਜਦ ਕਿ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਵਾਇਸ ਚੇਅਰਪਰਸਨ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਰਾਜਵੰਤ ਕੌਰ ਧਾਰੋਵਾਲੀ ਨੂੰ 11 ਅਤੇ ਰਾਜਬੀਰ ਕੌਰ ਵਾਸੀ ਤਲਵੰਡੀ ਰਾਮਾ ਨੂੰ 7 ਵੋਟਾਂ ਪਈਆਂ ਜਿਸ ਕਾਰਨ ਬੀਬੀ ਰਜਵੰਤ ਕੌਰ 4 ਵੋਟਾਂ ਵੱਧ ਲੈ ਕੇ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੀ ਵਾਈਸ ਚੇਅਰਮੈਨ ਬਣੇ।ਇਸ ਮੌਕੇ ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੇ ਐਸਡੀਐਮ ਆਦਿੱਤਿਆ ਸ਼ਰਮਾ ਨੇ ਕਿਹਾ ਕਿ ਬਲਾਕ ਸੰਮਤੀ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਅਮਨ ਸ਼ਾਂਤੀ ਨਾਲ ਸੰਪੰਨ ਹੋਈ ਹੈ,ਇਸ ਮੌਕੇ ਪਈਆਂ ਵੋਟਾਂ ਦੌਰਾਨ ਰਾਜਵਿੰਦਰ ਕੌਰ ਪਤਨੀ ਹਰਜਿੰਦਰ ਸਿੰਘ ਵਾਸੀ ਭਗਵਾਨਪੁਰ 11 ਵੋਟਾਂ ਪ੍ਰਾਪਤ ਹੋਣ ਤੇ ਉਹ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਚੇਅਰਪਰਸਨ ਬਣੇ ਅਤੇ ਆਮ ਆਦਮੀ ਪਾਰਟੀ ਨਾਲ ਸਬੰਧਤ ਬੀਬੀ ਰਜਵੰਤ ਕੌਰ ਧਾਰੋਵਾਲੀ ਵੀ 11 ਵੋਟਾਂ ਲੈ ਕੇ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਵਾਈਸ ਚੇਅਰਮੈਨ ਬਣੇ ਹਨ ।ਇਸ ਮੌਕੇ ਐਡਵੋਕੇਟ ਗੁਰਪਿੰਦਰ ਸਿੰਘ ਬੋਪਾਰਾਏ, ਐਡਵੋਕੇਟ ਸਿਮਰਨਜੀਤ ਸਿੰਘ, ਐਡਵੋਕੇਟ ਦਮਨਪ੍ਰੀਤ ਸਿੰਘ ਚੌਹਾਨ, ਐਡਵੋਕੇਟ ਜਗਜੀਤ ਸਿੰਘ ਬੈਂਸ, ਐਡਵੋਕੇਟ ਅਸ਼ਪਾਨਦੀਪ ਸਿੰਘ ਸਿੱਧੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੰਜਾਬ ਪੁਲਸ ਦੇ ਅਧਿਕਾਰੀ ਹਾਜ਼ਰ ਸਨ ।

# ਭਾਰਤੀ ਕਿਸਾਨ ਯੂਨੀਅਨ ਵੱਲੋਂ ਬਲਾਕ ਬਲਾਚੌਰ ਦੀ ਚੋਣ



**ਪੋਜੇਵਾਲ (ਰਾਮ ਲਾਲ)**- ਭਾਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਪੱਧਰੀ ਮੀਟਿੰਗ ਕੀਤੀ ਗਈ ਜਿਸ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਰੈਲ ਮਾਜਰਾ ਨੇ ਕੀਤੀ। ਇਸ ਵਿੱਚ ਸੁਰਜੀਤ ਸਿੰਘ ਬੀੜ ਕਾਠਗੜ ਧਰਮਪਾਲ ਸਿੰਘ ਭਰਥਲਾ ਗੁਰਮੁਖ ਸਿੰਘ ਸਕੱਤਰ ਮਾਸਟਰ ਜਸਵੰਤ ਰਾਏ ਜੱਸੀ ਸਕੱਤਰ ਕੁਲਵਿੰਦਰ ਸਰਪੰਚ ਪੁਰਾਗਪੁਰ ਜ਼ਿਲ੍ਹਾ ਪ੍ਰੈਸ ਸਕੱਤਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਪੰਜਾਬ ਦੇ ਸੂਬਾ ਪ੍ਰਧਾਨ ਬਲਵੀਰ ਸਿੰਘ ਰਾਜੇਵਾਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਪੰਜਾਬ ਵਿੱਚ ਹਰ ਜ਼ਿਲ੍ਹੇ ਵਿੱਚ ਕਿਸਾਨ ਯੂਨੀਅਨ ਦਾ ਵਿਸਥਾਰ ਕੀਤਾ ਜਾ ਰਿਹਾ ਹੈ ਇਸ ਦੇ ਤਹਿਤ ਸ਼ਹੀਦ ਭਗਤ ਸਿੰਘ ਨਗਰ ਦੇ ਬਲਾਕ ਬਲਾਚੌਰ ਦੀ ਚੋਣ ਕੀਤੀ ਗਈ ਜਿਸ ਵਿੱਚ ਸਾਬਕਾ ਸਰਪੰਚ ਅਮਰਜੀਤ ਸਿੰਘ ਵੇਲਾ ਤਾਜੋਵਾਲ ਨੂੰ ਤਹਿਸੀਲ ਬਲਾਚੌਰ ਪ੍ਰਧਾਨ ਬਣਾਇਆ ਗਿਆ। ਉਸ ਦੇ ਨਾਲ 35 ਸਾਥੀਆਂ ਨੇ ਵੀ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਨੂੰ ਜੁਆਇਨ ਕੀਤਾ ਤੇ ਵਾਅਦਾ ਕੀਤਾ ਕਿ ਪੰਜਾਬ ਜ਼ਿਲ੍ਹਾ ਤਹਿਸੀਲ ਹਰ ਖੇਤਰ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਸ ਦਾ ਹੱਲ ਪ੍ਰਸ਼ਾਸਨ ਤੋਂ ਕਰਵਾਇਆ ਜਾਵੇਗਾ ਤੇ ਯੂਨੀਅਨ ਬਿਨਾਂ ਪੱਖ ਪਾਤ ਤੋਂ ਆਪਣਾ ਕੰਮ ਕਰੇਗੀ। ਰਾਜੇਵਾਲ ਯੂਨੀਅਨ ਵਿਚ ਨਵੇਂ ਜੁਆਇਨ ਮੈਂਬਰ ਐਕਸ ਸਰਪੰਚ ਕਿਸ਼ਨ ਭੇਡੀਆਂ ਜੱਸਾ ਮੰਡ ਭਿੰਦਾ ਭਰਥਲਾ ਪੰਮਾ ਬਲਾਚੌਰ ਬਿੰਦਰ ਟੌਂਸਾ ਮਨੀ ਜੀਤਾ ਸਨੀ ਰਮਨ ਹਰਸ਼ ਵਿੱਕੀ ਰਾਜੂ ਮਾਜਰਾ ਗੋਰਾ ਕਾਲੂ ਭੱਲਾਟੋਲ ਪਲਾਜ਼ਾ ਯੂਨੀਅਨ ਬੱਛੂਆਂ ਦੇ ਚੇਅਰਮੈਨ ਨਿਰਮਲ ਸਿੰਘ ਨਿੰਮਾ, ਪ੍ਰਧਾਨ ਹਰਪ੍ਰੀਤ ਸਿੰਘ,ਦਾਰੀ ਭਰਥਲਾ, ਇਕਬਾਲ ਟੌਂਸਾ, ਮੰਨਾ ਪਨਿਆਲੀ , ਬੱਲੀ ਰੋਪੜ ਹਰਵਿੰਦਰ ਮੰਡ ਸੁਭਾਸ਼ ਮੰਡ ਕਾਲਾ ਮੰਡ ਜੱਸੀ ਰੁਸਤਮ ਸ਼ੇਰਾਂ ਬਾਲਾਚੌਰ ਓਕਾਰ ਰੱਤੇਵਾਲ ਵਿੱਕੀ ਸੁਰਜੀਤ ਤਾਰਾ ਮੰਡ ਬਿੱਲਾ ਮੰਡ ਹੈਪੀ ਆਦਿ ਹਾਜ਼ਰ ਸਨ।

# ਅਕਾਲੀ ਦਲ ਦੇ ਹਲਕਾ ਇੰਚਾਰਜ ਹਰਮੋਹਨ ਸਿੰਘ ਸੰਧੂ ਦੇ ਦਫਤਰ ਦਾ ਉਦਘਾਟਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਅਕਾਲੀ ਦਲ ਬਾਦਲ ਵਲੋਂ ਚੋਣ ਸਰਗਰਮੀਆਂ ਸ਼ੁਰੂ ਕਰ ਦਿਤੀਆਂ ਗਈਆਂ ਹਨ। ਇਸੇ ਲੜੀ ਤਹਿਤ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਇੰਚਾਰਜ ਅਤੇ ਅਕਾਲੀ ਦਲ (ਐੱਸ ਸੀ ਵਿੰਗ) ਦੇ ਜਨਰਲ ਸਕੱਤਰ ਹਰਮੋਹਣ ਸਿੰਘ ਸੰਧੂ ਵੱਲੋਂ ਮੋਰਿੰਡਾ ਵਿਖੇ ਸ਼੍ਰੋਮਣੀ ਅਕਾਲੀ ਦਲ ਦਾ ਮੁੱਖ ਦਫਤਰ ਖੋਲ੍ਹਿਆ ਗਿਆ, ਜਿਸ ਦਾ ਉਦਘਾਟਨ ਸਾਬਕਾ ਕੈਬਨਟ ਮੰਤਰੀ ਡਾਕਟਰ ਦਲਜੀਤ ਸਿੰਘ ਚੀਮਾ ਨੇ ਕੀਤਾ। ਉਦਘਾਟਨ ਤੋਂ ਪਹਿਲਾਂ ਦਫਤਰ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਤੇ ਗਿਆਨੀ ਭਾਗ ਸਿੰਘ ਗੁਰਦੁਆਰਾ ਸ਼ਹੀਦਗੰਜ ਸਾਹਿਬ ਮੋਰਿੰਡਾ ਵਾਲਿਆਂ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ 'ਤੇ ਭਾਈ ਨਰਿੰਦਰ ਸਿੰਘ ਚਮਕੌਰ ਸਾਹਿਬ ਵਾਲਿਆਂ ਦੇ ਜਥੇ ਵੱਲੋਂ ਮਨੋਹਰ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ 'ਤੇ ਉਚੇਚੇ ਤੌਰ ਤੇ ਸ਼ਾਮਲ ਹੋਏ ਸਾਬਕਾ ਕੈਬਨਟ ਮੰਤਰੀ ਡਾ. ਦਲਜੀਤ ਸਿੰਘ ਚੀਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਹਲਕਾ ਚਮਕੌਰ ਸਾਹਿਬ ਦੇ ਇੰਚਾਰਜ ਹਰਮੋਹਣ ਸਿੰਘ ਸੰਧੂ ਵੱਲੋਂ ਦਫਤਰ ਦਾ ਉਦਘਾਟਨ ਹੋਣਾ ਸਾਡੀ ਪਾਰਟੀ ਲਈ ਇੱਕ ਮਹੱਤਵਪੂਰਨ ਅਤੇ ਖ਼ੁਸ਼ੀ ਵਾਲਾ ਪਲ ਹੈ।ਹੋਰਨਾਂ ਤੋਂ ਇਲਾਵਾ ਐਸ ਜੀ ਪੀ ਸੀ ਮੈਂਬਰ ਜਥੇਦਾਰ ਅਜਮੇਰ ਸਿੰਘ ਖੇੜਾ, ਜਥੇਦਾਰ ਪਰਮਜੀਤ ਸਿੰਘ ਲੱਖੇਵਾਲ, ਜਥੇਦਾਰ ਅਵਤਾਰ ਸਿੰਘ ਰੀਆ ਬਸੀ ਪਠਾਣਾ, ਹਰਜਤਿੰਦਰ ਸਿੰਘ ਪਵਾਤ ਐਸ ਜੀ ਪੀ ਸੀ ਮੈਂਬਰ ਸਮਰਾਲਾ, ਹਰਜੋਤ ਸਿੰਘ ਮਾਂਗਟ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਸੀਨੀਅਰ ਅਕਾਲੀ ਸਾਹਿਬ ਸਿੰਘ ਬਡਾਲੀ, ਪਰਵਿੰਦਰ ਸਿੰਘ ਸੁਹਾਣਾ ਜ਼ਿਲ੍ਹਾ ਪ੍ਰਧਾਨ ਮੋਹਾਲੀ, ਜਗਮੀਤ



ਸਿੰਘ ਲੁਧਿਆਣਾ, ਦਲਬਾਰਾ ਸਿੰਘ ਬਾਲਾ ਜ਼ਿਲ੍ਹਾ ਪ੍ਰਧਾਨ ਰੋਪੜ, ਸੀਨੀਅਰ ਅਕਾਲੀ ਆਗੂ ਰਣਜੀਤ ਸਿੰਘ ਮਾਨ, ਮਿਲਕ ਪਲਾਂਟ ਮੋਹਾਲੀ ਦੇ ਸਾਬਕਾ ਚੇਅਰਮੈਨ ਬਲਦੇਵ ਸਿੰਘ ਚੱਕਲ ਤੇ ਸੀਨੀਅਰ ਅਕਾਲੀ ਆਗੂ ਜਗਪਾਲ ਸਿੰਘ ਜੌਲੀ ਸ਼ਮਸ਼ੇਰ ਸਿੰਘ ਪੁਰਖਾਲਵੀ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਜਸਵਿੰਦਰ ਸਿੰਘ ਛੋਟੂ, ਸਾਬਕਾ ਕੌਂਸਲਰ ਜਗਵਿੰਦਰ ਸਿੰਘ ਪੰਮੀ, ਸਾਬਕਾ ਕੌਂਸਲਰ ਜਗਪਾਲ ਸਿੰਘ, ਸਾਬਕਾ ਸਰਪੰਚ ਸੁਰਜੀਤ ਸਿੰਘ ਤਾਜਪੁਰਾ, ਸਰਪੰਚ ਦਵਿੰਦਰ ਸਿੰਘ, ਅਮਨ ਕੰਗ, ਹਰਪ੍ਰੀਤ ਸਿੰਘ ਸੰਗਤਪੁਰਾ, ਕੌਂਸਲਰ ਅੰਮ੍ਰਿਤਪਾਲ ਸਿੰਘ ਖਟੜਾ, ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਜੁਝਾਰ ਸਿੰਘ ਮਾਵੀ, ਸੀਨੀਅਰ ਆੜ੍ਹਤੀ ਆਗੂ ਮਨਦੀਪ ਸਿੰਘ ਰੌਣੀ, ਯੂਥ ਆਗੂ ਧਰਮਿੰਦਰ ਸਿੰਘ ਕੋਟਲੀ, ਉਧਮ ਸਿੰਘ ਰਾਣਾ, ਬਲਜੀਤ ਸਿੰਘ ਅਰਨੌਲੀ, ਯੂਥ ਆਗੂ ਪਰਮਿੰਦਰ ਸਿੰਘ ਬਿੱਟੂ ਕੰਗ, ਜਰਨੈਲ ਸਿੰਘ ਸੱਖੋ ਮਾਜਰਾ, ਗੁਰਪ੍ਰੀਤ ਸਿੰਘ ਬਾਠ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਰਣਧੀਰ ਸਿੰਘ ਚੱਕਲ, ਹਰਬੰਸ ਸਿੰਘ ਦਤਾਰਪੁਰ, ਨਿਹਾਲ ਸਿੰਘ ਖਾਲਸਾ ,ਹਰਜੀਤ ਸਿੰਘ ਖਾਲਸਾ ਮਲਕੀਤ ਸਿੰਘ ਚੱਕਲ, ਹਰਮੀਤ ਸਿੰਘ ਸੱਲ੍ਹ, ਸਾਬਕਾ ਕੌਂਸਲਰ ਰਜਿੰਦਰ ਸਿੰਘ, ਕੈਪਟਨ ਗੁਰਮੀਤ ਸਿੰਘ ਤਾਜਪੁਰਾ, ਚਰਨਜੀਤ ਸਿੰਘ ਮੋਰਿੰਡਾ, ਅਸ਼ਵਨੀ ਸ਼ਰਮਾ, ਨਿਸ਼ਾਨ ਸਿੰਘ, ਹਰਸ਼ਬੀਰ ਸਿੰਘ, ਗਿਆਨ ਸਿੰਘ ਕਲਾਰਾਂ, ਨੰਬਰਦਾਰ ਬਹਾਦਰ ਸਿੰਘ ਕਲਾਰਾਂ, ਹਰਮਿੰਦਰ ਸਿੰਘ ਡਿੰਪੀ, ਹਰਚੰਦ ਸਿੰਘ ਡੂਮਛੇੜੀ, ਅਮਰੀਕ ਸਿੰਘ ਸਿੱਧੂਪੁਰ, ਮਾਸਟਰ ਛੱਜਾ ਸਿੰਘ ਚੱਕਲਾ, ਰਵਿੰਦਰ ਸਿੰਘ ਰਵੀ ਕਮਾਲਪੁਰ, ਕੁਲਬੀਰ ਸਿੰਘ ਸੋਨੂ ਰਤਨਗੜ੍ਹ, ਬਲਦੇਵ ਧਾਲੀਵਾਲ ਸਾਬਕਾ ਸਰਪੰਚ ਖੈਰਪੁਰ, ਦਰਸ਼ਨ ਸਿੰਘ ਕੰਗ, ਗੁਰਪ੍ਰੀਤ ਸਿੰਘ ਗੋਪੀ ਚੈੜੀਆਂ, ਕੁਲਜੀਤ ਸਿੰਘ ਧਨੌਰੀ, ਸਾਬਕਾ ਕੌਂਸਲਰ ਹਰਵਿੰਦਰ ਸਿੰਘ ਬੱਬੂ, ਸਰਬਜਿੰਦਰ ਸਿੰਘ ਮੜੌਲੀ, ਅਮਨਪ੍ਰੀਤ ਸਿੰਘ ਅਮਨਾ, ਸਰਪੰਚ ਦਲਬੀਰ ਸਿੰਘ, ਬਲਜੀਤ ਸਿੰਘ ਦਤਾਰਪੁਰ ਆਦਿ ਆਗੂ ਹਾਜ਼ਰ ਸਨ।

# ਜਨਗਣਨਾ 2027 ਸੰਬੰਧੀ ਦੋ ਦਿਨਾ ਟ੍ਰੇਨਿੰਗ ਵਰਕਸ਼ਾਪ ਸ਼ੁਰੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਜਨਗਣਨਾ 2027 ਦੀਆਂ ਤਿਆਰੀਆਂ ਦੇ ਤਹਿਤ ਦੋ ਦਿਨਾਂ ਟ੍ਰੇਨਿੰਗ ਵਰਕਸ਼ਾਪ ਦੀ ਸ਼ੁਰੂਆਤ ਕੀਤੀ ਗਈ। ਇਸ ਵਰਕਸ਼ਾਪ ਦੌਰਾਨ ਜਨਗਣਨਾ ਨਾਲ ਸਬੰਧਿਤ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਪ੍ਰਕਿਰਿਆ, ਡਿਜੀਟਲ ਪ੍ਰਣਾਲੀ ਅਤੇ ਫੀਲਡ ਪੱਧਰ 'ਤੇ ਕੀਤੇ ਜਾਣ ਵਾਲੇ ਕੰਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਟ੍ਰੇਨਿੰਗ ਦੌਰਾਨ ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਦੀ ਹਾਜ਼ਰੀ ਵਿੱਚ ਜਨਗਣਨਾ ਵਿਭਾਗ ਦੇ ਸਹਾਇਕ ਡਾਇਰੈਕਟਰ ਸੁਪਰਿਆ ਵੱਲੋਂ ਭਾਗ ਲੈਣ ਵਾਲਿਆਂ ਨੂੰ ਜਨਗਣਨਾ ਦੀ ਪੂਰੀ ਪ੍ਰਕਿਰਿਆ ਬਾਰੇ ਤਕਨੀਕੀ ਟ੍ਰੇਨਿੰਗ ਪ੍ਰਦਾਨ ਕੀਤੀ ਗਈ। ਸਹਾਇਕ ਡਾਇਰੈਕਟਰ ਸੁਪਰਿਆ ਨੇ ਇਸ ਮੌਕੇ ਦੱਸਿਆ ਕਿ ਆਉਣ ਵਾਲੀ ਜਨਗਣਨਾ ਪਹਿਲੀ ਵਾਰ ਪੂਰੀ ਤਰ੍ਹਾਂ ਡਿਜੀਟਲ ਮੋਡ ਵਿੱਚ ਕਰਵਾਈ ਜਾ ਰਹੀ ਹੈ। ਇਸ ਵਾਰ ਸਰਕਾਰ ਵੱਲੋਂ 'ਸੈਲਫ ਇਨੁਮੀਰੇਸ਼ਨ' ਦੀ ਸਹੂਲਤ ਵੀ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਕੋਈ ਵੀ ਨਾਗਰਿਕ 30 ਅਪ੍ਰੈਲ 2026 ਤੋਂ 14 ਮਈ 2026 ਤੱਕ ਖੁਦ ਆਨਲਾਈਨ ਤਰੀਕੇ ਨਾਲ ਆਪਣੇ ਘਰ ਦੀ ਗਿਣਤੀ ਦਰਜ ਕਰ ਸਕੇਗਾ। ਇਸ ਤੋਂ ਬਾਅਦ ਜਨਗਣਨਾ ਦਾ ਪਹਿਲਾ ਫੇਜ਼ 15 ਮਈ 2026 ਤੋਂ 13 ਜੂਨ 2026 ਤੱਕ 'ਹਾਊਸ ਲਿਸਟਿੰਗ' ਦੇ ਰੂਪ ਵਿੱਚ ਕਰਵਾਇਆ ਜਾਵੇਗਾ। ਇਸ ਦੌਰਾਨ ਇਨੁਮੀਰੇਟਰ ਘਰ-ਘਰ ਜਾ ਕੇ ਮਕਾਨਾਂ ਦੀ ਜਾਣਕਾਰੀ ਇਕੱਠੀ ਕਰਨਗੇ ਅਤੇ ਨਾਗਰਿਕਾਂ ਨੂੰ ਕੁੱਲ 33 ਸਵਾਲ ਪੁੱਛੇ ਜਾਣਗੇ। ਇਸ ਟ੍ਰੇਨਿੰਗ ਵਰਕਸ਼ਾਪ ਵਿੱਚ ਐੱਸ ਡੀ ਐੱਮ ਮੁਕੇਰੀਆਂ ਜਯੋਤਸਨਾ, ਉਪ ਅਰਥ ਅੰਕੜਾ ਸਲਾਹਕਾਰ ਸੁਨੀਤਾ ਪਾਲ, ਸਮੂਹ ਤਹਿਸੀਲਦਾਰਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ ਕਾਰਜਸਾਧਕ ਅਧਿਕਾਰੀਆਂ, ਸਬੰਧਤ ਚਾਰਜ ਅਫਸਰਾਂ ਦੇ ਕਲਰਕਾਂ ਤੇ ਤਕਨੀਕੀ ਸਹਾਇਕਾਂ ਨੇ ਭਾਗ ਲਿਆ।

# ਬਾਬਾ ਬਾਲਕ ਨਾਥ ਦੀ 32ਵੀਂ ਚੌਂਕੀ

**ਫਗਵਾੜਾ (ਡਾ ਰਮਨ)**- ਇਲਾਕਾ ਪ੍ਰੀਤ ਨਗਰ ਗਲੀ ਨੰਬਰ 3 ਵਿਖੇ ਬਾਬਾ ਬਾਲਕ ਨਾਥ ਜੀ ਦੇ ਭਗਤ ਸਵਰਗੀਏ ਰਾਮ ਚੰਦਰ ਜੀ ਗੱਦੀ ਨਸ਼ੀਨ ਵਲੋਂ ਬਾਬਾ ਬਾਲਕ ਨਾਥ ਜੀ ਦੀ ਲਗਾਤਾਰ



ਚਲਾਈ 32ਵੀ ਚੋਕੀ ਨੂੰ ਨਿਰੰਤਰ ਜਾਰੀ ਰੱਖਦਿਆ ਹੋਇਆ ਉਨ੍ਹਾਂ ਦੇ ਸਪੁੱਤਰ ਸੰਦੀਪ ਕੁਮਾਰ ਦੀ ਅਗਵਾਈ ਹੇਠ ਬਾਬੇ ਦੀ ਚੋਕੀ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਗੁਰੂ ਮਹਾਰਾਜ ਬਾਬਾ ਪ੍ਰਮਜੀਤ ਕੌਰ ਪਿੰਕੀ ਪਿੰਡ ਫਰਾਲਾ (ਬੰਗਾ) ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਬਾਬਾ ਜੀ ਦੀ ਆਰਤੀ ਕਰ ਕੇ ਉਨ੍ਹਾਂ ਨੂੰ ਭੋਗ ਲਗਾਇਆ ਗਿਆ। ਇਸ ਤੋਂ ਉਪਰੰਤ ਅਸ਼ੋਕ ਜਨਾਗਲ ਐਂਡ ਪਾਰਟੀ ਵਲੋਂ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਗਾਇਆ ਗਿਆ। ਉਨ੍ਹਾਂ ਵਲੋਂ ਗਾਈਆ ਗਈਆ ਭੇਟਾਂ ਨੇ ਸਭਣਾ ਨੂੰ ਨੱਚਣ ਲਈ ਮਜਬੂਰ ਕੀਤਾ। ਇਸ ਮੌਕੇ ਨਿਰਮਲਾ ਦੇਵੀ, ਕਪਿਲ ਕੁਮਾਰ, ਰੈਣੂ ਬਾਲਾ, ਸ਼ਿਲਪਾ, ਮਦਨ ਲਾਲ, ਜੀਵਨ ਸੰਘਾ, ਅਮਿਤ ਕੁਮਾਰ, ਹਰਚਰਣ ਸਿੰਘ, ਪ੍ਰਮਜੀਤ ਕੌਰ ਪਿੰਕੀ, ਆਸ਼ੂ, ਅਮਰਜੀਤ ਕੌਰ ਸੋਨੂ, ਮਨਮੀਤ, ਹਰਪ੍ਰੀਤ, ਅਮਰਜੀਤ ਸਿੰਘ, ਗੁਰਬਖਸ਼ ਕੌਰ, ਸੁਰਜੀਤ ਲਾਲ, ਰਵਿੰਦਰ ਕੌਰ,ਨੀਲਮ, ਸੁਨੀਲ ਡੋਗਰਾ, ਕੁਲਜੀਤ ਕੌਰ, ਸੁਖਜੀਤ, ਮੰਗਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ ਇਸ ਮੌਕੇ ਅਤੁੱਟ ਲੰਗਰ ਵਰਤਾਇਆ ਗਿਆ।

# ਡੀ ਐੱਸ ਪੀ ਨੇ ਨੌਜਵਾਨਾਂ ਨੂੰ ਦਿੱਤਾ ਨਸ਼ਾ ਛੱਡਣ ਦਾ ਸੱਦਾ

**ਬਲਾਚੌਰ (ਜਸਵਿੰਦਰ ਬੈਂਸ)** ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨੀ ਨੂੰ ਮਾੜੀਆਂ ਅਲਾਮਤਾਂ ਤੋਂ ਬਚਾਉਣ ਦੇ ਮਕਸਦ ਨਾਲ ਮਾਤਾ ਵਿਦਿਆ ਦੇਵੀ ਕਬੱਡੀ ਅਕੈਡਮੀ ਪੋਜੇਵਾਲ ਵੱਲੋਂ ਚੌਥਾ ਵਿਸ਼ਾਲ ਕਬੱਡੀ ਟੂਰਨਾਮੈਂਟ ਬੜੀ ਧੂਮ-ਧਾਮ ਨਾਲ ਕਰਵਾਇਆ ਗਿਆ। ਇਸ ਖੇਡ ਮਹਾਂਕੁੰਭ ਵਿੱਚ ਇਲਾਕੇ ਭਰ ਦੀਆਂ ਨਾਮੀ ਟੀਮਾਂ ਨੇ ਆਪਣੇ ਜੌਹਰ ਦਿਖਾਏ



ਤੇ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੇ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ। ?ਇਸ ਮੌਕੇ ਹਲਕਾ ਬਲਾਚੌਰ ਦੇ ਵਿਧਾਇਕਾ ਸੰਤੋਸ਼ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਖਿਡਾਰੀਆਂ ਨਾਲ ਜਾਣ-ਪਛਾਣ ਕੀਤੀ। ਉਨ੍ਹਾਂ ਦੇ ਨਾਲ 'ਆਪ' ਦੇ ਸੀਨੀਅਰ ਆਗੂ ਅਸ਼ੋਕ ਕਟਾਰੀਆ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਨਵੀਰ ਕਟਾਰੀਆ, ਡੀ ਐੱਸ ਪੀ ਬਲਾਚੌਰ ਹਿੰਮਤ ਮਲਹੋਤਰਾ ਅਤੇ ਐਸ.ਐਚ.ਓ. ਪੋਜੇਵਾਲ ਰਾਜ ਪਰਵਿੰਦਰ ਕੌਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ?ਟੂਰਨਾਮੈਂਟ ਦੇ ਫਸਵੇਂ ਮੁਕਾਬਲਿਆਂ ਦੌਰਾਨ ਅਕੈਡਮੀ ਪੱਧਰ ਦੇ ਮੈਚਾਂ ਵਿੱਚ ਮਾਤਾ ਵਿਦਿਆ ਦੇਵੀ ਅਕੈਡਮੀ ਪੋਜੇਵਾਲ ਨੇ ਪਹਿਲਾ ਸਥਾਨ ਹਾਸਲ ਕਰਕੇ ਟਰਾਫੀ 'ਤੇ ਕਬਜ਼ਾ ਕੀਤਾ, ਜਦਕਿ ਚੜ੍ਹਦੀ ਕਲਾ ਜਲੰਧਰ ਦੀ ਟੀਮ ਦੂਜੇ ਸਥਾਨ 'ਤੇ ਰਹੀ।ਪਿੰਡ ਪੱਧਰ ਦੇ ਓਪਨ ਮੁਕਾਬਲਿਆਂ ਵਿੱਚ ਕਰੀਮਪੁਰ ਚਾਹਵਾਲਾ ਦੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਅਤੇ ਜੱਬੋਵਾਲ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਇਨਾਮ ਵੰਡ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਡੀ ਐੱਸ ਪੀ ਹਿੰਮਤ ਮਲਹੋਤਰਾ ਨੇ ਨੌਜਵਾਨਾਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਕੋਈ ਸ਼ਾਰਟਕੱਟ ਨਹੀਂ ਹੁੰਦਾ। ਚਾਹੇ ਖੇਡ ਦਾ ਮੈਦਾਨ ਹੋਵੇ ਜਾਂ ਜ਼ਿੰਦਗੀ ਦਾ ਰਾਹ, ਸਿਰਫ਼ ਸਖ਼ਤ ਮਿਹਨਤ ਅਤੇ ਇਮਾਨਦਾਰੀ ਨਾਲ ਹੀ ਮੰਜ਼ਿਲ ਪਾਈ ਜਾ ਸਕਦੀ ਹੈ। ਉਨ੍ਹਾਂ ਸਮਾਜਿਕ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਂਦਿਆਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪੜ੍ਹਾਈ ਅਤੇ ਖੇਡਾਂ ਦੇ ਨਾਲ-ਨਾਲ ਸਮਾਜਿਕ ਬੁਰਾਈਆਂ ਵਿਰੁੱਧ ਵੀ ਲਾਮਬੰਦ ਹੋਣ ਅਤੇ ਪੁਲਸ ਪ੍ਰਸ਼ਾਸਨ ਦਾ ਸਹਿਯੋਗ ਕਰਨ। ਟੂਰਨਾਮੈਂਟ ਨੂੰ ਸਫਲ ਬਣਾਉਣ ਵਿੱਚ ਅਕੈਡਮੀ ਦੇ ਪ੍ਰਧਾਨ ਅਵਤਾਰ ਪੋਜੇਵਾਲ, ਲੱਕੀ ਕਟਾਰੀਆ ਚੇਅਰਮੈਨ, ਭੂਸ਼ਣ ਕਟਾਰੀਆ, ਵਿਜੇ ਫੌਜੀ ਅਤੇ ਅਸ਼ਵਨੀ ਫੌਜੀ ਨੇ ਅਹਿਮ ਭੂਮਿਕਾ ਨਿਭਾਈ।

# ਪੰਜਾਬ ਪੁਲਸ 'ਚ ਭਰਤੀ ਲਈ ਟ੍ਰੇਨਿੰਗ ਦੀਆਂ ਕਲਾਸਾਂ ਸ਼ੁਰੂ

**ਕਪੂਰਥਲਾ, (ਪ੍ਰੀਤ ਸੰਗੋਜਲਾ)**- ਪੰਜਾਬ ਸਰਕਾਰ ਵੱਲੋਂ ਆਰਮੀ, ਪੈਰਾਮਿਲਟਰੀ ਫੋਰਸ, ਐੱਸ ਐੱਸ ਸੀ ਤੇ ਪੰਜਾਬ ਪੁਲਿਸ ਵਿੱਚ ਭਰਤੀ ਲਈ ਮੁਫ਼ਤ ਲਿਖਤੀ ਪੇਪਰ ਅਤੇ ਫਿਜ਼ੀਕਲ ਟ੍ਰੇਨਿੰਗ ਸੀ-ਪਾਈਟ ਕੈਂਪ ਥੇਹ ਕਾਂਜਲਾ, ਕਪੂਰਥਲਾ ਵਿਖੇ ਕਰਵਾਈ ਜਾ ਰਹੀ ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸੀ-ਪਾਈਟ



ਕੈਂਪ ਕਪੂਰਥਲਾ ਦੇ ਇੰਚਾਰਜ ਕੈਪਟਨ ਅਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਪੁਲਸ ਵਿੱਚ ਭਰਤੀ ਲਈ ਰਜਿਸਟ੍ਰੇਸ਼ਨ 30 ਮਾਰਚ ਤੱਕ ਚੱਲ ਰਹੀ ਹੈ ਅਤੇ ਕੈਂਪ ਵਿਖੇ ਲਿਖਤੀ ਅਤੇ ਸਰੀਰਕ ਸਿਖਲਾਈ ਦੀਆਂ ਕਲਾਸਾਂ 10 ਮਾਰਚ ਤੋਂ ਸ਼ੁਰੂ ਕੀਤੀਆਂ ਗਈਆਂ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਆਰਮੀ ਅਗਨੀਵੀਰ ਵਿੱਚ ਭਰਤੀ ਲਈ ਲਿਖਤੀ ਪੇਪਰ ਦੀਆਂ ਕਲਾਸਾਂ ਪਹਿਲਾਂ ਤੋਂ ਹੀ ਕੈਂਪ ਵਿੱਚ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਮੀਦਵਾਰਾਂ ਨੂੰ ਮੁਫ਼ਤ ਟ੍ਰੇਨਿੰਗ, ਰਿਹਾਇਸ਼ ਅਤੇ ਖਾਣ-ਪੀਣ ਦੀ ਸਹੂਲਤ ਮੁਹੱਈਆ ਕਰਵਾਈ ਜਾਂਦੀ ਹੈ।ਕੈਪਟਨ ਅਜੀਤ ਸਿੰਘ ਨੇ ਦੱਸਿਆ ਕਿ ਕੈਂਪ ਵਿੱਚ ਉਮੀਦਵਾਰਾਂ ਲਈ ਜਿਮ, ਸਮਾਰਟ ਕਲਾਸਰੂਮ, 400 ਮੀਟਰ ਦਾ ਟ੍ਰੈਕ, ਵਧੀਆ ਵਾਲੀਬਾਲ ਗਰਾਊਂਡ ਅਤੇ ਇਸ ਤੋਂ ਇਲਾਵਾ ਹੋਰ ਕਈ ਖੇਡਾਂ ਦੀਆਂ ਸਹੂਲਤਾਂ ਉਪਲਬਧ ਹਨ।

# ਨਿਰਮਲ ਸਿੰਘ ਹਰੀਵਾਲ ਐੱਸ ਸੀ ਵਿੰਗ ਦੇ ਪ੍ਰਧਾਨ ਨਿਯੁਕਤ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਅਕਾਲੀ ਦਲ ਦੇ ਸ੍ਰੀ ਅਨੰਦਪੁਰ ਸਾਹਿਬ ਦੇ ਵਰਕਰਾਂ ਨੇ ਇਥੇ ਪਾਰਟੀ ਵੱਲੋਂ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਦੇ ਮੈਂਬਰ ਨਿਰਮਲ ਸਿੰਘ ਹਰੀਵਾਲ ਨੂੰ ਜ਼ਿਲ੍ਹਾ ਰੋਪੜ ਦੇ ਐਸ ਸੀ ਵਿੰਗ ਦੇ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਪਾਰਟੀ



ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਡਾ. ਦਲਜੀਤ ਸਿੰਘ ਚੀਮਾ ਤੇ ਭਾਈ ਅਮਰਜੀਤ ਸਿੰਘ ਚਾਵਲਾ ਦਾ ਧੰਨਵਾਦ ਕੀਤਾ ਹੈ ਜਿਨ੍ਹਾਂ ਨੇ ਪਾਰਟੀ ਦੇ ਮਿਹਨਤੀ ਤੇ ਸੀਨੀਅਰ ਆਗੂ ਨਿਰਮਲ ਸਿੰਘ ਹਰੀਵਾਲ ਨੂੰ ਪਾਰਟੀ ਦੇ ਐਸ ਸੀ ਵਿੰਗ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਹੈ। ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਤੇ ਜ਼ਿਲ੍ਹਾ ਪ੍ਰਧਾਨ ਦਰਬਾਰਾ ਸਿੰਘ ਬਾਲਾ ਨੇ ਨਿਰਮਲ ਸਿੰਘ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਤੇ ਵਰਕਰਾਂ ਨੇ ਲੱਡੂ ਵੰਡੇ ।ਇਸ ਮੌਕੇ ਸੁਰਿੰਦਰ ਸਿੰਘ ਮਟੌਰ, ਜਥੇਦਾਰ ਰਾਮ ਸਿੰਘ, ਜਰਨੈਲ ਸਿੰਘ ਗੁੰਬਰ ਮੈਨੇਜਰ ਮਲਕੀਤ ਸਿੰਘ, ਹਰਦੇਵ ਸਿੰਘ, ਸੰਦੀਪ ਸਿੰਘ ਕਲੌਤਾ, ਰਘਬੀਰ ਸਿੰਘ ਰਾਣੂ ਜਸਵੰਤ ਸਿੰਘ ਹਰੀਵਾਲ, ਗੁਰਨਾਮ ਸਿੰਘ ਮਟੌਰ, ਦੇਵਿੰਦਰ ਸਿੰਘ ਢਿਲੋਂ, ਭੁਪਿੰਦਰ ਸਿੰਘ ਬੀਕਾਪੁਰ, ਸਰਬਜੀਤ ਸਿੰਘ ਆਦਿ ਹਾਜ਼ਰ ਸਨ।

# ਟਿੱਪਰ ਨੇ ਖੜੀ ਗੱਡੀ ਨੂੰ ਮਾਰੀ ਟੱਕਰ, ਘਟਨਾ ਸੀ ਸੀ ਟੀ ਵੀ 'ਚ ਕੈਦ

**ਫਿਲੌਰ, (ਨਿਰਮਲ)**- ਨਵਾਂਸ਼ਹਿਰ ਰੋਡ ਤੇ ਪੈਂਦੇ ਪਿੰਡ ਰਸੂਲਪੁਰ ਵਿਖੇ ਇੱਕ ਰੇਤ ਨਾਲ ਭਰੇ ਟਿੱਪਰ ਨੇ ਖੜੀ ਐਕਸ ਯੂ ਵੀ ਗੱਡੀ ਨੂੰ ਜ਼ਬਰਦਸਤ ਟੱਕਰ ਮਾਰ ਦਿੱਤੀ ਜਿਸ ਕਾਰਨ ਗੱਡੀ ਵਿੱਚ ਸਵਾਰ 2 ਲੋਕਾਂ ਨੂੰ ਮਾਮੂਲੀ ਸੱਟਾਂ ਲੱਗੀਆਂ । ਇਹ ਸਾਰੀ ਘਟਨਾ ਉੱਥੇ ਲੱਗੇ ਇੱਕ ਸੀ



ਸੀ ਟੀ ਵੀ ਕੈਮਰੇ ਵਿੱਚ ਕੈਦ ਹੋ ਗਈ। ਜਾਣਕਾਰੀ ਦਿੰਦੇ ਹੋਏ ਮੌਕੇ ਤੇ ਮੌਜੂਦ ਚਸ਼ਮਦੀਦ ਸੋਨੂੰ ਨੇ ਦੱਸਿਆ ਕਿ ਟਿੱਪਰ ਚਾਲਕ ਜੋ ਕਿ ਨਵਾਂਸ਼ਹਿਰ ਮਾਰਗ ਤੋਂ ਫਿਲੌਰ ਸਾਇਡ ਜਾ ਰਿਹਾ ਸੀ ਅਤੇ ਇੱਕ ਐਕਸ ਯੂ ਵੀ ਗੱਡੀ ਦੇ ਚਾਲਕ ਨੇ ਫਿਲੌਰ ਨੂੰ ਮੁੜਨਾ ਸੀ ਇਨੇ ਵਿੱਚ ਸੜਕ ਵਿਚਕਾਰ ਇੱਕ ਹੋਰ ਕਾਲੇ ਰੰਗ ਦੀ ਅਲਟੋ ਕਾਰ ਨੂੰ ਬਚਾਉਣ ਦੇ ਚੱਕਰ ਵਿੱਚ ਟਿੱਪਰ ਚਾਲਕ ਨੇ ਖੜੀ ਐਕਸ ਯੂ ਵੀ ਗੱਡੀ ਨੂੰ ਟੱਕਰ ਮਾਰ ਕੇ ਖੇਤਾਂ ਵੱਲ ਘੜੀਸ ਦਿੱਤਾ। ਘਟਨਾ ਦੀ ਖ਼ਬਰ ਮਿਲਦਿਆਂ ਹੀ 112 ਨੰਬਰ ਪੁਲਿਸ ਟੀਮ ਦੇ ਕਰਮਚਾਰੀਆਂ ਨੇ ਮੌਕੇ ਤੇ ਪਹੁੰਚ ਕੇ ਤੁਰੰਤ ਗੱਡੀਆਂ ਸਾਇਡ ਕਰਵਾਕੇ ਆਵਾਜਾਈ ਨੂੰ ਚਾਲੂ ਕਰਵਾਇਆ।

# ਪੰਡਤ ਰਾਹੁਲ ਸ਼ਾਸਤਰੀ ਨੂੰ ਰਾਜਪਾਲ ਨੇ ਕੀਤਾ ਸਨਮਾਨਤ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਜੋਤਿਸ਼ ਪ੍ਰਾਂਗਣ ਵੱਲੋਂ ਚੰਡੀਗੜ੍ਹ ਵਿਖੇ ਆਯੋਜਿਤ 'ਊਰਜਾ ਸਨਮਾਨ ਸਮਾਗਮ' ਦੌਰਾਨ ਫਗਵਾੜਾ ਦੇ ਪ੍ਰਸਿੱਧ ਤੇ



ਨੌਜਵਾਨ ਜੋਤਸ਼ੀ ਤੇ ਵਾਸਤੂ ਮਾਹਰ ਪੰਡਿਤ ਰਾਹੁਲ ਸ਼ਾਸਤਰੀ ਨੂੰ ਜੋਤਿਸ਼ ਪ੍ਰਤੀ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਸਨਮਾਨਤ ਕੀਤਾ ਗਿਆ। ਪੰਜਾਬ ਦੇ ਰਾਜਪਾਲ ਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਮੌਜੂਦ ਸਨ। ਪੰਡਿਤ ਰਾਹੁਲ ਸ਼ਾਸਤਰੀ ਨੇ ਦੱਸਿਆ ਕਿ ਜੋਤਿਸ਼ ਪ੍ਰਾਂਗਣ ਵੱਲੋਂ ਸੰਸਥਾਪਕ ਪੂਨਮ ਸ਼ਰਮਾ ਦੀ ਅਗਵਾਈ ਹੇਠ ਚੰਡੀਗੜ੍ਹ ਦੇ ਹੋਟਲ ਪਾਰਕ ਵਿਊ ਵਿਖੇ ਇਸ ਸਨਮਾਨ ਸਮਾਗਮ ਦਾ ਆਯੋਜਨ ਕੀਤਾ ਗਿਆ ਸੀ ਜਿਸ ਵਿੱਚ ਦੇਸ਼ ਭਰ ਦੇ ਵਿਦਵਾਨਾਂ ਤੇ ਪਤਵੰਤਿਆਂ ਨੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਅਧਿਆਤਮਿਕਤਾ, ਗਿਆਨ ਅਤੇ ਸੱਭਿਆਚਾਰ ਦਾ ਸੁੰਦਰ ਸੰਗਮ ਦੇਖਣ ਨੂੰ ਮਿਲਿਆ। ਦੇਸ਼ ਦੇ ਵੱਖ-ਵੱਖ ਰਾਜਾਂ ਦੇ ਵਿਦਵਾਨਾਂ ਨੇ ਜੋਤਿਸ਼ ਅਤੇ ਧਰਮ ਦੇ ਸਮਾਜਿਕ ਮਹੱਤਵ 'ਤੇ ਆਪਣੇ ਵਿਚਾਰ ਪੇਸ਼ ਕੀਤੇ। ਪੰਡਿਤ ਰਾਹੁਲ ਸ਼ਾਸਤਰੀ ਨੇ ਮਾਨਯੋਗ ਰਾਜਪਾਲ ਵੱਲੋਂ ਸਨਮਾਨਿਤ ਹੋਣ ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਜੋਤਿਸ਼ ਨਾ ਸਿਰਫ਼ ਭਵਿੱਖ ਨੂੰ ਜਾਨਣ ਦਾ ਸਾਧਨ ਹੈ, ਸਗੋਂ ਇੱਕ ਵਿਗਿਆਨ ਵੀ ਹੈ ਜੋ ਜੀਵਨ ਨੂੰ ਸਹੀ ਦਿਸ਼ਾ ਵਿੱਚ ਮੋੜਨ ਦਾ ਮਾਰਗਦਰਸ਼ਨ ਕਰਦਾ ਹੈ। ਉਨ੍ਹਾਂ ਨੇ ਇਸ ਸਨਮਾਨ ਲਈ ਪ੍ਰਬੰਧਕਾਂ ਤੇ ਰਾਜਪਾਲ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ।

# ਸ਼ਾਰਟ ਸਰਕਟ ਨਾਲ ਦੁਕਾਨ ਨੂੰ ਲੱਗੀ ਅੱਗ

**ਜਲੰਧਰ (ਸੁਰਿੰਦਰ ਕੁਮਾਰ)**- ਵਿਨੈ ਨਗਰ ਵਿਚ ਸਥਿਤ ਗੁਰੂ ਕਲਾਥ ਹਾਊਸ ਨੂੰ ਭਿਆਨਕਅੱਗ ਲੱਗਣ ਨਾਲ ਦੁਕਾਨ ਵਿੱਚ ਰੱਖੇ ਕੱਪੜਿਆਂ ਨੂੰ ਕਾਫ਼ੀ ਨੁਕਸਾਨ ਪਹੁੰਚਿਆ। ਰਿਪੋਰਟਾਂ ਅਨੁਸਾਰ, ਦੁਕਾਨ ਮਾਲਕ ਸਾਗਰ ਸਵੇਰੇ 10:15 ਵਜੇ ਦੇ ਕਰੀਬ ਦੁਕਾਨ 'ਤੇ ਪਹੁੰਚਿਆ ਤਾਂ ਉਸ ਨੂੰ ਅੱਗ ਲੱਗਣ ਦੀ ਘਟਨਾ ਦਾ ਪਤਾ ਲੱਗਾ। ਦੱਸਿਆ ਜਾ ਰਿਹਾ ਹੈ ਕਿ ਸ਼ਾਰਟ ਸਰਕਟ ਕਾਰਨ ਦੁਕਾਨ ਦੇ ਪਿੱਛੇ ਵਿਨੈ ਨਗਰ ਇਲਾਕੇ ਵਿੱਚ ਵੀ ਨੁਕਸਾਨ ਹੋਇਆ। ਮੌਕੇ 'ਤੇ ਮੌਜੂਦ ਕਰਮਚਾਰੀਆਂ ਨੇ ਤੁਰੰਤ ਅੱਗ ਬੁਝਾਊ ਯੰਤਰਾਂ ਤੇ ਦੁਕਾਨ ਵਿੱਚ ਮੌਜੂਦ ਪਾਣੀ ਦੀ ਵਰਤੋਂ ਕਰ ਕੇ ਅੱਗ 'ਤੇ ਕਾਬੂ ਪਾਇਆ। ਹਾਲਾਂਕਿ, ਫਾਇਰ ਬ੍ਰਿਗੇਡ ਦੇ ਪਹੁੰਚਣ ਤੋਂ ਪਹਿਲਾਂ ਹੀ ਅੱਗ ਬੁਝਾ ਦਿੱਤੀ ਗਈ। ਦੁਕਾਨ ਮਾਲਕ ਅਨੁਸਾਰ, ਲਗਭਗ 15-20 ਲੱਖ ਰੁਪਏ ਦਾ ਨੁਕਸਾਨ ਹੋਣ ਦਾ ਅਨੁਮਾਨ ਹੈ। ਅੱਗ ਕਾਰਨ ਦੁਕਾਨ ਵਿੱਚ ਰੱਖੇ ਕੱਪੜਿਆਂ ਨੂੰ ਕਾਫ਼ੀ ਨੁਕਸਾਨ ਪਹੁੰਚਿਆ। ਦੁਕਾਨ ਵਿੱਚ ਕਈ ਲੋਕਾਂ ਲਈ ਤਿਆਰ ਕੱਪੜੇ ਵੀ ਸਨ, ਜੋ ਅੱਗ ਅਤੇ ਧੂੰਏਂ ਨਾਲ ਨੁਕਸਾਨੇ ਗਏ।ਦੱਸਿਆ ਜਾ ਰਿਹਾ ਹੈ ਕਿ ਪੰਜਾਬੀ ਗਾਇਕ ਕੁਲਵਿੰਦਰ ਬਿੱਲਾ ਲਈ ਵਿਦੇਸ਼ਾਂ ਵਿੱਚ ਉਨ੍ਹਾਂ ਦੇ ਆਉਣ ਵਾਲੇ ਸ਼ੋਅ ਲਈ ਆਰਡਰ ਕੀਤੀ ਗਈ ਇੱਕ ਖਾਸ ਡਰੈੱਸ ਵੀ ਇੱਥੇ ਤਿਆਰ ਕੀਤੀ ਜਾ ਰਹੀ ਸੀ। ਅੱਗ ਲੱਗਣ ਨਾਲ ਉਸ ਡਰੈੱਸ ਨੂੰ ਵੀ ਨੁਕਸਾਨ ਪਹੁੰਚਿਆ।

# ਸਵੈ-ਰੋਜ਼ਗਾਰ ਦੇ ਮੌਕਿਆਂ ਲਈ ਸੰਬੰਧੀ ਉੱਦਮਤਾ ਜਾਗਰੂਕਤਾ ਪ੍ਰੋਗਰਾਮ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਭਾਰਤ ਸਰਕਾਰ ਤੇ ਪੰਜਾਬ ਸਰਕਾਰ ਵਲੋਂ ਨੌਜਵਾਨਾਂ ਨੂੰ ਆਪਣਾ ਕੰਮ-ਧੰਦਾ ਸ਼ੁਰੂ ਕਰਨ ਜਾਗਰੂਕ ਕਰਨ ਲਈ ਸ਼ੁਰੂ ਕੀਤੇ ਪ੍ਰੋਗਰਾਮ ਤਹਿਤ ਸਰਕਾਰੀ ਆਈ ਟੀ ਆਈ ਹੁਸ਼ਿਆਰਪੁਰ ਵਿਖੇ ਪ੍ਰਿੰਸੀਪਲ ਸ੍ਰੀ ਰੁਪਿੰਦਰ ਸਿੰਘ, ਵਾਈਸ ਪ੍ਰਿੰਸੀਪਲ ਸ੍ਰੀ ਪੁਸ਼ਪਿੰਦਰ ਸਿੰਘ ਦੇ





ਦਿਸ਼ਾ ਨਿਰਦੇਸ਼ਾਂ ਤਹਿਤ ਨੋਡਲ ਅਫਸਰ ਹੰਸ ਰਾਜ ਤੇ ਮਨਜਿੰਦਰ ਸਿੰਘ, ਵਲੋਂ ਐਮ.ਐੱਸ.ਐੱਮ.ਈ. ਲੁਧਿਆਣਾ ਦੇ ਸਹਿਯੋਗ ਨਾਲ ਉੱਦਮਤਾ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਐੱਮ ਐੱਸ ਐੱਮ ਈ ਲੁਧਿਆਣਾ ਤੋਂ ਵਿਸ਼ੇਸ਼ ਤੌਰ ਪਹੁੰਚੇ ਕੁੰਦਨ ਲਾਲ ਆਈ ਈ ਡੀ ਐੱਸ ਸਹਾਇਕ ਡਾਇਰੈਕਟਰ ਰਿਟਾਇਰਡ, ਦੀਪਕ ਚੇਚੀ ਸਹਾਇਕ ਡਾਇਰੈਕਟਰ ਐੱਮ ਐੱਸ ਐੱਮ ਈ ਲੁਧਿਆਣਾ, ਸ਼ਾਮ ਸੁੰਦਰ ਵਲੋਂ ਸਿਖਿਆਰਥੀਆਂ ਨੂੰ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਵਲੋਂ ਨੌਜਵਾਨਾਂ ਨੂੰ ਆਪਣਾ ਕੰਮ-ਧੰਦਾ/ਲਘੂ ਉਦਯੋਗ ਸ਼ੁਰੂ ਕਰਨ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਜਿਲ੍ਹਾ ਉਦਯੋਗ ਕੇਂਦਰ ਹੁਸ਼ਿਆਰਪੁਰ ਤੋਂ ਪਹੁੰਚੇ ਕਮਲਜੀਤ ਕੌਰ ਐੱਸ ਆਈ ਪੀ ਓ, ਸ੍ਰੀਮਤੀ ਪੂਜਾ ਨੇ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਜ਼ਿਲ੍ਹਾ ਉਦਯੋਗ ਕੇਂਦਰ ਹੁਸ਼ਿਆਰਪੁਰ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਨੋਡਲ ਅਫਸਰ ਹੰਸ ਰਾਜ ਵਲੋਂ ਕਿੱਤਾ ਮੁੱਖੀ ਸਿਖਲਾਈ ਕੋਰਸ ਪੂਰਾ ਕਰਨ ਉਪਰੰਤ ਆਪਣਾ ਰੁਜ਼ਗਾਰ ਸ਼ੁਰੂ ਕਰਨ ਦੇ ਇੱਛੁਕ ਸਿਖਿਆਰਥੀਆਂ ਨੂੰ ਭਾਰਤ ਸਰਕਾਰ ਵਲੋਂ ਉੱਦਮੀਆਂ ਦੀ ਸਹੂਲਤ ਲਈ ਸ਼ੁਰੂ ਕੀਤੀਆਂ ਯੋਜਨਾਵਾਂ ਦਾ ਲਾਭ ਉਠਾਉਂਦੇ ਹੋਏ ਆਪਣਾ ਖੁਦ ਦਾ ਰੁਜ਼ਗਾਰ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਟ੍ਰੇਨਿੰਗ ਅਫਸਰ ਸ੍ਰੀ ਗੁਰਨਾਮ ਸਿੰਘ, ਅਸ਼ਵਨੀ ਕੁਮਾਰ, ਮਸਤ ਰਾਮ, ਜਗਦੀਪ ਸਿੰਘ, ਮਨਜਿੰਦਰ ਸਿੰਘ, ਸ੍ਰੀਮਤੀ ਕਮਲਪ੍ਰੀਤ ਕੌਰ, ਸ੍ਰੀਮਤੀ ਗਰਿਮਾ, ਸਮੇਤ ਸੰਸਥਾ ਦੇ ਸਿਖਿਆਰਥੀ ਤੇ ਸਟਾਫ਼ ਮੈਂਬਰ ਹਾਜ਼ਰ ਹੋਏ।

# ਸੰਤ ਬਾਬਾ ਚਰਨ ਦਾਸ ਦੀ ਸਾਲਾਨਾ ਬਰਸੀ ਮਨਾਈ

**ਬੰਗਾ (ਅਵਤਾਰ ਕਲੇਰ)**- ਮਹਾਨ ਤਪੱਸਵੀ ਸੰਤ ਬਾਬਾ ਚਰਨ ਦਾਸ ਜੀ ਦਾ ਸਲਾਨਾ 14ਵੀਂ ਬਰਸੀ ਸਮਾਗਮ ਸੰਤ ਬਾਬਾ ਅਮਰ ਦਾਸ ਜੀ ਦੇ ਤਪ ਅਸਥਾਨ ਅਮਰਪੁਰੀ ਕੁਟੀਆ ਪਿੰਡ ਚੱਕ ਕਲਾਲ ਵਿਖੇ ਗੱਦੀ ਨਸ਼ੀਨ ਸੰਤ ਬਾਬਾ ਸੁਖਦੇਵ ਸਿੰਘ ਦੀ ਅਗਵਾਈ ਹੇਠ ਸਮੂਹ ਨਗਰ ਨਿਵਾਸੀਆਂ ਤੇ ਐਨ ਆਰ ਆਈ ਦੇ ਸਹਿਯੋਗ ਨਾਲ ਮਨਾਇਆ ਗਿਆ। ਸ੍ਰੀ ਅਖੰਡ



ਪਾਠ ਸਾਹਿਬ ਦੇ ਭੋਗ ਪਾਏ ਗਏ। ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਕੀਰਤਨੀ ਜਥਿਆਂ, ਢਾਡੀ ਜਥਿਆਂ ਨੇ ਸੰਗਤਾਂ ਨੂੰ ਕੀਰਤਨ ਅਤੇ ਪ੍ਰਵਚਨਾਂ ਨਾਲ ਨਿਹਾਲ ਕੀਤਾ। ਵੱਖ ਵੱਖ ਡੇਰਿਆਂ ਤੋਂ ਆਏ ਹੋਏ ਸੰਤ ਮਹਾਂਪੁਰਸ਼ਾਂ ਨੇ ਸੰਗਤਾਂ ਨੂੰ ਬਾਣੀ ਨਾਲ ਜੋੜਿਆ। ਗੱਦੀ ਨਸ਼ੀਨ ਸੰਤ ਸੁਖਦੇਵ ਸਿੰਘ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਦਾਨੀ ਸੱਜਣਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ। ਇਸ ਮੌਕੇ ਸੰਤ ਸੁਖਦੇਵ ਸਿੰਘ, ਸੰਤ ਬਚਿੱਤਰ ਸਿੰਘ ਜੰਡੂ ਸਿੰਘਾ, ਸੰਤ ਸਰਬਜੀਤ ਸਿੰਘ ਲੜੋਆ, ਸੰਤ ਆਤਮਾ ਦਾਸ ਅੱਪਰਾ, ਸੰਤ ਕਪੂਰ ਦਾਸ ਆਬਾਦਪੁਰਾ, ਸੰਤ ਸ਼ਾਮ ਦਾਸ ਝੰਡੇਰਾਂ, ਸੰਤ ਸਤਨਾਮ ਸਿੰਘ ਬਾਹੜੋਵਾਲ, ਮਾਸਟਰ ਸੋਮਨਾਥ, ਸੁਖਪਾਲ ਫਗਵਾੜਾ, ਸੰਤ ਅਵਤਾਰ ਦਾਸ, ਸੰਤ ਰਾਣਾ ਦਾਸ ਕੰਗ ਜਗੀਰ, ਸੰਤ ਸੰਤੋਖ ਦਾਸ, ਸੰਤ ਰੇਸ਼ਮ ਸਿੰਘ ਜੀਦੋਵਾਲ, ਸੰਤ ਅਰਜਨ ਦਾਸ ਮੰਨਣਹਾਣਾ, ਜਥੇਦਾਰ ਗੁਰਨਾਮ ਸਿੰਘ ਬੰਗਾ, ਬਾਬਾ ਦਲਜੀਤ ਸਿੰਘ ਸੋਢੀ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

# ਡੀ ਸੀ ਵੱਲੋਂ ਕਪੂਰਥਲਾ ਵਿਰਾਸਤੀ ਮੇਲਾ-2026 'ਚ ਲੋਕਾਂ ਨੂੰ ਵੱਧ ਤੋਂ ਵੱਧ ਸ਼ਮੂਲੀਅਤ ਦਾ ਸੱਦਾ

**ਕਪੂਰਥਲਾ, (ਪ੍ਰੀਤ ਸੰਗੋਜਲਾ)** ਜ਼ਿਲ੍ਹਾ ਪ੍ਰਸ਼ਾਸਨ ਕਪੂਰਥਲਾ ਵੱਲੋਂ ਸੈਰ-ਸਪਾਟਾ ਤੇ ਸਭਿਆਚਾਰਕ ਮਾਮਲੇ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਕਪੂਰਥਲਾ ਵਿਰਾਸਤੀ ਮੇਲਾ-2026, 20, 21 ਅਤੇ 22 ਮਾਰਚ ਨੂੰ ਗੁਰੂ ਨਾਨਕ ਸਟੇਡੀਅਮ, ਕਪੂਰਥਲਾ ਵਿਖੇ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਪਰਿਵਾਰਾਂ ਸਮੇਤ ਵੱਡੀ ਗਿਣਤੀ ਵਿੱਚ ਇਸ ਵਿਰਾਸਤੀ ਮੇਲੇ ਵਿੱਚ ਸ਼ਮੂਲੀਅਤ ਕਰਕੇ ਪੰਜਾਬ ਦੀ ਵਿਰਾਸਤ ਤੇ ਸੱਭਿਆਚਾਰ ਦਾ ਆਨੰਦ ਮਾਨਣ।ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਹਰ ਰੋਜ਼ ਸਵੇਰੇ 11 ਵਜੇ ਤੋਂ ਵੱਖ-ਵੱਖ ਸਭਿਆਚਾਰਕ ਗਤੀਵਿਧੀਆਂ ਹੋਣਗੀਆਂ, ਜਦਕਿ ਸ਼ਾਮ ਨੂੰ ਮਸ਼ਹੂਰ ਕਲਾਕਾਰਾਂ ਵੱਲੋਂ ਸਟਾਰ ਨਾਈਟ ਪ੍ਰੋਗਰਾਮ ਪੇਸ਼ ਕੀਤੇ ਜਾਣਗੇ। ਇਸ ਮੌਕੇ 20 ਮਾਰਚ ਨੂੰ ਗੁਰਨਾਮ ਭੁੱਲਰ, 21 ਮਾਰਚ ਨੂੰ ਸਿਕੰਦਰ ਸਲੀਮ ਤੇ 22 ਮਾਰਚ ਨੂੰ ਕਨਵਰ ਗਰੇਵਾਲ ਆਪਣੀ ਗਾਇਕੀ ਨਾਲ ਦਰਸ਼ਕਾਂ ਦਾ ਮਨੋਰੰਜਨ ਕਰਨਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੇਲੇ ਦੌਰਾਨ ਲੋਕਾਂ ਦੇ ਮਨੋਰੰਜਨ ਅਤੇ ਰੁਚੀ ਲਈ ਫੂਡ ਕੋਰਟ, ਕਰਾਫਟ ਬਜ਼ਾਰ, ਕਿਡਜ਼ ਜ਼ੋਨ ਤੇ ਵੱਖ-ਵੱਖ ਸਭਿਆਚਾਰਕ ਗਤੀਵਿਧੀਆਂ ਵੀ ਖਾਸ ਆਕਰਸ਼ਣ ਹੋਣਗੀਆਂ। ਇਸ ਤੋਂ ਇਲਾਵਾ ਪੰਜਾਬ ਦੀ ਪਰੰਪਰਾਗਤ ਕਲਾ ਅਤੇ ਹਸਤਸ਼ਿਲਪ ਨੂੰ ਵੀ ਉਤਸ਼ਾਹਿਤ ਕੀਤਾ ਜਾਵੇਗਾ।

# ਸੀ ਟੀ ਗਰੁੱਪ ਦੇ ਵਿਦਿਆਰਥੀ ਨੇ ਯੂਥ ਫੈਸਟੀਵਲ 'ਚ ਜਿੱਤਿਆ ਸੋਨੇ ਦਾ ਤਗਮਾ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਲਈ ਇਹ ਬਹੁਤ ਮਾਣ ਦੀ ਗੱਲ ਹੈ ਕਿ ਸੰਸਥਾ ਦੇ ਇਕ ਹੁਨਰਮੰਦ ਵਿਦਿਆਰਥੀ ਨੇ ਏ ਆਈ ਯੂ ਰਾਸ਼ਟਰੀ ਯੂਥ ਫੈਸਟੀਵਲ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਰਾਸ਼ਟਰੀ ਪੱਧਰ 'ਤੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਸੀ ਟੀ ਗਰੁੱਪ ਦੇ ਐਮ ਬੀ



ਏ ਦੇ ਪਹਿਲੇ ਸਾਲ ਦੇ ਵਿਦਿਆਰਥੀ ਸ਼ਿਵਾਂਗ ਮਿਸ਼ਰਾ ਨੇ ਮਿਊਜ਼ਿਕ (ਨਾਨ-ਪਰਕਸ਼ਨ) ਸ਼੍ਰੇਣੀ ਵਿੱਚ ਸੋਨੇ ਦਾ ਤਗਮਾ ਹਾਸਲ ਕੀਤਾ। ਇਹ ਯੂਥ ਫੈਸਟੀਵਲ ਸਤਿਆਭਾਮਾ ਇੰਸਟੀਟਿਊਟ ਆਫ ਸਾਇੰਸ ਐਂਡ ਟੈਕਨਾਲੋਜੀ, ਚੇਨਈ ਵਿੱਚ ਆਯੋਜਿਤ ਕੀਤਾ ਗਿਆ ਸੀ।ਜ਼ਿਕਰਯੋਗ ਹੈ ਕਿ ਇਸ ਰਾਸ਼ਟਰੀ ਪੱਧਰ ਦੇ ਯੂਥ ਫੈਸਟੀਵਲ ਵਿੱਚ ਦੇਸ਼ ਭਰ ਦੀਆਂ 160 ਤੋਂ ਵੱਧ ਯੂਨੀਵਰਸਿਟੀਆਂ ਨੇ ਭਾਗ ਲਿਆ। ਇਹ ਸਾਰੀਆਂ ਯੂਨੀਵਰਸਿਟੀਆਂ ਆਪਣੇ-ਆਪਣੇ ਜ਼ੋਨਲ ਮੁਕਾਬਲਿਆਂ ਵਿੱਚ ਜਿੱਤ ਕੇ ਇਸ ਮੰਚ ਤੱਕ ਪਹੁੰਚੀਆਂ ਸਨ, ਜਿਸ ਕਾਰਨ ਮੁਕਾਬਲੇ ਦਾ ਪੱਧਰ ਬਹੁਤ ਉੱਚਾ ਅਤੇ ਕਾਫ਼ੀ ਤਗੜਾ ਸੀ। ਅਜਿਹੇ ਕੜੇ ਅਤੇ ਮਾਣਯੋਗ ਮੁਕਾਬਲੇ ਵਿੱਚ ਸ਼ਿਵਾਂਗ ਮਿਸ਼ਰਾ ਨੇ ਆਪਣੇ ਸ਼ਾਨਦਾਰ ਸੰਗੀਤ ਪ੍ਰਦਰਸ਼ਨ ਨਾਲ ਸਭ ਨੂੰ ਪ੍ਰਭਾਵਿਤ ਕਰਦੇ ਹੋਏ ਸੋਨੇ ਦਾ ਤਗਮਾ ਜਿੱਤਿਆ ਤੇ ਸੀ ਟੀ ਗਰੁੱਪ ਲਈ ਮਾਣ ਵਾਲੀ ਉਪਲਬਧੀ ਹਾਸਲ ਕੀਤੀ। ਇਸ ਮਹੱਤਵਪੂਰਨ ਉਪਲਬਧੀ 'ਤੇ ਵਧਾਈ ਦਿੰਦਿਆਂ ਸੀ ਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਕਿਹਾ ਕਿ ਸ਼ਿਵਾਂਗ ਦੀ ਇਹ ਸਫਲਤਾ ਸੰਸਥਾ ਦੀ ਸਰਵਪੱਖੀ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਨੇ ਕਿਹਾ ਕਿ ਸੀਟੀ ਗਰੁੱਪ ਵਿਦਿਆਰਥੀਆਂ ਨੂੰ ਅਕਾਦਮਿਕ ਖੇਤਰ ਦੇ ਨਾਲ-ਨਾਲ ਸੱਭਿਆਚਾਰਕ, ਰਚਨਾਤਮਕ ਅਤੇ ਪੇਸ਼ੇਵਰ ਖੇਤਰਾਂ ਵਿੱਚ ਵੀ ਅੱਗੇ ਵਧਣ ਲਈ ਪ੍ਰੋਤਸਾਹਿਤ ਕਰਦਾ ਹੈ।ਇਸ ਮੌਕੇ 'ਤੇ ਸੀ ਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਨੇ ਵੀ ਸ਼ਿਵਾਂਗ ਮਿਸ਼ਰਾ ਨੂੰ ਦਿਲੋਂ ਵਧਾਈ ਦਿੱਤੀ ਅਤੇ ਭਾਰਤੀ ਸ਼ਾਸਤਰੀ ਸੰਗੀਤ ਦੀ ਸਮ੍ਰਿੱਧ ਪਰੰਪਰਾ ਨੂੰ ਜਾਰੀ ਰੱਖਣ ਲਈ ਉਨ੍ਹਾਂ ਦੇ ਸਮਰਪਣ ਦੀ ਸਰਾਹਨਾ ਕੀਤੀ।

# ਵਿਦਿਆਰਥੀਆਂ ਵੱਲੋਂ ਅਦਾਨੀ ਆਰ ਐੱਮ ਸੀ ਪਲਾਂਟ ਦਾ ਉਦਯੋਗਿਕ ਦੌਰਾ



**ਜਲੰਧਰ ( ਸ਼ੈਲੀ ਐਲਬਰਟ)** ਪ੍ਰਿੰਸੀਪਲ ਡਾ. ਜਗਰੂਪ ਸਿੰਘ ਤੇ ਸਿਵਲ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਡਾ. ਰਾਜੀਵ ਭਾਟੀਆ ਦੀ ਯੋਗ ਅਗਵਾਈ ਹੇਠ ਮੇਹਰ ਚੰਦ ਪੋਲਿਟੈਕਨਿਕ ਕਾਲਜ ਜਲੰਧਰ ਦੇ ਸਿਵਲ ਇੰਜੀਨੀਅਰਿੰਗ ਵਿਭਾਗ ਦੇ ਵਿਦਿਆਰਥੀਆਂ ਨੇ 14 ਮਾਰਚ ਨੂੰ ਪਿੰਡ ਕੰਗਨੀਵਾਲ (ਜਲੰਧਰ ਨੇੜੇ) ਸਥਿਤ ਅਦਾਨੀ ਆਰ ਐੱਮ ਸੀ (ਰੇਡੀ-ਮਿਕਸ ਕਾਂਕਰੀਟ) ਪਲਾਂਟ ਦਾ ਇੱਕ ਜਾਣਕਾਰੀਪੂਰਕ ਉਦਯੋਗਿਕ ਦੌਰਾ ਕੀਤਾ। ਇਹ ਪਲਾਂਟ ਏ ਸੀ ਸੀ ਲਿਮਿਟਿਡ ਵੱਲੋਂ ਚਲਾਇਆ ਜਾਂਦਾ ਹੈ ਜੋ ਕਿ ਅਦਾਨੀ ਗਰੁੱਪ ਦਾ ਹਿੱਸਾ ਹੈ।ਡਾ. ਕਪਿਲ ਓਹਰੀ ਅਤੇ ਇੰਜੀਨੀਅਰ ਅਮਿਤ ਖੰਨਾ ਦੀ ਸੰਗਤ ਵਿੱਚ ਵਿਦਿਆਰਥੀਆਂ ਨੇ ਇਸ ਆਧੁਨਿਕ ਸਹੂਲਤ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਆਟੋਮੇਟਿਕ ਬੈਚਿੰਗ ਸਿਸਟਮ, ਸਹੀ ਮਿਕਸਿੰਗ ਤਕਨਾਲੋਜੀ, ਕੜੀ ਗੁਣਵੱਤਾ ਜਾਂਚ ਅਤੇ ਟਿਕਾਊ ਉਤਪਾਦਨ ਵਿਧੀਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ, ਜੋ ਖੇਤਰ ਵਿੱਚ ਵਧ ਰਹੀਆਂ ਢਾਂਚਾਗਤ ਅਤੇ ਨਿਰਮਾਣ ਲੋੜਾਂ ਨੂੰ ਪੂਰਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।ਇਸ ਪ੍ਰਯੋਗਾਤਮਕ ਅਨੁਭਵ ਰਾਹੀਂ ਵਿਦਿਆਰਥੀਆਂ ਨੂੰ ਕਾਂਕਰੀਟ ਤਿਆਰ ਕਰਨ ਦੀ ਪ੍ਰਕਿਰਿਆ, ਉਪਕਰਣਾਂ ਦੀ ਵਰਤੋਂ, ਲੋਜਿਸਟਿਕ ਪ੍ਰਬੰਧਨ, ਸੁਰੱਖਿਆ ਉਪਾਇਆਂ ਅਤੇ ਪਰਿਆਵਰਨ-ਮਿਤਰ ਪ੍ਰਥਾਵਾਂ ਬਾਰੇ ਡੂੰਘੀ ਸਮਝ ਮਿਲੀ। ਇਸ ਦੌਰੇ ਨੇ ਕਾਂਕਰੀਟ ਤਕਨਾਲੋਜੀ ਅਤੇ ਕਨਸਟਰਕਸ਼ਨ ਮੈਨੇਜਮੈਂਟ ਨਾਲ ਸੰਬੰਧਿਤ ਕਲਾਸਰੂਮ ਸਿਧਾਂਤਾਂ ਨੂੰ ਹਕੀਕਤੀ ਉਦਯੋਗਿਕ ਅਨੁਭਵ ਨਾਲ ਜੋੜਨ ਦਾ ਮੌਕਾ ਪ੍ਰਦਾਨ ਕੀਤਾ।

# ਆਵਾਰਾ ਪਸ਼ੂ ਨਾਲ ਟਕਰਾਈ ਕਰੇਟਾ, ਪਸ਼ੂ ਦੀ ਮੌਤ, ਚਾਲਕ ਵਾਲ-ਵਾਲ ਬਚਿਆ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਬਲਾਚੌਰ ਤੋਂ ਰੋਪੜ ਮੁੱਖ ਮਾਰਗ 'ਤੇ ਪੈਂਦੇ ਪਿੰਡ ਟੌਸਾ ਦੇ ਗੁਰਦੁਆਰਾ ਸਾਹਿਬ ਦੇ ਨਜ਼ਦੀਕ ਇੱਕ ਭਿਆਨਕ ਸੜਕ ਹਾਦਸਾ ਵਾਪਰਨ ਦੀ ਖ਼ਬਰ ਪ੍ਰਾਪਤ ਹੋਈ ਹੈ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਚੰਡੀਗੜ੍ਹ ਦੇ ਰਹਿਣ ਵਾਲੇ ਸਤਪਾਲ ਗੁਪਤਾ ਆਪਣੀ ਕਰੇਟਾ ਗੱਡੀ ਵਿੱਚ ਸਵਾਰ ਹੋ ਕੇ ਬਲਾਚੌਰ ਤੋਂ ਰੋਪੜ ਵੱਲ ਜਾ ਰਹੇ ਸਨ। ਮਿਲੀ ਜਾਣਕਾਰੀ ਅਨੁਸਾਰ, ਜਦੋਂ ਸਤਪਾਲ ਗੁਪਤਾ ਚੰਡੀਗੜ੍ਹ ਆਪਣੀ ਗੱਡੀ ਰਾਹੀਂ ਟੌਸਾ ਗੁਰਦੁਆਰਾ ਸਾਹਿਬ ਕੋਲ ਪਹੁੰਚੇ, ਤਾਂ ਅਚਾਨਕ ਇੱਕ ਆਵਾਰਾ ਪਸ਼ੂ ਗੱਡੀ ਦੇ ਸਾਹਮਣੇ ਆ ਗਿਆ। ਗੱਡੀ ਦੀ ਰਫ਼ਤਾਰ ਕਾਰਨ ਪਸ਼ੂ ਨਾਲ ਜ਼ੋਰਦਾਰ ਟੱਕਰ ਹੋ ਗਈ, ਜਿਸ ਵਿੱਚ ਪਸ਼ੂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਰਾਹਤ ਦੀ



ਗੱਲ ਇਹ ਰਹੀ ਕਿ ਇਸ ਹਾਦਸੇ ਵਿੱਚ ਗੱਡੀ ਚਾਲਕ ਸਤਪਾਲ ਗੁਪਤਾ ਪੂਰੀ ਤਰ੍ਹਾਂ ਸੁਰੱਖਿਅਤ ਹਨ ਤੇ ਕੋਈ ਵੀ ਜਾਨੀ ਨੁਕਸਾਨ ਨਹੀਂ ਹੋਇਆ, ਹਾਲਾਂਕਿ ਗੱਡੀ ਦਾ ਕਾਫੀ ਨੁਕਸਾਨ ਹੋਇਆ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ।ਹਾਦਸੇ ਤੋਂ ਬਾਅਦ ਸੜਕ 'ਤੇ ਆਵਾਜਾਈ ਪ੍ਰਭਾਵਿਤ ਹੋ ਰਹੀ ਸੀ, ਜਿਸ ਨੂੰ ਦੇਖਦੇ ਹੋਏ ਤੁਰੰਤ ਰਿਕਵਰੀ ਵੈਨ ਦੀ ਮਦਦ ਨਾਲ ਹਾਦਸਾਗ੍ਰਸਤ ਗੱਡੀ ਨੂੰ ਸੜਕ ਤੋਂ ਪਾਸੇ ਕਰਵਾਇਆ ਗਿਆ ਤੇ ਰਸਤਾ ਸਾਫ਼ ਕਰਵਾ ਕੇ ਟ੍ਰੈਫਿਕ ਨੂੰ ਮੁੜ ਚਾਲੂ ਕੀਤਾ ਗਿਆ।

# ਜਲੰਧਰ ਪ੍ਰੋਫੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੇ ਪ੍ਰਧਾਨ ਬਣੇ ਰਾਜੇਸ਼ ਥਾਪਾ

## ਫੋਟੋਗ੍ਰਾਫਰਾਂ ਦੀ ਭਲਾਈ ਲਈ ਤਕਨੀਕੀ ਵਰਕਸ਼ਾਪਾਂ ਲਗਾਉਣ ਦਾ ਲਿਆ ਅਹਿਦ



**ਜਲੰਧਰ (ਸ਼ੈਲੀ ਐਲਬਰਟ)**- ਫੋਟੋਗ੍ਰਾਫਰਾਂ ਦੀ ਸਭ ਤੋਂ ਪੁਰਾਣੀ ਅਤੇ ਮਾਨਮੱਤੀ ਸੰਸਥਾ ਜਲੰਧਰ ਪ੍ਰੋਫੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੀ ਵਿਸ਼ੇਸ਼ ਮੀਟਿੰਗ 537 ਨਿਊ ਜਵਾਹਰ ਨਗਰ ਦਫ਼ਤਰ ਵਿਖੇ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਰਾਜੇਸ਼ ਥਾਪਾ ਨੂੰ ਐਸੋਸੀਏਸ਼ਨ ਦਾ ਨਵਾਂ ਪ੍ਰਧਾਨ ਚੁਣਿਆ ਗਿਆ ਹੈ। ਇਸ ਮੌਕੇ ਸਮੂਹ ਮੈਂਬਰਾਂ ਨੇ ਫੁੱਲਾਂ ਦੇ ਹਾਰ ਪਾ ਕੇ ਉਹਨਾਂ ਦਾ ਸਵਾਗਤ ਕੀਤਾ ਅਤੇ ਉਮੀਦ ਜਤਾਈ ਕਿ ਉਹਨਾਂ ਦੀ ਅਗਵਾਈ ਹੇਠ ਸੰਸਥਾ ਨਵੀਆਂ ਬੁਲੰਦੀਆਂ ਨੂੰ ਛੂਹੇਗੀ। ਇਹ ਸੰਸਥਾ ਫੋਟੋਗ੍ਰਾਫੀ ਦੇ ਖੇਤਰ ਵਿੱਚ ਜ਼ਿਲ੍ਹੇ ਦੀ ਸਭ ਤੋਂ ਪੁਰਾਣੀ ਸੰਸਥਾ ਹੈ, ਜੋ ਲੰਬੇ ਸਮੇਂ ਤੋਂ ਫੋਟੋਗ੍ਰਾਫਰਾਂ ਦੇ ਹੱਕਾਂ ਲਈ ਕੰਮ ਕਰ ਰਹੀ ਹੈ। ਅਹੁਦਾ ਸੰਭਾਲਦਿਆਂ ਰਾਜੇਸ਼ ਥਾਪਾ ਨੇ ਕਿਹਾ ਕਿ ਅੱਜ ਦਾ ਦੌਰ ਡਿਜੀਟਲ ਤਕਨੀਕ ਦਾ ਹੈ। ਇਸ ਲਈ ਫੋਟੋਗ੍ਰਾਫਰਾਂ ਨੂੰ ਆਧੁਨਿਕ ਕੈਮਰਿਆਂ, ਲਾਈਟਿੰਗ ਤੇ ਐਡੀਟਿੰਗ ਦੇ ਨਵੇਂ ਸਾਫਟਵੇਅਰਾਂ ਬਾਰੇ ਜਾਣੂ ਕਰਵਾਉਣਾ ਉਹਨਾਂ ਦੀ ਪਹਿਲ ਹੋਵੇਗੀ। ਐਸੋਸੀਏਸ਼ਨ ਵੱਲੋਂ ਜਲਦ ਹੀ ਵਿਸ਼ੇਸ਼ ਤਕਨੀਕੀ ਵਰਕਸ਼ਾਪਾਂ ਅਤੇ ਸੈਮੀਨਾਰ ਕਰਵਾਏ ਜਾਣਗੇ, ਜਿਸ ਵਿੱਚ ਨਾਮੀ ਮਾਹਿਰਾਂ ਨੂੰ ਬੁਲਾ ਕੇ ਫੋਟੋਗ੍ਰਾਫਰਾਂ ਨੂੰ ਨਵੀਆਂ ਬਾਰੀਕੀਆਂ ਸਿਖਾਈਆਂ ਜਾਣਗੀਆਂ। ਸਾਡਾ ਮੁੱਖ ਮਕਸਦ ਸਾਰੇ ਫੋਟੋਗ੍ਰਾਫਰ ਭਰਾਵਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨਾ ਤੇ ਉਹਨਾਂ ਦੇ ਕਾਰੋਬਾਰ ਨੂੰ ਨਵੀਂ ਤਕਨੀਕ ਰਾਹੀਂ ਹੋਰ ਮੁਨਾਫੇ ਵਾਲਾ ਬਣਾਉਣਾ ਹੈ। ਇਸ ਮੌਕੇ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਰਮੇਸ਼ ਹੈਪੀ, ਪੰਜਾਬ ਦੇ ਸਾਬਕਾ ਪ੍ਰਧਾਨ ਸੁਰਿੰਦਰ ਬੇਰੀ, ਸਾਬਕਾ ਪ੍ਰਧਾਨ ਰਮੇਸ਼ ਗਾਬਾ, ਰਿਸ਼ੀ ਸ਼ਰਮਾ, ਸੁਰਿੰਦਰ ਵਰਮਾ, ਟਿੰਕੂ ਪੰਡਿਤ, ਤਰਲੋਕ ਚੁੱਘ, ਸੁਨੀਲ ਕੁਮਾਰ, ਸੰਜੀਵ ਹੈਪੀ, ਹਰੀਸ਼ ਕੁਮਾਰ, ਸੰਦੀਪ, ਲਵਕੇਸ਼ ਅਸ਼ੋਕ ਕੁਮਾਰ, ਸੰਦੀਪ ਹੈਪੀ , ਬਲਦੇਵ ਕਿਸ਼ਨ,ਕਮਲ ਗੰਭੀਰ, ਬਲਰਾਜ ਸਿੰਘ, ਸੰਨੀ, ਰਾਮ ਲੁਭਾਇਆ, ਉਦੇ ਕੁਮਾਰ, ਸੁਰਿੰਦਰ ਕੁਮਾਰ ਤੇ ਹੋਰ ਵੀ ਫੋਟੋਗ੍ਰਾਫਰ ਹਾਜ਼ਰ ਸਨ ਜਿਨ੍ਹਾਂ ਨੇ ਰਾਜੇਸ਼ ਥਾਪਾ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# ਐੱਸ ਸੀ ਵਿੰਗ ਦੇ ਨਵੇਂ ਅਹੁਦੇਦਾਰਾਂ ਦਾ ਸਨਮਾਨ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)** ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਵੱਲੋਂ ਆਪਣੇ ਟਾਂਡਾ ਸਥਿਤ ਦਫਤਰ ਵਿਖੇ ਸਾਬਕਾ ਮੰਤਰੀ ਪੰਜਾਬ ਚੌਧਰੀ ਬਲਵੀਰ ਸਿੰਘ



ਮਿਆਣੀ ਹਲਕਾ ਇੰਚਾਰਜ ਸ਼ਾਮ ਚੁਰਾਸੀ, ਸੰਦੀਪ ਸਿੰਘ ਸੀਕਰੀ, ਸਕੱਤਰ ਜਨਰਲ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਇਕਬਾਲ ਸਿੰਘ ਜੌਹਲ, ਅਰਮਿੰਦਰ ਸਿੰਘ ਹੁਸੈਨਪੁਰ, ਵਰਿੰਦਰ ਸਿੰਘ ਜੀਆ ਨੱਥਾ, ਸੁਰਜੀਤ ਸਿੰਘ ਜੌੜਾ ਦੀ ਹਾਜ਼ਰੀ ਵਿੱਚ ਸ਼੍ਰੋਮਣੀ ਅਕਾਲੀ ਦਲ ਐਸ.ਸੀ ਵਿੰਗ ਦੇ ਨਵੇਂ ਬਣੇ ਅਹੁਦੇਦਾਰਾਂ ਦਾ ਸਨਮਾਨ ਕੀਤਾ। ਇਸ ਮੌਕੇ ਜਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਲਖਵਿੰਦਰ ਸਿੰਘ ਲੱਖੀ ਦੀ ਅਗਵਾਈ ਹੇਠ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਦੇ ਨਵ ਨਿਯੁਕਤ ਸੀਨੀਅਰ ਮੀਤ ਪ੍ਰਧਾਨ ਸਾਬਕਾ ਸੰਸਦੀ ਸਕੱਤਰ ਪੰਜਾਬ ਦੇਸ ਰਾਜ ਸਿੰਘ ਧੁੱਗਾ, ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਐਸ.ਸੀ ਵਿੰਗ ਸਰਬਜੀਤ ਸਿੰਘ ਮੋਮੀ ,ਜਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਸ਼ਹਿਰੀ ਐਸ.ਸੀ ਵਿੰਗ ਪ੍ਰੇਮ ਸਿੰਘ ਪਿਪਲਾਂ ਵਾਲਾ ਆਦਿ ਨਵੇਂ ਬਣੇ ਅਹੁਦੇਦਾਰਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਤੇ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਮਿਹਨਤੀ ਤੇ ਵਫਾਦਾਰ ਆਗੂਆਂ ਨੂੰ ਹਮੇਸ਼ਾ ਮਾਣ ਸਤਿਕਾਰ ਦਿੱਤਾ ਹੈ ਅਤੇ ਉਕਤ ਆਗੂਆਂ ਦੀ ਵਫਾਦਾਰੀ ਨੂੰ ਦੇਖਦਿਆਂ ਹੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ ਐਸ.ਸੀ ਵਿੰਗ ਦੇ ਕੌਮੀ ਪ੍ਰਧਾਨ ਸ ਗੁਲਜਾਰ ਸਿੰਘ ਰਾਣੀਕੇ ਵੱਲੋਂ ਅਹੁਦੇ ਦੇ ਕੇ ਵੱਡੀਆਂ ਜਿੰਮੇਦਾਰੀਆਂ ਦੇ ਕੇ ਵੱਡਾ ਮਾਣ ਸਤਿਕਾਰ ਦਿੱਤਾ ਹੈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਕਿਰਪਾਲ ਸਿੰਘ ਪੰਡੋਰੀ, ਅਮਰਜੀਤ ਕਲਸੀਆ, ਲੰਬੜਦਾਰ ਕੁਲਵਿੰਦਰ ਸਿੰਘ ਕਿੰਦਾ, ਸਾਬਕਾ ਸੰਮਤੀ ਮੈਂਬਰ ਰਤਨ ਸਿੰਘ ਖੁੱਡਾ, ਸਾਬਕਾ ਸੰਮਤੀ ਮੈਂਬਰ ਅਮਰੀਕ ਸਿੰਘ ਕੰਧਾਲਾ ਜੱਟਾਂ, ਸੇਵਾ ਸਿੰਘ ਮਸੀਤੀ, ਯੂਥ ਆਗੂ ਕਰਨ ਧੁੱਗਾ, ਜ਼ਿਲ੍ਹਾ ਪ੍ਰਧਾਨ ਐੱਸ ਓ ਆਈ ਜਸ਼ਨ ਗੁਰਾਇਆ, ਜਥੇਦਾਰ ਅਵਤਾਰ ਸਿੰਘ ਬਿੱਟੂ ਮੂਨਕ ਖੁਰਦ, ਕੁਲਦੀਪ ਸਿੰਘ ਕਾਲਾ ਬਸੀ, ਸਵਰਨ ਸਿੰਘ ਬੁੱਢੀ ਪਿੰਡ ,ਮਨਦੀਪ ਸਿੰਘ ਸ਼ਾਹਪੁਰ, ਗੁਰਪ੍ਰੀਤ ਸਿੰਘ ਗੋਲਡੀ, ਕਮਲਜੀਤ ਸਿੰਘ ਮੂਨਕਾ, ਅਜੀਤ ਸਿੰਘ ਮੂਨਕਾਂ, ਕੁਲਵਿੰਦਰ ਸਿੰਘ, ਮਨੋਹਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਆਗੂ ਅਤੇ ਵਰਕਰ ਹਾਜ਼ਰ ਸੀ।

# ਸਬ-ਇੰਸਪੈਕਟਰ ਨੇ ਥਾਣਾ ਆਦਮਪੁਰ ਦਾ ਚਾਰਜ ਸੰਭਾਲਿਆ



**ਆਦਮਪੁਰ (ਪਰਮਜੀਤ ਸਿੰਘ)**- ਨਸ਼ੇ ਸਮੱਗਲਿੰਗ ਨੂੰ ਕਿਸੇ ਵੀ ਹਾਲਤ 'ਚ ਬਖਸ਼ਿਆ ਜਾਵੇਗਾ । ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਥਾਣਾ ਮਹਿਤਪੁਰ ਤੋਂ ਬਦਲ ਕੇ ਆਏ ਸਬ ਇੰਸਪੈਕਟਰ ਪੰਕਜ ਕੁਮਾਰ ਨੇ ਥਾਣਾ ਆਦਮਪੁਰ ਦਾ ਚਾਰਜ ਸੰਭਾਲਣ ਮੌਕੇ ਕੀਤਾ।ਉਨ੍ਹਾਂ ਆਦਮਪੁਰ ਸ਼ਹਿਰ ਨਿਵਾਸੀਆ ਨੂੰ ਕਿਹਾ ਕਿ ਜੇਕਰ ਤੁਹਾਡੇ ਆਸ-ਪਾਸ ਕੋਈ ਵੀ ਵਿਅਕਤੀ ਨਸ਼ਾ ਵੇਚਦਾ ਹੈ ਤਾਂ ਉਹ ਤੁਰੰਤ ਉਸਦੀ ਸੂਚਨਾ ਆਦਮਪੁਰ ਪੁਲਸ ਨੂੰ ਦੇਵੇ, ਉਸ ਦਾ ਨਾਮ ਗੁਪਤ ਰੱਖਿਆ ਜਾਵੇਗਾ।

# ਸੜਕ ਹਾਦਸੇ 'ਚ ਔਰਤ ਦੀ ਮੌਤ

**ਫਿਲੌਰ (ਨਿਰਮਲ)**- ਫਿਲੌਰ ਨਵਾਂਸ਼ਹਿਰ ਰੋਡ ਪਿੰਡ ਇੰਦਰਾ ਕਲੋਨੀ ਨੇੜੇ ਇੱਕ ਹੋਰ ਹਾਦਸਾ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਹਾਦਸੇ ਦੌਰਾਨ ਇੱਕ ਮੋਟਰਸਾਈਕਲ ਬੇਕਾਬੂ ਹੋ ਗਿਆ ਜਿਸ ਤੋਂ ਬਾਅਦ ਉਹ ਦਰੱਖਤ ਨਾਲ ਜਾ ਟਕਰਾਇਆ, ਉਕਤ ਮੋਟਰਸਾਈਕਲ ਇੰਨੀਂ ਜ਼ੋਰ ਨਾਲ ਦਰੱਖਤ ਨਾਲ ਟਕਰਾਇਆ ਜਿਸ ਨਾਲ ਮੋਟਰਸਾਈਕਲ ਚਾਲਕ ਕਰਨਵੀਰ ਪੁੱਤਰ ਰਾਮ ਸਰੂਪ ਵਾਸੀ ਸੇਲਕੀਆਣਾ ਜ਼ਿਲ੍ਹਾ ਜਲੰਧਰ ਗੰਭੀਰ ਜ਼ਖ਼ਮੀ ਹੋ ਗਿਆ ਤੇ ਉਸ ਦੀ ਮਾਤਾ ਸਵਰਨੋ ਦੀ ਮੌਤ ਹੋ ਗਈ। ਇਸ ਘਟਨਾ ਦੀ ਜਾਣਕਾਰੀ 112 ਟੀਮ ਦੇ ਇੰਚਾਰਜ ਥਾਣੇਦਾਰ ਲਖਵਿੰਦਰ ਸਿੰਘ ਨੇ ਦਿੱਤੀ ਉਨ੍ਹਾਂ ਨੇ ਘਟਨਾ ਦੀ ਸੂਚਨਾ ਪਰਿਵਾਰਿਕ ਮੈਂਬਰਾਂ ਨੂੰ ਵੀ ਦੇ ਦਿੱਤੀ ਤੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ।

## ਵਰ੍ਹੇਗੰਢ ਮੁਬਾਰਕ



ਪ੍ਰਦੀਪ ਅਤੇ ਜੋਤੀ ਵਾਸੀ ਕਪੂਰਥਲਾ ਨੇ ਆਪਣੇ ਵਿਆਹ ਦੀ 8ਵੀਂ ਵਰ੍ਹੇਗੰਢ ਮਨਾਈ।